6-APRIL-PAGE-1.qxd 4/5/2024 8:57 PM Page 1

ਸ਼ਨੀਵਾਰ, 6 ਅਪ੍ਰੈਲ, 2024
24 ਚੇਤ { ਨਾਨਕਸ਼ਾਹੀ 556 / ਬਿਕਰਮੀ 2080
ਜਿਲਦ/VOL. : 72
ਅੰਕ/NO. : 306

# ਨਵਾਂ ਜ਼ਮਾਨਾ

DAILY NAWAN ZAMANA • SATURDAY, 6 APRIL, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਬਿਹਾਰ 'ਚ ਮਹਾਗੱਠਬੰਧਨ ਨੂੰ ਮਿਲੀ ਤਾਕਤ

## ਰਾਜਦ ਨੇ ਨਾਲ ਰਲੀ ਵੀ ਆਈ ਪੀ ਲਈ ਆਪਣੇ ਖਾਤੇ 'ਚੋਂ 3 ਸੀਟਾਂ ਛੱਡੀਆਂ



**ਪਟਨਾ** : ਬਿਹਾਰ ਵਿਚ ਅਪੋਜ਼ੀਸ਼ਨ ਦੇ ਮਹਾਂਗੱਠਬੰਧਨ ਨੂੰ ਸ਼ੁੱਕਰਵਾਰ ਤਾਕਤ ਮਿਲੀ ਜਦੋਂ ਮੁਕੇਸ਼ ਸਹਨੀ ਦੀ ਅਗਵਾਈ ਵਾਲੀ ਵਿਕਾਸਸ਼ੀਲ ਇਨਸਾਨ ਪਾਰਟੀ (ਵੀ ਆਈ ਪੀ) ਉਸ ਵਿਚ ਸ਼ਾਮਲ ਹੋ ਗਈ। ਰਾਜਦ ਆਗੂ ਤੇਜਸਵੀ ਯਾਦਵ ਦੇ ਨਾਲ ਪ੍ਰੈਸ ਕਾਨਫਰੰਸ ਵਿਚ ਪਾਰਟੀ ਪ੍ਰਧਾਨ ਸਹਨੀ ਨੇ ਦੱਸਿਆ ਕਿ ਉਨ੍ਹਾ ਦੀ ਪਾਰਟੀ ਗੋਪਾਲਗੰਜ, ਝੰਝਾਰਪੁਰ ਤੇ ਮੋਤੀਹਾਰੀ ਲੋਕ ਸਭਾ ਸੀਟਾਂ 'ਤੇ ਚੋਣ ਲੜੇਗੀ। ਇਹ ਸੀਟਾਂ ਰਾਜਦ ਨੇ ਆਪਣੇ ਹਿੱਸੇ ਦੀਆਂ 26 ਸੀਟਾਂ ਵਿੱਚੋਂ ਦਿੱਤੀਆਂ ਹਨ।

ਸਹਨੀ ਨੇ ਕਿਹਾ—ਅਸੀਂ ਲਾਲੂ ਪ੍ਰਸਾਦ ਯਾਦਵ ਦੀ ਵਿਚਾਰਧਾਰਾ ਵਿਚ ਵਿਸ਼ਵਾਸ ਕਰਨ ਵਾਲੇ ਲੋਕ ਹਾਂ। ਭਾਜਪਾ ਨੇ ਸਾਡੇ ਆਗੂਆਂ ਨੂੰ ਝੂੰਡ ਕੇ ਸਾਡੀ ਪਾਰਟੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ।

ਤੇਜਸਵੀ ਯਾਦਵ ਨੇ ਕਿਹਾ—ਸਹਨੀ ਮੇਰੇ ਵੱਡੇ ਭਰਾ ਹਨ। ਉਨ੍ਹਾ ਅਤੀ ਪਿਛੜਿਆਂ ਲਈ ਬਹੁਤ ਮਿਹਨਤ ਕੀਤੀ ਹੈ। ਲੋਕਾਂ ਦੇ ਮਸਲੇ ਉਠਾਉਣ ਦੀ ਕੋਸ਼ਿਸ਼ ਕੀਤੀ ਹੈ। ਜਿਵੇਂ ਭਾਜਪਾ ਨੇ ਉਨ੍ਹਾ ਦੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ਼ ਕੀਤੀ, ਉਸਨੂੰ ਸਭ ਨੇ ਦੇਖਿਆ ਹੈ। ਜਿਹੜੇ ਲੋਕ ਕਲਪਨਾ ਕਰ ਰਹੇ ਹਨ ਕਿ ਭਾਜਪਾ ਦੀ ਅਗਵਾਈ ਵਾਲਾ ਐੱਨ ਡੀ ਏ 400 ਤੋਂ ਵੱਧ ਸੀਟਾਂ ਜਿੱਤੇਗਾ ਉਹ ਦੇਖਣਗੇ ਕਿ ਬਿਹਾਰ ਦੀ ਧਰਤੀ ਐੱਨ ਡੀ ਏ ਨੂੰ ਕਿਵੇਂ ਧੂੜ ਚਟਾਉਂਦੀ ਹੈ। ਇਸ ਵਾਰ ਬਿਹਾਰ ਦੇ ਨਤੀਜੇ ਹੈਰਾਨ ਕਰਨ ਵਾਲੇ ਹੋਣਗੇ। ਹੁਣ ਬਿਹਾਰ ਦੀਆਂ 40 ਸੀਟਾਂ ਵਿੱਚੋਂ 23 ਰਾਜਦ, 9 ਕਾਂਗਰਸ, 5 ਖੱਬੀਆਂ ਪਾਰਟੀਆਂ ਤੇ 3 ਵੀ ਆਈ ਪੀ ਲੜਨਗੀਆਂ।

## ਢਿੱਗ ਹੇਠ ਆ ਕੇ 2 ਮਰੇ, 6 ਜ਼ਖਮੀ

**ਯਮੁਨਾਨਗਰ** : ਬਲਾਕ ਸਢੌਰਾ ਦੇ ਪਿੰਡ ਰਤੌਲੀ 'ਚ ਮਿਟੀ ਦੀ ਢਿੱਗ ਹੇਠ ਦਬਣ ਕਰਕੇ 8 ਪਿੰਡ ਵਾਸੀ ਦੱਬ ਗਏ, ਜਿਨ੍ਹਾਂ ਵਿੱਚੋਂ ਦੋ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਸਤਾਰਾ (52) ਅਤੇ ਨਸਰੀਨ (28) ਵਜੋਂ ਹੋਈ ਹੈ ਜਦਕਿ ਪਰਵੇਜ਼ (14), ਅਫਸਾਨਾ (35), ਮਨਜ਼ੂਰ ਹਸਨ (32), ਮਨਜ਼ੂਰ ਹਸਨ ਦੀ ਪਤਨੀ ਸਲਮਾ (29), ਉਨ੍ਹਾਂ ਦੀ ਛੇ ਸਾਲਾ ਬੇਟੀ ਮੁਸਕਾਨ ਅਤੇ ਮਨਜ਼ੂਰ ਹਸਨ ਦੀ ਭੈਣ ਸੂਫੀ (17) ਜ਼ਖਮੀ ਹੋ ਗਏ।

ਪਰਵੇਜ ਦੀ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਜਦਕਿ ਬਾਕੀ ਸਾਰੇ ਟਰੌਮਾ ਸੈਂਟਰ 'ਚ ਹਨ। ਮੁਸਲਿਮ ਭਾਈਚਾਰੇ ਦੇ ਲੋਕ ਈਦ ਦੇ ਤਿਉਹਾਰ ਨੂੰ ਬੜੀ ਧੂਮਧਾਮ ਨਾਲ ਮਨਾਉਂਦੇ ਹਨ ਅਤੇ ਆਪਣੇ ਘਰਾਂ ਨੂੰ ਵੀ ਸਜਾਉਂਦੇ ਹਨ।

ਪਿੰਡ ਰਤੌਲੀ 'ਚ ਮੁਸਲਿਮ ਭਾਈਚਾਰੇ ਦੇ ਕੁਝ ਲੋਕਾਂ ਦੇ ਘਰ ਮਿੱਟੀ ਦੇ ਬਣੇ ਹੋਏ ਹਨ ਜਿਨ੍ਹਾਂ ਨੂੰ ਲਿੱਪਣ ਲਈ ਇਹ ਲੋਕ ਪਿੰਡ ਦੇ ਨੇੜੇ ਮਿੱਟੀ ਲੈਣ ਲਈ ਗਏ ਸੀ। ਜਦੋਂ ਸਾਰੇ ਇਕੱਠੇ ਹੋ ਕੇ ਮਿੱਟੀ ਪੁੱਟ ਰਹੇ ਸਨ ਤਾਂ ਅਚਾਨਕ ਵੱਡਾ ਢੇਰ ਡਿੱਗ ਪਿਆ।

# ਜੰਮੂ-ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕਰਨ ਦਾ ਵਾਅਦਾ




**ਨਵੀਂ ਦਿੱਲੀ** : ਕਾਂਗਰਸ ਨੇ ਸ਼ੁੱਕਰਵਾਰ ਲੋਕ ਸਭਾ ਚੋਣਾਂ ਲਈ ਆਪਣਾ ਮੈਨੀਫੈਸਟੋ ਜਾਰੀ ਕੀਤਾ, ਜੋ ਪੰਜ 'ਨਿਆਂ' ਅਤੇ 25 'ਗਰੰਟੀਆਂ' ਉੱਤੇ ਆਧਾਰਤ ਹੈ। ਪਾਰਟੀ ਨੇ ਇਸ ਦਾ ਨਾਂਅ 'ਨਿਆਏ ਪੱਤਰ' ਰੱਖਿਆ ਹੈ। ਇਹ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ, ਸਾਬਕਾ ਪ੍ਰਧਾਨ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਦੀ ਮੌਜੂਦਗੀ 'ਚ ਕਾਂਗਰਸ ਦੇ ਮੁੱਖ ਦਫਤਰ ਵਿੱਚ ਜਾਰੀ ਕੀਤਾ ਗਿਆ। ਇਸ ਮੌਕੇ ਕਾਂਗਰਸ ਸੰਗਠਨ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ, ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ, ਪਾਰਟੀ ਮੈਨੀਫੈਸਟੋ ਕਮੇਟੀ ਦੇ ਮੁਖੀ ਤੇ ਸਾਬਕਾ ਵਿੱਤ ਮੰਤਰੀ ਪੀ ਚਿਦੰਬਰਮ ਸਮੇਤ ਕਈ ਹੋਰ ਸੀਨੀਅਰ ਆਗੂ ਮੌਜੂਦ ਸਨ।

ਇਸ 'ਚ ਲੋਕਾਂ ਨੂੰ ਧਰਮ, ਭਾਸ਼ਾ ਤੇ ਜਾਤ ਤੋਂ ਉਪਰ ਉੱਠ ਕੇ ਸਮਝਦਾਰੀ ਨਾਲ ਚੋਣ ਕਰਨ ਅਤੇ ਲੋਕਤੰਤਰੀ ਸਰਕਾਰ ਬਣਾਉਣ ਦੀ ਅਪੀਲ ਕੀਤੀ ਗਈ ਹੈ। ਕਾਂਗਰਸ ਨੇ ਦੇਸ਼ਵਿਆਪੀ ਸਮਾਜਿਕ-ਆਰਥਿਕ ਅਤੇ ਜਾਤੀ ਜਨਗਣਨਾ ਕਰਵਾਉਣ ਦਾ ਵਾਅਦਾ ਕੀਤਾ ਹੈ। ਇਸ 'ਚ ਕਿਹਾ ਗਿਆ ਹੈ ਕਿ ਕਾਂਗਰਸ ਗਾਰੰਟੀ ਦਿੰਦੀ ਹੈ ਕਿ ਉਹ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਹੋਰ ਪੱਛੜੀਆਂ ਸ਼੍ਰੇਣੀਆਂ ਲਈ ਰਾਖਵੇਂਕਰਨ ਦੀ ਹੱਦ 50 ਫੀਸਦੀ ਤੋਂ ਵਧਾਉਣ ਲਈ ਸੰਵਿਧਾਨਕ ਸੋਧ ਪਾਸ ਕਰੇਗੀ। ਇਸ 'ਚ ਵਾਅਦਾ ਕੀਤਾ ਗਿਆ ਹੈ ਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗ (ਈ ਡਬਲਿਊ ਐੱਸ) ਲਈ ਨੌਕਰੀਆਂ, ਵਿਦਿਅਕ ਸੰਸਥਾਵਾਂ 'ਚ 10 ਪ੍ਰਤੀਸ਼ਤ ਕੋਟਾ ਸਾਰੀਆਂ ਜਾਤਾਂ, ਭਾਈਚਾਰਿਆਂ ਲਈ ਬਿਨਾਂ ਕਿਸੇ ਭੇਦਭਾਵ ਦੇ ਲਾਗੂ ਕੀਤਾ ਜਾਵੇਗਾ।

ਇਸ ਦੇ ਨਾਲ ਪਾਰਟੀ ਨੇ ਕੇਂਦਰ ਸਰਕਾਰ ਦੀਆਂ ਖਾਲੀ 30 ਲੱਖ ਅਸਾਮੀਆਂ ਭਰਨ ਦਾ ਵਾਅਦਾ ਕੀਤਾ ਹੈ। ਪਾਰਟੀ ਨੇ ਜਿੱਤਣ 'ਤੇ ਜੰਮੂ-ਕਸ਼ਮੀਰ ਦਾ ਰਾਜ ਦਾ ਰੁਤਬਾ ਬਹਾਲ ਕਰਨ ਦੀ ਗੱਲ ਵੀ ਕਹੀ ਹੈ।

## ਪ੍ਰਧਾਨ ਮੰਤਰੀ ਚੋਣਾਂ ਤੋਂ ਬਾਅਦ ਤੈਅ ਹੋਵੇਗਾ : ਰਾਹੁਲ

ਪੱਤਰਕਾਰ ਨੇ ਜਦੋਂ ਪੁੱਛਿਆ ਕਿ ਚੋਣਾਂ ਵਿਚ ਕਾਂਗਰਸ ਵੱਲੋਂ ਪ੍ਰਧਾਨ ਮੰਤਰੀ ਦਾ ਚਿਹਰਾ ਰਾਹੁਲ ਗਾਂਧੀ ਹੋਣਗੇ ਜਾਂ ਮਲਿਕਾਰਜੁਨ ਖੜਗੇ, ਤਾਂ ਰਾਹੁਲ ਨੇ ਜਵਾਬ ਦਿੱਤਾ ਕਿ ਪ੍ਰਧਾਨ ਮੰਤਰੀ ਦਾ ਫੈਸਲਾ ਚੋਣਾਂ ਜਿੱਤਣ ਤੋਂ ਬਾਅਦ ਕੀਤਾ ਜਾਵੇਗਾ। ਪੱਤਰਕਾਰ ਨੇ ਪੁੱਛਿਆ ਸੀ ਕਿ 2009 ਦੇ ਮੈਨੀਫੈਸਟੋ ਵਿਚ ਸੋਨੀਆ ਗਾਂਧੀ ਤੇ ਡਾ. ਮਨਮੋਹਨ ਸਿੰਘ ਦੀਆਂ ਤਸਵੀਰਾਂ ਸਨ। ਉਸ ਵੇਲੇ ਜਦੋਂ ਪੁੱਛਿਆ ਗਿਆ ਸੀ ਕਿ ਪ੍ਰਧਾਨ ਮੰਤਰੀ ਦਾ ਚਿਹਰਾ ਕੌਣ ਹੋਵੇਗਾ ਤਾਂ ਸੋਨੀਆ ਗਾਂਧੀ ਨੇ ਆਪਣਾ ਚਿਹਰਾ ਮੈਨੀਫੈਸਟੋ ਨਾਲ ਲੁਕਾ ਲਿਆ ਸੀ। ਇਸ ਵਾਰ ਤੁਸੀਂ ਆਪਣਾ ਚਿਹਰਾ ਲੁਕਾਓਗੇ ਜਾਂ ਖੜਗੇ ਦਾ? ਰਾਹੁਲ ਨੇ ਕਿਹਾ ਕਿ ਇੰਡੀਆ ਨੇ ਵਿਚਾਰਧਾਰਕ ਤੌਰ 'ਤੇ ਮਿਲ ਕੇ ਚੋਣਾਂ ਲੜਨ ਦਾ ਫੈਸਲਾ ਕੀਤਾ ਹੈ। ਪ੍ਰਧਾਨ ਮੰਤਰੀ ਦਾ ਫੈਸਲਾ ਚੋਣਾਂ ਜਿੱਤਣ ਤੋਂ ਬਾਅਦ ਹੋਵੇਗਾ।

# ਨੋਟਿਸ ਤੋਂ ਬਾਅਦ ਆਤਿਸ਼ੀ ਚੋਣ ਕਮਿਸ਼ਨ 'ਤੇ ਵਰ੍ਹੀ



**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਸ਼ੁੱਕਰਵਾਰ ਦਿੱਲੀ ਦੀ ਮੰਤਰੀ ਅਤੇ ਆਪ ਨੇਤਾ ਆਤਿਸ਼ੀ ਨੂੰ 'ਕਾਰਨ ਦੱਸੋ' ਨੋਟਿਸ ਜਾਰੀ ਕੀਤਾ ਅਤੇ ਉਸ ਨੂੰ ਤੱਥਾਂ ਸਮੇਤ ਉਸ ਬਿਆਨ ਲਈ ਪੇਸ਼ ਹੋਣ ਲਈ ਕਿਹਾ ਹੈ, ਜਿਸ 'ਚ ਦਾਅਵਾ ਕੀਤਾ ਗਿਆ ਸੀ ਕਿ ਭਾਜਪਾ 'ਚ ਸ਼ਾਮਲ ਹੋਣ ਲਈ ਉਸ ਤੱਕ ਪਹੁੰਚ ਕੀਤੀ ਗਈ ਸੀ। ਇਸ ਤੋਂ ਪਹਿਲਾਂ ਭਾਜਪਾ ਨੇ ਇਸ ਮਾਮਲੇ 'ਚ ਆਤਿਸ਼ੀ ਦੇ ਇਸ ਦਾਅਵੇ ਵਿਰੁੱਧ ਕਮਿਸ਼ਨ ਕੋਲ ਪਹੁੰਚ ਕੀਤੀ ਸੀ।

ਆਤਿਸ਼ੀ ਨੇ ਪ੍ਰੈਸ ਕਾਨਫਰੰਸ ਕਰਕੇ ਕਿਹਾ ਕਿ ਉਸਨੂੰ ਚੋਣ ਕਮਿਸ਼ਨ ਵੱਲੋਂ ਈਮੇਲ ਰਾਹੀਂ ਭੇਜਿਆ ਨੋਟਿਸ ਭਾਜਪਾ ਨੇ ਮੀਡੀਆ ਨੂੰ ਇਕ ਘੰਟੇ ਪਹਿਲਾਂ ਜਾਰੀ ਕਰ ਦਿੱਤਾ। ਚੋਣ ਕਮਿਸ਼ਨ ਨੇ ਉਦੋਂ ਤਾਂ ਕੇਂਦਰੀ ਏਜੰਸੀਆਂ ਨੂੰ ਨੋਟਿਸ ਨਹੀਂ ਭੇਜਿਆ ਜਦੋਂ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਕਾਂਗਰਸ ਦੇ ਬੈਂਕ ਖਾਤੇ ਫ੍ਰੀਜ਼ ਕੀਤੇ ਗਏ। ਉਨ੍ਹਾ ਪੁੱਛਿਆ ਕਿ ਕੀ ਚੋਣ ਕਮਿਸ਼ਨ ਭਾਜਪਾ ਦੀ ਸਹਾਇਕ ਜਥੇਬੰਦੀ ਹੈ। ਉਨ੍ਹਾ ਕਿਹਾ ਕਿ ਆਪ ਨੇ ਭਾਜਪਾ ਦੇ ਇਤਰਾਜ਼ਯੋਗ ਪੋਸਟਰਾਂ ਬਾਰੇ ਚੋਣ ਕਮਿਸ਼ਨ ਨੂੰ ਕਈ ਪੱਤਰ ਭੇਜੇ ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਆਤਿਸ਼ੀ ਨੇ ਕਿਹਾ ਕਿ ਉਹ ਚੋਣ ਕਮਿਸ਼ਨ ਦੇ ਨੋਟਿਸ ਦਾ ਜਵਾਬ ਦੇਵੇਗੀ ਪਰ ਚੋਣ ਕਮਿਸ਼ਨ ਤੋਂ ਵੀ ਨਿਰਪੱਖ ਚੋਣਾਂ ਕਰਾਉਣ ਦੀ ਆਸ ਕੀਤੀ ਜਾਂਦੀ ਹੈ।

# ਭਾਜਪਾ ਨੇ ਸਾਜ਼ਿਸ਼ ਕਰਕੇ ਕੇਜਰੀਵਾਲ ਨੂੰ ਜੇਲ੍ਹ ਭਿਜਵਾਇਆ : ਸੰਜੈ ਸਿੰਘ

**ਨਵੀਂ ਦਿੱਲੀ** : ਆਪ ਦੇ ਰਾਜ ਸਭਾ ਮੈਂਬਰ ਸੰਜੈ ਸਿੰਘ ਨੇ ਸ਼ੁੱਕਰਵਾਰ ਕਿਹਾ ਕਿ ਸ਼ਰਾਬ ਘੁਟਾਲੇ ਪਿੱਛੇ ਭਾਜਪਾ ਦਾ ਹੱਥ ਹੈ ਤੇ ਭਾਜਪਾ ਦੇ ਸੀਨੀਅਰ ਨੇਤਾਵਾਂ ਨੇ ਆਬਕਾਰੀ ਨੀਤੀ ਮਾਮਲੇ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸਲਾਖਾਂ ਪਿੱਛੇ ਡੱਕਣ ਦੀ ਸਾਜ਼ਿਸ਼ ਰਚੀ ਹੈ।

ਜੇਲ੍ਹ 'ਚੋਂ ਬਾਹਰ ਆਉਣ ਤੋਂ ਦੋ ਦਿਨ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਭਾਜਪਾ ਨੇ ਮਗੁੰਟਾ ਰੈਡੀ ਤੇ ਉਸ ਦੇ ਬੇਟੇ ਰਾਘਵ ਮਗੁੰਟਾ ਰੈਡੀ ਉਤੇ ਕੇਜਰੀਵਾਲ ਖਿਲਾਫ ਬਿਆਨ ਦੇਣ ਲਈ ਦਬਾਅ ਪਾਇਆ। ਮਗੁੰਟਾ ਵੀ ਦਿੱਲੀ ਆਬਕਾਰੀ ਨੀਤੀ ਕੇਸ ਵਿਚ ਮੁਲਜ਼ਮ ਸੀ ਤੇ ਫਿਰ ਸਰਕਾਰੀ ਗਵਾਹ ਬਣ ਗਿਆ।

ਸੰਜੈ ਸਿੰਘ ਨੇ ਕਿਹਾ ਕਿ ਮਗੁੰਟਾ ਰੈਡੀ ਨੇ ਕੇਸ ਵਿਚ 3 ਤੇ ਉਸ ਦੇ ਬੇਟੇ ਰਾਘਵ ਮਗੁੰਟਾ ਨੇ 7 ਬਿਆਨ ਦਿੱਤੇ। ਜਦੋਂ ਈ ਡੀ ਨੇ 16 ਸਤੰਬਰ ਨੂੰ ਮਗੁੰਟਾ ਰੈਡੀ ਤੋਂ ਪੁੱਛਿਆ ਕਿ ਕੀ ਉਹ ਕੇਜਰੀਵਾਲ ਨੂੰ ਜਾਣਦਾ ਹੈ ਤਾਂ ਉਸ ਨੇ ਕਿਹਾ ਕਿ ਉਹ ਕੇਜਰੀਵਾਲ ਨੂੰ ਮਿਲਿਆ ਸੀ, ਪਰ ਚੈਰੀਟੇਬਲ ਟਰੱਸਟ ਜ਼ਮੀਨ ਲਈ। ਜਦੋਂ ਉਸ ਦੇ ਬੇਟੇ ਨੂੰ ਫੜ ਕੇ 5 ਮਹੀਨੇ ਜੇਲ੍ਹ ਵਿਚ ਰੱਖਿਆ ਗਿਆ ਤੇ ਤਸੀਹੇ ਦਿੱਤੇ ਗਏ ਤਾਂ ਉਸ ਨੇ ਬਿਆਨ ਬਦਲ ਲਿਆ। 10 ਫਰਵਰੀ ਤੋਂ 16 ਜੁਲਾਈ ਤਾਕ ਰਾਘਵ ਮਗੁੰਟਾ ਦੇ 7 ਬਿਆਨ ਲਏ ਗਏ। ਛੇ ਵਿਚ ਉਸ ਨੇ ਕੇਜਰੀਵਾਲ ਖਿਲਾਫ ਕੁਝ ਨਹੀਂ ਕਿਹਾ ਤੇ ਸੱਤਵੇਂ ਵਿਚ ਸਾਜ਼ਿਸ਼ ਦਾ ਹਿੱਸਾ ਬਣ ਕੇ ਕੇਜਰੀਵਾਲ ਖਿਲਾਫ ਬਿਆਨ ਦੇ ਦਿੱਤਾ।

ਸੰਜੈ ਸਿੰਘ ਨੇ ਮਗੁੰਟਾ ਰੈਡੀ ਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਤਸਵੀਰ ਵੀ ਸਾਂਝੀ ਕੀਤੀ। ਉਹ ਆਂਧਰਾ ਵਿਚ ਭਾਜਪਾ ਦੀ ਇਤਿਹਾਦੀ ਤੇਲਗੂ ਦੇਸਮ ਪਾਰਟੀ ਦਾ ਲੋਕ ਸਭਾ ਚੋਣਾਂ ਵਿਚ ਉਮੀਦਵਾਰ ਹੈ।

ਇਸੇ ਤਰ੍ਹਾਂ ਅਰਬਿੰਦੋ ਫਾਰਮਾ ਦੇ ਡਾਇਰੈਕਟਰ ਸਰਤ ਰੈਡੀ ਨੇ ਦਬਾਅ ਵਿਚ ਬਿਆਨ ਬਦਲਿਆ।

9 ਨਵੰਬਰ 2022 ਵਿਚ ਉਸ ਦੇ ਘਰ ਛਾਪਾ ਮਾਰਿਆ ਗਿਆ। ਜਦੋਂ ਈ ਡੀ ਨੇ ਕੇਜਰੀਵਾਲ ਬਾਰੇ ਪੁੱਛਿਆ ਤਾਂ ਉਸ ਨੇ ਕਿਹਾ ਕਿ ਉਹ ਕੇਜਰੀਵਾਲ ਨੂੰ ਨਹੀਂ ਜਾਣਦਾ। ਈ ਡੀ ਨੇ ਉਸ ਨੂੰ ਗ੍ਰਿਫਤਾਰ ਕਰਕੇ 25 ਅਪ੍ਰੈਲ ਤੱਕ ਜੇਲ੍ਹ ਵਿਚ ਰੱਖਿਆ। ਛੇ ਮਹੀਨਿਆਂ ਬਾਅਦ ਉਸ ਨੂੰ ਕਿਹਾ ਗਿਆ ਕਿ ਉਹ ਕੇਜਰੀਵਾਲ ਖਿਲਾਫ ਬਿਆਨ ਦੇਵੇ ਨਹੀਂ ਤਾਂ ਜੇਲ੍ਹ ਵਿਚ ਸੜੇਗਾ। ਉਹ ਟੁੱਟ ਗਿਆ ਤੇ ਕੇਜਰੀਵਾਲ ਖਿਲਾਫ ਬਿਆਨ ਦੇ ਦਿੱਤਾ।

# ਸ਼ੋਮਾ ਸੇਨ ਨੂੰ ਮਿਲੀ ਜ਼ਮਾਨਤ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਐਲਗਾਰ ਪ੍ਰੀਸ਼ਦ-ਮਾਓਵਾਦੀ ਲਿੰਕ ਕੇਸ ਵਿਚ ਮੁਲਜ਼ਮ ਦਲਿਤ ਕਾਰਕੁੰਨ ਸ਼ੋਮਾ ਕਾਂਤੀ ਸੇਨ ਨੂੰ ਸ਼ੁੱਕਰਵਾਰ ਜ਼ਮਾਨਤ ਦੇ ਦਿੱਤੀ। ਐਲਗਾਰ ਪ੍ਰੀਸ਼ਦ ਦੀ 31 ਦਸੰਬਰ 2017 ਨੂੰ ਪੁਣੇ ਦੇ ਸ਼ਨੀਵਰਵੜਾ ਵਿਚ ਮੀਟਿੰਗ ਹੋਈ ਸੀ ਤੇ ਇਕ ਜਨਵਰੀ ਨੂੰ ਭੀਮਾ ਕੋਰੇਗਾਂਵ ਦੀ ਲੜਾਈ ਦੀ 200ਵੀਂ ਵਰ੍ਹੇਗੰਢ ਦੌਰਾਨ ਉਥੇ ਹਿੰਸਾ ਹੋ ਗਈ। ਨਾਗਪੁਰ ਯੂਨੀਵਰਸਿਟੀ ਦੀ ਸਾਬਕਾ ਪ੍ਰੋਫੈਸਰ ਨੂੰ ਮਹਾਰਾਸ਼ਟਰ ਦੇ ਪਿੰਡ ਭੀਮਾ ਕੋਰੇਗਾਂਵ ਵਿਚ ਹੋਈ ਹਿੰਸਾ ਦੇ ਬਾਅਦ 6 ਜੂਨ 2018 ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਮਾਰਕਸਵਾਦੀਆਂ ਨਾਲ ਕਥਿਤ ਸੰਬੰਧ ਹੋਣ ਦਾ ਦੋਸ਼ ਲਾ ਕੇ ਉਸ 'ਤੇ ਯੂ ਏ ਪੀ ਏ ਵਰਗਾ ਸਖਤ ਕਾਨੂੰਨ ਮੜ੍ਹਿਆ ਗਿਆ ਸੀ। ਕੌਮੀ ਜਾਂਚ ਏਜੰਸੀ ਨੇ 15 ਮਾਰਚ ਨੂੰ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਹ ਸੇਨ ਦੀ ਹੋਰ ਹਿਰਾਸਤ ਨਹੀਂ ਚਾਹੁੰਦੀ।

ਜਸਟਿਸ ਅਨਿਰੁਧ ਬੋਸ ਤੇ ਜਸਟਿਸ ਆਗਸਟੀਨ ਜਾਰਜ ਮਸੀਹ ਨੇ ਸੇਨ ਨੂੰ ਕਈ ਸ਼ਰਤਾਂ ਨਾਲ ਇਸ ਆਧਾਰ 'ਤੇ ਜ਼ਮਾਨਤ ਦੇ ਦਿੱਤੀ ਕਿ ਉਸ ਵਿਰੁੱਧ ਮੁਕੱਦਮਾ ਨਹੀਂ ਚਲਾਇਆ ਗਿਆ, ਉਮਰ ਵੀ ਵੱਧ ਹੈ ਤੇ ਕਈ ਬਿਮਾਰੀਆਂ ਹਨ।

## ਮਦਰੱਸਾ ਬੋਰਡ ਬਾਰੇ ਹੁਕਮ ਸਟੇਅ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਅਲਾਹਾਬਾਦ ਹਾਈ ਕੋਰਟ ਦੇ ਉੱਤਰ ਪ੍ਰਦੇਸ਼ ਮਦਰੱਸਾ ਸਿੱਖਿਆ ਬੋਰਡ ਐਕਟ ਨੂੰ ਅਸੰਵਿਧਾਨਕ ਕਰਾਰ ਦੇਣ ਦੇ ਹੁਕਮ 'ਤੇ ਰੋਕ ਲਗਾ ਦਿੱਤੀ ਹੈ। ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਕੇਂਦਰ ਅਤੇ ਉੱਤਰ ਪ੍ਰਦੇਸ਼ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ।

## ਦਹਿਸ਼ਤਗਰਦ ਹਲਾਕ

**ਸ੍ਰੀਨਗਰ** : ਸੁਰੱਖਿਆ ਬਲਾਂ ਨੇ ਸ਼ੁੱਕਰਵਾਰ ਜੰਮੂ-ਕਸ਼ਮੀਰ ਦੇ ਬਾਰਾਮੂਲਾ ਜ਼ਿਲ੍ਹੇ ਵਿਚ ਕੰਟਰੋਲ ਰੇਖਾ ਨੇੜੇ ਘੁਸਪੈਠ ਨੂੰ ਨਾਕਾਮ ਕਰਦਿਆਂ ਦਹਿਸ਼ਤਗਰਦ ਨੂੰ ਮਾਰ ਦਿੱਤਾ। ਫੌਜ ਦੇ ਜਵਾਨਾਂ ਨੇ ਜ਼ਿਲ੍ਹੇ ਦੇ ਉੜੀ ਖੇਤਰ 'ਚ ਸਬੁਰਾ ਨਾਲਾ ਰੁਸਤਮ 'ਚ ਕੰਟਰੋਲ ਰੇਖਾ ਦੇ ਨਾਲ ਸ਼ੱਕੀ ਗਤੀਵਿਧੀਆਂ ਦੇਖੀਆਂ ਅਤੇ ਘੁਸਪੈਠੀਆਂ ਨੂੰ ਚੁਣੌਤੀ ਦਿੱਤੀ। ਘੁਸਪੈਠੀਆਂ ਨੇ ਗੋਲੀਬਾਰੀ ਸ਼ੁਰੂ ਕਰ ਦਿੱਤੀ, ਜਿਸ ਦਾ ਜਵਾਨਾਂ ਨੇ ਢੁੱਕਵਾਂ ਜਵਾਬ ਦਿੱਤਾ ਅਤੇ ਇਕ ਦਹਿਸ਼ਤਗਰਦ ਮਾਰਿਆ ਗਿਆ।

## ਪਤਨੀ ਤੇ ਧੀ ਨੂੰ ਕਤਲ ਕਰਕੇ ਖੁਦਕੁਸ਼ੀ

**ਨਵੀਂ ਦਿੱਲੀ** : ਇੱਥੇ ਨਿਹਾਲ ਵਿਹਾਰ ਵਿਚ ਆਪਣੀ ਪਤਨੀ ਤੇ ਚਾਰ ਸਾਲ ਦੀ ਧੀ ਦਾ ਕਤਲ ਕਰਨ ਮਗਰੋਂ ਵਿਅਕਤੀ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕਾਂ ਦੀ ਪਛਾਣ ਅਜੈ (42), ਪਤਨੀ ਟੀਨਾ (38) ਅਤੇ ਬੇਟੀ ਵਰਸ਼ਾ ਵਜੋਂ ਹੋਈ ਹੈ। ਸੂਚਨਾ ਮਿਲਣ 'ਤੇ ਸਵੇਰੇ 9.30 ਵਜੇ ਪੁਲਸ ਪੁੱਜੀ ਤਾਂ ਅਜੈ ਛੱਤ ਵਾਲੇ ਪੱਖੇ ਨਾਲ ਲਟਕਦਾ ਪਾਇਆ ਗਿਆ ਅਤੇ ਟੀਨਾ ਤੇ ਵਰਸ਼ਾ ਦੀਆਂ ਲਾਸ਼ਾਂ ਬੈੱਡ 'ਤੇ ਪਈਆਂ ਸਨ।

## ਜਲਦੀ ਹੀ ਬਾਹਰ ਮਿਲਾਂਗਾ : ਸਿਸੋਦੀਆ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਆਗੂ ਮਨੀਸ਼ ਸਿਸੋਦੀਆ ਨੇ ਤਿਹਾੜ ਜੇਲ੍ਹ ਤੋਂ ਆਪਣੇ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਪੱਤਰ ਲਿਖ ਕੇ ਆਪਣੀ ਹਾਲਤ ਦੀ ਤੁਲਨਾ ਆਜ਼ਾਦੀ ਘੁਲਾਟੀਆਂ ਖਿਲਾਫ ਅੰਗਰੇਜ਼ਾਂ ਵੱਲੋਂ ਕੀਤੇ ਅੱਤਿਆਚਾਰਾਂ ਨਾਲ ਕੀਤੀ ਹੈ ਅਤੇ ਸਿੱਖਿਆ ਲਈ ਆਪਣੀ ਵਚਨਬੱਧਤਾ ਪ੍ਰਗਟਾਈ ਹੈ। ਦਿੱਲੀ ਆਬਕਾਰੀ ਨੀਤੀ ਘਪਲੇ ਮਾਮਲੇ 'ਚ ਗ੍ਰਿਫਤਾਰ ਕੀਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸਿਸੋਦੀਆ ਨੇ ਵੀ ਉਮੀਦ ਪ੍ਰਗਟਾਈ ਹੈ ਕਿ ਉਹ ਜਲਦੀ ਹੀ ਜੇਲ੍ਹ ਤੋਂ ਬਾਹਰ ਆ ਜਾਣਗੇ। ਉਨ੍ਹਾ ਲਿਖਿਆ—ਜਲਦੀ ਹੀ ਬਾਹਰ ਮਿਲਾਂਗੇ। ਅੰਗਰੇਜ਼ ਹਾਕਮਾਂ ਨੇ ਵੀ ਸੱਤਾ ਦੇ ਹੰਕਾਰ 'ਚ ਲੋਕਾਂ ਨੂੰ ਝੂਠੇ ਕੇਸ ਪਾ ਕੇ ਜੇਲ੍ਹ ਭੇਜਿਆ ਸੀ।

# ਮਾਨ ਵੱਲੋਂ ਅਨੰਦਪੁਰ ਸਾਹਿਬ ਤੇ ਅੰਮ੍ਰਿਤਸਰ ਲੋਕ ਸਭਾ ਹਲਕੇ 'ਤੇ ਚਰਚਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਅਨੰਦਪੁਰ ਸਾਹਿਬ ਅਤੇ ਅੰਮ੍ਰਿਤਸਰ ਤੋਂ 'ਆਪ' ਦੇ ਉਮੀਦਵਾਰਾਂ ਅਤੇ ਵਿਧਾਇਕਾਂ ਨਾਲ ਮੀਟਿੰਗ ਕੀਤੀ।'ਆਪ' ਪੰਜਾਬ ਪ੍ਰਧਾਨ ਨੇ ਇਨ੍ਹਾਂ ਹਲਕਿਆਂ ਦੇ ਸਾਰੇ ਵਿਧਾਇਕਾਂ ਤੋਂ ਫੀਡਬੈਕ ਲਈ ਅਤੇ ਉਸ ਫੀਡਬੈਕ ਦੇ ਆਧਾਰ 'ਤੇ ਚੋਣ ਰਣਨੀਤੀ 'ਤੇ ਚਰਚਾ ਕੀਤੀ। ਪਹਿਲੀ ਮੀਟਿੰਗ ਵਿੱਚ ਮਾਨ ਨੇ ਅਨੰਦਪੁਰ ਸਾਹਿਬ ਤੋਂ 'ਆਪ' ਦੇ ਉਮੀਦਵਾਰ ਮਲਵਿੰਦਰ ਸਿੰਘ ਕੰਗ, 'ਆਪ' ਆਗੂ ਦੀਪਕ ਬਾਲੀ, ਡਿਪਟੀ ਸਪੀਕਰ ਪੰਜਾਬ ਜੈ ਕ੍ਰਿਸ਼ਨ ਸਿੰਘ (ਵਿਧਾਇਕ ਗੜ੍ਹਸ਼ੰਕਰ), ਸੰਤੋਸ਼ ਕਟਾਰੀਆ (ਵਿਧਾਇਕ ਬਲਾਚੌਰ), ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ (ਐਮ ਐਲ ਏ ਅਨੰਦਪੁਰ ਸਾਹਿਬ), ਦਿਨੇਸ਼ ਚੱਢਾ (ਵਿਧਾਇਕ ਰੂਪਨਗਰ), ਡਾ. ਚਰਨਜੀਤ ਸਿੰਘ (ਵਿਧਾਇਕ ਚਮਕੌਰ ਸਾਹਿਬ), ਕੈਬਨਿਟ ਮੰਤਰੀ ਅਨਮੋਲ ਗਗਨ ਮਾਨ (ਐਮ ਐਲ ਏ ਖਰੜ) ਅਤੇ ਕੁਲਵੰਤ ਸਿੰਘ (ਐਮ ਐਲ ਏ ਐਸ ਏ ਐਸ ਨਗਰ) ਨਾਲ ਮੁਲਾਕਾਤ ਕੀਤੀ।ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਉਮੀਦਵਾਰ ਮਲਵਿੰਦਰ ਸਿੰਘ ਕੰਗ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਸਾਰੇ ਆਗੂਆਂ ਤੋਂ ਫੀਡਬੈਕ ਲੈਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀਆਂ ਸਾਰੀਆਂ 13 ਸੀਟਾਂ 'ਤੇ ਜਿੱਤ ਹਾਸਲ ਕਰੇਗੀ। ਕੰਗ ਨੇ ਕਿਹਾ ਕਿ ਅਸੀਂ ਪੰਜਾਬ ਵਿੱਚ ਆਪਣੀਆਂ ਬਹੁਤੀਆਂ ਗਾਰੰਟੀਆਂ ਪਹਿਲਾਂ ਹੀ ਪੂਰੀਆਂ ਕਰ ਚੁੱਕੇ ਹਾਂ, ਇਸ ਲਈ ਲੋਕ ਜਾਣਦੇ ਹਨ ਕਿ ਅਸੀਂ ਜੋ ਵਾਅਦਾ ਕਰਦੇ ਹਾਂ, ਉਹ ਪੂਰਾ ਕਰਦੇ ਹਾਂ। 'ਆਪ' ਆਗੂ ਨੇ ਕਿਹਾ ਕਿ ਅਨੰਦਪੁਰ ਸਾਹਿਬ ਦੇ ਸਾਰੇ ਮਸਲੇ ਭਾਵੇਂ ਇਸ ਖੇਤਰ ਵਿੱਚ ਸੈਰ-ਸਪਾਟਾ ਹੋਣ ਜਾਂ ਬੁਨਿਆਦੀ ਢਾਂਚਾ ਜਾਂ ਖੇਤਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਦਾ ਹੋਵੇ, ਦੇਸ਼ ਦੀ ਪਾਰਲੀਮੈਂਟ ਤੱਕ ਪਹੁੰਚਾਇਆ ਜਾਵੇਗਾ।

ਦੂਸਰੀ ਮੀਟਿੰਗ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਅੰਮ੍ਰਿਤਸਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ (ਕੈਬਨਿਟ ਮੰਤਰੀ ਅਤੇ ਵਿਧਾਇਕ ਅਜਨਾਲਾ) ਨਾਲ ਮੁਲਾਕਾਤ ਕੀਤੀ। ਅੰਮ੍ਰਿਤਸਰ ਲੋਕ ਸਭਾ ਸੀਟ ਲਈ ਚੋਣ ਰਣਨੀਤੀ ਬਾਰੇ ਵਿਚਾਰ-ਵਟਾਂਦਰਾ ਕਰਨ ਲਈ ਵਿਧਾਇਕ ਅੰਮ੍ਰਿਤਸਰ ਪੱਛਮੀ (ਐਸ ਸੀ) ਜਸਬੀਰ ਸਿੰਘ ਸੰਧੂ, ਵਿਧਾਇਕ ਅੰਮ੍ਰਿਤਸਰ ਕੇਂਦਰੀ ਅਜੇ ਗੁਪਤਾ, ਵਿਧਾਇਕ ਅੰਮ੍ਰਿਤਸਰ ਪੂਰਬੀ ਜੀਵਨ ਜੋਤ ਕੌਰ ਅਤੇ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਇੰਦਰਬੀਰ ਸਿੰਘ ਨਿੱਝਰ ਮੌਜੂਦ ਸਨ।

# ਬਾਬਾ ਤਰਸੇਮ ਸਿੰਘ ਕਤਲ ਕੇਸ 'ਚ ਚਾਰ ਗ੍ਰਿਫਤਾਰ



**ਦੇਹਰਾਦੂਨ** : ਉੱਤਰਾਖੰਡ ਦੇ ਨਾਨਕਮੱਤਾ 'ਚ ਕਾਰ ਸੇਵਾ ਮੁਖੀ ਬਾਬਾ ਤਰਸੇਮ ਸਿੰਘ ਦੀ ਹੱਤਿਆ 'ਚ ਸ਼ਾਮਲ ਮੁਲਜ਼ਮਾਂ ਦੀ ਮਦਦ ਕਰਨ ਦੇ ਦੋਸ਼ 'ਚ ਪੁਲਸ ਨੇ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਦੇ ਹੱਥ ਹਾਲੇ ਤੱਕ ਹਮਲਾਵਰ ਨਹੀਂ ਲੱਗੇ। ਪੁਲਸ ਨੇ ਕਤਲ ਦੇ ਮਾਮਲੇ ਵਿੱਚ ਲੋੜੀਂਦੇ ਦੋ ਸ਼ੂਟਰਾਂ ਦੀ ਇਨਾਮੀ ਰਾਸ਼ੀ 25,000 ਰੁਪਏ ਤੋਂ ਵਧਾ ਕੇ 50,000 ਰੁਪਏ ਕਰ ਦਿੱਤੀ ਹੈ। ਬਾਬਾ ਤਰਸੇਮ ਸਿੰਘ ਦੀ 28 ਮਾਰਚ ਨੂੰ ਦੋ ਬਾਈਕ ਸਵਾਰ ਹਮਲਾਵਰਾਂ ਨੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਤੋਂ ਪਹਿਲਾਂ ਨਾਨਕਮੱਤਾ ਥਾਣੇ 'ਚ ਸਾਬਕਾ ਆਈ ਏ ਐੱਸ ਅਧਿਕਾਰੀ ਹਰਬੰਸ ਸਿੰਘ ਚੁੱਘ ਅਤੇ ਦੋ ਹੋਰਾਂ ਪ੍ਰੀਤਮ ਸਿੰਘ ਅਤੇ ਬਾਬਾ ਅਨੂਪ ਸਿੰਘ ਖਿਲਾਫ ਕਥਿਤ ਕਤਲ ਦੇ ਦੋਸ਼ 'ਚ ਐੱਫ ਆਈ ਆਰ ਦਰਜ ਕੀਤੀ ਗਈ ਸੀ। ਕਾਰ ਸੇਵਾ ਦੇ ਸੇਵਾਦਾਰ ਜਸਬੀਰ ਸਿੰਘ ਨੇ ਦੋਸ਼ ਲਾਇਆ ਸੀ ਕਿ ਹਰਬੰਸ ਸਿੰਘ ਚੁੱਘ ਅਤੇ ਦੋ ਹੋਰਾਂ ਨੇ ਕਾਰ ਸੇਵਾ ਪ੍ਰਧਾਨ ਨੂੰ ਮਾਰਨ ਦੀ ਸਾਜ਼ਿਸ਼ ਰਚੀ ਸੀ। ਉਨ੍ਹਾ ਇਹ ਵੀ ਦੱਸਿਆ ਕਿ ਇਨ੍ਹਾਂ ਤਿੰਨਾਂ ਤੋਂ ਇਲਾਵਾ ਹੋਰ ਲੋਕ ਵੀ ਕਤਲ ਦੀ ਸਾਜ਼ਿਸ਼ 'ਚ ਸ਼ਾਮਲ ਹਨ। ਉੱਤਰਾਖੰਡ ਪੁਲਸ ਨੇ ਕਿਹਾ ਕਿ ਉਹ ਮਾਮਲੇ ਦੀ ਬਹੁਤ ਬਾਰੀਕੀ ਨਾਲ ਜਾਂਚ ਕਰ ਰਹੀ ਹੈ ਅਤੇ ਮੁਲਜ਼ਮਾਂ ਦੀ ਭਾਲ 'ਚ ਉੱਤਰ ਪ੍ਰਦੇਸ਼ ਅਤੇ ਪੰਜਾਬ 'ਚ ਛਾਪੇਮਾਰੀ ਕਰ ਰਹੀ ਹੈ।

# ਕਰਮਯੋਗੀ ਦੀ ਬਰਸੀ 'ਤੇ ਸਹਾਇਤਾ



ਬਾਬਾ ਗੁਰਬਖ਼ਸ਼ ਸਿੰਘ ਬੰਨੋਆਣਾ

**ਬਾਬਾ ਗੁਰਬਖ਼ਸ਼ ਸਿੰਘ ਬੰਨੋਆਣਾ ਲੰਮਾ ਸਮਾਂ 'ਨਵਾਂ ਜ਼ਮਾਨਾ' ਦੇ ਸੰਪਾਦਕੀ ਮੰਡਲ ਦੇ ਅਹਿਮ ਮੈਂਬਰ ਵਜੋਂ ਜ਼ਿੰਮੇਵਾਰੀ ਨਿਭਾਉਂਦੇ ਰਹੇ ਸਨ। ਉਨ੍ਹਾ ਦੀ ਧਰਮ ਪਤਨੀ ਹਰਬੀਰ ਕੌਰ ਤੇ ਪਰਵਾਰ ਵੱਲੋਂ ਉਨ੍ਹਾ ਦੀ ਹਰ ਬਰਸੀ ਮੌਕੇ 'ਨਵਾਂ ਜ਼ਮਾਨਾ' ਦੀ ਮਾਇਕ ਸਹਾਇਤਾ ਕੀਤੀ ਜਾਂਦੀ ਰਹੀ ਹੈ। ਇਸ ਵਾਰ ਵੀ ਪਰਵਾਰ ਵੱਲੋਂ 'ਨਵਾਂ ਜ਼ਮਾਨਾ' ਨੂੰ 12 ਹਜ਼ਾਰ ਰੁਪਏ ਭੇਜੇ ਗਏ ਹਨ। ਅਦਾਰਾ ਆਪਣੇ ਸਾਥੀ ਨੂੰ ਯਾਦ ਕਰਦਿਆਂ ਪਰਵਾਰ ਦਾ ਧੰਨਵਾਦੀ ਹੈ।**

## ਰੈਪੋ ਰੇਟ 'ਚ ਤਬਦੀਲੀ ਨਹੀਂ

**ਮੁੰਬਈ** : ਭਾਰਤੀ ਰਿਜ਼ਰਵ ਬੈਂਕ ਨੇ ਸ਼ੁੱਕਰਵਾਰ ਚਾਲੂ ਵਿੱਤੀ ਸਾਲ ਦੀ ਪਹਿਲੀ ਦੋ-ਮਾਸਿਕ ਮੁਦਰਾ ਨੀਤੀ ਸਮੀਖਿਆ 'ਚ ਨੀਤੀਗਤ ਦਰ ਰੈਪੋ 'ਚ ਕੋਈ ਬਦਲਾਅ ਨਹੀਂ ਕੀਤਾ ਅਤੇ ਇਸ ਨੂੰ 6.5 ਫੀਸਦੀ 'ਤੇ ਬਰਕਰਾਰ ਰੱਖਿਆ। ਇਹ ਲਗਾਤਾਰ ਸੱਤਵੀਂ ਵਾਰ ਹੈ, ਜਦੋਂ ਰੈਪੋ ਰੇਟ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਬੈਂਕ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਇਸ ਦਾ ਐਲਾਨ ਕਰਦਿਆਂ ਚਾਲੂ ਵਿੱਤੀ ਸਾਲ ਲਈ ਮਹਿੰਗਾਈ ਦਰ ਦਾ ਅਨੁਮਾਨ 4.5 ਫੀਸਦੀ 'ਤੇ ਬਰਕਰਾਰ ਰੱਖਿਆ। ਇਹ ਪਿਛਲੇ ਵਿੱਤੀ ਸਾਲ 2023-24 ਦੇ 5.4 ਫੀਸਦੀ ਦੇ ਅਨੁਮਾਨ ਤੋਂ ਘੱਟ ਹੈ।

ਇਸ ਦੇ ਨਾਲ ਮੌਜੂਦਾ ਵਿੱਤੀ ਸਾਲ 2024-25 ਲਈ ਜੀ ਡੀ ਪੀ (ਕੁੱਲ ਘਰੇਲੂ ਉਤਪਾਦ) ਵਿਕਾਸ ਦਰ ਦੇ ਅਨੁਮਾਨ ਨੂੰ ਸੱਤ ਫੀਸਦ ਰੱਖਿਆ ਹੈ। ਇਹ 2023-24 ਦੇ 7.6 ਫੀਸਦੀ ਦੇ ਅਨੁਮਾਨ ਤੋਂ ਘੱਟ ਹੈ।

## ਮੁਫਤ ਟੀਕਾਕਰਨ ਆਪੋਜ਼ੀਸ਼ਨ ਦੇ ਦਬਾਅ ਤੇ ਸੁਪਰੀਮ ਕੋਰਟ ਦੇ ਦਖਲ ਤੋਂ ਬਾਅਦ ਹੋਇਆ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇ ਸ਼ੁੱਕਰਵਾਰ ਕਿਹਾ ਕਿ ਵਿਰੋਧੀ ਧਿਰ ਦੇ ਦਬਾਅ ਅਤੇ ਸੁਪਰੀਮ ਕੋਰਟ ਦੇ ਦਖਲ ਕਾਰਨ ਮੋਦੀ ਸਰਕਾਰ ਨੂੰ ਮੁਫਤ ਕੋਵਿਡ-19 ਟੀਕਾਕਰਨ ਲਈ ਮਜਬੂਰ ਹੋਣਾ ਪਿਆ। ਕਾਂਗਰਸ ਨੇ ਕਿਹਾ ਕਿ ਮਹਾਂਮਾਰੀ ਦੌਰਾਨ ਜਿਸ ਤਰ੍ਹਾਂ ਦਾ ਮਾੜਾ ਪ੍ਰਬੰਧ ਸੀ, ਉਸ ਨੂੰ ਭੁੱਲਿਆ ਨਹੀਂ ਜਾ ਸਕਦਾ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਮੁਫਤ ਕੋਵਿਡ-19 ਟੀਕੇ ਮੁਹੱਈਆ ਕਰਵਾਉਣ ਨੂੰ ਆਪਣੀ ਸਭ ਤੋਂ ਵੱਡੀ ਪ੍ਰਾਪਤੀ ਕਰਾਰ ਦੇ ਰਹੀ ਹੈ, ਪਰ ਸੱਚਾਈ ਇਹ ਹੈ ਕਿ ਵਿਰੋਧੀ ਧਿਰ ਦੇ ਜ਼ੋਰ ਅਤੇ ਸੁਪਰੀਮ ਕੋਰਟ ਦੇ ਦਖਲ ਕਾਰਨ ਮੋਦੀ ਸਰਕਾਰ ਅਜਿਹਾ ਕਰਨ ਲਈ ਮਜਬੂਰ ਹੋਈ। ਤੁਸੀਂ ਘਟਨਾਵਾਂ ਨੂੰ ਸਮਝਦੇ ਹੋ। ਡਾ. ਮਨਮੋਹਨ ਸਿੰਘ ਨੇ 18 ਅਪਰੈਲ 2021 ਨੂੰ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਟੀਕਾਕਰਨ ਸੰਬੰਧੀ ਨੀਤੀ ਸਪੱਸ਼ਟ ਕਰਨ ਦੀ ਬੇਨਤੀ ਕੀਤੀ, ਜਿਸ ਦਾ ਉਸ ਸਮੇਂ ਤੱਕ ਕਿਸੇ ਵੀ ਤਰ੍ਹਾਂ ਦਾ ਪ੍ਰਬੰਧ ਨਹੀਂ ਕੀਤਾ ਗਿਆ ਸੀ ਅਤੇ ਉਨ੍ਹਾ ਨੇ ਹੋਰ ਵੱਧ ਟੀਕਾਕਰਨ ਲਈ ਬਹੁਤ ਵਧੀਆ ਸੁਝਾਅ ਦਿੱਤੇ ਸਨ। ਇਸ ਤੋਂ ਬਾਅਦ ਸਰਕਾਰ ਨੇ ਕਦਮ ਚੁੱਕੇ।

## ਅੱਜ-ਨਾਮਾ

ਜਿੰਨਾ ਈ ਬਚਣ ਨੂੰ ਆਖਿਆ ਨਿੱਤ ਜਾਂਦਾ,
ਹਾਦਸੇ ਵਧੀ ਜਾਸਣ ਓਨੇ ਈ ਹੋਰ ਮੀਆਂ।
ਇੰਨਾ ਆਖ ਕੇ ਕਰਨਾ ਫਿਰ ਸਬਰ ਪੈਂਦਾ,
ਕੁਦਰਤ ਅੱਗੇ ਨਹੀਂ ਚੱਲਦਾ ਜ਼ੋਰ ਮੀਆਂ।
ਪੜ੍ਹੀ ਅਖਬਾਰ ਵੀ ਲੋਕ ਫਿਰ ਭੁੱਲ ਜਾਂਦੇ,
ਜ਼ਿੰਦਗੀ ਤੁਰੀ ਜਾਵੇ ਆਪਣੀ ਤੋਰ ਮੀਆਂ।
ਸੜਕ ਸੁਰੱਖਿਆ ਦੀ ਚੱਲਦੀ ਗੱਲ ਥੋੜ੍ਹੀ,
ਬਾਕੀ ਬਾਤਾਂ ਦਾ ਚੱਲੀ ਜਾਏ ਸ਼ੋਰ ਮੀਆਂ।
ਕਰਨਾ ਚਾਹੀਦਾ ਜਿੰਨਾ ਵੀ ਫਿਕਰ ਹੈ ਜੀ,
ਉਹਦਾ ਅੱਧ ਵੀ ਨਜ਼ਰ ਨਾ ਆਏ ਮੀਆਂ।
ਬੰਦੇ ਖਾਣੀਆਂ ਸੜਕਾਂ ਕਈ ਚਹੁੰ ਤਰਫੀਂ,
ਮਰਦੇ ਥਾਉਂ-ਥਾਂ ਮਾਂਵਾਂ ਦੇ ਜਾਏ ਮੀਆਂ।

-ਤੀਸ ਮਾਰ ਖਾਂ

# ਪ੍ਰੇਮ ਵਿਆਹ ਕਰਵਾਉਣ ਵਾਲੇ ਮੁੰਡੇ ਦੀ ਮਾਂ ਨੂੰ ਕੁੜੀ ਵਾਲਿਆਂ ਕੀਤਾ ਨਿਰਵਸਤਰ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਜ਼ਿਲ੍ਹਾ ਤਰਨ ਤਾਰਨ ਅਧੀਨ ਆਉਂਦੇ ਸਰਹੱਦੀ ਕਸਬਾ ਵਲਟੋਹਾ 'ਚ ਇਨਸਾਨੀਅਤ ਉਸ ਵਕਤ ਸ਼ਰਮਸਾਰ ਹੁੰਦੀ ਦਿਖਾਈ ਦਿੱਤੀ, ਜਦੋਂ ਆਪਣੇ ਗੁਆਂਢੀਆਂ ਦੀ ਕੁੜੀ ਨਾਲ ਅਦਾਲਤੀ ਵਿਆਹ ਕਰਵਾਉਣ ਵਾਲੇ ਮੁੰਡੇ ਦੀ 55 ਸਾਲਾ ਮਾਂ ਨੂੰ ਕੁੜੀ ਦੇ ਮਾਪਿਆਂ ਨੇ ਕਥਿਤ ਤੌਰ 'ਤੇ ਸ਼ਰੇਆਮ ਨਿਰਵਸਤਰ ਕਰ ਦਿੱਤਾ।ਉਕਤ ਲੋਕਾਂ ਨੇ ਨਾ ਸਿਰਫ ਸਰੀਰ ਢਕਣ ਦਾ ਯਤਨ ਕਰਦੀ ਔਰਤ ਕੋਲੋਂ ਕੱਪੜੇ ਖੋਹ ਕੇ ਗਲੀਆਂ 'ਚ ਭਜਾ-ਭਜਾ ਉਸ ਦੀ ਵੀਡੀਓ ਬਣਾਈ ਬਲਕਿ ਵੀਡੀਓ ਨੂੰ ਸੋਸ਼ਲ ਮੀਡੀਆ 'ਤੇ ਵਾਇਰਲ ਵੀ ਕਰ ਦਿੱਤਾ।ਹਾਲਾਂਕਿ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ 'ਚ ਔਰਤ ਕੈਮਰੇ ਤੋਂ ਬਚਣ ਲਈ ਲੋਕਾਂ ਦੀਆਂ ਦੁਕਾਨਾਂ 'ਚ ਵੀ ਲੁਕਣ ਦਾ ਯਤਨ ਕਰਦੀ ਰਹੀ।ਥਾਣਾ ਵਲਟੋਹਾ ਦੀ ਪੁਲਸ ਨੇ ਇਸ ਸ਼ਰਮਨਾਕ ਘਟਨਾ ਨੂੰ ਅੰਜਾਮ ਦੇਣ ਦੇ ਮਾਮਲੇ 'ਚ ਇਕ ਹੀ ਪਰਵਾਰ ਦੇ ਤਿੰਨ ਜੀਆਂ ਤੇ ਦੋ ਅਣਪਛਾਤੇ ਵਿਅਕਤੀਆਂ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਥਾਣਾ ਵਲਟੋਹਾ ਦੀ ਪੁਲਸ ਨੂੰ ਦਰਜ ਕਰਵਾਏ ਬਿਆਨ ਵਿੱਚ ਔਰਤ ਨੇ ਦੱਸਿਆ ਕਿ ਉਸ ਦੇ ਮੁੰਡੇ ਨੇ ਗੁਆਂਢ ਰਹਿੰਦੀ ਕੁੜੀ ਨਾਲ ਕਰੀਬ ਇਕ ਮਹੀਨਾ ਪਹਿਲਾਂ ਅਦਾਲਤੀ ਵਿਆਹ ਕਰਵਾ ਲਿਆ ਸੀ।ਰੰਜਿਸ਼ ਦੇ ਚੱਲਦਿਆਂ 31 ਮਾਰਚ ਦੀ ਸ਼ਾਮ ਕੁੜੀ ਦੇ ਭਰਾ ਤੇ ਮਾਂ ਤੋਂ ਇਲਾਵਾ ਦੋ ਅਣਪਛਾਤੇ ਵਿਅਕਤੀ ਉਨ੍ਹਾਂ ਦੇ ਘਰ ਦੇ ਬਾਹਰ ਆ ਕੇ ਰੌਲਾ ਪਾਉਣ ਲੱਗੇ।ਜਦੋਂ ਉਹ ਘਰੋਂ ਬਾਹਰ ਆਈ ਤਾਂ ਉਕਤ ਵਿਅਕਤੀਆਂ ਨੇ ਉਸ ਦੀ ਕੁੱਟਮਾਰ ਕਰਨ ਤੋਂ ਇਲਾਵਾ ਉਸ ਦੇ ਕੱਪੜੇ ਪਾੜ ਕੇ ਉਸ ਨੂੰ ਪੂਰੀ ਤਰ੍ਹਾਂ ਨਿਰਵਸਤਰ ਕਰ ਦਿੱਤਾ ਅਤੇ ਉਸ ਦੀ ਨਿਰਵਸਤਰ ਹਾਲਤ 'ਚ ਹੀ ਵੀਡੀਓ ਬਣਾ ਲਈ। ਉਹ ਬਚਣ ਲਈ ਭੱਜਦੀ ਰਹੀ ਅਤੇ ਦੁਕਾਨਾਂ 'ਚ ਆਸਰਾ ਲੈਂਦੀ ਰਹੀ।ਪਰ ਵੀਡੀਓ ਬਣਾਉਣ ਵਾਲੇ ਨੇ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਕਰਕੇ ਸਮਾਜ 'ਚ ਹੋਰ ਬੇਇੱਜ਼ਤ ਕਰ ਦਿੱਤਾ।



ਜਾਣਕਾਰੀ ਦਿੰਦੀ ਐੱਸ ਐੱਚ ਓ ਸੁਨੀਤਾ ਬਾਵਾ

ਥਾਣਾ ਵਲਟੋਹਾ ਦੀ ਐਸ ਐਚ ਓ ਸੁਨੀਤਾ ਬਾਵਾ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕਰ ਰਹੇ ਏ ਐੱਸ ਆਈ ਪਰਮਜੀਤ ਸਿੰਘ ਨੇ ਪੀੜਤ ਔਰਤ ਦੀ ਸ਼ਿਕਾਇਤ 'ਤੇ ਸ਼ਰਨਜੀਤ ਸਿੰਘ ਉਰਫ਼ ਸੰਨੀ, ਗੁਰਚਰਨ ਸਿੰਘ, ਕੁਲਵਿੰਦਰ ਕੌਰ ਉਰਫ਼ ਮਾਣੀ ਅਤੇ ਦੋ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ।

6-APRIL-PAGE-1.qxd 4/5/2024 8:58 PM Page 2



## ਡੀ ਐੱਸ ਪੀ ਵੱਲੋਂ ਰੋਜ਼ਾਧਾਰੀ ਮੁਸਲਮ ਪੁਲਸ ਕਰਮੀਆਂ ਲਈ ਇਫ਼ਤਾਰ ਪਾਰਟੀ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਉਪ ਪੁਲਸ ਕਪਤਾਨ ਸਬ ਡਵੀਜ਼ਨ ਮਾਲੇਰਕੋਟਲਾ ਸ਼੍ਰੀ ਗੁਰਦੇਵ ਸਿੰਘ ਵੱਲੋਂ ਉਨ੍ਹਾਂ ਦੇ ਦਫ਼ਤਰ ਤੇ ਪੂਰੀ ਮਾਲੇਰਕੋਟਲਾ ਸਬ ਡਵੀਜ਼ਨ 'ਚ ਤਾਇਨਾਤ ਮੁਸਲਮ ਭਾਈਚਾਰੇ ਨਾਲ ਸਬੰਧਤ ਰੋਜ਼ਾਧਾਰੀ ਕਰਮਚਾਰੀਆਂ ਲਈ ਰੋਜ਼ਾ ਇਫ਼ਤਾਰ ਪਾਰਟੀ ਕਰਕੇ ਰੋਜ਼ਾਧਾਰੀ ਕਰਮਚਾਰੀਆਂ ਦਾ ਰੋਜ਼ਾ ਖੁੱਲ੍ਹਵਾਇਆ ਗਿਆ। ਡੀ.ਐੱਸ.ਪੀ. ਸ਼੍ਰੀ ਗੁਰਦੇਵ ਸਿੰਘ ਦੀ ਇਹ ਪਹਿਲੀ ਨਿਵੇਕਲੀ ਪਹਿਲਕਦਮੀ ਸਿਰਫ਼ ਪੁਲਸ ਫੋਰਸ ਅੰਦਰ ਭਾਈਚਾਰਕ ਸਾਂਝ ਬਰਕਰਾਰ ਰੱਖਣ ਲਈ ਹੀ ਨਹੀਂ ਸਗੋਂ ਸਾਂਝੀਵਾਲਤਾ ਦਾ ਸੁਨੇਹਾ ਦੇਣ ਦਾ ਸਬੱਬ ਵੀ ਬਣੇਗੀ। ਰੋਜ਼ਾਧਾਰੀਆਂ ਨੇ ਕਿਹਾ ਕਿ ਡੀ.ਐੱਸ.ਪੀ. ਸ਼੍ਰੀ ਗੁਰਦੇਵ ਸਿੰਘ ਦੀ ਇਸ ਪਹਿਲਕਦਮੀ ਨੇ ਮੁਸਲਮ ਪੁਲਸ ਕਰਮੀਆਂ ਦੇ ਮਨਾਂ 'ਚ ਉਤਸ਼ਾਹ ਭਰਿਆ ਹੈ ਤੇ ਭਵਿੱਖ 'ਚ ਪੁਲਸ ਫੋਰਸ 'ਚ ਸ਼ਾਮਲ ਸਭ ਧਰਮਾਂ ਦੇ ਕਰਮਚਾਰੀ ਇੱਕ ਦੂਜੇ ਦੇ ਤਿਉਹਾਰਾਂ 'ਚ ਸ਼ਿਰਕਤ ਕਰ ਕੇ ਫੋਰਸ 'ਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਗੇ। ਡੀ.ਐੱਸ.ਪੀ. ਨੇ ਕਿਹਾ ਕਿ ਅਜਿਹੇ ਮੌਕੇ ਮਨੁੱਖਤਾ ਦੀ ਸੇਵਾ ਤੇ ਆਪਸੀ ਭਾਈਚਾਰੇ ਲਈ ਮਿਸਾਲ ਬਣਦੇ ਹਨ। ਉਨ੍ਹਾ ਦੱਸਿਆ ਕਿ ਹਾਲ ਹੀ 'ਚ ਉਨ੍ਹਾਂ ਵੱਲੋਂ ਸੀਨੀਅਰ ਸਿਟੀਜ਼ਨ ਲਈ ਨਿਵੇਕਲੀ ਪਹਿਲਕਦਮੀ ਕਰਦਿਆਂ ਇੱਕ ਪੋਸਟਰ ਜਾਰੀ ਕਰਨ ਦਾ ਐਲਾਨ ਕੀਤਾ ਕਿ ਮਾਲੇਰਕੋਟਲਾ ਦੇ ਸੀਨੀਅਰ ਸਿਟੀਜਨਜ਼ ਨੂੰ ਜੇਕਰ ਕੋਈ ਵੀ ਪਰਿਵਾਰਕ ਜਾਂ ਸਮਾਜਿਕ ਸਮੱਸਿਆ ਹੈ ਤਾਂ ਉਨ੍ਹਾਂ ਨੂੰ ਥਾਣੇ ਆਉਣ ਦੀ ਲੋੜ ਨਹੀਂ, ਸਗੋਂ ਉਹ ਪੁਲਸ ਨੂੰ ਫ਼ੋਨ ਕਰਨ ਪੁਲਸ ਟੀਮ ਉਨ੍ਹਾਂ ਦੇ ਘਰ ਜਾ ਕੇ ਮੌਕੇ 'ਤੇ ਹੀ ਉਨ੍ਹਾਂ ਦੀ ਸਮੱਸਿਆ ਦਾ ਨਿਪਟਾਰਾ ਕਰੇਗੀ।

## ਪੰਜਾਬ ਖੇਤ ਮਜ਼ਦੂਰ ਯੂਨੀਅਨ ਨੇ ਜਨਰਲ ਸਕੱਤਰ ਸਹਿਕਾਰੀ ਸਭਾਵਾਂ ਨੂੰ ਸੌਂਪਿਆ ਮੰਗ ਪੱਤਰ



**ਮੂਨਕ (ਰਾਜਪਾਲ ਸਿੰਗਲਾ)**-ਨਜ਼ਦੀਕੀ ਪਿੰਡ ਲਹਿਲ ਕਲਾਂ ਵਿਖੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰਭਗਵਾਨ ਸਿੰਘ ਮੂਨਕ ਤੇ ਜ਼ਿਲ੍ਹਾ ਪ੍ਰਧਾਨ ਗੋਪੀ ਗਿਰ ਕਲਰ ਭੈਣੀ ਦੀ ਅਗਵਾਈ ਹੇਠ ਖੇਤ ਮਜ਼ਦੂਰ ਮਰਦ, ਔਰਤਾਂ ਨੇ ਪਿੰਡ ਵਿੱਚ ਮੁਜ਼ਾਹਰਾ ਕੀਤਾ ਤੇ ਬਹੁਮੰਤਵੀ ਸਹਿਕਾਰੀ ਸਭਾਵਾਂ ਦੇ ਦਫ਼ਤਰ ਵਿਖੇ ਜਨਰਲ ਸਕੱਤਰ ਨੂੰ ਮੰਗ ਪੱਤਰ ਸੌਂਪਿਆ ਗਿਆ। ਦੱਸਣਯੋਗ ਹੈ ਕਿ ਪਿੰਡ ਦੇ ਪੱਕੇ ਵਸਨੀਕ ਬੇ-ਜ਼ਮੀਨੇ ਖੇਤ ਮਜ਼ਦੂਰਾਂ ਨੂੰ ਸਹਿਕਾਰੀ ਸਭਾਵਾਂ ਦੇ ਮੈਂਬਰ ਬਣਾ ਕੇ ਕਾਨੂੰਨ ਮੁਤਾਬਕ ਹੱਦ ਦਰਜਾ ਕਰਜ਼ਾ ਦੇਣ ਦਾ ਪ੍ਰਬੰਧ ਕੀਤਾ ਜਾਵੇ ਤਾਂ ਕਿ ਗਰੀਬ ਮਜ਼ਦੂਰ ਪਰਿਵਾਰਾਂ ਨੂੰ ਮੈਕਰੋਫਾਈਨੈਂਸ ਕੰਪਨੀਆਂ ਦੇ ਮੱਕੜਜਾਲ ਵਿੱਚੋਂ ਬਾਹਰ ਕੱਢਿਆ ਜਾਵੇ ਅਤੇ ਲਘੂ ਖੇਤੀ ਸਹਾਇਕ ਧੰਦਿਆਂ ਨੂੰ ਉਤਸ਼ਾਹਤ ਕੀਤਾ ਜਾਵੇ ਤਾਂ ਕਿ ਬੇ-ਜ਼ਮੀਨੇ ਖੇਤ ਮਜ਼ਦੂਰਾਂ ਦੀ ਡਾਵਾਂਡੋਲ ਆਰਥਿਕਤਾ ਨੂੰ ਸੈੱਟ ਕੀਤਾ ਜਾ ਸਕੇ। ਇਸ ਲਈ ਅੱਜ ਖੇਤ ਮਜ਼ਦੂਰਾਂ ਦੀ ਇਕੱਤਰਤਾ ਰਾਹੀਂ ਸਹਿਕਾਰੀ ਸਭਾ ਦੇ ਮੀਤ ਪ੍ਰਧਾਨ ਨੂੰ ਵੀ ਅਪੀਲ ਕੀਤੀ ਕਿ ਬੇ-ਜ਼ਮੀਨੇ ਖੇਤ ਮਜ਼ਦੂਰਾਂ ਨੂੰ ਮੈਂਬਰ ਬਣਾ ਕੇ ਮਨਜ਼ੂਰ ਸ਼ੁਦਾ ਕਰਜ਼ੇ ਦਿੱਤੇ ਜਾਣ। ਇਸ ਸਮੇਂ ਹੋਰਨਾਂ ਤੋਂ ਇਲਾਵਾ ਇਲਾਕਾ ਕਮੇਟੀ ਮੂਨਕ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਕਲਰਭੈਣੀ, ਇਲਾਕਾ ਕਮੇਟੀ ਲਹਿਰਾਗਾਗਾ ਦੇ ਲੀਲਾ ਸਿੰਘ ਢੀਂਡਸਾ ਖਜ਼ਾਨਚੀ, ਗੁਰਜੰਟ ਸਿੰਘ ਜਨਰਲ ਸਕੱਤਰ, ਇਲਾਕਾ ਕਮੇਟੀ ਮੈਂਬਰ ਅਮਰਜੀਤ ਸਿੰਘ ਲਹਿਲ ਕਲਾਂ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



**ਕੋਟ ਈਸੇ ਖਾਂ (ਅਰੋੜਾ)**-ਬਲਾਕ ਕੋਟ ਈਸੇ ਖਾਂ ਵਿਖੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਗਰੁੱਪ ਦੀ ਮੀਟਿੰਗ ਬਲਾਕ ਪ੍ਰਧਾਨ ਪਿਸ਼ੌਰਾ ਸਿੰਘ ਮੁੰਡੀ ਜਮਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਬਲਾਕ ਜਨਰਲ ਸਕੱਤਰ ਪ੍ਰਤਾਪ ਸਿੰਘ ਨੇ ਚਲਾਈ।ਮੀਟਿੰਗ ਵਿੱਚ ਬੀਕੇਯੂ ਲੱਖੋਵਾਲ ਕੋਟ ਈਸੇ ਖਾਂ ਦੀ ਅਗਵਾਈ ਵਿੱਚ ਬਲਾਕ ਪ੍ਰਧਾਨ ਪਿਸ਼ੌਰਾ ਸਿੰਘ ਮੁੰਡੀ ਜਮਾਲ, ਸੂਬਾ ਮੀਤ ਪ੍ਰਧਾਨ ਸੂਰਤ ਸਿੰਘ ਕਾਦਰ ਵਾਲਾ, ਸੂਬਾ ਮੀਤ ਪ੍ਰਧਾਨ ਮੋਹਣ ਸਿੰਘ ਜੀਂਦੜਾ, ਬਲਾਕ ਪ੍ਰਧਾਨ ਕੁਲਵੰਤ ਸਿੰਘ ਮੁੰਡੀ ਜਮਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਸਮੇਂ ਪ੍ਰਧਾਨ ਪਿਸ਼ੌਰਾ ਸਿੰਘ ਨੇ ਕਿਹਾ ਕਿ ਕਣਕ ਦੀ ਫਸਲ ਦੀ ਕਟਾਈ ਲਗਭਗ 15-20 ਦਿਨਾਂ ਵਿੱਚ ਸ਼ੁਰੂ ਹੋ ਜਾਣੀ ਹੈ ਤੇ ਬਿਜਲੀ ਪ੍ਰਸ਼ਾਸਨ ਨੂੰ ਅਸੀਂ ਅਪੀਲ ਕਰਦੇ ਹਾਂ ਕਿ ਜੋ ਖੇਤਾਂ ਵਿੱਚ ਬਿਜਲੀ ਦੀਆਂ ਢਿੱਲੀਆਂ ਤਾਰਾਂ ਹਨ, ਨਾਲੇ ਜਿਹੜੇ ਟਰਾਂਸਫਾਰਮਰ ਲੀਕ ਹੋ ਰਹੇ ਹਨ ਜਾਂ ਸਪਾਰਕ ਕਰ ਰਹੇ ਹਨ, ਉਨ੍ਹਾਂ ਨੂੰ ਚੈੱਕ ਕਰਕੇ ਠੀਕ ਕਰ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਜ਼ਿਮੀਦਾਰ ਦੀ ਫਸਲ ਦਾ ਨੁਕਸਾਨ ਨਾ ਹੋਵੇ।ਉਨ੍ਹਾਂ ਕਿਹਾ ਕਿ ਇਸ ਸਮੇਂ ਜੋ ਪੰਜਾਬ ਵਿੱਚ ਮਾਰੂ ਨਸ਼ੇ ਕਾਰਨ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ, ਇਨ੍ਹਾਂ ਨੂੰ ਠੱਲ੍ਹ ਪਾਉਣ ਲਈ ਪੰਜਾਬ ਸਰਕਾਰ ਖਸਖਸ ਦੀ ਖੇਤੀ ਸ਼ੁਰੂ ਕਰਵਾਵੇ।ਇਸ ਸਮੇਂ ਮੀਟਿੰਗ ਵਿੱਚ ਮੇਜਰ ਸਿੰਘ ਸਰਪੰਚ ਸ਼ਾਹ ਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਅਮਰੀਕ ਸਿੰਘ ਮੈਂਬਰ, ਗੁਰਦੀਪ ਸਿੰਘ ਫੌਜੀ ਕੋਟ ਸਦਰ ਖਾਂ, ਬਾਜ ਸਿੰਘ ਕਾਦਰਵਾਲਾ, ਹਰਜਿੰਦਰ ਸਿੰਘ, ਹਰਭਿੰਦਰ ਸਿੰਘ ਮੋਜੇਵਾਲਾ, ਟਹਿਲ ਸਿੰਘ ਮੁੰਡੀ ਜਮਾਲ, ਬਲਵਿੰਦਰ ਸਿੰਘ ਬਲਾਕ ਪ੍ਰਧਾਨ, ਅਮਰੀਕ ਸਿੰਘ ਬਲਾਕ ਮੀਤ ਪ੍ਰਧਾਨ, ਮੰਦਰਜੀਤ ਸਿੰਘ ਮਨਾਵਾ, ਸਾਹਿਬ ਸਿੰਘ ਬੋਗੇਵਾਲਾ ਆਦਿ ਹਾਜ਼ਰ ਸਨ।

## ਡੀ ਏ ਵੀ ਕਾਲਜ 'ਚ 'ਕਰੀਅਰ ਗਾਈਡੈਂਸ' ਵਿਸ਼ੇ 'ਤੇ ਲੈਕਚਰ ਕਰਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਅਗਵਾਈ ਵਿੱਚ 'ਕਰੀਅਰ ਗਾਈਡੈਂਸ' ਵਿਸ਼ੇ 'ਤੇ ਲੈਕਚਰ ਕਰਵਾਇਆ ਗਿਆ, ਜਿਸ ਦੇ ਮੁੱਖ ਵਕਤਾ ਦੇ ਰੂਪ ਵਿੱਚ ਡਾ. ਸੰਦੀਪ ਗੋਇਲ ਡਾਇਰੈਕਟਰ ਐਡਮੀਸ਼ਨਜ਼ ਯੂਨੀਵਰਸਿਟੀ ਆਫ਼ ਲੁਇਸਵਿਲੇ, ਯੂ.ਐੱਸ.ਏ. ਨੇ ਸ਼ਿਰਕਤ ਕੀਤੀ। ਸਭ ਤੋਂ ਪਹਿਲਾਂ ਮਹਿਮਾਨ ਦਾ ਰਸਮੀ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਡਾ. ਸੰਦੀਪ ਗੋਇਲ ਨੇ ਵਿਦਿਆਰਥੀਆਂ ਨੂੰ ਆਪਣੀ ਯੂਨੀਵਰਸਿਟੀ ਵਿੱਚ ਚੱਲ ਰਹੇ ਇਹੋ ਜਿਹੇ ਕੋਰਸਾਂ ਬਾਰੇ ਦੱਸਿਆ, ਜੋ ਵਿਦਿਆਰਥੀਆਂ ਦੇ ਰੁਜ਼ਗਾਰ ਯੋਗਤਾ ਨੂੰ ਵਧਾਉਣ ਲਈ ਅਪਨਾਏ ਜਾ ਸਕਦੇ ਹਨ। ਉਨ੍ਹਾਂ ਵਿਦੇਸ਼ਾਂ ਵਿੱਚ ਰੁਜ਼ਗਾਰ ਹਾਸਲ ਕਰਨ ਵਿੱਚ ਆਉਣ ਵਾਲੀਆਂ ਪ੍ਰੇਸ਼ਾਨੀਆਂ ਬਾਰੇ ਵੀ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਤੇ ਆਪਣੇ ਨਿੱਜੀ ਜੀਵਨ ਵਿੱਚ ਆਈਆਂ ਮੁਸ਼ਕਲਾਂ ਦੀਆਂ ਉਦਾਹਰਨਾਂ ਦੇ ਕੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮਕਸਦ ਪੰਜਾਬ ਦੇ ਯੂਥ ਨੂੰ ਉਨ੍ਹਾਂ ਦੇ ਭਵਿੱਖ ਪ੍ਰਤੀ ਜਾਗਰੂਕ ਕਰਨਾ ਹੈ, ਜਿਸ ਲਈ ਉਹ ਉਚੇਚੇ ਤੌਰ 'ਤੇ ਯਤਨ ਕਰ ਰਹੇ ਹਨ। ਉਨ੍ਹਾਂ ਦੇ ਸਹਿਯੋਗੀ ਦੀਪਕ ਕਾਠਪਾਲ, ਸਚਿਨ ਲੂਨਾ ਤੇ ਮੈਡਮ ਸ਼ਿਲਪੀ ਖੁਰਾਣਾ ਵੀ ਇਸ ਮੌਕੇ ਸ਼ਾਮਲ ਸਨ। ਅੰਤ ਵਿੱਚ ਪ੍ਰਿੰਸੀਪਲ ਸੁਭਾਸ਼ ਗੁਪਤਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਪੰਜਾਬ ਫੋਰੈਸਟ ਪੈਨਸ਼ਨਰ ਵੈੱਲਫੇਅਰ ਐਸੋ. ਸਰਕਲ ਕਮੇਟੀ ਦੀ ਮੀਟਿੰਗ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਫੋਰੈਸਟ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਸਰਕਲ ਕਮੇਟੀ ਫਿਰੋਜ਼ਪੁਰ ਦੀ ਮੀਟਿੰਗ ਸ਼੍ਰੀ ਗੁਰੂ ਗੋਬਿੰਦ ਸਿੰਘ ਪਾਰਕ ਸ਼੍ਰੀ ਮੁਕਤਸਰ ਵਿਖੇ ਫਿਰੋਜ਼ਪੁਰ ਸਰਕਲ ਕਨਵੀਨਰ ਬਲਵਿੰਦਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸ਼੍ਰੀ ਮੁਕਤਸਰ ਸਾਹਿਬ, ਬਠਿੰਡਾ, ਮੋਗਾ, ਫਾਜ਼ਿਲਕਾ, ਫਿਰੋਜ਼ਪੁਰ, ਫਰੀਦਕੋਟ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਵਣ ਪੈਨਸ਼ਨਰਜ਼ ਸ਼ਾਮਲ ਹੋਏ।ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੇ ਆਪਣੀ ਸੇਵਾ ਮੁਕਤੀ ਦੇ ਬਣਦੇ ਸੇਵਾ ਲਾਭ ਗ੍ਰੈਚੁਟੀ, ਛੁੱਟੀਆਂ ਦੇ ਪੈਸੇ, ਜੀਆਈਐੱਸ ਦੇ ਬਕਾਏ ਦੇਣ, ਅਪੀਲਾਂ ਦਾ ਜਲਦੀ ਨਿਪਟਾਰਾ ਕਰਨ, ਮ੍ਰਿਤਕ ਕਰਮਚਾਰੀਆਂ ਦੇ ਵਾਰਸਾਂ ਨੂੰ ਨੌਕਰੀਆਂ ਦੇਣ, ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਜਗਦੀਪ ਸਿੰਘ ਢਿੱਲੋਂ ਮੋਗਾ, ਸਰਪ੍ਰਸਤ ਬਲਵਿੰਦਰ ਸਿੰਘ ਸੰਧੂ, ਕਨਵੀਨਰ ਮਹਿੰਦਰ ਸਿੰਘ ਧਾਲੀਵਾਲ, ਕਨਵੀਨਰ ਬਲਜੀਤ ਸਿੰਘ ਕੰਗ, ਖਜ਼ਾਨਚੀ ਚਮਨ ਲਾਲ ਖਿੱਚੀ, ਨੱਥੂ ਰਾਮ, ਸੁਰਜੀਤ ਸਿੰਘ ਬਾਹਮਣੀ ਵਾਲਾ, ਜਗਸੀਰ ਸਿੰਘ ਮੌੜ, ਇੰਦਰਜੀਤ ਸਿੰਘ ਰਾਮਪੁਰਾ, ਰਜਿੰਦਰ ਸਿੰਘ ਰਾਏ ਖਾਨਾ, ਨਿਰਮਲ ਸਿੰਘ ਫ਼ਰੀਦਕੋਟ, ਬਚਿੱਤਰ ਸਿੰਘ, ਮਹਿੰਦਰ ਸਿੰਘ ਮੀਤ, ਪ੍ਰਿਥੀ ਰਾਜ, ਕ੍ਰਿਸ਼ਨ ਕੁਮਾਰ, ਹਰਬੰਸ ਸਿੰਘ, ਦਲੀਪ ਸਿੰਘ ਨੇ ਵਣ ਵਿਭਾਗ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਬੰਧਤ ਪੈਨਸ਼ਨਰਜ਼ ਨੂੰ ਅਪੀਲਾਂ ਨਾਲ ਸਬੰਧਤ ਰਿਕਾਰਡ ਦਿੱਤਾ ਜਾਵੇ ਤੇ ਸਮਾਂਬੱਧ ਨਿਪਟਾਰਾ ਕੀਤਾ ਜਾਵੇ।ਇਸ ਮੌਕੇ ਜਥੇਬੰਦੀ ਦੇ ਆਗੂ ਹਾਜ਼ਰ ਸਨ।

## ਕਿਰਾਏਦਾਰਾਂ ਦਾ ਵੇਰਵਾ ਪੁਲਸ ਚੌਕੀ 'ਚ ਦਰਜ ਕਰਾਉਣ ਦੇ ਹੁਕਮ

**ਮਾਨਸਾ (ਆਤਮਾ ਸਿੰਘ ਪਮਾਰ)**

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਨਿਰਮਲ ਓਸੇਪਚਨ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 (2 ਆਫ਼ 1973) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ, ਮਕਾਨ ਮਾਲਕਾਂ ਤੇ ਮਕਾਨਾਂ ਦੇ ਇੰਚਾਰਜ ਵਿਅਕਤੀਆਂ ਨੂੰ ਹੁਕਮ ਜਾਰੀ ਕੀਤੇ ਹਨ ਕਿ ਉਨ੍ਹਾਂ ਵੱਲੋਂ ਜੋ ਵੀ ਮਕਾਨ ਕਿਰਾਏ 'ਤੇ ਦਿੱਤੇ ਹੋਣ ਜਾਂ ਭਵਿੱਖ ਵਿੱਚ ਦਿੱਤੇ ਜਾਣੇ ਹਨ, ਉਨ੍ਹਾਂ ਵਿੱਚ ਰਹਿਣ ਵਾਲੇ ਕਿਰਾਏਦਾਰ ਵਿਅਕਤੀਆਂ ਦਾ ਨਾਂਅ ਤੇ ਮੁਕੰਮਲ ਵੇਰਵਾ ਆਪਣੇ ਇਲਾਕੇ ਦੇ ਥਾਣਾ ਪੁਲਿਸ ਚੌਂਕੀ ਵਿੱਚ ਤੁਰੰਤ ਦਰਜ ਕਰਾਉਣ।

ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਵੱਲੋਂ ਮਕਾਨ ਕਿਰਾਏ 'ਤੇ ਲੈ ਕੇ ਸਮਾਜ ਵਿਰੋਧੀ ਕਾਰਵਾਈਆਂ ਕਰਨ ਦਾ ਅੰਦੇਸ਼ਾ ਹੈ, ਜਿਸ ਨਾਲ ਲੋਕਾਂ ਦੀ ਜਾਨ-ਮਾਲ ਨੂੰ ਖ਼ਤਰਾ ਹੋ ਸਕਦਾ ਹੈ ਅਤੇ ਸਰਕਾਰੀ, ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਪਹੁੰਚ ਸਕਦਾ ਹੈ, ਅਮਨ ਕਾਨੂੰਨ ਦੀ ਸਥਿਤੀ ਭੰਗ ਹੋ ਸਕਦੀ ਹੈ ਤੇ ਦੰਗੇ ਆਦਿ ਭੜਕ ਸਕਦੇ ਹਨ।ਇਸ ਲਈ ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਫੌਰੀ ਕਦਮ ਚੁੱਕੇ ਜਾਣ ਦੀ ਲੋੜ ਹੈ।ਇਹ ਹੁਕਮ 31 ਮਈ ਤੱਕ ਲਾਗੂ ਰਹੇਗਾ।

## ਡੀ ਏ ਵੀ ਸਕੂਲ 'ਚ ਨਵੇਂ ਸੈਸ਼ਨ ਮੌਕੇ 51 ਕੁੰਡੀਆ ਹਵਨ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀਏਵੀ ਸਕੂਲ ਰਾਜਪੁਰਾ ਵਿੱਚ ਨਵੇਂ ਅਕਾਦਮਿਕ ਸੈਸ਼ਨ ਦਾ ਉਦਘਾਟਨ 51 ਕੁੰਡੀਆ ਹਵਨ ਨਾਲ ਹੋਇਆ, ਜਿਸ ਵਿੱਚ ਅਧਿਆਪਕਾਂ, ਮਾਪਿਆਂ ਤੇ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ।ਸਭ ਤੋਂ ਪਹਿਲਾਂ ਪ੍ਰਿੰਸੀਪਲ ਵੱਲੋਂ ਓਮ ਦਾ ਝੰਡਾ ਲਹਿਰਾਇਆ ਗਿਆ। ਅਧਿਆਪਕਾਂ ਵੱਲੋਂ ਮਾਪਿਆਂ ਨੂੰ ਤਿਲਕ ਲਗਾ ਕੇ ਜੀ ਆਇਆਂ ਕਿਹਾ ਗਿਆ। ਸ਼ਾਸਤਰੀ ਜੀ ਨੇ ਬੜੀ ਸ਼ਰਧਾ ਨਾਲ ਮੰਤਰਾਂ ਦਾ ਜਾਪ ਕੀਤਾ ਤੇ ਸਾਰਿਆਂ ਨੇ ਹਵਨ ਵਿੱਚ ਆਹੂਤੀ ਅਰਪਿਤ ਕੀਤੀ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਭਜਨਾਂ ਨੇ ਮਾਹੌਲ ਨੂੰ ਭਗਤੀ ਵਾਲਾ ਬਣਾ ਦਿੱਤਾ।ਇਸ ਤੋਂ ਬਾਅਦ ਸਾਰਿਆਂ ਨੂੰ ਸ਼ਾਸਤਰੀ ਜੀ ਨੇ ਆਸ਼ੀਰਵਾਦ ਦਿੱਤਾ।ਪ੍ਰਸ਼ਾਦ ਵੰਡ ਕੇ 51 ਕੁੰਡੀਆ ਹਵਨ ਸੰਪੰਨ ਹੋਏ। ਸਕੂਲ ਦੀ ਪ੍ਰਿੰਸੀਪਲ ਅਲਪਨਾ ਪਾਠਕ ਨੇ ਯੱਗ ਨੂੰ ਪੂਰਾ ਕਰਨ ਲਈ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ ਅਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਲਈ ਸਾਰਿਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਸ਼ਹੀਦ ਕਿਸਾਨ ਦੇ ਪਰਵਾਰ ਨੂੰ ਸਹਾਇਤਾ ਰਾਸ਼ੀ ਦਾ ਚੈੱਕ ਸੌਂਪਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੰਜਾਬ ਦੀਆਂ ਦੋ ਪ੍ਰਮੁੱਖ ਕਿਸਾਨ ਯੂਨੀਅਨਾਂ ਕਿਸਾਨ ਮਜ਼ਦੂਰ ਸੰਘਰਸ਼ ਮੋਰਚਾ ਤੇ ਐਸਕੇਐਮ (ਗੈਰ ਰਾਜਨੀਤਕ) ਵੱਲੋਂ ਮੋਦੀ ਸਰਕਾਰ ਦੁਆਰਾ ਮੰਨੀਆਂ ਹੋਈਆਂ ਮੰਗਾਂ 'ਤੇ ਅਮਲ ਨਾ ਕਰਨ ਲਈ ਕਿਸਾਨਾਂ ਨੂੰ ਦਿੱਲੀ ਚੱਲੋ ਦਾ ਸੁਨੇਹਾ ਦਿੱਤਾ ਗਿਆ ਸੀ, ਜਿਸ ਦੇ ਚੱਲਦਿਆਂ ਕਿਸਾਨਾਂ ਵੱਲੋਂ ਆਪਣੀਆਂ ਟਰੈਕਟਰ-ਟਰਾਲੀਆਂ ਨਾਲ ਸ਼ੰਭੂ ਅਤੇ ਖਨੌਰੀ ਬਾਰਡਰਾਂ ਰਾਹੀਂ ਦਿੱਲੀ ਜਾਣ ਵੇਲੇ ਹਰਿਆਣਾ ਪੁਲਸ ਵੱਲੋਂ ਸਖ਼ਤ ਰੋਕਾਂ ਨਾਲ ਰੋਕਣ ਦੀ ਕੋਸ਼ਿਸ਼ ਕੀਤੀ ਗਈ, ਜਦੋਂ ਕਿਸਾਨਾਂ ਵੱਲੋਂ ਖਨੌਰੀ ਬਾਰਡਰ ਤੋਂ ਪੈਦਲ ਲੰਘਣ ਦੀ ਕੋਸ਼ਿਸ਼ ਕੀਤੀ ਗਈ ਤਾਂ ਹਰਿਆਣਾ ਪੁਲਿਸ ਵੱਲੋਂ ਗੋਲੀਆਂ ਤੇ ਗ੍ਰਨੇਡਾਂ ਦੀ ਭਾਰੀ ਬੰਬਾਰੀ ਕੀਤੀ ਗਈ, ਜਿਸ ਨਾਲ ਦਰਜਨਾਂ ਕਿਸਾਨ ਫੱਟੜ ਹੋਏ ਅਤੇ ਇਕ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ ਵੀ ਹੋ ਗਈ ਸੀ।ਕਿਸਾਨਾਂ 'ਤੇ ਦਾਗੇ ਗਏ ਗਰਨੇਡਾਂ ਦਾ ਧੂੰਆਂ ਏਨਾ ਜ਼ਹਿਰੀਲਾ ਸੀ ਕਿ ਕੁਝ ਕਿਸਾਨਾਂ ਦੀ ਧੂੰਆਂ ਚੜ੍ਹਨ ਨਾਲ ਹਾਲਤ ਨਾਜ਼ੁਕ ਬਣ ਗਈ ਸੀ।ਉਨ੍ਹਾਂ ਕਿਸਾਨਾਂ ਵਿੱਚ ਪਿੰਡ ਅਰਨੋ ਦਾ ਕਰਨੈਲ ਸਿੰਘ ਵੀ ਸ਼ਾਮਲ ਸੀ, ਜਿਸ ਨੂੰ ਤਰੁੰਤ ਰਜਿੰਦਰਾ ਹਸਪਤਾਲ ਪਟਿਆਲਾ ਦਾਖਲ ਕਰਾਇਆ ਗਿਆ, ਜਿੱਥੇ ਉਸ ਦੀ ਦੌਰਾਨ ਏ ਇਲਾਜ ਮੌਤ ਹੋ ਗਈ ਸੀ।

ਪੰਜ ਲੱਖ ਰੁਪਏ ਦਾ ਚੈੱਕ ਸੌਂਪਣ ਮੌਕੇ ਦਫ਼ਤਰ ਪ੍ਰਦੀਪ ਕੁਮਾਰ ਅਤੇ ਕਾਨੂੰਗੋ ਗੁਰਚਰਨ ਸਿੰਘ ਰਾਮਗੜ੍ਹ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦ ਕਿਸਾਨ ਦੇ ਵਾਰਸਾਂ ਨੂੰ ਪੰਜ-ਪੰਜ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ ਸੀ, ਜਿਸ ਦੇ ਚੱਲਦਿਆਂ ਡਿਪਟੀ ਕਮਿਸ਼ਨਰ ਪਟਿਆਲਾ ਦੇ ਹੁਕਮਾਂ 'ਤੇ ਐਸਡੀਐਮ ਤੇ ਤਹਿਸੀਲਦਾਰ ਵੱਲੋਂ ਮਿਲੇ ਨਿਰਦੇਸ਼ 'ਤੇ ਸ਼ਹੀਦ ਕਿਸਾਨ ਕਰਨੈਲ ਸਿੰਘ ਦੇ ਵਾਰਸ ਬੁਲਾ ਕੇ ਉਨ੍ਹਾਂ ਦੀ ਧਰਮ ਪਤਨੀ ਗੁਰਮੀਤ ਕੌਰ ਨੂੰ ਧੀਆਂ-ਪੁੱਤਰਾਂ ਦੀ ਸਹਿਮਤੀ ਨਾਲ ਪੰਜਾਬ ਸਰਕਾਰ ਦੀ ਸਹਾਇਤਾ ਰਾਸ਼ੀ ਦਾ ਪੰਜ ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ।

# ਮ੍ਰਿਤਕ ਸੁਰਿੰਦਰ ਸਿੰਘ ਦੇ ਪਰਵਾਰ ਨੂੰ ਨੌਕਰੀ ਦਿਵਾਉਣ ਲਈ ਧਰਨਾ ਜਾਰੀ

**ਕੈਬਨਿਟ ਮੰਤਰੀ ਖੁੱਡੀਆਂ ਦੇ ਦਬਾਅ ਹੇਠ ਮੈਨੇਜਮੈਂਟ ਵੱਲੋਂ ਮ੍ਰਿਤਕ ਦੇ ਪਰਵਾਰ ਦਾ ਹੱਕ ਦੱਬਿਆ ਜਾ ਰਿਹੈ : ਆਗੂ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ, ਚਾਵਲਾ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮਲੋਟ ਵਿਖੇ ਕੰਮ ਕਰਦੇ ਠੇਕਾ ਅਧਾਰਤ ਮੁਲਾਜ਼ਮ ਦੀ ਮੌਤ ਹੋ ਜਾਣ ਉਪਰੰਤ ਉਸ ਦੀ ਪਤਨੀ ਨੂੰ ਨੌਕਰੀ ਨਾ ਦਿੱਤੇ ਜਾਣ ਦੇ ਵਿਰੋਧ ਵਿੱਚ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਮੰਡਲ ਮਲੋਟ ਖਿਲਾਫ ਧਰਨਾ ਪਿਛਲੀ 26 ਮਾਰਚ ਤੋਂ ਚੱਲ ਰਿਹਾ ਹੈ।ਇਸ ਮੌਕੇ ਆਗੂ ਵਰਿੰਦਰਪਾਲ ਸਿੰਘ, ਸੁਰਜੀਤ ਸਿੰਘ ਤੱਖੀ, ਬਿਕਰਮਜੀਤ ਸਿੰਘ ਕਪੂਰ, ਜਸਬੀਰ ਕੌਰ, ਗੁਰਸੇਵਕ ਸਿੰਘ ਤੇ ਤਰਲੋਕ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਪਿਛਲੇ ਲੰਮੇ ਸਮੇਂ ਤੋਂ ਕੰਮ ਕਰਦੇ ਆ ਰਹੇ ਇੱਕ ਠੇਕਾ ਅਧਾਰਤ ਮੁਲਾਜ਼ਮ ਸੁਰਿੰਦਰ ਸਿੰਘ ਮਲੋਟ ਦੀ ਮੌਤ ਹੋ ਜਾਣ ਉਪਰੰਤ ਉਸ ਦੀ ਪਤਨੀ ਕਿਰਨਦੀਪ ਕੌਰ ਨੂੰ ਬਣਦੀ ਉਸ ਦੀ ਨੌਕਰੀ ਨਹੀਂ ਦਿੱਤੀ ਜਾ ਰਹੀ, ਸਗੋਂ ਅੱਜ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਵਿਭਾਗ ਵੱਲੋਂ ਗੱਲਾਂ ਕਰਕੇ ਆਪਣਾ ਸਮਾਂ ਲੰਘਾਇਆ ਜਾ ਰਿਹਾ ਹੈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੰਡਲ ਮਲੋਟ ਖਿਲਾਫ ਪਿਛਲੀ 26 ਮਾਰਚ ਤੋਂ ਧਰਨਾ ਦਿੱਤਾ ਜਾ ਰਿਹਾ ਹੈ, ਪਰ ਕਾਰਜਕਾਰੀ ਇੰਜੀਨੀਅਰ ਪਿਛਲੇ ਕਈ ਦਿਨਾਂ ਤੋਂ ਆਪਣੇ ਦਫਤਰ ਨਹੀਂ ਆ ਰਿਹਾ ਤੇ ਨਾ ਹੀ ਜਥੇਬੰਦੀ ਨਾਲ ਗੱਲਬਾਤ ਕਰ ਰਿਹਾ ਹੈ।ਇਸ ਮੌਕੇ ਆਗੂਆਂ ਵੱਲੋਂ ਐਲਾਨ ਕੀਤਾ ਗਿਆ ਕਿ ਜਦੋਂ ਤੱਕ ਮਸਲੇ ਦਾ ਹੱਲ ਨਹੀਂ ਹੁੰਦਾ ਤੇ ਮ੍ਰਿਤਕ ਸਾਥੀ ਦੇ ਪਰਿਵਾਰ ਨੂੰ ਨੌਕਰੀ ਨਹੀਂ ਮਿਲਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

# ਝਾੜ ਸਾਹਿਬ ਕਾਲਜ ਦੇ ਸ਼ਾਨਦਾਰ ਨਤੀਜੇ ਸੰਸਥਾ ਲਈ .ਫ਼ਖ਼ਰ ਦੀ ਗੱਲ : ਡਾ. ਰਜਿੰਦਰ ਕੌਰ



**ਸਮਰਾਲਾ (ਸੁਰਜੀਤ ਸਿੰਘ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ. ਸਮੈਸਟਰ ਪਹਿਲਾ, ਤੀਜਾ ਤੇ ਪੰਜਵੇਂ ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਪ੍ਰਿੰਸੀਪਲ ਡਾ ਰਜਿੰਦਰ ਕੌਰ ਨੇ ਕਿਹਾ ਕਿ ਕਾਲਜ ਦੀ ਟੀਚਰਾਂ ਦੀ ਮਿਹਨਤ ਦਾ ਸਦਕਾ ਸੰਸਥਾ ਨੇ ਵਿਦਿਆਰਥਣਾਂ ਦੇ ਚੰਗੇ ਨਤੀਜਿਆਂ ਦੀ ਪ੍ਰੰਪਰਾ ਕਾਇਮ ਰਾਖੀ ਹੈ।ਇਸ ਸਿਲਸਿਲੇ ਵਿੱਚ ਇਸ ਸੈਸ਼ਨ ਦੇ ਰਿਜਲਟ ਵੀ ਸ਼ਾਨਦਾਰ ਆਏ ਹਨ।ਕਾਲਜ ਦੀ ਇਸ ਉਪਲਬਧੀ ਦਾ ਸਿਹਰਾ ਮਿਹਨਤੀ ਟੀਚਰਾਂ ਨੂੰ ਜਾਂਦਾ ਹੈ।ਉਨ੍ਹਾਂ ਕਿਹਾ ਕਿ ਕਾਲਜ ਦੇ ਚੰਗੇ ਨਤੀਜੇ ਸੰਸਥਾ ਲਈ ਫ਼ਖ਼ਰ ਦੀ ਗੱਲ ਹੈ।ਪ੍ਰਿੰਸੀਪਲ ਨੇ ਨਤੀਜਿਆਂ ਬਾਰੇ ਦੱਸਿਆ ਕਿ ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਅਮਨਦੀਪ ਕੌਰ ਸਪੁੱਤਰੀ ਬਲਜੀਤ ਸਿੰਘ ਨੇ 75 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥਣ ਪ੍ਰਭਜੋਤ ਕੌਰ ਸਪੁੱਤਰੀ ਮਨਦੀਪ ਸਿੰਘ ਨੇ 74.85 ਫ਼ੀਸਦੀ ਤੇ ਮਨਦੀਪ ਕੌਰ ਸਪੁੱਤਰੀ ਗੁਲਜ਼ਾਰ ਸਿੰਘ ਨੇ 70.79 ਫ਼ੀਸਦੀ ਅੰਕ ਹਾਸਲ ਕਰਕੇ ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ। ਬੀ.ਏ. ਸਮੈਸਟਰ ਤੀਜਾ ਦੀ ਪ੍ਰਭਜੋਤ ਕੌਰ ਸਪੁੱਤਰੀ ਸੁਖਦੇਵ ਸਿੰਘ ਨੇ 77.5 ਫ਼ੀਸਦੀ, ਵਿਦਿਆਰਥਣ ਗੁਰਲੀਨ ਕੌਰ ਸਪੁੱਤਰੀ ਗੁਰਿੰਦਰ ਸਿੰਘ ਨੇ 75.7 ਫ਼ੀਸਦੀ ਤੇ ਹਰਦੀਪ ਕੌਰ ਸਪੁੱਤਰੀ ਬਲਵੰਤ ਸਿੰਘ ਨੇ 72 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਬੀ.ਏ. ਸਮੈਸਟਰ ਪੰਜਵਾਂ ਦੀ ਵਿਦਿਆਰਥਣ ਰਮਨਦੀਪ ਕੌਰ ਸਪੁੱਤਰੀ ਗੁਰਮੁਖ ਸਿੰਘ ਨੇ 78 ਫ਼ੀਸਦੀ ਅੰਕ, ਕੋਮਲਪ੍ਰੀਤ ਕੌਰ ਸਪੁੱਤਰੀ ਸ੍ਰੀ ਮੰਗਤ ਰਾਮ ਨੇ 73.14 ਫੀਸਦੀ ਅਤੇ ਸੁਖਜੀਤ ਕੌਰ ਸਪੁੱਤਰੀ ਲਖਵੀਰ ਸਿੰਘ ਨੇ 71.5 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਦਾ ਸਮੁੱਚਾ ਨਤੀਜਾ 100 ਫ਼ੀਸਦੀ ਰਿਹਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਟਾਫ਼ ਮੈਂਬਰ, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿੱਚ ਉਹ ਆਪਣੀ ਵਿਲੱਖਣ ਹੋਂਦ ਸਥਾਪਤ ਕਰ ਸਕਣ।

## ਜੀ ਹੋਲੀ ਹਾਰਟ ਪਬਲਿਕ ਸਕੂਲ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਜੀ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਨਵੇਂ ਸੈਸ਼ਨ 2024-25 ਦੀ ਸ਼ੁਰੂਆਤ ਕੀਤੀ ਗਈ।ਸਕੂਲ ਦਾ ਸਾਲ 2023-24 ਦਾ ਨਤੀਜਾ ਕਲਾਸ ਨਰਸਰੀ ਤੋਂ ਨੌਵੀਂ ਤੇ ਗਿਆਰਵੀਂ ਦਾ 100% ਰਿਹਾ ਹੈ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਸਾਹਿਬਾਨ ਨੇ ਸਮੂਹ ਮਾਤਾ-ਪਿਤਾ ਤੇ ਬੱਚਿਆਂ ਨੂੰ ਵਧਾਈ ਦਿੱਤੀ।ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਪ੍ਰਬੰਧਕ ਕਮੇਟੀ ਦੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ, ਐਗਜ਼ੀਕਿਊਟਿਵ ਡਾਇਰੈਕਟਰ ਸ਼੍ਰੀ ਰਾਕੇਸ਼ ਬਾਂਸਲ, ਸ੍ਰੀਮਾਨ ਇਸ਼ਾਨ ਗੋਇਲ, ਪ੍ਰਿੰਸੀਪਲ ਗੁਰਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਪੂਜਾ ਸ਼ਰਮਾ, ਸਮੂਹ ਅਧਿਆਪਕ, ਕਰਮਚਾਰੀ ਤੇ ਵਿਦਿਆਰਥੀ ਸਕੂਲ ਵਿੱਚ ਸੁਖਮਨੀ ਸਾਹਿਬ ਦੇ ਪਾਠ ਦੌਰਾਨ ਸ਼ਾਮਲ ਰਹੇ।ਉਨ੍ਹਾਂ ਨੇ ਪ੍ਰਮਾਤਮਾ ਦਾ ਧੰਨਵਾਦ ਕਰਦੇ ਹੋਏ ਸਕੂਲ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪ੍ਰਮਾਤਮਾ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਨਵੇਂ ਸੈਸ਼ਨ ਦੀ ਸ਼ੁਰੂਆਤ ਦਾ ਉਤਸ਼ਾਹ ਤੇ ਚਾਅ ਵਿਦਿਆਰਥੀਆਂ ਦੇ ਚਿਹਰੇ ਤੋਂ ਸਾਫ਼ ਝਲਕ ਰਿਹਾ ਸੀ।ਸ੍ਰੀਮਾਨ ਸੁਸ਼ੀਲ ਗੋਇਲ ਨੇ ਗੱਲਬਾਤ ਦੌਰਾਨ ਕਿਹਾ ਕਿ ਜ਼ਿੰਦਗੀ ਵਿੱਚ ਹਰ ਇੱਕ ਮੁਕਾਮ ਹਾਸਲ ਕਰਨ ਲਈ ਪ੍ਰਮਾਤਮਾ ਦੇ ਆਸ਼ੀਰਵਾਦ ਦੀ ਜ਼ਰੂਰਤ ਹੁੰਦੀ ਹੈ।

# ਸ਼ਹੀਦ ਊਧਮ ਸਿੰਘ ਪਾਰਕ ਵੈੱਲ.ਫ਼ੇਅਰ ਸੁਸਾਇਟੀ ਦੇ ਦੂਜੀ ਵਾਰ ਕੇਵਲ ਸੁਖੀਜਾ ਪ੍ਰਧਾਨ ਬਣੇ



**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)**

ਸ਼ਹੀਦ ਊਧਮ ਸਿੰਘ ਪਾਰਕ ਦੀ ਵੈਲਫੇਅਰ ਸੁਸਾਇਟੀ ਦਾ ਸਰਬਸੰਮਤੀ ਨਾਲ ਸਮਾਜ ਸੇਵਕ ਕੇਵਲ ਸੁਖੀਜਾ ਨੂੰ ਦੂਜਾ ਵਾਰ ਪ੍ਰਧਾਨ ਬਣਾਇਆ ਗਿਆ। ਸ਼ਹੀਦ ਊਧਮ ਸਿੰਘ ਪਾਰਕ 'ਚ ਆਯੋਜਤ ਮੀਟਿੰਗ 'ਚ ਛਾਬੜਾ ਬਿਰਾਦਰੀ ਦੇ ਪ੍ਰਧਾਨ ਗੁਰਦੀਪ ਛਾਬੜਾ, ਰੇਸ਼ਮ ਸਿੰਘ ਕਮੀਰਿਆ, ਮਾ. ਅਸ਼ੋਕ ਗਗਨੇਜਾ, ਮਦਨ ਲਾਲ ਅਰੋੜਾ, ਲੱਕੀ ਦਰਗਨ, ਯੁਗੇਸ਼ ਗੁੰਬਰ, ਰਾਜ ਕੁਮਾਰ ਖੇੜਾ, ਪ੍ਰੇਮ ਸੁਖੀਜਾ, ਅਜੀਤ ਸਿੰਘ ਮੁੰਜਾਲ, ਮਾਸਟਰ ਜੋਗਿੰਦਰ ਸਿੰਘ, ਸਾਹਿਬ ਸਿੰਘ ਖੁਰਾਣਾ, ਮਾਸਟਰ ਪੂਰਨ ਮੱਕੜ, ਸ਼ਗਨ ਲਾਲ ਦੂਮੜਾ, ਪ੍ਰਦੀਪ ਗਿਰਧਰ, ਸੁਰਿੰਦਰ ਛਾਬੜਾ, ਜਨਕ ਰਾਜ ਧੂੜੀਆ, ਸਾਹਿਬ ਰਮੇਸ਼ ਸੁਨੇਜਾ, ਹਨੀ ਕਟਾਰੀਆ, ਬਲਵਿੰਦਰ ਸਿੰਘ, ਲੱਕੀ ਮੁੰਜਾਲ, ਗੁਲਸ਼ੇਰ ਸਿੰਘ ਫੌਜੀ, ਮਾ. ਵਕੀਲ ਚੰਦ, ਕਾਲਾ ਰਾਜਪੂਤ, ਪ੍ਰਕਾਸ਼ ਦੋਸ਼ੀ, ਨੰਨੂ ਕੁੱਕੜ ਤੋਂ ਇਲਾਵਾ ਵੈਲਫੇਅਰ ਸੁਸਾਇਟੀ ਦੇ ਸਾਰੇ ਮੈਂਬਰ ਹਾਜ਼ਰ ਸਨ। ਨਵਨਿਯੁਕਤ ਪ੍ਰਧਾਨ ਕੇਵਲ ਸੁਖੀਜਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਪਾਰਕ, ਜੋ ਸ਼ਹੀਦਾਂ ਦੇ ਨਾਂਅ 'ਤੇ ਹੈ, ਇਸ ਪਾਰਕ ਦੀ ਸਾਂਭ ਸੰਭਾਲ ਤੇ ਪਾਰਕ 'ਚ ਸੈਰ ਕਰਨ ਵਾਲੇ ਆਉਣ ਵਾਲੇ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਦਾ ਹੱਲ ਕਰਾਉਣ ਲਈ ਉਸ ਨੂੰ ਦੂਜੀ ਵਾਰ ਮੌਕਾ ਮਿਲਿਆ ਹੈ, ਜਿਸ 'ਤੇ ਮੈਂ ਸਾਰੇ ਸ਼ਹਿਰ ਵਾਸੀਆਂ ਤੇ ਸੱਜਣ-ਮਿੱਤਰਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਜਿਹੜੀ ਕਿ ਉਨ੍ਹਾਂ ਨੇ ਮੇਰੇ 'ਤੇ ਭਰੋਸੇ ਯੋਗ ਜ਼ਿੰਮੇਵਾਰੀ ਦਿੱਤੀ ਹੈ, ਉਸ ਨੂੰ ਮੈਂ ਤਨਦੇਹੀ ਨਾਲ ਨਿਭਾਵਾਂਗਾ ਤੇ ਪਾਰਕ ਵਿੱਚ ਜੋ ਕੋਈ ਵੀ ਪਿਛਲੇ ਕੋਈ ਕੰਮ ਪਏ ਹਨ ਤਾਂ ਉਸ ਨੂੰ ਮੈਂ ਪਹਿਲ ਦੇ ਅਧਾਰ ਤੇ ਕਰਾਉਣ ਦੀ ਕੋਸ਼ਿਸ਼ ਕਰਾਂਗਾ। ਉਨ੍ਹਾਂ ਕਿਹਾ ਕਿ ਮੇਰੀ ਜ਼ਿੰਦਗੀ ਦਾ ਮਕਸਦ ਹੀ ਸ਼ਹਿਰ ਵਾਸੀਆਂ ਦੀ ਸੇਵਾ ਕਰਨਾ ਹੈ ਤੇ ਨਾਲ ਹੀ ਉਹਨੇ ਪਾਰਕ ਵਿੱਚ ਆਉਣ ਵਾਲੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸ਼ਹਿਰ ਦੀ ਇਸ ਪਾਰਕ ਨੂੰ ਸਾਫ਼-ਸੁਥਰਾ ਰੱਖਿਆ ਜਾਵੇ ਅਤੇ ਨੌਜਵਾਨ ਪੀੜ੍ਹੀ ਨੂੰ ਵੀ ਸੰਦੇਸ਼ ਦਿੱਤਾ ਹੈ ਕਿ ਉਹ ਸਵੇਰ ਦੇ ਸਮੇਂ ਸੈਰ ਕਰਨ ਪਾਰਕ ਵਿੱਚ ਜ਼ਰੂਰ ਆਉਣ ਤੇ ਯੋਗਾ ਕਰਨ ਅਤੇ ਨਸ਼ੇ ਤੋਂ ਦੂਰ ਰਹਿਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼ਹੀਦ ਊਧਮ ਸਿੰਘ ਪਾਰਕ 'ਚ ਇੱਕ ਸਟੈਚੂ ਜਲਦ ਹੀ ਪਾਰਕ ਵਿੱਚ ਲਾਇਆ ਜਾਵੇਗਾ ਤਾਂ ਜੁ ਸ਼ਹੀਦਾਂ ਦੀ ਯਾਦ ਕੀਤਾ ਜਾ ਸਕੇ ਤੇ ਨੌਜਵਾਨ ਪੀੜ੍ਹੀ ਨੂੰ ਪ੍ਰੇਰਣਾ ਮਿਲਦੀ ਰਹੇ।

# ਸਿਵਲ ਸਰਜਨ ਨੇ ਬੱਸੀ ਪਠਾਣਾ ਹਸਪਤਾਲ ਦੀ ਕੀਤੀ ਚੈਕਿੰਗ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਵੱਲੋਂ ਸੀ.ਐਚ.ਸੀ ਬਸੀ ਪਠਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਉਨ੍ਹਾਂ ਡਿਊਟੀ 'ਤੇ ਤਾਇਨਾਤ ਸਟਾਫ਼ ਦੀ ਹਾਜ਼ਰੀ ਚੈੱਕ ਕੀਤੀ। ਸਾਰਾ ਸਟਾਫ਼ ਡਿਊਟੀ 'ਤੇ ਹਾਜ਼ਰ ਪਾਇਆ ਗਿਆ। ਚੈਕਿੰਗ ਦੌਰਾਨ ਉਨ੍ਹਾਂ ਦਵਾਈਆਂ ਦਾ ਸਟਾਕ, ਓਪੀਡੀ, ਵਾਰਡ, ਜੱਚਾ-ਬੱਚਾ ਸਿਹਤ ਸੇਵਾਵਾਂ, ਸਿਹਤ ਸੈਂਟਰ ਦੇ ਅੰਦਰ ਅਤੇ ਆਲੇ ਦੁਆਲੇ ਦੀ ਸਫ਼ਾਈ ਆਦਿ ਦਾ ਜਾਇਜ਼ਾ ਲਿਆ।ਉਨ੍ਹਾਂ ਡਿਊਟੀ ਤੇ ਤਾਇਨਾਤ ਸਟਾਫ਼ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਪੋ ਆਪਣੀਆਂ ਡਿਊਟੀਆਂ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਾ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਐਮਰਜੈਂਸੀ ਵਿੱਚ ਆਉਣ ਵਾਲੇ ਮਰੀਜ਼ਾਂ ਦੀ ਸਾਂਭ ਸੰਭਾਲ ਪਹਿਲ ਦੇ ਅਧਾਰ 'ਤੇ ਕੀਤੀ ਜਾਵੇ ਅਤੇ ਰਾਤ ਨੂੰ ਐਮਰਜੈਂਸੀ ਵਿੱਚ ਆਉਣ ਵਾਲੇ ਮਰੀਜ਼ਾਂ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ, ਕਿਉਂਕਿ ਸਿਹਤ ਸਬੰਧੀ ਜਿਆਦਾ ਮਜਬੂਰੀ ਹੋਣ ਕਰਕੇ ਹੀ ਮਰੀਜ਼ ਰਾਤ ਨੂੰ ਹਸਪਤਾਲਾਂ ਵਿੱਚ ਆਉਂਦੇ ਹਨ, ਇਸ ਕਰਕੇ ਉਨ੍ਹਾਂ ਨੂੰ ਐਮਰਜੈਂਸੀ ਵਿੱਚ ਦਾਖਲ ਕਰਕੇ ਲੋੜੀਂਦਾ ਇਲਾਜ ਤੁਰੰਤ ਸ਼ੁਰੂ ਕੀਤਾ ਜਾਵੇ ਅਤੇ ਲੋੜ ਪੈਣ ਤੇ ਘੱਟ ਤੋਂ ਘੱਟ ਮਰੀਜ਼ਾਂ ਨੂੰ ਹੀ ਬਾਹਰਲੇ ਹਸਪਤਾਲਾਂ ਵਿੱਚ ਰੈਫਰ ਕੀਤਾ ਜਾਵੇ।ਉਨ੍ਹਾਂ ਸਮੂਹ ਸਟਾਫ਼ ਨੂੰ ਹਦਾਇਤ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਨੂੰ ਸੁਚੱਜੇ ਢੰਗ ਨਾਲ ਮਰੀਜ਼ਾਂ ਤੱਕ ਪੁੱਜਦਾ ਕਰਨ ਤੇ ਇਨ੍ਹਾਂ ਸੇਵਾਵਾਂ ਸਬੰਧੀ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਵੀ ਕਰਨ।ਉਨ੍ਹਾਂ ਹਸਪਤਾਲ ਵਿੱਚ ਦਵਾਈ ਲੈਣ ਲਈ ਆਏ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ ਤੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਸਿਹਤ ਸੇਵਾਵਾਂ ਲੈਣ ਵਿੱਚ ਕੋਈ ਮੁਸ਼ਕਲ ਆਈ ਹੋਵੇ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ।ਉਨ੍ਹਾਂ ਨਰਸਿੰਗ ਸਿਸਟਰ ਸਤਵੰਤ ਕੌਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਸਪਤਾਲ ਦੇ ਅੰਦਰ ਦੀ ਸਾਫ਼-ਸਫ਼ਾਈ ਦੇ ਨਾਲ ਨਾਲ ਹਸਪਤਾਲ ਦੇ ਬਾਹਰ ਦੀ ਸਫ਼ਾਈ ਦਾ ਵੀ ਖਿਆਲ ਰੱਖਿਆ ਜਾਵੇ।

## ਮੁੱਖ ਮੰਤਰੀ ਮੋਗਾ ਵਿਖੇ ਵਲੰਟੀਅਰਾਂ ਨਾਲ ਅੱਜ ਕਰਨਗੇ ਅਹਿਮ ਮੀਟਿੰਗ

**ਕੋਟ ਈਸੇ ਖਾਂ (ਅਰੋੜਾ)**-ਆਮ ਆਦਮੀ ਪਾਰਟੀ ਦੇ ਨੈਸ਼ਨਲ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਸ੍ਰੀ ਸੰਦੀਪ ਪਾਠਕ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੋਗਾ ਵਿਖੇ ਲੋਕ ਸਭਾ ਚੋਣਾਂ ਨੂੰ ਲੈ ਕੇ ਵਲੰਟੀਅਰਾਂ ਨਾਲ ਮਿਲਣੀ ਕਰਨਗੇ।ਇਸ ਵਲੰਟੀਅਰ ਮਿਲਣੀ



ਵਿੱਚ ਆਮ ਆਦਮੀ ਪਾਰਟੀ ਦੇ ਸਮੂਹ ਵਿਧਾਇਕ, ਹਲਕਾ ਇੰਚਾਰਜ, ਮੌਜੂਦਾ ਤੇ ਸਾਬਕਾ ਕੌਂਸਲਰ, ਸਟੇਟ ਅਹੁਦੇਦਾਰ, ਜ਼ਿਲ੍ਹੇ ਦੇ ਅਹੁਦੇਦਾਰ, ਹੋਰ ਸਾਰੇ ਵਿੰਗਾਂ ਦੇ ਅਹੁਦੇਦਾਰ, ਬਲਾਕ ਪ੍ਰਧਾਨ, ਬਲਾਕ ਵਾਰਡ ਪ੍ਰਭਾਰੀ ਤੇ ਪਿੰਡਾਂ ਦੇ ਸੈਕਟਰੀਆਂ ਅਤੇ ਵਲੰਟੀਅਰ ਸਾਹਿਬਾਨ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਹਨ।ਇਸ ਮੌਕੇ ਸੁਰਜੀਤ ਸਿੰਘ ਲੁਹਾਰਾ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ ਤੇ ਪਾਰਟੀ ਦੇ ਪੁਰਾਣੇ ਟਕਸਾਲੀ ਆਗੂਆਂ ਨੇ ਕਿਹਾ ਕਿ ਵਲੰਟੀਅਰ ਮਿਲਣੀ ਵਿੱਚ ਸ੍ਰੀ ਸੰਦੀਪ ਪਾਠਕ ਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਆਮ ਆਦਮੀ ਪਾਰਟੀ ਦੀ ਪੂਰੀ ਟੀਮ ਵਿੱਚ ਆਪਣੇ ਵਿਚਾਰਾਂ ਨਾਲ ਜੋਸ਼ ਭਰਨਗੇ ਤੇ ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਕਰਮਜੀਤ ਅਨਮੋਲ ਦੇ ਹੱਕ ਵਿੱਚ ਫ਼ਰੀਦਕੋਟ ਦੇ ਲੋਕਾਂ ਨੂੰ ਵੱਡੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਵੀ ਕਰਨਗੇ।ਸੁਰਜੀਤ ਲੁਹਾਰਾ ਨੇ ਕਿਹਾ ਕਿ ਇਹ ਮਿਲਣੀ ਮੋਗਾ ਦੇ ਪ੍ਰਾਈਮ ਫਾਰਮ ਨੇੜੇ ਬੁੱਗੀਪੁਰਾ ਚੌਕ ਵਿਖੇ ਹੋਵੇਗੀ, ਜਿਸ ਵਿੱਚ ਸ਼ਿਰਕਤ ਕਰਨ ਲਈ ਪਾਰਟੀ ਵਰਕਰਾਂ ਵਿੱਚ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ।

## 17 ਨੂੰ ਸ੍ਰੀ ਰਾਮ ਨੌਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਵੇਗਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-17 ਅਪ੍ਰੈਲ ਨੂੰ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਪੂਰੇ ਭਾਰਤ ਵਿਚ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਤੇ ਰਾਮ ਭਗਤਾਂ ਵਿਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ, ਜਿਸ ਨੂੰ ਲੈ ਕੇ ਬਾਘਾ ਪੁਰਾਣਾ ਸ਼੍ਰੀ ਸ਼ਿਵ ਮੰਦਿਰ ਮੋਗਾ ਰੋਡ ਵਿਖੇ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਸ਼੍ਰੀ ਰਾਮ ਲੀਲਾ ਉਤਸਵ ਕਮੇਟੀ ਵੱਲੋਂ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਦੇ ਸਬੰਧ ਵਿਚ ਰੋਜ਼ਾਨਾ ਦੀ ਤਰ੍ਹਾਂ ਮੀਟਿੰਗਾਂ ਕੀਤੀਆਂ ਜਾ ਰਹੀਆ ਹਨ। ਸ਼੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਪ੍ਰਧਾਨ ਬੌਬੀ ਗਰਗ, ਅਸ਼ਵਨੀ ਸ਼ਰਮਾ, ਰੌਸ਼ਨ ਲਾਲ ਰੋਸ਼ੀ, ਮਨੋਜ ਕੁਮਾਰ, ਸੰਦੀਪ ਠੰਡੂ ਨੇ ਕਿਹਾ ਕਿ 17 ਅਪ੍ਰੈਲ ਨੂੰ ਸ਼੍ਰੀ ਸ਼ਿਵ ਮੰਦਿਰ ਵਿਖੇ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ ਤੇ ਮਾਤਾ ਵੈਸ਼ਨੂੰ ਦੇਵੀ ਜੀ, ਮਾਂ ਜਵਾਲਾ ਜੀ ਤੇ ਸ਼੍ਰੀ ਸਾਲਾਸਰ ਧਾਮ ਤੋਂ ਪਵਿੱਤਰ ਜੋਤ ਲਿਆਂਦੀ ਜਾਵੇਗੀ। ਨੌਂ ਨਰਾਤਿਆਂ 'ਤੇ ਰੋਜ਼ਾਨਾ ਦੀ ਤਰ੍ਹਾਂ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਮੰਡਲੀਆਂ ਵਲੋਂ 8 ਤੋਂ 9 ਵਜੇ ਤੱਕ ਸੰਕੀਰਤਨ ਕੀਤਾ ਜਾਵੇਗਾ।

ਇਸ ਮੌਕੇ ਅਮਨ, ਮਨੋਜ ਕੁਮਾਰ, ਪਵਨ ਬਾਂਸਲ, ਦੀਪਕ ਭੱਲਾ, ਕੇਵਲ ਗੋਇਲ, ਬਲਜਿੰਦਰ ਕੁਮਾਰ, ਨਰੇਸ਼ ਜੈਦਕਾ, ਚਤੁਰਭੁਜ, ਦੀਪਾ ਸ਼ਾਹੀ, ਮਨੋਹਰ ਲਾਲ ਗੋਇਲ, ਬੰਟੀ ਜਿੰਦਲ, ਦਲੀਪ ਕੁਮਾਰ, ਰਤਨ ਲਾਲ ਜਿੰਦਲ, ਸੁਰਿੰਦਰ ਗਰਗ, ਰਾਕੇਸ਼ ਜਿੰਦਲ, ਪਵਨ ਗੁਪਤਾ, ਰਜੀਵ ਮਿੱਤਲ, ਤਿਲਕ ਰਾਜ ਬੱਬਰ, ਸ਼ਿਵਮ ਸਿੰਗਲਾ, ਸੋਮੀ ਗਰਗ ਤੇ ਹੋਰ ਸ਼ਾਮਲ ਸਨ।

## ਸਿਮਰਨਜੀਤ ਮਾਨ ਨੇ ਵਿਦੇਸ਼ਾਂ 'ਚ ਵਸੇ ਪੰਜਾਬੀਆਂ ਦਾ ਵੀ ਦਿਲ ਜਿੱਤਿਆ : ਰੱਤੋਕੇ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ੍ਰ. ਸਿਮਰਨਜੀਤ ਸਿੰਘ ਮਾਨ ਨੇ ਪਾਰਲੀਮੈਂਟ ਵਿੱਚ ਸਿੱਖਾਂ ਸਮੇਤ ਸਮੁੱਚੇ ਘੱਟ ਗਿਣਤੀ ਵਰਗਾਂ ਦੇ ਹੱਕ ਵਿੱਚ ਆਵਾਜ਼ ਉਠਾ ਕੇ ਤੇ ਬਤੌਰ ਐੱਮ.ਪੀ. ਪਿਛਲੇ ਡੇਢ ਸਾਲ ਦੀ ਸ਼ਾਨਦਾਰ ਕਾਰਗੁਜ਼ਾਰੀ ਸਦਕਾ ਸਿਰਫ ਹਲਕਾ ਸੰਗਰੂਰ ਦੇ ਨਾਲ-ਨਾਲ ਵਿਦੇਸ਼ਾਂ ਵਿੱਚ ਵਸੇ ਪੰਜਾਬੀਆਂ ਦਾ ਵੀ ਦਿਲ ਜਿੱਤਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਯੂ ਐੱਸ ਏ ਤੋਂ ਐੱਨ ਆਰ ਆਈ ਸੰਦੀਪ ਸਿੰਘ ਰੱਤੋਕੇ ਨੇ ਐੱਮ.ਪੀ. ਦਫਤਰ ਸੰਗਰੂਰ ਦੇ ਜ਼ਰੀਏ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ। ਐੱਨ ਆਰ ਆਈ ਰੱਤੋਕੇ ਨੇ ਕਿਹਾ ਕਿ ਬਾਕੀ ਦੀਆਂ ਸਾਰੀਆਂ ਪਾਰਟੀਆਂ ਆਪਣੇ ਨਿੱਜੀ ਹਿੱਤਾਂ ਦੇ ਲਾਲਚ ਵਸ ਲੋਕ ਹਿੱਤਾਂ ਦੇ ਉਦੇਸ਼ ਨੂੰ ਭੁੱਲ ਕੇ ਆਪਣਾ ਸਟੈਂਡ ਗਵਾ ਚੁੱਕੀਆਂ ਹਨ, ਜਦੋਂ ਕਿ ਸ. ਮਾਨ ਅੱਜ ਵੀ ਆਪਣੇ ਲੋਕ ਹਿੱਤਾਂ ਦੀ ਰਾਖੀ ਤੇ ਬਰਾਬਰ ਹੱਕਾਂ ਵਾਲੇ ਰਾਜ ਦੀ ਸਥਾਪਨਾ ਦੇ ਸਟੈਂਡ ਉੱਪਰ ਕਾਇਮ ਹਨ। ਉਨ੍ਹਾ ਦਾ ਪੂਰਾ ਜੀਵਨ ਹੀ ਲੋਕ ਹੱਕਾਂ ਲਈ ਸੰਘਰਸ਼ ਨੂੰ ਸਮਰਪਤ ਰਿਹਾ ਹੈ।ਸ੍ਰ. ਮਾਨ ਨੇ ਰੁਜ਼ਗਾਰ ਲਈ ਸੰਘਰਸ਼ ਕਰਨ ਵਾਲੇ ਬੇਰੁਜ਼ਗਾਰਾਂ, ਆਪਣੇ ਹੱਕਾਂ ਲਈ ਸੰਘਰਸ਼ ਕਰਨ ਵਾਲੇ ਕਿਸਾਨਾਂ, ਮੁਲਾਜ਼ਮਾਂ ਸਮੇਤ ਹਰ ਵਰਗ ਦੇ ਹੱਕ ਵਿੱਚ ਆਵਾਜ਼ ਉਠਾ ਕੇ ਲੋਕ ਹੱਕਾਂ ਦੇ ਰੱਖਵਾਲੇ ਹੋਣ ਦਾ ਸਬੂਤ ਦਿੱਤਾ ਹੈ, ਜਿਸ ਸਦਕਾ ਅੱਜ ਸਰਕਾਰਾਂ ਤੋਂ ਦੁਖੀ ਹਰ ਵਰਗ ਦੇ ਲੋਕਾਂ ਦਾ ਕਾਫ਼ਲਾ ਦਿਨੋਂ ਦਿਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਹੱਕ ਵਿੱਚ ਵੱਧਦਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਲਈ ਸ੍ਰ. ਮਾਨ ਵਰਗੇ ਸੱਚੇ ਤੇ ਇਮਾਨਦਾਰ ਆਗੂ ਦਾ ਸਾਥ ਦੇਣਾ ਸਮੇਂ ਦੀ ਲੋੜ ਹੈ।

## ਨਸ਼ਾ ਸਮੱਗਲਰਾਂ ਖਿਲਾ.ਫ ਪੁਲਸ ਨੂੰ ਬਿਨਾਂ ਝਿਜਕ ਸੂਚਨਾ ਦੇਵੋ : ਅਧਿਕਾਰੀ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੁਲਸ ਵੱਲੋਂ ਜ਼ਿਲ੍ਹੇ 'ਚ ਸ਼ਰਾਬ ਸਮਗਲਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪੁਲਿਸ ਟੀਮਾਂ ਨੇ 12 ਸ਼ਰਾਬ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 1500 ਲੀਟਰ ਸ਼ਰਾਬ ਅਤੇ 237 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਕਾਬੂ ਕੀਤੇ ਵਿਅਕਤੀਆਂ ਦੇ ਖ਼ਿਲਾਫ਼ ਆਬਕਾਰੀ ਐਕਟ ਤਹਿਤ ਸਬੰਧਿਤ ਥਾਣਿਆਂ ਚ ਮਾਮਲੇ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਸਦਰ ਥਾਣਾ ਸਿਰਸਾ ਦੀ ਪੁਲਸ ਨੇ ਪਿੰਡ ਸਿਕੰਦਰਪੁਰ ਖੇਤਰ 'ਚ ਛਾਪੇਮਾਰੀ ਕਰਕੇ 1100 ਲੀਟਰ ਲਾਹਣ ਬਰਾਮਦ ਕੀਤੀ ਹੈ। ਪੁਲਸ ਨੇ ਨੇਜਾਡੇਲਾ ਕਲਾਂ ਪਿੰਡ ਤੋਂ 14 ਬੋਤਲਾਂ ਦੇਸੀ ਸ਼ਰਾਬ ਤੇ ਪਿੰਡ ਕੇਲਨੀਆ ਤੋ 400 ਲੀਟਰ ਲਾਹਣ ਅਤੇ ਨੇਜਾਡੇਲਾ ਕਲਾਂ ਤੋਂ 40 ਬੋਤਲਾਂ ਨਜਾਇਜ਼ ਸ਼ਰਾਬ ਅਤੇ ਰਾਣੀਆ ਤੋ 49 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ।ਪੁਲਸ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਗੈਰ-ਕਾਨੂੰਨੀ ਸ਼ਰਾਬ ਤਸਕਰਾਂ ਅਤੇ ਕਰਿਆਨਾ ਸੰਚਾਲਕਾਂ ਬਾਰੇ ਪੁਲਿਸ ਨੂੰ ਬਿਨਾਂ ਝਿਜਕ ਸੂਚਨਾ ਦੇਣ ਤਾਂ ਜੁ ਅਜਿਹੇ ਲੋਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਵਾਦ ਕਾਰਨ ਸਿੱਖ ਜਗਤ ਨਿਰਾਸ਼ : ਜਸਵੀਰ ਸਿੰਘ ਭਾਟੀ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗਠਨ ਵਿੱਚ ਸਰਗਰਮੀ ਨਾਲ ਭੂਮਿਕਾ ਨਿਭਾਉਂਦੇ ਰਹੇ ਜਸਵੀਰ ਸਿੰਘ ਭਾਟੀ ਨੇ ਕਿਹਾ ਹੈ ਕਿ ਹਰਿਆਣਾ ਦੇ ਐਕਟ 2104 ਦੀ ਧਾਰਾ 17-2 (ਸੀ) ਦੀ ਉਲੰਘਣਾ ਦੇ ਚੱਲਦੇ ਐਗਜ਼ੀਕਿਊਟਿਵ ਮੈਂਬਰ ਵਿਨਰ ਸਿੰਘ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਦਾਖਲ ਅਪੀਲ ਤੇ ਸੁਣਵਾਈ ਕਰਦੇ ਹੋਏ ਅਦਾਲਤ ਨੇ ਹਾਲ ਹੀ ਵਿੱਚ ਗਠਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਵੀ ਚੋਣ ਉੱਤੇ ਰੋਕ ਲਾਉਣ ਨਾਲ ਕਮੇਟੀ ਦਾ ਸੰਕਟ ਹੋਰ ਗਹਿਰਾ ਗਿਆ ਹੈ।

ਜਸਵੀਰ ਸਿੰਘ ਭਾਟੀ ਦਾ ਕਹਿਣਾ ਹੈ ਕਿ ਇਸ ਤਰਾਂ ਕਮੇਟੀ ਵਿੱਚ ਵਾਰ-ਵਾਰ ਤਬਦੀਲੀਆਂ ਹੋਣ ਨਾਲ ਦੇਸ਼ ਦੇ ਸਿੱਖਾਂ ਦੇ ਹਿਰਦੇ ਬਲੂੰਦਰੇ ਜਾ ਰਹੇ ਹਨ। ਭਾਟੀ ਨੇ ਕਿਹਾ ਕਿ ਇਹ ਸਭ ਕਮੇਟੀ ਦੇ ਪ੍ਰਧਾਨ ਭੁਪਿੰਦਰ ਸਿੰਘ ਅਸੰਧ ਦੀਆਂ ਗ਼ਲਤ ਨੀਤੀਆਂ ਕਾਰਨ ਪੈਦਾ ਹੋਇਆ ਸੰਕਟ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਕਮੇਟੀ ਦੇ ਮੈਂਬਰਾਂ ਦੀ ਆਪਸੀ ਖਿੱਚੋਤਾਣ ਕਾਰਨ ਗੁਰੂਘਰਾਂ ਦੇ ਵਿਕਾਸ ਸਮੇਤ ਧਾਰਮਿਕ ਵਿਕਾਸ ਦੇ ਕੰਮਾਂ ਵਿੱਚ ਭਾਰੀ ਵਿਘਨ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਧਮਧਾਨ ਸਾਹਿਬ ਵਿੱਚ ਹੋਈ ਚੋਰੀ ਤੇ ਰਤੀਆ ਦੇ ਗੁਰੂ ਘਰ ਵਿੱਚੋਂ ਗਾਇਬ ਰੁਮਾਲਾ ਸਾਹਿਬ ਦੀ ਗੁੰਮਸ਼ੁਦਗੀ ਅਤੇ ਭਾਰਤੀ ਫੌਜਾਂ ਵੱਲੋਂ ਅੰਬਾਲਾ ਦੇ ਗੁਰੂਘਰ ਵਿਖੇ ਤੰਬਾਕੂ ਦੀ ਵਰਤੋਂ ਸਮੇਤ ਬਹੁਤ ਸਾਰੀਆਂ ਗੈਰ ਕਾਨੂੰਨੀ ਗਤੀਵਿਧੀਆਂ ਕਾਰਨ ਸਿੱਖ ਰਹਿਤ ਮਰਿਆਦਾ ਦਾ ਭਾਰੀ ਉਲੰਘਣ ਹੋਇਆ ਹੈ। ਜਸਬੀਰ ਸਿੰਘ ਭਾਟੀ ਨੇ ਚੋਣ ਕਮਿਸ਼ਨ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਹਰਿਆਣਾ ਕਮੇਟੀ ਦੀਆਂ ਵਿਧੀਵਤ ਚੋਣਾਂ ਕਰਵਾ ਕੇ ਹਰਿਆਣੇ ਦੇ ਸਮੁੱਚੇ ਗੁਰਦੁਆਰਿਆਂ ਦੀ ਸੇਵਾ ਸੰਭਾਲ ਚੁਣੇ ਹੋਏ ਨੁਮਾਇੰਦਿਆਂ ਨੂੰ ਸੰਭਾਲੀ ਜਾਵੇ ਤਾਂ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚੋਂ ਕਿਤੇ ਮਰ ਚਿੜੀਏ ਕਦੇ ਜਿਉ ਚਿੜੀਏ ਦੀ ਕਹਾਵਤ ਵਾਂਗ ਮੈਂਬਰਾਂ ਦੇ ਬਦਲਦੇ ਸਮੀਕਰਨਾਂ 'ਤੇ ਰੋਕ ਲੱਗ ਸਕੇ।

## ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਨੇ ਮਨਾਇਆ ਕੌਂਨਸ ਐਂਡੋ ਡੇਅ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਨੇ ਕੰਜ਼ਰਵੇਟਿਵ ਡੈਂਟਿਸਟਰੀ ਤੇ ਐਂਡੋਡੌਨਟਿਕਸ ਵਿਭਾਗ ਦੁਆਰਾ ਬਹੁਤ ਹੀ ਉਤਸ਼ਾਹ ਤੇ ਧੂਮਧਾਮ ਨਾਲ ਕੰਸ ਐਂਡੋ ਡੇਅ ਮਨਾਇਆ।ਸਮਾਗਮ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਵਿੱਚ ਅਕਾਦਮਿਕ ਉੱਤਮਤਾ ਤੇ ਆਪਸੀ ਸਾਂਝ ਨੂੰ ਵਧਾਉਣ ਦੇ ਉਦੇਸ਼ ਨਾਲ ਬਹੁਤ ਸਾਰੀਆਂ ਗਤੀਵਿਧੀਆਂ ਦੇਖਣ ਨੂੰ ਮਿਲੀਆਂ।ਸਮਾਗਮ ਦੀ ਖਾਸ ਗੱਲ ਇਹ ਸੀ ਕਿ ਕੰਸ ਐਂਡੋ ਡੇਅ ਦੇ ਥੀਮ ਦੇ ਆਲੇ ਦੁਆਲੇ ਘੁੰਮਦੇ ਹੋਏ, ਅੰਡਰਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਦੋਵਾਂ ਵਿਦਿਆਰਥੀਆਂ ਲਈ ਮੇਮ ਮੇਕਿੰਗ ਮੁਕਾਬਲਾ ਕਰਾਇਆ ਗਿਆ ਸੀ।ਇਸ ਮੌਕੇ ਹਾਸੇ-ਮਜ਼ਾਕ ਨੂੰ ਜੋੜਦੇ ਹੋਏ ਆਪਣੀ ਰਚਨਾਤਮਕਤਾ ਤੇ ਬੁੱਧੀ ਦਾ ਪ੍ਰਦਰਸ਼ਨ ਕੀਤਾ।ਪ੍ਰਤੀਯੋਗਿਤਾ ਦੇ ਜੇਤੂਆਂ ਨੂੰ ਪਤਵੰਤਿਆਂ ਦੁਆਰਾ ਸਨਮਾਨਤ ਕੀਤਾ ਗਿਆ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਵੱਖ-ਵੱਖ ਵਿਭਾਗਾਂ ਵੱਲੋਂ ਵਿਖਾਈ ਗਈ ਲਗਨ ਤੇ ਮਿਹਨਤ ਦੀ ਸ਼ਲਾਘਾ ਕੀਤੀ। ਡਾ. ਜੈਨਸ ਰਾਜੀ ਨੇ ਭਾਰਤੀ ਮਸਾਲੇ ਦੀ ਮੌਜੂਦਗੀ ਵਿੱਚ ਨੈਨੋ ਕੰਪੋਜ਼ਿਟ ਸਮੱਗਰੀ ਦੀ ਰੰਗ ਸਥਿਰਤਾ ਤੇ ਨਵੀਨਤਾਕਾਰੀ ਖੋਜ ਯਤਨਾਂ 'ਤੇ ਰੌਸ਼ਨੀ ਪਾਈ ਗਈ।ਦਰਸ਼ਕਾਂ ਨੂੰ ਹੋਰ ਜੋੜਨ ਲਈ ਬੁਝਾਰਤਾਂ ਦੀ ਵਿਸ਼ੇਸ਼ਤਾ ਵਾਲਾ ਇੱਕ ਇੰਟਰਐਕਟਿਵ ਸੈਸ਼ਨ ਆਯੋਜਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਪ੍ਰਾਪਤ ਕੀਤੀ ਗਈ।ਡਾ. ਗੁਰਸੰਦੀਪ ਕੌਰ ਸੰਧੂ ਨੇ ਸਾਰੇ ਹਾਜ਼ਰੀਨ ਤੇ ਯੋਗਦਾਨ ਪਾਉਣ ਵਾਲਿਆਂ ਦਾ ਧੰਨਵਾਦ ਕੀਤਾ।

**AXIS BANK LTD.**

**POSSESSION NOTICE UNDER SARFAESI ACT 2002**

RETAIL ASSET CENTRE: AXIS BANK LTD, SCO 367-368, SECTOR – 34A, CHANDIGARH, 160022
CORPORATE OFFICE: 'AXIS HOUSE', BLOCK-B, BOMBAY DYEING MILLS COMPOUND, PANDURANG BUDHKAR MARG, WORLI, MUMBAI-400025
REGISTERED OFFICE: 'TRISHUL', 3RD FLOOR, OPPOSITE SAMARTHESWAR TEMPLE, LAW GARDEN, ELLISBRIDGE, AHMADABAD-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ, ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ | ਬਕਾਇਆ ਖੜ੍ਹੀ ਰਕਮ |
|---|---|---|---|---|
| 1. ਮੈਸ: ਬਾਬਾ ਵਿਸ਼ਵਕਰਮਾ ਐਗਰੀਕਲਚਰ ਵਰਕਸ ਰਾਹੀਂ ਇਸ ਦੇ ਮਾਲਕ ਬਘੇਲ ਸਿੰਘ, ਪਤਾ : ਜਾਖਲ ਰੋਡ, ਲਹਿਰਾਗਾਗਾ, ਸੰਗਰੂਰ-148031 (2) ਸ੍ਰੀ ਬਘੇਲ ਸਿੰਘ ਪੁੱਤਰ ਹਰਚੰਦ ਸਿੰਘ, ਪਤਾ : ਵਾਰਡ ਨੰ. 4, ਗੋਬਿੰਦਪੁਰਾ, ਜਵਾਹਰਵਾਲਾ, ਸੰਗਰੂਰ, ਪੰਜਾਬ-148031 (3) ਸ੍ਰੀ ਹਰਚੰਦ ਸਿੰਘ ਪੁੱਤਰ ਬਚਨ ਸਿੰਘ, ਪਤਾ : ਵਾਰਡ ਨੰ. 4, ਗੋਬਿੰਦਪੁਰਾ ਜਵਾਹਰਵਾਲਾ, ਸੰਗਰੂਰ, ਪੰਜਾਬ-148031 | ਬੈਨਾਮਾ ਨੰ. 904 ਮਿਤੀ 19.07.2006 ਅਨੁਸਾਰ ਇੰਡਸਟ੍ਰੀਅਲ ਜਾਇਦਾਦ ਰਕਬਾ 00 ਕਨਾਲ 16-2/3 ਮਰਲੇ, ਜੋ ਕਿ ਜ਼ਮੀਨ ਰਕਬਾ 2 ਕਨਾਲ 2 ਮਰਲੇ ਦਾ 50/126 ਹਿੱਸਾ ਹੈ, ਖਸਰਾ ਨੰ. 114//7 ਮਿਨ (2-2), ਖੇਤਾ ਨੰ. 156/230, ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ, | 24 ਅਗਸਤ 2023 | 5 ਅਪ੍ਰੈਲ 2024 ਬਠਿੰਡਾ, ਪੰਜਾਬ | ਰੁ. 19, 90, 463/- (ਉਨੀ ਲੱਖ ਨੱਬੇ ਹਜ਼ਾਰ ਚਾਰ ਸੌ ਤ੍ਰੇਹਠ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 06-ਅਪ੍ਰੈਲ-2024 ਸਥਾਨ : ਪੰਜਾਬ

ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

**ਨਵਾਂ ਜ਼ਮਾਨਾ**
**ਪੋਸਟ ਬਾਕਸ ਨੰ. 134**

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਜਮਹੂਰੀ ਅਧਿਕਾਰ ਸਭਾ ਵੱਲੋਂ ਫ਼ਿਰਕੂ ਤੇ ਕਾਰਪੋਰੇਟ ਪੱਖੀ ਤਾਕਤਾਂ ਦਾ ਡਟਵਾਂ ਵਿਰੋਧ ਕਰਨ ਦਾ ਸੱਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**—ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਅੰਮ੍ਰਿਤਸਰ ਦਾ ਚੋਣ ਅਜਲਾਸ ਸਥਾਨਕ ਕੰਪਨੀ ਬਾਗ਼ ਵਿਖੇ ਸੂਬਾ ਪ੍ਰੈੱਸ ਸਕੱਤਰ ਅਮਰਜੀਤ ਸ਼ਾਸਤਰੀ ਦੀ ਦੇਖ-ਰੇਖ ਹੇਠ ਹੋਇਆ।ਅਜਲਾਸ ਦੇ ਸ਼ੁਰੂ ਵਿਚ ਜਮਹੂਰੀ ਅਧਿਕਾਰ ਸਭਾ ਦੇ ਸਦੀਵੀ ਵਿਛੋੜਾ ਦੇ ਗਏ ਸੀਨੀਅਰ ਅਤੇ ਸੁਹਿਰਦ ਆਗੂ ਨਾਮਦੇਵ ਭੁਟਾਲ ਅਤੇ ਹਰਿਆਣਾ ਪੁਲਸ ਦੀ ਗੋਲੀ ਦਾ ਸ਼ਿਕਾਰ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੂੰ ਦੋ ਮਿੰਟ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਸਭਾ ਦੇ ਜ਼ਿਲਾ ਸਕੱਤਰ ਯਸ਼ਪਾਲ ਝਬਾਲ ਨੇ ਪਿਛਲੇ ਦੋ ਸਾਲ ਵਿੱਚ ਕੀਤੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਜਿਸਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਇਸ ਮੌਕੇ ਸੂਬਾਈ ਨੁਮਾਇੰਦੇ ਵਲੋਂ ਪਿਛਲੀ ਜ਼ਿਲਾ ਕਮੇਟੀ ਨੂੰ ਭੰਗ ਕਰਨ ਉਪਰੰਤ ਹੋਈ ਜ਼ਿਲਾ ਇਕਾਈ ਦੀ ਚੋਣ ਵਿਚ 13 ਮੈਂਬਰੀ ਜ਼ਿਲਾ ਕਾਰਜਕਾਰਣੀ ਟੀਮ ਨੂੰ ਸਰਬਸੰਮਤੀ ਨਾਲ ਚੁਣ ਲਿਆ ਗਿਆ।ਇਸ ਮੌਕੇ ਸਮੂਹ ਮੈਂਬਰਾਂ ਅਤੇ ਜ਼ਿਲਾ ਕਾਰਜਕਾਰਣੀ ਟੀਮ ਵਲੋਂ ਜ਼ਿਲਾ ਇਕਾਈ ਲਈ ਅਗਲੇ ਦੋ ਸਾਲਾਂ ਲਈ ਸਰਬਸੰਮਤੀ ਨਾਲ ਅਮਰਜੀਤ ਸਿੰਘ ਭੱਲਾ ਨੂੰ ਜ਼ਿਲਾ ਪ੍ਰਧਾਨ, ਯਸ਼ਪਾਲ ਝਬਾਲ ਨੂੰ ਜ਼ਿਲਾ ਸਕੱਤਰ, ਬਲਦੇਵ ਰਾਜ ਵੇਰਕਾ ਨੂੰ ਮੀਤ ਪ੍ਰਧਾਨ ਅਤੇ ਵਿੱਤ ਸਕੱਤਰ ਅਤੇ ਸੁਖਰਾਜ ਸਰਕਾਰੀਆ ਨੂੰ ਸਹਾਇਕ ਸਕੱਤਰ ਦੇ ਤੌਰ ਤੇ ਚੁਣ ਲਿਆ ਗਿਆ।ਇਸ ਮੌਕੇ ਜੂਨ ਮਹੀਨੇ ਹੋਣ ਵਾਲੇ ਸੂਬਾਈ ਡੈਲੀਗੇਟ ਅਜਲਾਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ।ਸੂਬਾਈ ਆਗੂ ਅਮਰਜੀਤ ਸ਼ਾਸਤਰੀ ਨੇ ਸਾਮਰਾਜੀ ਹਕੂਮਤਾਂ ਵੱਲੋਂ ਦੇਸ਼ ਵਿਚ ਸਿੱਖਿਆ, ਸਿਹਤ, ਰੁਜ਼ਗਾਰ, ਵਾਤਾਵਰਣ ਅਤੇ ਪਾਣੀਆਂ ਦੇ ਖੇਤਰ ਵਿਚ ਲੋਕਾਂ ਦੇ ਜਮਹੂਰੀ ਹੱਕਾਂ ਦੇ ਹੋ ਰਹੇ ਘਾਣ ਉਤੇ ਗਹਿਰੀ ਚਿੰਤਾ ਪ੍ਰਗਟਾਈ। ਉਘੇ ਵਿਦਵਾਨ ਡਾ. ਪਰਮਿੰਦਰ ਨੇ ਬਰਤਾਨਵੀ ਹਕੂਮਤ ਤੋਂ ਲੈ ਕੇ ਮੌਜੂਦਾ ਮੋਦੀ ਹਕੂਮਤ ਵਲੋਂ ਜਮਹੂਰੀ ਹੱਕਾਂ ਨੂੰ ਖਤਮ ਕਰਦੇ ਐਫਸਪਾ, ਯੂਏਪੀਏ, ਐਨਐੱਸਏ, ਟਾਡਾ, ਪੋਟਾ, ਦੇਸ਼ਧ੍ਰੋਹ ਆਦਿ ਕਾਲੇ ਕਾਨੂੰਨਾਂ ਅਤੇ 1975 ਦੀ ਐਮਰਜੰਸੀ ਦਾ ਵਿਸਥਾਰ ਵਿਚ ਜ਼ਿਕਰ ਕੀਤਾ। ਜ਼ਿਲਾ ਪ੍ਰਧਾਨ ਅਮਰਜੀਤ ਸਿੰਘ ਭੱਲਾ ਨੇ ਸਮੂਹ ਅਹੁਦੇਦਾਰਾਂ, ਡੈਲੀਗੇਟਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਜਮਹੂਰੀ ਅਧਿਕਾਰ ਸਭਾ ਨੂੰ ਹੋਰ ਵਧ ਸਰਗਰਮ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਭੀਮਾ ਕੋਰੇਗਾਂਵ ਕੇਸ ਅਤੇ ਦਿੱਲੀ ਹਿੰਸਾ ਦੇ ਝੂਠੇ ਕੇਸਾਂ ਵਿੱਚ ਨਜਾਇਜ਼ ਗ੍ਰਿਫ਼ਤਾਰ ਕੀਤੇ ਬੁੱਧੀਜੀਵੀਆਂ, ਪੱਤਰਕਾਰਾਂ, ਲੇਖਕਾਂ, ਵਕੀਲਾਂ, ਸਮਾਜਿਕ ਕਾਰਕੁਨਾਂ ਅਤੇ ਵਿਦਿਆਰਥੀਆਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਅਤੇ ਬਿਨਾਂ ਮੁਕੱਦਮਾ ਚਲਾਏ ਕਈ ਸਾਲਾਂ ਤੋਂ ਜੇਲ੍ਹਾਂ ਵਿੱਚ ਨਜਾਇਜ਼ ਕੈਦ ਭੁਗਤ ਰਹੇ ਮੁਲਜ਼ਮਾਂ ਨੂੰ ਫੌਰੀ ਰਿਹਾਅ ਕਰਨ ਦੀ ਜੋਰਦਾਰ ਮੰਗ ਵੀ ਕੀਤੀ ਗਈ।ਇਸ ਤੋਂ ਇਲਾਵਾ ਪੰਜਾਬ ਵਿੱਚ ਤਰਕਸ਼ੀਲ ਆਗੂਆਂ ਅਤੇ ਸਮਾਜਿਕ ਕਾਰਕੁਨਾਂ ਉਤੇ ਜਨਵਰੀ ਮਹੀਨੇ ਦਰਜ ਧਾਰਾ 295 ਅਤੇ 295 ਏ ਦੇ ਨਜਾਇਜ਼ ਕੇਸ ਰੱਦ ਕੀਤੇ ਜਾਣ ਦੀ ਮੰਗ ਵੀ ਕੀਤੀ ਗਈ।ਅਜਲਾਸ 'ਚ ਲਖਵਿੰਦਰ ਗਿੱਲ, ਸੁਮੀਤ ਸਿੰਘ, ਗੁਰਬਚਨ ਸਿੰਘ, ਅਸ਼ਵਨੀ ਅਵਸਥੀ, ਮਾਸਟਰ ਕੁਲਜੀਤ ਵੇਰਕਾ, ਸਵਿੰਦਰਪਾਲ ਝਬਾਲੀਆ, ਪ੍ਰਗਟ ਸਿੰਘ, ਸੁਖਦੇਵ ਸਿੰਘ, ਮਲਕੀਅਤ ਸਿੰਘ ਸੈਂਸਰਾ, ਕਿਸ਼ਨ ਸਿੰਘ, ਰਾਜ ਕੁਮਾਰ ਵੇਰਕਾ, ਗੁਰਪਾਲ ਗੁਰੀ, ਅਮਰਜੀਤ ਵੇਰਕਾ, ਐਡਵੋਕੇਟ ਰਘਬੀਰ ਬਾਗੀ, ਬਲਬੀਰ ਮੂਧਲ, ਹਰਚਰਨ ਮਦੀਪੁਰਾ, ਪਰਤਾਪ ਸਿੰਘ, ਡਾ. ਕੁਲਦੀਪ ਸਿੰਘ, ਡਾ. ਕਸ਼ਮੀਰ ਸਿੰਘ, ਮਾਸਟਰ ਅਵਤਾਰ ਸਿੰਘ ਵੇਰਕਾ, ਅਮਰੀਕ ਸਿੰਘ ਸੰਗਤਪੁਰਾ, ਸਵਿੰਦਰ ਭੰਗਾਲੀ, ਕਾਬਲ ਸਿੰਘ ਛੀਨਾ, ਹਰਦੀਪ ਸਿੰਘ, ਜੋਗਿੰਦਰ ਲਾਲ, ਸੁਖਦੇਵ ਸੁਚੂ, ਅਮਰਜੀਤ ਕੋਹਾਲੀ, ਜਗਤਾਰ ਸਿੰਘ, ਸ਼ਾਦੀ ਲਾਲ ਆਦਿ ਸ਼ਾਮਿਲ ਸਨ।



# ਟਿਊਬਵੈੱਲ ਮੋਟਰਾਂ ਦੀਆਂ ਚੋਰੀਆਂ ਨਾ ਰੁਕਣ ਕਾਰਨ ਕਿਸਾਨਾਂ ਵੱਲੋਂ ਪੁਲਸ ਵਿਰੁੱਧ ਰੋਸ ਪ੍ਰਦਰਸ਼ਨ

**ਕਾਹਨੂੰਵਾਨ (ਯਾਦਵਿੰਦਰ ਸਿੰਘ ਮਲਹੋਤਰਾ)**—ਪੁਲਸ ਥਾਣਾ ਭੈਣੀ ਮੀਆਂ ਖਾਂ ਖੇਤਰ ਦੇ ਅਧੀਨ ਪੈਂਦੇ ਪਿੰਡਾਂ ਦੇ ਕਿਸਾਨਾਂ ਦੀਆਂ ਟਿਊਬਵੈਲ ਮੋਟਰਾਂ ਚੋਰੀ ਹੋਣ ਦਾ ਸਿਲਸਿਲਾ ਥੰਮਣ ਦਾ ਨਾਮ ਹੀ ਨਹੀਂ ਲੈ ਰਿਹਾ ਜਿਸ ਕਾਰਨ ਇਸ ਇਲਾਕੇ ਦੇ ਕਿਸਾਨ ਚੋਰਾਂ ਤੋਂ ਪਰੇਸ਼ਾਨ ਹਨ ਪਰ ਭੈਣੀ ਮੀਆਂ ਖਾਂ ਦੀ ਪੁਲਸ ਹੱਥ 'ਤੇ ਹੱਥ ਧਰ ਕੇ ਬੈਠੀ ਹੋਈ ਹੈ। ਪੁਲਿਸ ਦੀ ਢਿੱਲੀ ਕਾਰਵਾਈ ਦੇ ਚੱਲਦਿਆਂ ਇਸ ਇਲਾਕੇ ਦੇ ਬਸ਼ਿੰਦਿਆਂ ਦਾ ਕਾਨੂੰਨ ਤੋਂ ਭਰੋਸਾ ਉੱਠਦਾ ਜਾ ਰਿਹਾ ਹੈ।ਅੱਜ ਇਸ ਇਲਾਕੇ ਦੇ ਪਿੰਡ ਝੰਡਾ ਲਬਾਣਾ ਦੇ ਕਿਸਾਨਾਂ ਨੇ ਇਕੱਠੇ ਹੋ ਕੇ ਥਾਣਾ ਭੈਣੀ ਮੀਆਂ ਖਾਨ ਦੀ ਪੁਲਸ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਦਿਆਂ ਹੋਇਆਂ ਪੁਲਸ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਝੰਡਾ ਲਬਾਣਾ ਦੇ ਕਿਸਾਨਾਂ ਅਵਤਾਰ ਸਿੰਘ, ਨਾਨਕ ਸਿੰਘ, ਜਗਤਾਰ ਸਿੰਘ, ਜੱਗਾ ਸਿੰਘ, ਹਰਦੀਪ ਸਿੰਘ, ਪਰਸਨ ਸਿੰਘ, ਨਰਿੰਦਰ ਸਿੰਘ, ਤਰਲੋਚਨ ਸਿੰਘ ਨੇ ਦੱਸਿਆ ਕਿ ਉਸ ਇਲਾਕੇ ਦੇ ਅੰਦਰ ਸਰਗਰਮ ਮੋਟਰ ਚੋਰ ਗਰੋਹ ਵੱਲੋਂ ਬੀਤੇ ਦਿਨ ਉਨ੍ਹਾਂ ਦੀਆਂ ਟਿਊਬਵੈਲ ਮੋਟਰਾਂ ਚੋਰੀ ਕਰ ਲਈਆਂ ਗਈਆਂ ਹਨ ਜਿਸ ਬਾਰੇ ਉਨ੍ਹਾਂ ਨੂੰ ਅੱਜ ਖੇਤਾਂ ਵਿੱਚ ਜਾ ਕੇ ਪਤਾ ਲੱਗਿਆ।ਇਸ ਇਲਾਕੇ ਦੀ ਪੁਲਸ ਕਿਸੇ ਵੀ ਚੋਰ ਗਰੋਹ ਨੂੰ ਫੜਨ 'ਚ ਅਜੇ ਕਾਮਯਾਬ ਨਹੀਂ ਹੋਈ। ਇਸ ਮੌਕੇ ਰੋਸ ਪ੍ਰਦਰਸ਼ਨ ਕਾਰਨ ਵਾਲਿਆਂ ਵਿੱਚ ਝੰਡਾ ਲਬਾਣਾ ਦੇ ਗੁਰਦੁਆਰਾ ਸਾਹਿਬਾਨ ਦੇ ਪ੍ਰਧਾਨ, ਤਰਲੋਚਨ ਸਿੰਘ, ਤਰਸੇਮ ਸਿੰਘ, ਸਰਪੰਚ ਸਰਦਾਰ ਸਿੰਘ, ਸਾਬਕਾ ਸਰਪੰਚ ਬਲਜਿੰਦਰ ਸਿੰਘ, ਪੰਚ ਚਰਨ ਸਿੰਘ, ਸੁਲੱਖਣ ਸਿੰਘ, ਪੰਚ ਤਰਲੋਚਨ ਸਿੰਘ, ਸਰਬਜੀਤ ਸਿੰਘ ਸੋਹਣ ਸਿੰਘ, ਹਰੀ ਸਿੰਘ ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਸੋਹਣ ਸਿੰਘ ਅਤੇ ਲਖਵਿੰਦਰ ਸਿੰਘ ਆਦਿ ਹਾਜ਼ਰ ਸਨ। ਜਦੋਂ ਪੁਲਸ ਦਾ ਵਿਊ ਲਿਆ ਗਿਆ ਤਾਂ ਥਾਣੇ ਦੀ ਐੱਸਐੱਚਓ ਮੈਡਮ ਸੁਮਨਪ੍ਰੀਤ ਕੌਰ ਪੱਤਰਕਾਰਾਂ ਨਾਲ ਤਲਖ ਅਤੇ ਗੁੱਸੇ ਭਰੇ ਲਹਿਜੇ ਨਾਲ ਪੇਸ਼ ਆਏ।



# ਕਾਮਰੇਡ ਤੇਜਾ ਸਿੰਘ ਸੁਤੰਤਰ ਦੀ 51ਵੀਂ ਬਰਸੀ 12 ਨੂੰ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੰਯੁਕਤ ਕਿਸਾਨ ਮੋਰਚਾ ਅਤੇ ਤੇਜਾ ਸਿੰਘ ਸੁਤੰਤਰ ਯਾਦਗਾਰੀ ਕਮੇਟੀ ਦੀ ਮੀਟਿੰਗ ਗੁਲਜਾਰ ਸਿੰਘ ਬਸੰਤ ਕੋਟ ਦੀ ਪ੍ਰਧਾਨਗੀ ਹੇਠ ਪਿੰਡ ਅਲੂਣਾ ਵਿਖੇ ਹੋਈ। ਮੀਟਿੰਗ ਦੌਰਾਨ ਉੱਘੇ ਆਜ਼ਾਦੀ ਘੁਲਾਟੀਏ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ, ਪੈਪਸੂ ਮੁਜਾਰਾ ਦੇ ਹੀਰੋ ਅਤੇ ਖੱਬੀ ਲਹਿਰ ਉਸਰੱਈਏ ਅਤੇ ਕਿਸਾਨ ਆਗੂ ਤੇਜਾ ਸਿੰਘ ਸੁਤੰਤਰ ਦੀ 12 ਅਪ੍ਰੈਲ 2024 ਨੂੰ ਪਿੰਡ ਅਲੂਣਾ (ਜ਼ਿਲ੍ਹਾ ਗੁਰਦਾਸਪੁਰ) ਵਿੱਚ ਮਨਾਈ ਜਾ ਰਹੀ 51ਵੀਂ ਬਰਸੀ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਬਰਸੀ ਮਨਾਉਣ ਲਈ ਸਮਾਗਮ ਦੇ ਸੁੱਚਾਰੂ ਪ੍ਰਬੰਧਾਂ ਲਈ ਇੱਕ ਯਾਦਗਾਰੀ ਕਮੇਟੀ ਦਾ ਗਠਨ ਕੀਤਾ ਗਿਆ। ਮੀਟਿੰਗ ਵਿੱਚ ਅਸ਼ਵਨੀ ਕੁਮਾਰ ਲੱਖਣ ਕਲਾਂ, ਗੁਰਦੀਪ ਸਿੰਘ ਕਾਮਲਪੁਰ, ਮਾਸਟਰ ਲਖਵਿੰਦਰ ਸਿੰਘ ਬਿਸ਼ਨਕੋਟ, ਜਰਨੈਲ ਸਿੰਘ ਸਪਰਾਵਾਂ, ਸੁਖਦੇਵ ਸਿੰਘ ਗੋਸਲ, ਮੰਗਲ ਸਿੰਘ ਅਟਾਰੀ, ਮਾਸਟਰ ਸਰਦੂਲ ਸਿੰਘ, ਬਲਜੀਤ ਸਿੰਘ ਖੱਦਰ, ਜਗਜੀਤ ਸਿੰਘ ਅਲੂਣਾ, ਗੁਲਜਾਰ ਸਿੰਘ ਬਸੰਤ ਕੋਟ, ਬਲਦੇਵ ਸਿੰਘ ਖਹਿਰਾ, ਬਲਬੀਰ ਸਿੰਘ, ਡਾਕਟਰ ਅਰਜਿੰਦਰ ਸਿੰਘ, ਰਾਜ ਸਿੰਘ, ਜਥੇਦਾਰ ਮੋਹਣ ਸਿੰਘ, ਗੁਰਨਾਮ ਸਿੰਘ, ਹਰਵਿੰਦਰ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ , ਕੁਲਵੰਤ ਸਿੰਘ, ਮਨਜੀਤ ਸਿੰਘ ਰਾਓਵਾਲ, ਜਸਬੀਰ ਸਿੰਘ, ਜਗਦੀਸ ਰਾਜ, ਤਰਸੇਮ ਸਿੰਘ ਮੌੜ ਅਤੇ ਸੁਖਜਿੰਦਰ ਸਿੰਘ ਮੌੜ ਆਦਿ ਸ਼ਾਮਿਲ ਹੋਏ। ਕੈਪਸਨ: ਪਿੰਡ ਅਲੂਣਾ ਵਿਖੇ ਤੇਜਾ ਸਿੰਘ ਸੁਤੰਤਰ ਦੀ ਬਰਸੀ ਮਨਾਉਣ ਸਬੰਧੀ ਜਾਣਕਾਰੀ ਦਿੰਦੇ ਹੋਏ ਆਗੂ।

# ਖੰਭੇ 'ਚ ਵੱਜਣ ਕਾਰਨ ਦੋ ਮੋਟਰਸਾਈਕਲ ਸਵਾਰਾਂ ਦੀ ਮੌਤ





**ਦੀਨਾਨਗਰ (ਸੰਜੀਵ)**- ਗੁਰਦਾਸਪੁਰ ਦੇ ਪੰਡੋਰੀ ਮਹੰਤਾਂ ਨੇੜੇ ਪੈਂਦੇ ਪਿੰਡ ਕਰਵਾਲ ਦੇ ਦੋ ਨੌਜਵਾਨਾਂ ਦੀ ਮੋਟਰਸਾਈਕਲ ਦਾ ਸੰਤੁਲਨ ਵਿਗੜ ਜਾਣ 'ਤੇ ਮੌਤ ਹੋ ਜਾਣ ਦੀ ਖਬਰ ਮਿਲੀ ਹੈ। ਮੌਕੇ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਸੰਜੀਵ ਕੁਮਾਰ ਪੁੱਤਰ ਪਰਸ਼ੋਤਮ ਲਾਲ ਅਤੇ ਲਵਪ੍ਰੀਤ ਸਿੰਘ ਪੁੱਤਰ ਮੱਖਣ ਸਿੰਘ ਜਿਨ੍ਹਾਂ ਦੀ ਉਮਰ ਲੱਗਭਗ 22 ਤੋਂ 26-27 ਸਾਲ ਦੱਸੀ ਗਈ, ਦੋਨੋਂ ਵਾਸੀ ਕਰਵਾਲ ਜੋ ਆਪਣੇ ਮੋਟਰਸਾਈਕਲ ਨੰਬਰ ਪੀ ਬੀ 0 6 ਐੱਨ 5930 ਅਪਾਚੀ ਤੇ ਸਵਾਰ ਹੋ ਕੇ ਗੁਰਦਾਸਪੁਰ ਤਰਫ ਨੂੰ ਦੁਪਹਿਰ ਦੇ ਕਰੀਬ ਆ ਰਹੇ ਸੀ।ਦੱਸਿਆ ਜਾ ਰਿਹਾ ਹੈ ਕਿ ਪੰਡੋਰੀ ਰੋਡ ਦੇ ਨਿਰਮਾਣ ਕਾਰਜ ਦੇ ਚਲਦਿਆਂ ਪ੍ਰੀ ਮਿਕਸ ਪਾਉਣ ਲਈ ਸੜਕ ਵਿਚਕਾਰ ਰੋਕਾਂ ਲੱਗੀਆਂ ਹੋਈਆਂ ਸਨ।ਜਦੋਂ ਇਹ ਮੋਟਰਸਾਈਕਲ ਸਵਾਰ ਲੱਖਣਪਾਲ ਪਿੰਡ ਦੇ ਮੋੜ ਨੇੜੇ ਪੁੱਜੇ ਤਾਂ ਸੜਕ 'ਚ ਲੱਗੀਆਂ ਰੋਕਾਂ 'ਚ ਵੱਜਣ ਕਾਰਨ ਮੋਟਰਸਾਈਕਲ ਦਾ ਸੰਤੁਲਨ ਵਿਗੜਨ ਤੇ ਇਹ ਮੋਟਰਸਾਈਕਲ ਸੜਕ ਕੰਢੇ ਲੱਗੇ ਬਿਜਲੀ ਦੇ ਖੰਭੇ ਵਿੱਚ ਜਾ ਵੱਜਾ। ਨੌਜਵਾਨਾਂ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਪਹੁੰਚਾਇਆ ਗਿਆ ਜਿਥੇ ਡਾਕਟਰਾਂ ਵੱਲੋਂ ਨੌਜਵਾਨਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ।ਮ੍ਰਿਤਕ ਨੌਜਵਾਨਾਂ ਵਿੱਚੋਂ ਸੰਜੀਵ ਕੁਮਾਰ ਆਪਣੇ ਪਿੱਛੇ ਦੋ ਪੰਜ ਸਾਲਾ ਜੁੜਵੇਂ ਪੁੱਤਰ ਅਤੇ ਇੱਕ ਧੀ ਤੋਂ ਸਮੇਤ ਪਤਨੀ ਅਤੇ ਬਜ਼ੁਰਗ ਵਿਧਵਾ ਮਾਤਾ ਨੂੰ ਰੋਂਦਿਆਂ ਕੁਰਲਾਉਂਦਿਆਂ ਛੱਡ ਗਿਆ ਹੈ ਜਦੋਂਕਿ ਲਵਪ੍ਰੀਤ ਸਿੰਘ ਕੁਆਰਾ ਦੱਸਿਆ ਜਾ ਰਿਹਾ ਹੈ।

# ਪਰਾਲੀ ਨੂੰ ਅੱਗ ਲਾਉਣ ਤੋਂ ਬਿਨਾਂ ਬੀਜੀ ਕਣਕ ਦੇਖ ਕੇ ਕਿਸਾਨ ਬਾਗੋਬਾਗ



**ਕਲਾਨੌਰ (ਮਨਦੀਪ ਕੋਹਲੀ)**-ਜਿੱਥੇ ਕਿਸਾਨ ਆਪਣੀਆਂ ਜ਼ਮੀਨਾਂ ਨੂੰ ਵੱਖ-ਵੱਖ ਤਰ੍ਹਾਂ ਨਾਲ ਵਾਹੀ ਕਰਕੇ ਜਾਂ ਤਰ੍ਹਾਂ ਤਰ੍ਹਾਂ ਦੀਆਂ ਦਵਾਈਆਂ ਖਾਦਾਂ ਪਾ ਕੇ ਵੱਧ ਤੋਂ ਵੱਧ ਝਾੜ ਲੈਣ ਦੀ ਹੋੜ ਵਿੱਚ ਲੱਗਿਆ ਹੋਇਆ ਹੈ ਉਥੇ ਹੀ ਜ਼ਿਲਾ ਗੁਰਦਾਸਪੁਰ ਦੇ ਕਸਬਾ ਕਲਾਨੌਰ ਨਾਲ ਲੱਗਦੇ ਪਿੰਡ ਖੁਸ਼ੀਪੁਰ ਦੇ ਕਿਸਾਨ ਰਜਿੰਦਰ ਸਿੰਘ ਜਿਸ ਵੱਲੋਂ ਝੋਨੇ ਨੂੰ ਕੱਟਣ ਤੋਂ ਬਾਅਦ ਬਿਨਾਂ ਪਰਾਲੀ ਨੂੰ ਅੱਗ ਲਾਏ ਹੀ ਕਣਕ ਨੂੰ ਛੱਟਾ ਦੇ ਕੇ ਬੀਜ ਦਿੱਤਾ ਗਿਆ। ਉਹ ਵੀ ਇੱਕ ਅੱਧਾ ਏਕੜ ਨਹੀਂ ਸਗੋਂ 8 ਏਕੜ ਵਿੱਚ ਇਸੇ ਤਰੀਕੇ ਨਾਲ ਛੱਟਾ ਦੇ ਕੇ ਬਿਜਾਈ ਕਰ ਦਿੱਤੀ ਅਤੇ ਅੱਜ ਉਹ ਰਵਾਇਤੀ ਤਰੀਕੇ ਨਾਲ ਬਿਜਾਈ ਕਣਕ ਨਾਲੋਂ ਵੱਖ ਆਪਣੀ ਕਣਕ ਦੇ ਛਿੱਟੇ ਦੇਖ ਬਾਗੋ ਬਾਗ ਹੋ ਰਿਹਾ ਹੈ ਤੇ ਲੋਕਾਂ ਨੂੰ ਵੀ ਇਸੇ ਤਰੀਕੇ ਨਾਲ ਬਿਜਾਈ ਕਰਨ ਦੀ ਸਲਾਹ ਦੇ ਰਿਹਾ ਹੈ ਜਦੋਂ ਉਸਨੂੰ ਪੁੱਛਿਆ ਕਿ ਇਹ ਆਈਡੀਆ ਤੁਹਾਨੂੰ ਕਿੱਥੋਂ ਮਿਲਿਆ ਤਾਂ ਉਹਨਾਂ ਦੱਸਿਆ ਕਿ ਜਮਹੂਰੀ ਕਿਸਾਨ ਸਭਾ ਵੱਲੋਂ ਮਾਸਟਰ ਸਰਦੂਲ ਸਿੰਘ ਬਰੀਲਾ ਨੇ ਪਹਿਲਾਂ ਇਹ ਤਜਰਬਾ ਕੀਤਾ ਸੀ। ਉਨ੍ਹਾਂ ਦੀ ਸਲਾਹ ਨਾਲ ਇਹ ਸਾਰੀ ਬਿਜਾਈ ਕੀਤੀ ਗਈ ਹੈ। ਇੱਥੇ ਹੀ ਬੱਸ ਨਹੀਂ, ਇਸ ਕਿਸਾਨ ਰਜਿੰਦਰ ਸਿੰਘ ਵੱਲੋਂ ਜੋ ਪਾਣੀ ਲਈ ਖਾਲ ਛੱਡੇ ਹੁੰਦੇ ਹਨ ਅਤੇ ਕਣਕ ਤੋਂ ਬਾਅਦ ਉਹ ਵਿਹਲੇ ਰਹਿੰਦੇ ਹਨ ਉਸ ਖਾਲ ਵਿੱਚ ਵੀ ਦੋ ਤਿੰਨ ਸਬਜ਼ੀਆਂ ਦੀਆਂ ਫਸਲਾਂ ਲੈ ਚੁੱਕਾ ਹੈ ਅਤੇ ਇਸ ਵਕਤ ਉਸ ਖਾਲ ਵਿੱਚ ਮੱਕੀ ਦੀ ਫਸਲ ਦੀ ਬਿਜਾਈ ਕੀਤੀ ਹੋਈ ਹੈ, ਇਸ ਮੌਕੇ ਉਨ੍ਹਾਂ ਦੇ ਨਾਲ ਮਾਸਟਰ ਸਰਦੂਲ ਸਿੰਘ ਬਰੀਲਾ ਅਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਵੀ ਮੌਜੂਦ ਸਨ ਅਤੇ ਉਹ ਲੋਕਾਂ ਨੂੰ ਵੀ ਇਸੇ ਤਰ੍ਹਾਂ ਫਸਲਾਂ ਦੀ ਬਿਜਾਈ ਕਰਨ ਦੀ ਸਲਾਹ ਦੇ ਰਹੇ ਸਨ।

# 7500 ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਵਿਅਕਤੀ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਧਾਰੀਵਾਲ ਪੁਲਿਸ ਨੇ ਇਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਕਾਬੂ ਕਰਕੇ ਉਸ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੇ ਏਐੱਸਆਈ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਰੋਸ਼ਨ ਪੁੱਤਰ ਅਮਰੀਕ ਮਸੀਹ ਵਾਸੀ ਸੋਹਲ ਦੇ ਘਰ ਰੇਡ ਕਰਕੇ ਉਸ ਨੂੰ 7500 ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਰਮੇਸ਼ ਕੁਮਾਰ ਦੇ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਨਵਰਾਤਰਿਆਂ ਨੂੰ ਲੈ ਕੇ ਮਹਾਂ ਕਾਲੀ ਮੰਦਰ 'ਚ ਅਹੁਦੇਦਾਰਾਂ ਦੀ ਜ਼ਰੂਰੀ ਮੀਟਿੰਗ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਸਬਾ ਕਾਦੀਆਂ ਦੇ ਮੇਨ ਬਜ਼ਾਰ ਧਰਮ ਸ਼ਾਲਾ ਸ਼੍ਰੀ ਕਾਲੀ ਦੁਆਰਾ ਵੈੱਲਫੇਅਰ ਸੁਸਾਇਟੀ ਵਲੋਂ ਮੰਦਰ ਵਿਖੇ ਮਾਤਾ ਰਾਣੀ ਦੇ ਸ਼ੁਭ ਨਵਰਾਤਰੇ ਅਤੇ ਅਸ਼ਟਮੀ ਦਾ ਸ਼ੁਭ ਤਿਉਹਾਰ ਮਨਾਉਣ ਸਬੰਧੀ ਇੱਕ ਜ਼ਰੂਰੀ ਮੀਟਿੰਗ ਪ੍ਰਧਾਨ ਪਵਨ ਕੁਮਾਰ ਭਾਟੀਆ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਮੰਦਰ ਕਮੇਟੀ ਵਲੋਂ ਮੰਦਿਰ ਪ੍ਰਧਾਨ ਪਵਨ ਕੁਮਾਰ ਭਾਟੀਆ ਦੀ ਅਗਵਾਈ ਵਿੱਚ ਮਾਤਾ ਰਾਣੀ ਦੇ ਨਵਰਾਤਰੇ ਮਨਾਉਣ ਅਤੇ 16 ਅਪ੍ਰੈਲ ਨੂੰ ਅਸ਼ਟਮੀ ਦਾ ਤਿਉਹਾਰ ਮਨਾਉਣ ਸਬੰਧੀ ਵਿਚਾਰ ਕੀਤਾ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਮਾਤਾ ਰਾਣੀ ਦੇ ਸ਼ੁਭ ਨਵਰਾਤਰੇਆਂ ਤੋਂ ਬਾਅਦ ਮੰਦਰ ਵਿੱਚ 16 ਅਪ੍ਰੈਲ ਨੂੰ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਮਨਾਇਆ ਜਾਵੇਗਾ। ਫੈਸਲਾ ਕੀਤਾ ਗਿਆ ਕਿ ਅਸ਼ਟਮੀ ਮੌਕੇ ਮੰਦਰ ਵਿੱਚ ਸਵੇਰੇ ਹਵਨ ਯੱਗ, ਝੰਡੇ ਦੀ ਰਸਮ ਉਪਰੰਤ ਮਾਤਾ ਰਾਣੀ ਦੀ ਚੌਂਕੀ ਜੋ ਰਾਤ 8 ਵਜੇ ਤੋਂ ਰਾਤ 12 ਵਜੇ ਤੱਕ ਕੀਤੀ ਜਾਵੇਗੀ ਅਤੇ ਇਸ ਮੌਕੇ ਮਾਤਾ ਰਾਣੀ ਦਾ ਅਟੁੱਟ ਲੰਗਰ ਵੀ ਵਰਤਾਈਆ ਜਾਵੇਗਾ।ਕਮੇਟੀ ਵੱਲੋਂ ਇਹ ਵੀ ਫੈਸਲਾ ਕੀਤਾ ਗਿਆ ਕਿ ਮਹੀਨੇ ਦੇ ਹਰ ਮੰਗਲਵਾਰ ਰਾਤ ਨੂੰ ਮੰਦਰ ਵਿੱਚ ਮਾਤਾ ਰਾਣੀ ਦੇ ਕੀਰਤਨ ਦਾ ਆਯੋਜਨ ਵੀ ਕੀਤਾ ਜਾਵੇਗਾ।ਇਸ ਮੌਕੇ ਕਮੇਟੀ ਦੇ ਪ੍ਰਧਾਨ ਪਵਨ ਕੁਮਾਰ ਭਾਟੀਆ ਨੇ ਆਏ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਅਸ਼ੋਕ ਨਈਅਰ, ਸਵਰਨ ਸਿੰਘ ਲਾਡੀ, ਲਲਿਤ ਭਨੋਟ, ਗੌਰਵ ਭਨੋਟ, ਬੱਬਲ ਮਹਾਜਨ, ਡਾਕਟਰ ਤਿਲਕ ਰਾਜ, ਸੂਰਜ, ਰਜਿੰਦਰ ਭਾਟੀਆ, ਵਿੱਕੀ ਭਾਮੜੀ, ਭਗਤ ਮੋਤੀ ਲਾਲ, ਡਿੰਪਲ ਵਰਮਾ, ਅਮਿਤ ਗੁਪਤਾ, ਪੂਰਣ ਚੰਦ, ਰੱਜਤ ਮਹਾਜਨ, ਅਮਿਤ, ਰਜੀਵ ਭਾਟੀਆ, ਗੁਲਸ਼ਨ, ਵਿਸ਼ਾਲ ਆਦਿ ਹਾਜ਼ਰ ਸਨ ।

# ਪਾਵਰ ਮੈਨੇਜਮੈਂਟ ਕਾਮਿਆਂ ਦੇ ਸੇਵਾ ਲਾਭ ਸਮੇਂ-ਸਿਰ ਜਾਰੀ ਕਰਨ ਸਮੇਤ ਤੁਰੰਤ ਨਵੀਂ ਰੈਗੂਲਰ ਭਰਤੀ ਕਰੇ: ਗੰਡੀਵਿੰਡ

**ਤਰਨ ਤਾਰਨ (ਨਜ਼ਸ)**-ਪਾਵਰਕਾਮ ਵਿਭਾਗ ਦੀ ਖਡੂਰ ਸਾਹਿਬ ਸਬ ਡਵੀਜ਼ਨ ਵਿੱਚ ਬਤੌਰ ਲਾਈਨਮੈਨ ਸੇਵਾਵਾਂ ਨਿਭਾਉਣ ਉਪਰੰਤ 31 ਮਾਰਚ ਨੂੰ ਸੇਵਾ ਮੁਕਤ ਹੋਏ ਸ਼ੰਗਾਰਾ ਸਿੰਘ, ਬਲਜੀਤ ਸਿੰਘ, ਸਰਵਨ ਸਿੰਘ (ਸਾਰੇ ਲਾਈਨਮੈਨ) ਨੂੰ ਪਾਵਰਕਾਮ ਵਿਭਾਗ ਦੇ ਕਰਮਚਾਰੀਆਂ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਯਾਦਗਾਰੀ ਤੋਹਫੇ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਏਟਕ ਜਥੇਬੰਦੀ ਦੇ ਜ਼ੋਨ ਆਗੂ ਅਤੇ ਉਪ ਮੰਡਲ ਅਫਸਰ ਖਡੂਰ ਸਾਹਿਬ ਕਲਵਿੰਦਰ ਸਿੰਘ ਬਾਗੜੀਆਂ, ਡਵੀਜ਼ਨ ਪ੍ਰਧਾਨ ਮੇਜਰ ਸਿੰਘ ਨਾਗੋਕੇ, ਸੁਖਵਿੰਦਰ ਸਿੰਘ ਮੀਟਰ ਰੀਡਰ, ਤਰਜੀਤ ਸਿੰਘ ਨਾਗੋਕੇ ਤੋਂ ਇਲਾਵਾ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਆਗੂ ਸੁਰਜੀਤ ਸਿੰਘ, ਪਲਵਿੰਦਰ ਸਿੰਘ ਨੇ ਤਿੰਨਾਂ ਕਰਮਚਾਰੀਆਂ ਵੱਲੋਂ ਵਿਭਾਗ ਵਿੱਚ ਸੇਵਾ ਕਰਦੇ ਹੋਏ ਖਪਤਕਾਰਾਂ ਨੂੰ ਦਿੱਤੀਆਂ ਸ਼ਾਨਦਾਰ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।ਇਸ ਮੌਕੇ ਫੈਡਰੇਸ਼ਨ ਏਟਕ ਜਥੇਬੰਦੀ ਦੇ ਸੂਬਾ ਪ੍ਰਧਾਨ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾਈ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸੇਵਾ ਮੁਕਤ ਕਰਮਚਾਰੀਆਂ ਨੂੰ ਇਸ ਖੁਸ਼ੀ ਦੇ ਮੌਕੇ ਮੁਬਾਰਕਬਾਦ ਪੇਸ਼ ਕਰਦੇ ਹੋਏ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਹਰੇਕ ਮਹੀਨੇ ਵੱਡੇ ਪੱਧਰ 'ਤੇ ਹੋ ਰਹੀ ਸੇਵਾ ਮੁਕਤੀ ਕਾਰਣ ਖਾਲੀ ਹੋ ਰਹੀਆਂ ਅਸਾਮੀਆਂ 'ਤੇ ਤੁਰੰਤ ਰੈਗੂਲਰ ਭਰਤੀ ਕਰਨ ਸਮੇਤ ਸੇਵਾ ਮੁਕਤ ਹੋ ਰਹੇ ਕਰਮਚਾਰੀਆਂ ਦੇ ਸੇਵਾ ਲਾਭ ਕਰਮਚਾਰੀ ਦੀ ਸੇਵਾ ਮੁਕਤੀ ਹੋਣ ਉਪਰੰਤ ਸਮੇਂ ਸਿਰ ਜਾਰੀ ਕੀਤੇ ਜਾਣ ।ਮੁਲਾਜ਼ਮ ਆਗੂ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਇਕ ਪਾਸੇ ਵਿਭਾਗ ਨੂੰ ਕਰੋੜਾਂ ਰੁਪਏ ਦੇ ਮੁਨਾਫ਼ੇ ਵਿੱਚ ਹੋਣ ਦੇ ਵੱਡੇ-ਵੱਡੇ ਫਲੈਕਸ ਲਗਾ ਰਹੀਆਂ ਹਨ ਪਰ ਦੂਸਰੇ ਪਾਸੇ ਬਹੁਤ ਅਫ਼ਸੋਸ ਦੀ ਗੱਲ ਹੈ ਕਿ ਸੇਵਾ ਮੁਕਤ ਹੋਣ ਵਾਲੇ ਕਰਮਚਾਰੀਆਂ ਨੂੰ ਸੇਵਾ ਮੁਕਤ ਹੋਣ ਤੋਂ ਬਾਅਦ ਛੇ ਮਹੀਨੇ ਤੱਕ ਸੇਵਾ ਲਾਭ ਨਹੀਂ ਦਿੱਤੇ ਜਾ ਰਹੇ ਜੋ ਸੇਵਾ ਮੁਕਤ ਹੋਣ ਵਾਲੇ ਕਾਮਿਆਂ ਨਾਲ ਬਹੁਤ ਵੱਡਾ ਧੱਕਾ ਹੈ।ਮੁਲਾਜ਼ਮ ਆਗੂ ਨੇ ਕਿਹਾ ਕਿ ਕਰਮਚਾਰੀਆਂ ਨਾਲ ਹੋ ਰਹੀ ਇਸ ਬੇਇਨਸਾਫ਼ੀ ਵਿਰੁੱਧ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ।



# ਪੰਜਾਬੀ ਭਾਸ਼ਾ ਦੇ ਮਸਲੇ ਨੂੰ ਰਾਜਨੀਤਕ ਪਾਰਟੀਆਂ ਦੇ ਚੋਣ ਮੈਨੀਫੈਸਟੋ 'ਚ ਥਾਂ ਦਿਵਾਉਣ ਦੀ ਮੰਗ

**ਚੰਡੀਗੜ੍ਹ, ( ਗੁਰਜੀਤ ਬਿੱਲਾ )**- ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਯੂ.ਟੀ. ਚੰਡੀਗੜ੍ਹ ਵਿੱਚ ਮਾਂ ਬੋਲੀ ਪੰਜਾਬੀ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਿਵਾਉਣ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਅਤੇ ਸੰਘਰਸ਼ਾਂ ਦੀ ਕੜੀ ਵਜੋਂ ਹੁਣ ਲੋਕ ਸਭਾ ਚੋਣਾਂ ਤੋਂ ਪਹਿਲਾਂ ਸਾਰੀਆਂ ਰਾਜਨੀਤਕ ਪਾਰਟੀਆਂ ਦੇ ਸੀਨੀਅਰ ਆਗੂਆਂ ਨੂੰ ਲਿਖਤੀ ਮੰਗ ਪੱਤਰ ਭੇਜੇ ਜਾ ਰਹੇ ਹਨ।

ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਹੱਲੋਮਾਜਰਾ, ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਅਤੇ ਕੈਸ਼ੀਅਰ ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ ਨੇ ਦੱਸਿਆ ਕਿ ਪੂਰੇ ਵਿਸਥਾਰ ਨਾਲ ਲਿਖੇ ਇਨ੍ਹਾਂ ਮੰਗ ਪੱਤਰਾਂ ਵਿੱਚ ਰਾਜਨੀਤਕ ਆਗੂਆਂ ਨੂੰ ਚੇਤੇ ਕਰਵਾਇਆ ਗਿਆ ਹੈ ਕਿ ਉਹ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਸਮਰੱਥਾ ਅਤੇ ਸ਼ਕਤੀ ਰੱਖਦੇ ਹਨ। ਇਸ ਲਈ ਮੰਚ ਉਮੀਦ ਕਰਦਾ ਹੈ ਕਿ ਜੇਕਰ ਉਹ ਚੋਣ ਜਿੱਤਦੇ ਹਨ ਤਾਂ ਪੰਜਾਬੀ ਭਾਸ਼ਾ ਦੇ ਇਸ ਮੁੱਦੇ ਨੂੰ ਸੰਸਦ ਵਿੱਚ ਰੱਖਣਗੇ।

ਮੰਚ ਨੇ ਉਕਤ ਮੰਗ ਪੱਤਰਾਂ ਵਿੱਚ ਸਾਰੀਆਂ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਪਾਰਲੀਮਾਨੀ ਚੋਣਾਂ ਤੋਂ ਪਹਿਲਾਂ 16 ਮਾਰਚ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਸੈਕਟਰ 17 (ਪੁਲ਼ ਹੇਠਾਂ) ਰੱਖੀ ਗਈ ਰੋਸ ਭੁੱਖ ਹੜਤਾਲ ਵਿੱਚ ਸ਼ਾਮਿਲ ਹੋਣ ਅਤੇ ਪੰਜਾਬੀ ਭਾਸ਼ਾ ਪ੍ਰਤੀ ਆਪਣੇ ਵਿਚਾਰ ਪੇਸ਼ ਕਰਨ ਅਤੇ ਨਾਲ਼ ਹੀ ਭਾਸ਼ਾ ਦੇ ਇਸ ਮਸਲੇ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਵੀ ਵਿਸ਼ੇਸ਼ ਥਾਂ ਦੇਣ।

# ਸਟਰੱਕਚਰਡ ਅਸੈੱਸਮੈਂਟ ਫਾਰ ਐਨਾਲਾਈਜ਼ਿੰਗ ਲਰਨਿੰਗ ਸਫਲ ਪ੍ਰੀਖਿਆ 'ਚ ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਨਤੀਜੇ ਰਹੇ ਉੱਤਮ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵਿਖੇ ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ (ਸੀਬੀਐੱਸਈ) ਵੱਲੋਂ ਸਫਲ (ਸਟਰੱਕਚਰਡ ਅਸੈੱਸਮੈਂਟ ਫਾਰ ਐਨਾਲਾਈਜ਼ਿੰਗ ਲਰਨਿੰਗ) ਪ੍ਰੀਖਿਆ ਦਾ ਆਯੋਜਨ ਕੀਤਾ ਗਿਆ।ਇਹ ਪ੍ਰੀਖਿਆ ਗ੍ਰੇਡ 3, 5 ਅਤੇ 8 ਲਈ ਇੱਕ ਯੋਗਤਾ-ਅਧਾਰਤ ਮੁਲਾਂਕਣ ਹੈ, ਜਿਸ ਦੀ ਵਰਤੋਂ ਵਿਦਿਆਰਥੀਆਂ ਵਿੱਚ ਬੁਨਿਆਦੀ ਹੁਨਰ ਅਤੇ ਬੁਨਿਆਦੀ ਸਿੱਖਣ ਦੇ ਨਤੀਜਿਆਂ ਦੀ ਪ੍ਰਗਤੀ ਦਾ ਮੁਲਾਂਕਣ ਕਰਨ ਲਈ ਕੀਤੀ ਗਈ।ਪ੍ਰਿੰ. ਰਣਜੀਤ ਕੌਰ ਭਾਟੀਆ ਨੇ ਦੱਸਿਆ ਕਿ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਦੇ ਬੱਚਿਆਂ ਵੱਲੋਂ ਜ਼ਿਲ੍ਹਾ ਅਤੇ ਰਾਜ ਵਿਚ ਉੱਤਮ ਨਤੀਜੇ ਦਿੱਤੇ ਗਏ। ਪੰਜਵੀਂ ਅਤੇ ਅੱਠਵੀਂ ਜਮਾਤ ਦੇ 332 ਵਿਦਿਆਰਥੀਆਂ ਨੇ ਭਾਗ ਲਿਆ।5ਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋਂ ਲਗਭਗ 138 ਵਿਦਿਆਰਥੀਆਂ ਨੇ ਵਾਤਾਵਰਣ ਅਧਿਐਨ ਵਿੱਚ ਐਡਵਾਂਸ ਲੈਵਲ ਤੇ ਉੱਨਤ ਪੱਧਰ ਦੀ ਮੁਹਾਰਤ ਹਾਸਲ ਕੀਤੀ, ਈਵੀਐਸ ਵਿੱਚ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਐਡਵਾਂਸ ਲੈਵਲ ਰਿਜ਼ਲਟ 98.10% ਜਦਕਿ ਜ਼ਿਲਾ ਪੱਧਰ ਤੇ 72.60% ਅਤੇ ਰਾਜ ਪੱਧਰ ਤੇ ਇਹ ਨਤੀਜੇ 15.82% ਰਹੇ ਜਦੋਂਕਿ 107 ਨੇ ਗਣਿਤ ਵਿੱਚ ਉੱਤਮਤਾ ਹਾਸਲ ਕੀਤੀ, ਇਸ ਵਿੱਚ ਸਾਡੇ ਸਕੂਲ ਨੇ 75.96% ਜਦਕਿ ਜ਼ਿਲ੍ਹਾ ਪੱਧਰ ਤੇ 55.3% ਅਤੇ ਰਾਜ ਪੱਧਰ ਤੇ ਇਹ ਨਤੀਜੇ 17.15% ਰਹੇ ਅਤੇ 122 ਨੇ ਭਾਸ਼ਾ ਵਿੱਚ ਉਨਤ ਹੁਨਰ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਸਾਡੇ ਸਕੂਲ ਦਾ ਨਤੀਜਾ 86.9%, ਜ਼ਿਲ੍ਹਾ ਪੱਧਰ ਦਾ 68.67% ਅਤੇ ਰਾਜ ਪੱਧਰ ਦੇ ਨਤੀਜੇ 28.64% ਰਹੇ। 8ਵੀਂ ਜਮਾਤ ਦੇ 110 ਵਿਦਿਆਰਥੀਆਂ ਨੇ ਵਿਗਿਆਨ ਵਿੱਚ ਉੱਨਤ ਪੱਧਰ ਦੀ ਮੁਹਾਰਤ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਸਾਡੇ ਸਕੂਲ ਦਾ ਨਤੀਜਾ 57.62% ਜ਼ਿਲਾ ਪੱਧਰ ਦਾ 42.86% ਅਤੇ ਰਾਜ ਪੱਧਰ ਦੇ ਨਤੀਜੇ 13.15% ਰਹੇ, ਜਦੋਂ ਕਿ 121 ਨੇ ਗਣਿਤ ਵਿੱਚ ਮੁਹਾਰਤ ਹਾਸਲ ਕੀਤੀ ਨਾਲ ਦੀ ਨਾਲ ਇਸ ਸਕੂਲ ਦੇ ਨਤੀਜੇ 63.16%ਜ਼ਿਲਾ ਪੱਧਰ ਦੇ 64.4% ਅਤੇ ਰਾਜ ਪੱਧਰ ਤੇ ਇਹ ਨਤੀਜੇ 25.94% ਰਹੇ ਇਸ ਲੜੀ ਨੂੰ ਅੱਗੇ ਰੱਖਦਿਆਂ ਲਗਭਗ 79 ਵਿਦਿਆਰਥੀਆਂ ਨੇ ਉੱਨਤ ਭਾਸ਼ਾ ਦਾ ਪ੍ਰਦਰਸ਼ਨ ਕੀਤਾ। ਸਾਡੇ ਸਕੂਲ ਦੇ ਵਿਦਿਆਰਥੀਆਂ ਦੇ ਨਤੀਜੇ ਇਸ ਵਿੱਚ 41.7% ਜਦ ਕੇ ਜ਼ਿਲਾ ਪੱਧਰ ਤੇ ਇਹ ਨਤੀਜੇ0.63% ਅਤੇ ਰਾਜ ਪੱਧਰ ਤੇ ਇਹ ਨਤੀਜੇ 6. 88% ਦਰਜ ਕੀਤੇ ਗਏ ਜੋ ਸਾਡੇ ਲਈ ਮਾਣ ਵਾਲੀ ਗੱਲ ਹੈ।

# ਸੇਂਟ ਕਬੀਰ ਸਕੂਲ ਦੀ ਤਾਨੀਆ ਨੇ ਰਾਸ਼ਟਰ ਪੱਧਰੀ ਮੁਕਾਬਲੇ 'ਚ ਕਾਂਸੇ ਦਾ ਤਮਗਾ ਜਿੱਤਿਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡ ਜਗਤ ਵਿੱਚ ਵੀ ਖਾਸ ਜਗ੍ਹਾ ਬਣਾਈ ਹੈ। ਇਸ ਸਬੰਧੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਦੱਸਿਆ ਕਿ ਸਾਡੇ ਸਕੂਲ ਦੀ ਨੌਂਵੀਂ ਜਮਾਤ ਦੀ ਵਿਦਿਆਰਥਣ ਤਾਨੀਆ ਸਪੁੱਤਰੀ ਜਗਦੀਸ਼ ਮਿੱਤਰ ਤੇ ਅਮਨ ਜੋਤੀ, ਵਾਸੀ ਮਾਨ ਨੇ ਤੀਸਰੇ ਸਬ ਜੂਨੀਅਰ ਲੜਕੇ/ਲੜਕੀਆਂ ਦੇ ਰਾਸ਼ਟਰੀ ਬਾਕਸਿੰਗ ਮੁਕਾਬਲੇ ਵਿੱਚੋਂ ਤੀਸਰਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਤੇ ਮਾਪਿਆਂ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਬਾਕਸਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਗ੍ਰੇਟਰ ਨੋਇਡਾ (ਉੱਤਰ ਪ੍ਰਦੇਸ਼) ਵਿਖੇ ਕਰਵਾਏ ਰਾਸ਼ਟਰ ਪੱਧਰੀ ਬਾਕਸਿੰਗ ਮੁਕਾਬਲੇ (49 ਤੋਂ 52 ਕਿੱਲੋ ਭਾਰ ਵਰਗ) ਵਿੱਚ ਤਾਨੀਆ ਨੇ ਆਪਣੀ ਸਖਤ ਮਿਹਨਤ ਤੇ ਹਿੰਮਤ ਨਾਲ ਖਾਸ ਮੁਕਾਮ ਹਾਸਲ ਕਰਕੇ ਕਾਂਸੇ ਦਾ ਤਗਮਾ ਜਿੱਤਿਆ ਹੈ। ਸਕੂਲ ਪਹੁੰਚਣ ਤੇ ਵਿਦਿਆਰਥਣ ਤਾਨੀਆ ਦਾ ਭਰਵਾਂ ਸੁਆਗਤ ਕੀਤਾ ਗਿਆ ਅਤੇ ਪ੍ਰਿੰਸੀਪਲ ਐੱਸ. ਬੀ ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਇਸ ਸ਼ਾਨਦਾਰ ਜਿੱਤ ਦੀ ਵਧਾਈ ਦਿੱਤੀ ਤੇ ਬਾਕੀ ਵਿਦਿਆਰਥੀਆ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਹਿੱਸੇਦਾਰੀ ਬਣਾਉਣ ਦੀ ਪ੍ਰੇਰਣਾ ਵੀ ਦਿੱਤੀ। ਇਸ ਮੌਕੇ ਡੀ.ਪੀ ਵਿਭਾਗ ਦੇ ਅਧਿਆਪਕ ਮੈਡਮ ਜਤਿੰਦਰ ਕੌਰ, ਬੇਅੰਤ ਸਿੰਘ, ਰੇਖਾ ਰਾਣੀ ਸਮੇਤ ਸਮੂਹ ਅਧਿਆਪਕ ਤੇ ਵਿਦਿਆਰਥੀ ਸਾਮਲ ਸਨ।

# ਅੰਮ੍ਰਿਤਸਰ ਦੀ ਪਹਿਲਾਂ ਵਾਲੀ ਉਦਯੋਗਿਕ ਸ਼ਾਨ ਮੁੜ ਸਥਾਪਤ ਕਰਾਂਗੇ : ਸੰਧੂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ 'ਚ ਗੁਰੂ ਸਾਹਿਬਾਨ ਨੇ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਤ ਕੀਤਾ ਸੀ। ਅਜ਼ਾਦੀ ਤੋਂ ਪਹਿਲਾਂ ਉਦਯੋਗਿਕ ਖੇਤਰ 'ਚ ਅੰਮ੍ਰਿਤਸਰ ਪਹਿਲੇ ਸਥਾਨ 'ਤੇ ਸੀ ਜੋ ਹੁਣ ਬਹੁਤ ਪਿੱਛੇ ਚਲਾ ਗਿਆ ਹੈ। ਹੁਣ ਇਸ ਨੂੰ ਠੋਸ ਨੀਤੀਆਂ ਰਾਹੀਂ ਮੁੜ ਸਥਾਪਤ ਕੀਤਾ ਜਾਵੇਗਾ। ਸਾਨੂੰ ਇਕੱਠੇ ਹੋ ਕੇ ਅੱਗੇ ਆਉਣਾ ਹੋਵੇਗਾ। ਤਰਨਜੀਤ ਸਿੰਘ ਸੰਧੂ ਖ਼ਾਸਾ ਵਿਖੇ ਸਿਫ਼ਤੀ ਰਾਈਸ ਮਿੱਲ 'ਚ ਕਾਰੋਬਾਰੀਆਂ ਦੇ ਇਕ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਜਿੱਥੇ ਉਨ੍ਹਾ ਭਾਰਤ ਦੀ ਗਲੋਬਲ ਤਰੱਕੀ ਅਤੇ ਅੰਮ੍ਰਿਤਸਰ ਵਪਾਰ ਗਲਿਆਰੇ ਬਾਰੇ ਚਰਚਾ ਕੀਤੀ ਗਈ। ਉਨ੍ਹਾ ਕਿਹਾ ਕਿ ਬਹੁ ਕੌਮੀ ਵਿਦੇਸ਼ੀ ਕੰਪਨੀਆਂ ਅੰਮ੍ਰਿਤਸਰ ਵਿੱਚ ਆਪਣੇ ਪ੍ਰੋਜੈਕਟ ਲਗਾਉਣ ਲਈ ਤਿਆਰ ਬੈਠੀਆਂ ਹਨ, ਜਿਸ ਦਾ ਇਲਾਕਾ ਨਿਵਾਸੀਆਂ ਨੂੰ ਜਲਦ ਹੀ ਫ਼ਾਇਦਾ ਦਿਵਾ ਕੇ ਗੁਰੂ ਨਗਰੀ ਨੂੰ ਹਰ ਪੱਖ ਤੋਂ ਵਧੀਆ ਤਰੀਕੇ ਨਾਲ ਵਿਕਸਤ ਅਤੇ ਖ਼ੁਸ਼ਹਾਲ ਬਣਾਇਆ ਜਾਵੇਗਾ। ਉਨ੍ਹਾ ਕਿਹਾ ਕਿ ਸੰਧੂ ਨੇ ਕਿਹਾ ਕਿ ਖੇਤੀ ਤੋਂ ਬਾਅਦ ਉਦਯੋਗ ਖੇਤਰ ਹੀ ਹੈ ਜੋ ਲੋਕਾਂ ਨੂੰ ਵੱਧ ਰੁਜ਼ਗਾਰ ਦੇ ਸਕਦੀ ਹੈ। ਅੰਮ੍ਰਿਤਸਰ ਦੀ ਆਬਾਦੀ ਦਾ 45% ਨੌਜਵਾਨ ਹਨ। ਇਸ ਸ਼ਕਤੀ ਨੂੰ ਸਹੀ ਦਿਸ਼ਾ ਵਿਚ ਉਪਯੋਗ ਕੀਤਾ ਜਾਵੇ ਤਾਂ ਸਭ ਕੁਝ ਸੰਭਵ ਹੈ। ਉਨ੍ਹਾਂ ਨਵੀਨ ਤਕਨੀਕ ਵਾਲੀ ਵਿਸ਼ਵ ਪੱਧਰੀ ਸਿੱਖਿਆ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਅਮਰੀਕਾ ਸੰਬੰਧ ਹੁਣ ਭਾਈਵਾਲੀ 'ਚ ਤਬਦੀਲ ਹੋ ਗਿਆ ਹੈ। ਅਮਰੀਕੀ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਪਰ ਨਿਵੇਸ਼ ਅੰਮ੍ਰਿਤਸਰ ਵੀ ਕਰਾਇਆ ਜਾਵੇਗਾ।ਉਨ੍ਹਾ ਕਿਹਾ ਕਿ ਅੰਮ੍ਰਿਤਸਰ ਵਿਚ ਪਹਿਲਾਂ ਸਭ ਕੁਝ ਸੀ, ਹੁਣ ਵੀ ਸਾਡੇ ਕੋਲ ਬਹੁਤ ਅਵਸਰ ਹਨ, ਸ਼ਹਿਰ ਦੀ ਉਦਯੋਗਿਕ ਸ਼ਾਨ ਨੂੰ ਮੁੜ ਬਹਾਲ ਕਰਾਇਆ ਜਾਵੇਗਾ। ਉਨ੍ਹਾ ਅੰਮ੍ਰਿਤਸਰ ਦੇ ਕਾਰੋਬਾਰੀਆਂ ਨੂੰ ਵਿਸ਼ਵ ਪੱਧਰ 'ਤੇ ਉਨ੍ਹਾਂ ਦੇ ਕਾਰੋਬਾਰ ਨੂੰ ਵਿਸਥਾਰ ਦੇਣ 'ਚ ਮਦਦ ਕਰਨ, ਮਾਲੀਆ ਵਧਾਉਣ ਅਤੇ ਵੱਖ-ਵੱਖ ਖੇਤਰਾਂ ਵਿੱਚ ਕੰਪਨੀਆਂ ਲਈ ਮਾਰਜਿਨ ਵਧਾਉਣ ਦੀ ਪੇਸ਼ਕਸ਼ ਕੀਤੀ।ਉਨ੍ਹਾ ਅਮਰੀਕਨ ਕੌਂਸਲੇਟ ਖੋਲ੍ਹਣ ਅਤੇ ਅੰਮ੍ਰਿਤਸਰ ਦਾ ਅਮਰੀਕਾ ਨਾਲ ਸਿੱਧਾ ਸੰਬੰਧ ਸਥਾਪਤ ਕਰਨ ਦੀ ਗਲ ਕਹੀ।

ਉਨ੍ਹਾ ਕਿਹਾ ਕਿ ਇੱਥੋਂ ਦੀਆਂ ਸੱਭਿਆਚਾਰਕ ਵਸਤਾਂ ਫੁਲਕਾਰੀ, ਪੰਜਾਬੀ ਜੁੱਤੀਆਂ, ਗਹਿਣਿਆਂ ਦੀ ਪ੍ਰਵਾਸੀ ਪੰਜਾਬੀਆਂ 'ਚ ਬਹੁਤ ਮੰਗ ਹੈ । ਉਨ੍ਹਾ ਕਿਹਾ ਕਿ ਤਸਕਰੀ ਅਤੇ ਨਸ਼ੇ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ 'ਚ ਸ਼ਾਮਲ ਅਨਸਰਾਂ ਨੂੰ ਹਰ ਸੰਭਵ ਕਾਨੂੰਨੀ ਤਰੀਕੇ ਨਾਲ ਸਖ਼ਤ ਸਜ਼ਾਵਾਂ ਦਿਵਾ ਕੇ ਰੋਕਿਆ ਜਾਵੇਗਾ। ਐਸੋਸੀਏਸ਼ਨ ਦੇ ਪ੍ਰਧਾਨ ਅਰਵਿੰਦਰ ਪਾਲ ਸਿੰਘ ਨੇ ਕਿਹਾ ਕਿ ਪੰਜਾਬ ਅਤੇ ਵਿਸ਼ੇਸ਼ ਕਰ ਕੇ ਗੁਰੂ ਨਗਰੀ ਦੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਦੇ ਏਜੰਡੇ ਨੂੰ ਲੈ ਕੇ ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਚੋਣ ਮੈਦਾਨ ਵਿਚ ਉੱਤਰੇ ਤਰਨਜੀਤ ਸਿੰਘ ਸੰਧੂ 'ਤੇ ਲੋਕਾਂ ਦੀਆਂ ਆਸਾਂ ਉਮੀਦਾਂ ਹਨ।

# ਸਾਹੋਵਾਲ ਤੋਂ ਨਾਨੋਨੰਗਲ ਤੇ ਹੋਰਨਾਂ ਪਿੰਡਾਂ ਨੂੰ ਜਾਣ ਵਾਲੀ ਸੰਪਰਕ ਸੜਕ ਦੀ ਹਾਲਤ ਖਸਤਾ



**ਗੁਰਦਾਸਪੁਰ, (ਜਨਕ ਮਹਾਜਨ)**-ਪਿੰਡ ਸਾਹੋਵਾਲ ਤੋਂ ਨਾਨੋਨੰਗਲ ਤੇ ਹੋਰਨਾਂ ਪਿੰਡਾਂ ਨੂੰ ਜਾਣ ਵਾਲੀ ਸੰਪਰਕ ਸੜਕ ਦੀ ਹਾਲਤ ਬੇਹੱਦ ਖਸਤਾ ਹੋਈ ਪਈ ਹੈ। ਇਸ ਸਬੰਧੀ ਇਲਾਕਾ ਵਾਸੀਆਂ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਹੀ ਇਹ ਸੜਕ ਵਿਭਾਗ ਵਲੋਂ ਬਣਾਈ ਗਈ ਸੀ ਪਰ ਬੇਮੌਸਮੀ ਬਰਸਾਤ ਨੇ ਸੜਕ ਨੂੰ ਫਿਰ ਤੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਹਿ ਅੱਗੇ ਕਣਕ ਦਾ ਸੀਜ਼ਨ ਆ ਰਿਹਾ ਹੈ ਅਤੇ ਟੁੱਟੀਆਂ ਸੜਕਾਂ ਕਰਕੇ ਕਿਸਾਨਾਂ ਨੂੰ ਕਣਕ ਦੀ ਫ਼ਸਲ ਨੂੰ ਮੰਡੀਆਂ ਲਿਜਾਣ ਸਮੇਂ ਕਾਫ਼ੀ ਮੁਸ਼ਕਲਾਂ ਪੇਸ਼ ਆਉਣਗੀਆਂ। ਉਨ੍ਹਾਂ ਕਿਹਾ ਸੜਕ ਵਿਚਕਾਰ ਡੂੰਘੇ-ਡੂੰਘੇ ਟੋਏ ਪੈਣ ਕਾਰਨ ਰਾਹਗੀਰਾਂ ਦਾ ਇਥੋਂ ਲੰਘਣਾ ਔਖਾ ਹੋਇਆ ਪਿਆ ਹੈ। ਉਨ੍ਹਾਂ ਕਿਹਾ ਇਸ ਮਾਮਲੇ ਸਬੰਧੀ ਸਬੰਧਿਤ ਵਿਭਾਗ ਨੂੰ ਫਰਿਆਦ ਵੀ ਕੀਤੀ ਗਈ ਹੈ ਪਰ ਉਨ੍ਹਾਂ ਵੀ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਿਸ ਕਰਕੇ ਕਿਸਾਨਾਂ ਅਤੇ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡ ਸਾਹੋਵਾਲ ਇਲਾਕੇ ਦੀਆਂ ਟੁੱਟੀਆਂ ਸੜਕਾਂ ਦਾ ਪੈਚਵਰਕ ਸਬੰਧਿਤ ਵਿਭਾਗ ਤੋਂ ਕਰਵਾਉਣ ਦੇ ਨਿਰਦੇਸ਼ ਜਾਰੀ ਕੀਤੇ ਜਾਣ ਜਿਸ ਨਾਲ ਕਿਸਾਨਾਂ ਨੂੰ ਫਸਲ ਮੰਡੀ ਵਿਚ ਲਿਆਉਣ ਤੋਂ ਇਲਾਵਾ ਰਾਹਗੀਰਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਜ਼ਿਲ੍ਹੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਖੇਤੀਬਾੜੀ ਵਿਭਾਗ ਨੇ ਜ਼ੀਰੋ ਬਰਨਿੰਗ ਦਾ ਟੀਚਾ ਮਿਥਿਆ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**— ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਨੇ ਇੱਥੇ ਕਿਹਾ ਕਿ ਜ਼ਿਲ੍ਹਾ ਐੱਸ.ਏ.ਐੱਸ.ਨਗਰ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਵੱਲੋਂ ਸਾਲ 2024-25 ਦੌਰਾਨ ਜ਼ੀਰੋ ਬਰਨਿੰਗ ਦਾ ਟੀਚਾ ਮਿਥਿਆ ਗਿਆ ਹੈ, ਜਿਸ ਦੀ ਪੂਰਤੀ ਲਈ ਕਿਸਾਨ ਅਤੇ ਕਿਸਾਨ ਜਥੇਬੰਦੀਆਂ ਦੇ ਭਰਪੂਰ ਸਹਿਯੋਗ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਕਣਕ ਦੀ ਕਟਾਈ ਬਾਅਦ ਤੂੜੀ ਬਨਾਉਣ ਉਪਰੰਤ ਬਚੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਵਾਹ ਕੇ ਝੋਨੇ ਦੀ ਲਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਐੱਸ.ਏ.ਐੱਸ.ਨਗਰ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ 1973 ( ਆਫ 1974) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਜ਼ਿਲ੍ਹੇ ਵਿੱਚ ਕੱਚਾ ਦਾਣਾ ਕੱਟਣ 'ਤੇ ਰੋਕ ਲਾਉਣ ਲਈ, ਜ਼ਿਲ੍ਹੇ ਵਿੱਚ ਸ਼ਾਮ ਦੇ 7 ਵਜੇ ਤੋਂ ਸਵੇਰ ਦੇ 9 ਵਜੇ ਤੱਕ ਕੰਬਾਈਨਾਂ ਨਾਲ ਕਟਾਈ ਕਰਨ 'ਤੇ ਰੋਕ ਲਗਾਉਣ ਦੇ ਹੁਕਮਾਂ ਦੇ ਨਾਲ ਨਾਲ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ 'ਤੇ ਪਾਬੰਦੀ ਸਬੰਧੀ ਵੀ ਜਾਣਕਾਰੀ ਦਿੱਤੀ।

ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ ਐੱਸ.ਏ.ਐੱਸ.ਨਗਰ ਵੱਲੋਂ ਕਿਸਾਨਾਂ ਨੂੰ ਕਣਕ ਦੀ ਮੌਜੂਦਾ ਸਥਿਤੀ ਕੀੜੇ ਮਕੌੜੇ ਅਤੇ ਬਿਮਾਰੀਆਂ ਦੀ ਸੁਚੱਜੀ ਰੋਕਥਾਮ, ਕਣਕ ਦਾ ਆਪਣਾ ਬੀਜ ਆਪ ਤਿਆਰ ਕਰਨ ਬਾਰੇ, ਮਿੱਟੀ ਦੀ ਸਿਹਤ ਵਿੱਚ ਆ ਰਹੇ ਨਿਘਾਰ ਅਤੇ ਇਸਦੀ ਸਾਂਭ-ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਦੇਖਿਆ ਗਿਆ ਹੈ ਕਿ ਕਣਕ ਦੀ ਕਟਾਈ ਸਮੇਂ ਬਿਜਲੀ ਦੀਆਂ ਤਾਰਾਂ ਢਿੱਲੀਆਂ ਹੋਣ, ਬਿਜਲੀ ਦੇ ਟਰਾਂਸਫਾਰਮਰ ਤੋਂ ਨਿਕਲੇ ਚੰਗਿਆੜਿਆਂ ਕਾਰਨ ਜਾਂ ਕਿਸੇ ਮਜਦੂਰ ਦੁਆਰਾ ਸੁੱਟੀ ਸੁਲਗਦੀ ਬੀੜੀ/ ਸਿਗਰਟ ਕਾਰਨ ਜਾਂ ਕਿਸੇ ਹੋਰ ਅਣਗਹਿਲੀ ਕਾਰਨ ਕਣਕ ਦੀ ਫਸਲ ਜਾਂ ਕਣਕ ਦੇ ਨਾੜ ਨੂੰ ਅੱਗ ਲੱਗ ਜਾਂਦੀ ਹੈ, ਜਿਸ ਨਾਲ ਫਸਲ ਦੇ ਨੁਕਸਾਨ ਹੋਣ ਦੇ ਨਾਲ-ਨਾਲ ਖੇਤੀ ਮਸ਼ੀਨਰੀ, ਪਸ਼ੂਆਂ ਅਤੇ ਮਨੁੱਖਾਂ ਦਾ ਬਹੁਤ ਨੁਕਸਾਨ ਹੋ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਖੇਤਾਂ ਦੇ ਉਪਰੋਂ ਬਿਜਲੀ ਦੀਆਂ ਤਾਰਾਂ ਢਿੱਲੀਆਂ ਹੋਣ ਤਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਤਾਰਾਂ ਕਸਵਾ ਲੈਣੀਆਂ ਚਾਹੀਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਬਿਜਲੀ ਦੇ ਟਰਾਂਸਫਰਮਰ ਦੇ ਆਲੇ ਦੁਆਲਿਓਂ ਇੱਕ ਮਰਲੇ ਰਕਬੇ ਵਿੱਚ ਕਣਕ ਦੀ ਕਟਾਈ ਪਹਿਲਾਂ ਕਰ ਲੈਣੀ ਚਾਹੀਦੀ ਹੈ, ਅੱਗ ਲੱਗਣ ਦੀ ਦੁਰਘਟਨਾਂ ਤੋਂ ਬਚਣ ਲਈ ਚੁਬੱਚਿਆਂ ਅਤੇ ਸਪਰੇ ਪੰਪਾਂ ਦੀਆਂ ਟੈਂਕੀਆਂ ਵਿੱਚ ਪਾਣੀ ਭਰ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ ਤਾਂ ਤੁਰੰਤ ਅੱਗ ਬੁਝਾਊ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਨਾ ਚਾਹੀਦਾ ਹੈ।

# ਰਿਜ਼ਰਵੇਸ਼ਨ ਦਾ ਆਧਾਰ ਆਰਥਿਕ ਮੰਦਹਾਲੀ ਹੋਵੇ, ਨਾ ਕਿ ਜਾਤ ਜਾਂ ਧਰਮ : ਗੜਾਂਗ, ਫੁਗਲਾਣਾ

**ਐਸ.ਏ.ਐਸ. ਨਗਰ, ( ਗੁਰਜੀਤ ਬਿੱਲਾ )** ਪੰਜਾਬ ਦੀਆਂ ਖੇਤਰੀ ਪਾਰਟੀਆਂ ਅਤੇ ਕੌਮੀ ਰਾਜਨੀਤਿਕ ਪਾਰਟੀਆਂ ਵਲੋਂ ਜਨਰਲ ਵਰਗ ਦੀਆਂ ਮੰਗਾਂ ਨੂੰ ਹਮੇਸ਼ਾ ਅਣਗੌਲਿਆ ਕਰਨ ਤੋਂ ਤੰਗ ਆ ਕੇ ਆਖ਼ਰਕਾਰ ਪੰਜਾਬ ਦੀਆਂ ਜਨਰਲ ਵਰਗ ਲਈ ਕੰਮ ਕਰਦੀਆਂ ਵੱਖ ਵੱਖ ਜਥੇਬੰਦੀਆਂ ਅਤੇ ਭਰਾਤਰੀ ਜਥੇਬੰਦੀਆਂ ਨੇ ਮਿਲ ਕੇ ਰਾਜਨੀਤਿਕ ਵਿੰਗ ਜਨਰਲ ਵਰਗ ਪੰਜਾਬ ਦਾ ਸਰਬਸੰਮਤੀ ਨਾਲ ਗਠਨ ਕੀਤਾ ਹੈ। ਜਿਸ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਬਲਬੀਰ ਸਿੰਘ ਫੁਗਲਾਣਾ ਨੂੰ ਪ੍ਰਧਾਨ, ਜਿਲਾ ਮੋਹਾਲੀ ਤੋਂ ਜਸਵੀਰ ਸਿੰਘ ਗੜਾਂਗ ਨੂੰ ਮੀਤ ਪ੍ਰਧਾਨ ਅਤੇ ਜਗਦੀਸ਼ ਸਿੰਗਲਾ ਸੰਗਰੂਰ ਨੂੰ ਜਨਰਲ ਸਕੱਤਰ ਵਜੋਂ ਚੁਣਿਆ ਗਿਆ ਹੈ।

ਮੋਹਾਲੀ ਪ੍ਰੈਸ ਕਲੱਬ ਵਿਖੇ ਇਕ ਪ੍ਰੈਸ ਕਾਨਫਰੰਸ ਦੌਰਾਨ ਵਿੰਗ ਦੇ ਆਗੂਆਂ ਨੇ ਦੱਸਿਆ ਕਿ ਇਸ ਵਿੰਗ ਨੂੰ ਸਥਾਪਿਤ ਕਰਨ ਦੀ ਲੋੜ ਇਸ ਕਰਕੇ ਪਈ ਕਿਉਂਕਿ ਪੰਜਾਬ ਦੀਆਂ ਖੇਤਰੀ ਪਾਰਟੀਆਂ ਅਤੇ ਕੌਮੀ ਰਾਜਨੀਤਿਕ ਪਾਰਟੀਆਂ ਨੇ ਹਮੇਸ਼ਾ ਹੀ ਜਨਰਲ ਵਰਗ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਹੈ ਅਤੇ ਜਨਰਲ ਵਰਗ ਦੇ ਲੋਕਾਂ ਦਾ ਲਗਾਤਾਰ ਸ਼ੋਸ਼ਣ ਹੋ ਰਿਹਾ ਹੈ। ਉਹਨਾਂ ਕਿਹਾ ਕਿ ਇਹਨਾਂ ਸਿਆਸੀ ਪਾਰਟੀਆਂ ਵੱਖ ਵੱਖ ਕੈਟਾਗਰੀਆਂ ਦੇ ਸਿਆਸੀ ਵਿੰਗ ਬਣਾਏ ਹੋਏ ਹਨ, ਪਰ ਜਨਰਲ ਕੈਟਾਗਰੀ ਦਾ ਕਿਸੇ ਵੀ ਸਿਆਸੀ ਪਾਰਟੀ ਨੇ ਵਿੰਗ ਨਹੀਂ ਬਣਾਇਆ। ਇਸ ਲਈ ਜਨਰਲ ਵਰਗ ਦੇ ਲੋਕਾਂ ਨੇ ਮਿਲ ਕੇ ਜਨਰਲ ਵਰਗ ਦਾ ਰਾਜਨੀਤਿਕ ਵਿੰਗ ਬਣਾਉਣ ਦਾ ਫੈਸਲਾ ਕੀਤਾ ਹੈ। ਉਹਨਾਂ ਕਿਹਾ ਕਿ ਇਹ ਵਿੰਗ ਚੋਣਾਂ ਦੌਰਾਨ ਜਨਰਲ ਵਰਗ ਦੀਆਂ ਮੰਗਾਂ ਨੂੰ ਜਿਹੜੀ ਵੀ ਰਾਜਸੀ ਪਾਰਟੀ ਆਪਣੇ ਮੈਨੀਫੈਸਟੋ ਵਿੱਚ ਪਾਵੇਗੀ ਜਾਂ ਲਿਖਤੀ ਭਰੋਸਾ ਦੇਵੇਗੀ, ਉਸ ਪਾਰਟੀ ਦੀ ਡੱਟ ਕੇ ਹਮਾਇਤ ਕੀਤੀ ਜਾਵੇਗੀ।ਉਪਰੋਕਤ ਆਗੂਆਂ ਨੇ ਸੂਬੇ ਦੀਆਂ ਰਵਾਇਤੀ ਰਾਜਸੀ ਪਾਰਟੀਆਂ ਪ੍ਰਤੀ ਸ਼ਿਕਵੇ ਪ੍ਰਗਟ ਕਰਦਿਆਂ ਕਿਹਾ ਕਿ ਵੱਖ-ਵੱਖ ਸਮੇਂ ਮਾਨਯੋਗ ਅਦਾਲਤਾਂ ਵੱਲੋਂ ਸੁਣਾਏ ਫੈਸਲਿਆਂ ਨੂੰ ਲਾਗੂ ਨਹੀਂ ਕੀਤਾ ਜਾਂਦਾ ਅਤੇ ਇਹਨਾਂ ਫੈਸਲਿਆਂ ਨੂੰ ਖਤਮ ਕਰਨ ਲਈ ਸੰਵਿਧਾਨ ਵਿੱਚ ਹੀ ਸੋਧਾਂ ਕਰ ਦਿੱਤੀਆਂ ਜਾਂਦੀਆਂ ਹਨ। ਉਹਨਾਂ ਇਹ ਵੀ ਦੱਸਿਆ ਕਿ ਸਮੇਂ ਦੀਆਂ ਸਰਕਾਰਾਂ ਵੱਲੋਂ ਹੋਰਨਾਂ ਵਰਗਾਂ ਦੀਆਂ ਸਮੱਸਿਆਵਾਂ ਸੁਣਨ ਲਈ ਵੱਖ-ਵੱਖ ਤਰ੍ਹਾਂ ਦੇ ਪਲੇਟਫਾਰਮ ਬਣਾਏ ਹੋਏ ਹਨ ਪਰ ਜਨਰਲ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਕੋਈ ਵੀ ਅਜਿਹਾ ਪਲੇਟਫਾਰਮ ਨਹੀਂ ਬਣਾਇਆ। ਬੜੇ ਲੰਮੇ ਸਮੇਂ ਬਾਅਦ ਕਾਂਗਰਸ ਦੀ ਚੰਨੀ ਸਰਕਾਰ ਵੱਲੋਂ ਗੁਜਰਾਤ ਪੈਟਰਨ ਤੇ ਪੰਜਾਬ ਵਿੱਚ ਵੀ 'ਕਮਿਸ਼ਨ ਫਾਰ ਜਨਰਲ ਕੈਟਾਗਰੀ ਪੰਜਾਬ' ਦੀ ਸਥਾਪਨਾ ਕੀਤੀ ਸੀ। ਪਰ ਪੰਜਾਬ ਦੀ ਮੌਜੂਦਾ ਸਰਕਾਰ ਨੇ ਦੋ ਸਾਲਾਂ ਦਾ ਸਮਾਂ ਬੀਤ ਜਾਣ ਤੇ ਵੀ ਇਸ ਕਮਿਸ਼ਨ ਦਾ ਨਾ ਤਾਂ ਕੋਈ ਚੇਅਰਮੈਨ ਲਾਇਆ ਹੈ ਅਤੇ ਨਾ ਹੀ ਕੋਈ ਦਫਤਰੀ ਅਮਲਾ ਤਾਇਨਾਤ ਕੀਤਾ ਹੈ। ਇਸ ਕਾਰਨ ਜਨਰਲ ਵਰਗ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਵਿਰੋਧੀ ਪਾਰਟੀ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਜਨਰਲ ਕੈਟਾਗਰੀ ਦੇ ਕਮਿਸ਼ਨ ਦਾ ਚੇਅਰਮੈਨ ਲਾਉਣ ਦਾ ਮੁੱਦਾ ਵਿਧਾਨ ਸਭਾ ਵਿੱਚ ਵੀ ਉਠਾਇਆ ਸੀ ਪਰ ਫਿਰ ਵੀ ਸਰਕਾਰ ਨੇ ਇਸ ਮੁੱਦੇ ਨੂੰ ਗੰਭੀਰਤਾ ਨਾਲ ਨਹੀਂ ਲਿਆ। ਆਗੂਆਂ ਨੇ ਅੱਗੇ ਕਿਹਾ ਕਿ ਇਹੀ ਕਾਰਨ ਸਾਨੂੰ ਰਾਜਨੀਤਿਕ ਵਿੰਗ ਫਾਰ ਜਨਰਲ ਵਰਗ ਬਣਾਉਣ ਲਈ ਮਜਬੂਰ ਹੋਣਾ ਪਿਆ। ਬਹੁਤ ਜਲਦੀ ਜ਼ਿਲ੍ਹਾ ਪੱਧਰ ਦੇ ਯੂਨਿਟਾਂ ਦਾ ਗਠਨ ਵੀ ਕਰ ਦਿੱਤਾ ਜਾਵੇਗਾ। ਸਮਾਂ ਪੈਣ 'ਤੇ ਜਨਰਲ ਵਰਗ ਦੇ ਵਿਦਿਆਰਥੀ ਵਿੰਗ ਵੀ ਬਣਾਏ ਜਾਣਗੇ।

ਇਸ ਦੌਰਾਨ ਗਠਨ ਦੇ ਚੁਣੇ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਰਲ ਕੈਟਾਗਰੀ ਦੇ ਕਮਿਸ਼ਨ ਨੂੰ ਤੁਰੰਤ ਚਾਲੂ ਕੀਤਾ ਜਾਵੇ ਤਾਂ ਕਿ ਜਨਰਲ ਵਰਗ ਦੇ ਲੋਕਾਂ ਦੀ ਨਰਾਜ਼ਗੀ ਤੋਂ ਬਚਿਆ ਜਾ ਸਕੇ। ਇਸ ਮੌਕੇ ਦਿਲਬਾਰਾ ਸਿੰਘ ਅਤੇ ਹਰਚੰਦ ਸਿੰਘ ਫਤਿਹਗੜ੍ਹ ਸਾਹਿਬ, ਸੁਰਿੰਦਰ ਸਿੰਘ ਬਾਸੀ ਅਤੇ ਹਰਮਿੰਦਰ ਸਿੰਘ ਸੋਹੀ ਜ਼ਿਲਾ ਮੋਹਾਲੀ, ਅਵਤਾਰ ਸਿੰਘ ਪਟਿਆਲਾ, ਸੁਰਿੰਦਰਪਾਲ ਸਿੰਘ ਖੱਟੜਾ ਮੋਹਾਲੀ, ਜਗਤਾਰ ਸਿੰਘ ਭੂੰਗਰਨੀ, ਵਰਿੰਦਰ ਸਿੰਘ ਭਿੰਡਰ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਬਲਵੀਰ ਸਿੰਘ ਪਟਿਆਲਾ ਹਾਜ਼ਰ ਸਨ।



# ਟਰੈਕਟਰ ਦੀ ਟੱਕਰ ਵੱਜਣ 'ਤੇ ਮੋਟਰਸਾਈਕਲ ਸਵਾਰ ਗੰਭੀਰ ਜ਼ਖ਼ਮੀ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਤਿੱਬੜੀ ਪੁਲਿਸ ਨੇ ਮੋਟਰਸਾਈਕਲ ਸਵਾਰ ਨੂੰ ਟੱਕਰ ਮਾਰ ਕੇ ਜ਼ਖਮੀ ਕਰਨ 'ਤੇ ਟਰੈਕਟਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਤਿੱਬੜ ਪੁਲਿਸ ਦੇ ਏਐੱਸਆਈ. ਮਹਿੰਦਰਪਾਲ ਨੇ ਦੱਸਿਆ ਕਿ ਪ੍ਰਗਟ ਮਸੀਹ ਪੁੱਤਰ ਗੁਲਜਾਰ ਮਸੀਹ ਵਾਸੀ ਗੋਹਤ ਪੋਖਰ ਨੇ ਆਪਣੇ ਬਿਆਨਾਂ ਵਿਚ ਕਿਹਾ ਕਿ ਮੈਂ ਆਪਣੇ ਮੋਟਰਸਾਈਕਲ ਨੰਬਰੀ ਯੂ.ਪੀ.43.ਬੀ.8984 ਬੁੱਲਟ 'ਤੇ ਸਵਾਰ ਹੋ ਕੇ ਆਪਣੀ ਹਵੇਲੀ ਤੋਂ ਆਇਆ ਸੀ ਕਿ ਸਮਾਂ ਰਾਤ 9.30 ਵਜੇ ਆਪਣੇ ਘਰ ਦੇ ਰੈਂਪ ਉਪਰ ਚੜ੍ਹਾ ਰਿਹਾ ਸੀ ਤਾਂ ਸੂਏ ਵਾਲੀ ਸਾਈਡ ਤੋਂ ਇੱਕ ਟਰੈਕਟਰ ਮਹਿੰਦਰਾ 575 ਜਿਸ ਦੇ ਪਿੱਛੇ ਹੱਲਾਂ ਪਾਈਆਂ ਹੋਈਆਂ ਸਨ, ਨੂੰ ਦੋਸ਼ੀ ਅਮਰੀਕ ਸਿੰਘ ਵਿੱਕੀ ਤੇਜ਼ ਰਫਤਾਰ ਨਾਲ ਚਲਾ ਰਿਹਾ ਸੀ ਜਿਸ ਨੇ ਆਪਣਾ ਟਰੈਕਟਰ ਲਾਪ੍ਰਵਾਹੀ ਨਾਲ ਚਲਾ ਕੇ ਪੀੜਤ ਦੇ ਮੋਟਰਸਾਈਕਲ ਨੂੰ ਸਿੱਧੀ ਟੱਕਰ ਮਾਰੀ। ਪੀੜਤ ਦੇ ਕਾਫੀ ਸੱਟਾਂ ਲੱਗੀਆਂ ਅਤੇ ਮੋਟਰਸਾਈਕਲ ਦਾ ਵੀ ਨੁਕਸਾਨ ਹੋਇਆ ਹੈ। ਪੀੜਤ ਜ਼ੇਰੇ ਇਲਾਜ ਹੈ। ਥਾਣਾ ਤਿੱਬੜ ਪੁਲਸ ਨੇ ਟਰੈਕਟਰ ਚਾਲਕ ਖ਼ਿਲਾਫ਼ ਜ਼ੇਰੇ ਧਾਰਾ 279, 337, 338 ਅਤੇ 427 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

6-Apral-PAGE-4.qxd 4/5/2024 9:05 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 6 ਅਪ੍ਰੈਲ 2024

# ਭਾਜਪਾ ਦੀ ਵਾਸ਼ਿੰਗ ਮਸ਼ੀਨ

ਅਜ਼ਾਦੀ ਤੋਂ ਬਾਅਦ ਸ਼ਾਇਦ ਇਹ ਪਹਿਲੀਆਂ ਲੋਕ ਸਭਾ ਚੋਣਾਂ ਹਨ, ਜਦੋਂ ਸੱਤਾਧਾਰੀ ਪਾਰਟੀ ਲੋਕ ਮਸਲਿਆਂ ਦੀ ਥਾਂ ਬੇਤੁਕੇ ਨਾਅਰਿਆਂ ਉੱਤੇ ਚੋਣ ਲੜ ਰਹੀ ਹੈ। ਇਹ ਇਸ ਲਈ ਹੈ ਕਿ ਪਿਛਲੇ ਦਸਾਂ ਸਾਲਾਂ ਦੇ ਰਾਜ ਦੌਰਾਨ ਹਾਕਮ ਪਾਰਟੀ ਭਾਜਪਾ ਕੋਲ ਆਪਣੀ ਕਾਰਗੁਜ਼ਾਰੀ ਦੇ ਨਾਂ ਉੱਤੇ ਸਿਫ਼ਰ ਪ੍ਰਾਪਤੀ ਹੈ। ਉਂਜ ਵੀ ਭਾਜਪਾ ਇਸ ਸਮੇਂ ਇੱਕ ਵਿਅਕਤੀ ਦੇ ਦੁਆਲੇ ਸੁੰਗੜ ਚੁੱਕੀ ਹੈ। ਪ੍ਰਧਾਨ ਮੰਤਰੀ ਮੋਦੀ ਪਾਰਟੀ ਦੇ ਸਰਵੋਸਰਵਾ ਹਨ। ਉ; ਦੇ ਮੂੰਹ ਵਿੱਚੋਂ ਜੋ ਵਾਕ ਨਿਕਲਦਾ ਹੈ, ਸਮੁੱਚੀ ਪਾਰਟੀ ਉਸ ਵਾਕ ਦਾ ਸਿਮਰਨ ਕਰਨ ਲੱਗ ਜਾਂਦੀ ਹੈ। ਪ੍ਰਧਾਨ ਮੰਤਰੀ ਕੋਲ ਇੱਕੋ ਫਾਰਮੂਲਾ ਹੈ, ਝੂਠ ਨੂੰ ਸੱਚ ਬਣਾ ਕੇ ਜਨਤਾ ਸਾਹਮਣੇ ਪੇਸ਼ ਕਰ ਦੇਣਾ। ਕਾਂਗਰਸ ਦਾ ਪਰਵਾਰਵਾਦ ਤੇ ਵਿਰੋਧੀ ਆਗੂਆਂ ਨੂੰ ਮਹਾਂਭ੍ਰਿਸ਼ਟ ਪੇਸ਼ ਕਰਨਾ ਤਾਂ ਉਸ ਦਾ ਤਕੀਆ ਕਲਾਮ ਬਣ ਚੁੱਕਾ ਹੈ। ਹੁਣ ਤਾਂ ਉਸ ਦੇ ਪਰਵਾਰਵਾਦੀ ਅਸਤਰ ਵੀ ਖੁੰਢੇ ਹੋ ਚੁੱਕੇ ਹਨ, ਕਿਉਂਕਿ ਉਸ ਦੀ ਪਾਰਟੀ ਤੇ ਸਹਿਯੋਗੀ ਦਲਾਂ ਦੇ ਉਮੀਦਵਾਰਾਂ ਦੀ ਜਿਹੜੀ ਲਿਸਟ ਸਾਹਮਣੇ ਆ ਚੁੱਕੀ ਹੈ, ਉਹ ਪਾਰਟੀ ਆਗੂਆਂ ਦੇ ਪੁੱਤਾਂ, ਧੀਆਂ ਤੇ ਭਰਾਵਾਂ ਨਾਲ ਭਰੀ ਪਈ ਹੈ।

ਚੋਣ ਬਾਂਡ ਘਪਲੇ ਨੇ ਉਸ ਦੇ ਵਿਰੋਧੀ ਆਗੂਆਂ ਵਿਰੁੱਧ ਭ੍ਰਿਸ਼ਟਾਚਾਰ ਦੇ ਮੁੱਦੇ ਦਾ ਵੀ ਜਨਾਜ਼ਾ ਕੱਢ ਦਿੱਤਾ ਹੈ। ਦੇਸ਼ ਦੇ ਇਸ ਚੋਣ ਬਾਂਡ ਘਪਲੇ ਦੀ ਗੂੰਜ ਦੇਸ਼ ਹੀ ਨਹੀਂ, ਵਿਦੇਸ਼ਾਂ ਤੱਕ ਵੀ ਸੁਣੀ ਜਾ ਸਕਦੀ ਹੈ। ਇਸ ਦੇ ਬਾਵਜੂਦ ਹਾਕਮ ਧਿਰ ਈ ਡੀ ਤੇ ਸੀ ਬੀ ਆਈ ਰਾਹੀਂ ਵਿਰੋਧੀ ਦਲਾਂ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਉਤੇ ਭ੍ਰਿਸ਼ਟਾਚਾਰ ਦਾ ਤਮਗਾ ਲਾ ਕੇ ਇਸ ਮੁੱਦੇ ਨੂੰ ਜਿਉਂਦਾ ਰੱਖਣ ਲਈ ਜਤਨਸ਼ੀਲ ਹੈ। ਇਸੇ ਕੜੀ ਅਧੀਨ ਪਹਿਲਾਂ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਤੇ ਫਿਰ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦੂਜੇ ਪਾਸੇ ਪ੍ਰਿੰਟ ਤੇ ਸੋਸ਼ਲ ਮੀਡੀਆ ਦੇ ਕੁਝ ਹਿੱਸੇ ਇਸ ਫਰੰਟ ਉੱਤੇ ਵੀ ਭਾਜਪਾ ਦੀ ਸਚਾਈ ਲੋਕਾਂ ਸਾਹਮਣੇ ਲਿਆਉਣ ਦੀ ਕੋਸ਼ਿਸ਼ ਕਰ ਰਹੇ ਹਨ। ਇੱਕ ਅੰਗਰੇਜ਼ੀ ਅਖ਼ਬਾਰ ਨੇ ਪਿਛਲੇ ਦਿਨੀਂ ਇੱਕ ਰਿਪੋਰਟ ਛਾਪੀ ਸੀ ਕਿ ਕਿਸ ਤਰ੍ਹਾਂ ਭ੍ਰਿਸ਼ਟਾਚਾਰ ਵਿੱਚ ਲਿੱਬੜੇ ਆਗੂਆਂ ਨੂੰ ਭਾਜਪਾ ਦੀ ਵਾਸ਼ਿੰਗ ਮਸ਼ੀਨ ਰਾਹੀਂ ਸਾਫ਼-ਸੁਥਰੇ ਬਣਾ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ ਸੀ।

ਇਸ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਜਿਹੜੇ 25 ਆਗੂ ਕੇਂਦਰੀ ਜਾਂਚ ਏਜੰਸੀਆਂ ਦੀ ਜਾਂਚ ਦਾ ਸਾਹਮਣਾ ਕਰ ਰਹੇ ਸਨ, ਉਨ੍ਹਾਂ ਵਿੱਚੋਂ 23 ਦੇ ਭਾਜਪਾ ਵਿੱਚ ਸ਼ਾਮਲ ਤੋਂ ਬਾਅਦ ਉਨ੍ਹਾਂ ਨੂੰ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚੋਂ ਰਾਹਤ ਮਿਲ ਚੁੱਕੀ ਹੈ। ਇਨ੍ਹਾਂ ਵਿੱਚ ਤਿੰਨ ਦੇ ਕੇਸ ਬੰਦ ਕਰ ਦਿੱਤੇ ਗਏ ਹਨ ਤੇ 20 ਦੇ ਕੇਸਾਂ ਨੂੰ ਠੰਢੇ ਬਸਤੇ ਵਿੱਚ ਪਾ ਦਿੱਤਾ ਗਿਆ ਹੈ। ਇਨ੍ਹਾਂ 25 ਵਿੱਚੋਂ ਬਚਦੇ ਦੋ ਵੀ ਭਾਜਪਾ ਵਿੱਚ ਸ਼ਾਮਲ ਹੋ ਚੁੱਕੇ ਹਨ, ਪਰ ਕੇਸਾਂ ਵਿੱਚ ਢਿੱਲ ਦਿੱਤੇ ਜਾਣ ਦਾ ਕੋਈ ਸਬੂਤ ਨਹੀਂ ਹੈ। ਇਨ੍ਹਾਂ ਵਿੱਚੋਂ ਇੱਕ ਜਿਓਤੀ ਮਿਰਧਾ ਨੂੰ ਤਾਂ ਭਾਜਪਾ ਨੇ ਟਿਕਟ ਵੀ ਦੇ ਦਿੱਤੀ ਹੈ।

ਇਹ ਲੋਕ ਜਿਹੜੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਦਾ ਸਾਹਮਣਾ ਕਰਦਿਆਂ ਆਪਣੀ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ, ਉਨ੍ਹਾਂ ਵਿੱਚ ਦਸ ਕਾਂਗਰਸ, ਚਾਰ-ਚਾਰ ਐਨ ਸੀ ਪੀ ਤੇ ਸ਼ਿਵ ਸੈਨਾ, ਤਿੰਨ ਟੀ ਐਮ ਸੀ, ਦੋ ਤੇਲਗੂ ਦੇਸਮ ਤੇ ਇੱਕ-ਇੱਕ ਸਮਾਜਵਾਦੀ ਪਾਰਟੀ ਤੇ ਵਾਈ ਐਸ ਆਰ ਕਾਂਗਰਸ ਪਾਰਟੀ ਦੇ ਹਨ।

ਇਸ ਰਿਪੋਰਟ ਮੁਤਾਬਕ ਦਲਬਦਲੀ ਕਰਨ ਵਾਲੇ ਇਨ੍ਹਾਂ ਆਗੂਆਂ ਵਿੱਚ ਅਜੀਤ ਪਵਾਰ, ਪ੍ਰਫੁੱਲ ਪਟੇਲ, ਅਸ਼ੋਕ ਚਵਾਨ, ਹਿੰਮਤ ਬਿਸਵਾ ਸਰਮਾ, ਸੁਭੇਂਦੂ ਅਧਿਕਾਰੀ, ਪ੍ਰਤਾਪ ਸਰਨਾਈਕ, ਹਸਨ ਮੁਸ਼ਰੀਫ ਤੇ ਭਾਵਨਾ ਗਵਲੀ ਵਰਗੇ ਉੱਘੇ ਨਾਂ ਸ਼ਾਮਲ ਹਨ। ਦੂਜੀਆਂ ਪਾਰਟੀਆਂ ਵਿੱਚੋਂ ਆਏ ਇਨ੍ਹਾਂ ਆਗੂਆਂ ਨੂੰ ਭਾਜਪਾ ਲੋਕ ਸਭਾ ਦੀਆਂ ਸੀਟਾਂ ਦੇ ਕੇ ਸਨਮਾਨਤ ਕਰ ਰਹੀ ਹੈ। ਕੁਝ ਆਗੂ ਤਾਂ ਲੋਕ ਸਭਾ ਚੋਣਾਂ ਦੇ ਐਲਾਨ ਤੋਂ ਐਨ ਪਹਿਲਾਂ ਭਾਜਪਾ ਵਿੱਚ ਸ਼ਾਮਲ ਹੋਏ ਹਨ। ਇਨ੍ਹਾਂ ਵਿੱਚ ਗੈਰਕਾਨੂੰਨੀ ਖੁਦਾਈ ਘੁਟਾਲੇ ਵਿੱਚ ਸ਼ਾਮਲ ਜਨਾਰਧਨ ਰੈਡੀ ਵੀ ਸ਼ਾਮਲ ਹੈ। ਇੱਕ ਹੋਰ ਰਿਪੋਰਟ ਮੁਤਾਬਕ 2014 ਤੋਂ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਸਤੰਬਰ 2022 ਤੱਕ ਈ ਡੀ ਨੇ 121 ਆਗੂਆਂ ਉੱਤੇ ਕਾਰਵਾਈ ਕਰਕੇ, ਆਪਣੀ ਜਾਂਚ ਦੇ ਦਾਇਰੇ ਵਿੱਚ ਲਿਆਂਦਾ ਸੀ। ਇਨ੍ਹਾਂ ਵਿੱਚੋਂ 115 ਵਿਰੋਧੀ ਪਾਰਟੀਆਂ ਦੇ ਸਨ। ਉਸ ਤੋਂ ਬਾਅਦ ਦੀਆਂ ਈ ਡੀ ਕਾਰਵਾਈਆਂ ਨੂੰ ਸ਼ਾਮਲ ਕਰ ਲਿਆ ਜਾਵੇ ਤਾਂ ਲਿਸਟ ਹੋਰ ਲੰਮੀ ਹੋ ਜਾਵੇਗੀ। ਰਿਪੋਰਟ ਵਿੱਚ ਇਹ ਜ਼ਿਕਰ ਨਹੀਂ ਹੈ ਕਿ ਇਸ ਦੌਰਾਨ ਕੋਈ ਭਾਜਪਾ ਆਗੂ ਵੀ ਈ ਡੀ ਦੀ ਰਾਡਾਰ ਉੱਤੇ ਆਇਆ ਹੋਵੇ, ਸ਼ਾਇਦ ਕੋਈ ਨਹੀਂ।

ਇਸ ਸਮੇਂ ਭਾਜਪਾ ਦੇ ਦੋ ਮੁੱਖ ਆਗੂ ਹਾਰ ਦੇ ਡਰ ਤੋਂ ਏਨੇ ਡਰੇ ਹੋਏ ਹਨ ਕਿ ਉਹ ਚੋਣ ਜਿੱਤਣ ਲਈ ਹਰ ਘਟੀਆ ਤੋਂ ਘਟੀਆ ਦਾਅ ਖੇਡਣ ਵਿੱਚ ਮਸਰੂਫ ਹਨ। ਮੌਜੂਦਾ ਚੋਣ ਜੰਗ ਵਿੱਚ ਭਾਜਪਾ ਵਿਰੁੱਧ ਵਿਰੋਧੀ ਦਲਾਂ ਤੋਂ ਵੱਧ ਜਨਤਾ ਲੜ ਰਹੀ ਹੈ। ਇਸ ਸਮੇਂ ਸਭ ਤੋਂ ਵੱਡਾ ਸਵਾਲ ਵਿਰੋਧੀ ਦਲਾਂ ਲਈ ਇਹ ਹੈ ਕਿ ਉਹ ਜਨਤਾ ਨੂੰ ਯਕੀਨ ਦਿਵਾ ਦੇਵੇ ਕਿ ਭਾਜਪਾ ਦਾ ਮੁੜ ਸੱਤਾ ਵਿੱਚ ਆਉਣਾ ਦੇਸ਼ ਤੇ ਲੋਕਾਂ ਲਈ ਬੇਹੱਦ ਖ਼ਤਰਨਾਕ ਹੈ। ਹਰ ਵਿਅਕਤੀ ਤੱਕ ਇਹ ਸੁਨੇਹਾ ਪੁੱਜੇ, ਇਸ ਲਈ ਹਰ ਸਾਧਨ ਵਰਤਿਆ ਜਾਣਾ ਜ਼ਰੂਰੀ ਹੈ।

-ਚੰਦ ਫਤਿਹਪੁਰੀ

# ਕਿਰਤ ਸੱਭਿਆਚਾਰ ਤੇ ਸਮਾਜ


ਗੁਰਚਰਨ ਸਿੰਘ ਨੂਰਪੁਰ

ਕਿਸੇ ਦਾਰਸ਼ਨਿਕ ਕਿਹਾ ਹੈ, 'ਮਨੁੱਖ ਕੋਲ ਜਿਊਣ ਲਈ ਕੇਵਲ ਇੱਕ ਜ਼ਿੰਦਗੀ ਹੈ, ਉਸ ਨੇ ਇਹ ਦੇਖਣਾ ਹੈ ਕਿ ਉਸ ਨੇ ਇਸ ਨੂੰ ਕਿਵੇਂ ਜਿਊਣਾ ਹੈ।' ਇੱਕ ਹੋਰ ਦਾਰਸ਼ਨਿਕ ਲਿਖਦਾ ਹੈ, 'ਅਸੀਂ ਸਭ ਨੇ ਇੱਕ ਨਾ ਇੱਕ ਦਿਨ ਮੌਤ ਤੋਂ ਹਾਰ ਜਾਣਾ ਹੈ, ਭਾਵ ਇੱਕ ਨਾ ਇੱਕ ਦਿਨ ਇੱਥੇ ਨਹੀਂ ਹੋਵਾਂਗੇ, ਫਿਰ ਉਹ ਅੱਗੇ ਸਵਾਲ ਕਰਦਾ ਹੈ ਕਿ 'ਮਨੁੱਖ ਦੀ ਜ਼ਿੰਦਗੀ ਦਾ ਹਾਸਲ ਕੀ ਹੋਇਆ?' ਇਸ ਦੇ ਜਵਾਬ ਵਿੱਚ ਉਹ ਕਹਿੰਦਾ ਹੈ, 'ਮਨੁੱਖ ਦੀ ਜ਼ਿੰਦਗੀ ਦਾ ਹਾਸਲ ਇਹ ਹੈ ਕਿ ਉਸ ਨੇ ਇਸ ਜ਼ਿੰਦਗੀ ਨੂੰ ਕਿਵੇਂ ਜੀਵਿਆ। ਸਾਡਾ ਧਰਤੀ 'ਤੇ ਆਉਣਾ ਤਾਂ ਹੀ ਸਾਰਥਕ ਹੈ, ਜੇਕਰ ਅਸੀਂ ਇਸ ਸਮੇਂ ਦੌਰਾਨ ਵੱਧ ਤੋਂ ਵੱਧ ਉਹ ਕਾਰ-ਵਿਹਾਰ ਕਰੀਏ, ਜਿਹਨਾਂ ਨਾਲ ਸਾਡੀ ਸ਼ਖਸੀਅਤ ਵਿੱਚ ਵੀ ਨਿਖਾਰ ਆਵੇ ਅਤੇ ਸਮਾਜ ਦਾ ਵੀ ਭਲਾ ਹੋਵੇ। ਪੁਰਾਣੇ ਵੇਲਿਆਂ ਵਿੱਚ ਇੱਕ ਅਖਾਣ ਵਰਤਿਆ ਜਾਂਦਾ ਸੀ 'ਕਿਰਤ ਵਿੱਚ ਸਦਾ ਬਰਕਤਾਂ ਨੇ', ਭਾਵ ਕਿਰਤ ਮਨੁੱਖ ਨੂੰ ਆਰਥਕ ਪੱਖੋਂ ਹੀਂ ਨਹੀਂ, ਸਗੋਂ ਸਰੀਰਕ ਅਤੇ ਮਾਨਕਿਸ ਪੱਖੋਂ ਵੀ ਸਿਹਤਮੰਦ ਬਣਾਉਂਦੀ ਹੈ। ਕਿਰਤ ਬਾਰੇ ਕਾਰਲ ਮਾਰਕਸ ਨੇ ਲਿਖਿਆ ਹੈ, 'ਕਿਰਤ ਉਹ ਪ੍ਰਕਿਰਿਆ ਹੈ, ਜਿਸ ਵਿੱਚ ਮਨੁੱਖ ਅਤੇ ਪ੍ਰਕਿਰਤੀ ਦੋਵੇਂ ਸ਼ਾਮਲ ਹੁੰਦੇ ਹਨ, ਅਸੀਂ ਪੰਜਾਬ ਦੇ ਲੋਕ ਜੇ ਕਿਸੇ ਮਹਾਨ ਸ਼ਖਸੀਅਤ ਨੂੰ ਸਭ ਤੋਂ ਵੱਧ ਮਾਨ ਦਿੰਦੇ ਹਾਂ ਤਾਂ ਉਹ ਹਨ ਗੁਰੂ ਨਾਨਕ ਦੇਵ ਜੀ। ਉਹਨਾਦਾ ਪਹਿਲਾ ਉਪਦੇਸ਼ ਇਹ ਸੀ ਕਿ ਕਿਰਤ ਕਰੋ। ਉਹਨਾ ਗੁਰਬਾਣੀ ਵਿੱਚ ਫੁਰਮਾਇਆ:

*ਘਾਲਿ ਖਾਇ ਕਿਛ ਹਥਹੁ ਦੇਹਿ ॥ ਨਾਨਕ ਰਾਹੁ ਪਛਾਣਹਿ ਸੇਇ ॥*

ਗੁਰੂ ਜੀ ਨੇ ਸੁਲਤਾਨਪੁਰ ਵਿਖੇ ਕਈ ਸਾਲ ਹੱਟ ਵੀ ਚਲਾਈ ਅਤੇ ਬਾਅਦ ਵਿੱਚ ਮਗਰੋਂ ਕਰਤਾਰਪੁਰ ਸਾਹਿਬ ਵਿਖੇ ਸਤਾਰਾਂ ਸਾਲ ਖੇਤੀ ਕੀਤੀ। ਉਹਨਾ ਕਿਰਤ ਦਾ ਕੇਵਲ ਉਪਦੇਸ਼ ਹੀ ਨਹੀਂ ਦਿੱਤਾ, ਬਲਕਿ ਆਪਣੇ ਇਸ ਉਪਦੇਸ਼ ਨੂੰ ਜੀਵਿਆ ਵੀ। ਗੁਰੂ ਨਾਨਕ ਜੀ ਜਦੋਂ ਚਾਰ ਉਦਾਸੀਆਂ ਕਰਕੇ ਆਪਣੇ ਘਰ ਪਰਤੇ ਤਾਂ ਇਤਿਹਾਸਕਾਰ ਦੱਸਦੇ ਹਨ ਕਿ ਉਹਨਾ ਸਾਧਾਂ-ਸੰਤਾਂ ਵਾਲਾ ਚੋਲਾ ਲਾਹ ਕੇ ਇੱਕ ਕਿਸਾਨ ਵਾਲੇ ਕੱਪੜੇ ਪਹਿਨ ਲਏ ਅਤੇ ਆਪਣੇ ਪੁੱਤਰਾਂ ਨੂੰ ਕਿਹਾ ਆਓ ਮੇਰੇ ਨਾਲ ਚੱਲੋ ਖੇਤਾਂ ਵਿੱਚ ਕੰਮ ਕਰੀਏ। ਅੱਜਕਲ੍ਹ ਦੇ ਸਾਧ ਸੰਤ ਉਸ ਮਹਾਨ ਗੁਰੂ ਦਾ ਨਾਮ ਵਰਤ ਕੇ ਆਪ ਮਾਲਾ-ਮਾਲ ਤਾਂ ਹੋ ਰਹੇ ਹਨ, ਪਰ ਉਹਨਾਂ ਵੱਲੋਂ ਵਿਖਾਏ ਕਿਰਤ ਦੇ ਮਾਰਗ ਦੀ ਗੱਲ ਨਹੀਂ ਕਰਦੇ। ਗੁਰੂ ਜੀ ਦੀ ਇੱਕ ਬੜੀ ਪਿਆਰੀ ਤਸਵੀਰ ਹੈ, ਜਿਸ ਵਿੱਚ ਉਹ ਹਲ ਵਾਹ ਰਹੇ ਹਨ, ਉਹ ਹੁਣ ਅਲੋਪ ਹੋ ਰਹੀ ਹੈ। ਡੇਰਿਆਂ, ਸੰਪਰਦਾਵਾਂ 'ਤੇ ਤਾਂ ਉਹ ਤਸਵੀਰ ਬਿਲਕੁਲ ਹੀ ਕਿਤੇ ਨਜ਼ਰ ਨਹੀਂ ਆਉਂਦੀ। ਸਾਡੇ ਸਮਾਜ ਦੀ ਹਕੀਕਤ ਇਹ ਹੈ ਕਿ ਅਸੀਂ ਗ੍ਰੰਥਾਂ, ਸ਼ਾਸਤਰਾਂ ਦੀ ਪੂਜਾ ਤਾਂ ਕਰਨ ਲੱਗ ਪਏ ਹਾਂ, ਪਰ ਅੰਦਰੋਂ ਖੋਖਲੇ ਹੋ ਗਏ ਹਾਂ। ਸਾਡੇ ਘਰਾਂ ਵਿੱਚ ਪੂਜਾ ਰੂਮ ਬਣ ਗਏ ਹਨ, ਪਰ ਵਿਹਾਰ ਸਾਜ਼ਿਸ਼ੀ ਹੋ ਗਿਆ ਹੈ। ਲੋੜ ਇਸ ਗੱਲ ਦੀ ਸੀ ਕਿ ਇੱਥੇ ਸਭ ਲੋਕ ਕੰਮ ਕਰਦੇ, ਕਿਰਤ ਨਾਲ ਜੁੜਦੇ, ਪਰ ਅਸੀਂ ਇਸ ਤੋਂ ਉਲਟ ਇੱਥੇ ਪੂਜਾ ਨੂੰ ਕੰਮ ਬਣਾ ਲਿਆ ਹੈ। ਜਿਹੜੇ ਸਮਾਜਾਂ ਵਿੱਚ ਬਹੁਗਿਣਤੀ ਲੋਕ ਕਿਰਤ ਨਾਲ ਜੁੜੇ ਹੋਏ ਹੁੰਦੇ ਹਨ, ਉੱਥੇ ਲੋਕਾਂ ਵਿੱਚ ਚੰਗੀਆਂ ਨੈਤਿਕ ਕਦਰਾਂ-ਕੀਮਤਾਂ ਦਾ ਸੰਚਾਰ ਹੁੰਦਾ ਹੈ ਅਤੇ ਇਹਦਾ ਪ੍ਰਭਾਵ ਅਗਲੀਆਂ ਪੀੜ੍ਹੀਆਂ ਤੱਕ ਵੀ ਰਹਿੰਦਾ ਹੈ। ਅੱਜ ਸਮਾਜ ਵਿੱਚ ਆਤਮ ਹੱਤਿਆਵਾਂ ਵਧ ਰਹੀਆਂ ਹਨ। ਘਰੇਲੂ ਲੜਾਈਆਂ-ਝਗੜੇ ਪਹਿਲਾਂ ਦੇ ਮੁਕਾਬਲੇ ਵਧ ਰਹੇ ਹਨ। ਲੋਕ ਵੱਡੀ ਗਿਣਤੀ ਵਿੱਚ ਮਾਨਸਿਕ ਤਣਾਵਾਂ ਦਾ ਸ਼ਿਕਾਰ ਹੋ ਰਹੇ ਹਨ। ਕੋਈ ਸਮਾਂ ਸੀ, ਜਦੋਂ ਸਾਡੇ ਸਮਾਜ ਵਿੱਚ ਮਰਦ ਮਿਲ ਕੇ ਖੇਤੀ ਦੇ ਕੰਮ ਕਰਦੇ ਸਨ। ਚੀਨੀ ਦਾਰਸ਼ਨਿਕ ਕਨਫਿਊਸ਼ੀਅਸ਼ ਦਾ ਕਥਨ ਹੈ-ਮਨੁੱਖ ਨੂੰ ਪੂਰਨ ਮਨੁੱਖ ਬਣਨ ਲਈ ਧਰਮ ਅਤੇ ਸਿੱਖਿਆ ਗ੍ਰਹਿਣ ਕਰਨ ਨਾਲ ਕੋਈ ਮਨੁੱਖ ਪੂਰਨ ਮਨੁੱਖ ਨਹੀਂ ਬਣ ਜਾਂਦਾ, ਇਸ ਲਈ ਉਸ ਦਾ ਕਿਰਤ ਨਾਲ ਜੁੜਨਾ ਬਹੁਤ ਜ਼ਰੂਰੀ ਹੈ। ਭਾਵ ਕਿਰਤ ਮਨੁੱਖ ਨੂੰ ਪੂਰਨ ਮਨੁੱਖ ਬਣਾਉਣ ਵਿੱਚ ਵੱਡਾ ਰੋਲ ਅਦਾ ਕਰਦੀ ਹੈ। ਅੱਜ ਸਾਡੇ ਦੇਸ਼ ਦੇ ਨੌਜੁਆਨ ਵੱਡੀਆਂ ਰਕਮਾਂ ਖਰਚ ਕੇ ਵਿਕਸਤ ਦੇਸ਼ਾਂ ਵਿੱਚ ਜਾਣ ਨੂੰ ਬੇਤਾਬ ਹਨ, ਉੱਥੇ ਸਾਡੇ ਨਾਲੋਂ ਕੀ ਵੱਖਰਾ ਹੈ, ਉਥੇ ਕਿਰਤ ਨੂੰ ਸਨਮਾਨ ਮਿਲਿਆ, ਔਖੇ ਭਾਰੇ ਕੰਮ ਕਰਨ ਵਾਲਿਆਂ ਨੂੰ ਮਿਹਨਤਾਨਾ ਵੱਧ ਮਿਲਦਾ ਹੈ। ਇੱਕ ਪ੍ਰੋਫੈਸਰ ਨਾਲੋਂ ਟਰੱਕ ਡਰਾਇਵਰ ਨੂੰ ਵੱਧ ਮਿਹਨਤਾਨਾ ਮਿਲਦਾ ਹੈ। ਸਾਡੇ ਸਮਾਜ ਵਿੱਚ ਔਖੇ ਕੰਮ ਕਰਨ ਵਾਲਿਆਂ ਨੂੰ ਸਤਿਕਾਰ ਤਾਂ ਕੀ ਮਿਲਣਾ ਸੀ, ਸਗੋਂ ਇਸ ਦੇ ਉਲਟ ਉਹਨਾਂ ਨੂੰ ਨੀਵਾਂ ਸਮਝਿਆ ਜਾਂਦਾ ਹੈ। ਬਰਨਾਰਡ ਸ਼ਾਹ ਨੇ ਬੜੀ ਵਧੀਆ ਗੱਲ ਕਹੀ ਹੈ, ਜੋ ਔਖੇ ਕੰਮ ਕਰਦੇ ਹਨ ਉਹਨਾਂ ਨੂੰ ਸਭ ਤੋਂ ਘੱਟ ਮਿਲਦਾ ਹੈ ਜੋ ਘੱਟ ਤੋਂ ਘੱਟ ਕੰਮ ਕਰਦੇ ਹਨ, ਉਹਨਾਂ ਨੂੰ ਵੱਧ ਮਿਲਦਾ ਹੈ, ਜੋ ਬਿਲਕੁਲ ਕੁਝ ਨਹੀਂ ਕਰਦੇ, ਉਹਨਾਂ ਕੋਲ ਸਭ ਤੋਂ ਵੱਧ ਹੈ। ਮਨੁੱਖ ਦੀ ਜ਼ਿੰਦਗੀ ਦਾ ਮਕਸਦ ਪੈਸਾ ਕਮਾਉਣਾ ਹੀ ਨਹੀਂ ਹੈ। ਉਸ ਨੇ ਅਜਿਹਾ ਬਣਨਾ ਹੁੰਦਾ ਹੈ ਕਿ ਉਸ 'ਤੇ ਦੂਜੇ ਲੋਕ ਮਾਣ ਕਰ ਸਕਣ। ਸਵਾਲ ਇਹ ਪੈਦਾ ਹੁੰਦਾ ਹੈ ਕਿ ਜੇਕਰ ਚੀਨ ਵਰਗਾ ਮੁਲਕ ਆਪਣੇ ਦੇਸ਼ ਦੀ ਵੱਡੀ ਆਬਾਦੀ ਨੂੰ ਵੱਖ-ਵੱਖ ਕੰਮਾਂ ਨਾਲ ਜੋੜ ਕੇ ਬਜ਼ਾਰ 'ਤੇ ਕਾਬਜ਼ ਹੋ ਸਕਦਾ ਹੈ ਤਾਂ ਅਸੀਂ ਅਜਿਹਾ ਕਿਉਂ ਨਹੀਂ ਕਰ ਸਕੇ? ਵਿਦੇਸ਼ੀ ਸਮਾਨ ਦਾ ਵਿਰੋਧ ਆਪਣੀ ਜਗਾਹ ਹੈ ਪਰ ਸਾਨੂੰ ਇਹ ਹੀ ਕਿਉਂ ਦੱਸਿਆ ਜਾਂਦਾ ਹੈ ਇਹਨਾਂ ਸਭ ਚੀਜਾਂ ਦਾ ਵਿਰੋਧ ਕਰੋ। ਅੱਜ ਜਿਹੜੇ ਦੇਸ਼ ਬਜਾਰ ਤੇ ਕਾਬਜ ਹੋ ਕੇ ਮਾਲਾ ਮਾਲ ਹੋ ਰਹੇ ਹਨ ਜਦੋਂ ਉਹ ਆਪਣੀ ਵੱਸੋਂ ਨੂੰ ਕਿਰਤ ਨਾਲ ਜੋੜਨ ਲਈ ਯਤਨਸ਼ੀਲ ਹੁੰਦੇ ਹਨ ਸਾਨੂੰ ਉਸ ਸਮੇਂ ਸਾਡੇ ਮੁਲਕ ਵਿੱਚ ਲੋਕਾਂ ਨੂੰ ਧਰਮ ਕਰਮ ਜਾਤਾਂ ਪਾਤਾਂ ਅਤੇ ਰਾਜਨੀਨੀ ਦੀਆਂ ਕੋਝੀਆਂ ਚਾਲਾਂ ਵਿੱਚ ਉਲਝਾਇਆ ਜਾ ਰਿਹਾ ਹੁੰਦਾ ਹੈ। ਸਾਨੂੰ ਇੱਥੇ ਸਵਾਲ ਕਰਨ ਦੀ ਲੋੜ ਹੈ ਕਿ ਦੇਸ਼ ਦੀ ਬਹੁਗਿਣਤੀ ਨੂੰ ਇਸ ਢੰਗ ਨਾਲ ਕਿਰਤ ਨਾਲ ਕਿਉਂ ਨਹੀਂ ਜੋੜਿਆ ਗਿਆ ਕਿ ਅਸੀਂ ਦੂਜੇ ਦੇਸ਼ਾਂ ਦੀਆਂ ਮੰਡੀਆਂ ਤੇ ਕਾਬਜ ਹੋ ਸਕਦੇ। ਸਾਡੇ ਲੋਕਾਂ ਨੂੰ ਇਸ ਲਈ ਕਿਉਂ ਨਹੀਂ ਤਿਆਰ ਕੀਤਾ ਜਾਂਦਾ ਕਿ ਅਸੀਂ ਆਪਣੇ ਦੇਸ਼ ਵਿੱਚ ਹੁਨਰ ਤੋਂ ਕੰਮ ਲੈ ਕੇ ਕਿਰਤ ਸੱਭਿਆਚਾਰ ਨੂੰ ਪ੍ਰਫੁੱਲਤ ਕਰੀਏ ਅਤੇ ਬਜ਼ਾਰ ਵਿੱਚ ਉਹਨਾਂ ਤੋਂ ਵੀ ਅਗਾਂਹ ਜਾਣ ਦੀ ਕੋਸ਼ਿਸ਼ ਕਰੀਏ। ਸਾਡੇ ਸਮਾਜ ਵਿੱਚ ਸਰੀਰਕ ਮਿਹਨਤ ਘਟ ਗਈ ਹੈ। ਅਸੀਂ ਕਈ ਤਰ੍ਹਾਂ ਦੇ ਵਿਕਾਰਾਂ ਦਾ ਸ਼ਿਕਾਰ ਹੋ ਰਹੇ ਹਾਂ। ਮਾਨਸਕ ਅਤੇ ਸਰੀਰਕ ਵਿਗਾੜ ਅਤੇ ਬਿਮਾਰੀਆਂ ਲਗਾਤਾਰ ਵਧ ਰਹੀਆਂ ਹਨ। ਸਮਾਜ ਵਿੱਚ ਨਸ਼ੇ, ਲੁੱਟਮਾਰ, ਆਪਾ-ਧਾਪੀ, ਲੜਾਈਆਂ-ਝਗੜੇ, ਮਾਰਧਾੜ, ਮਾਨਸਕ ਤਣਾਅ ਅਤੇ ਹੋਰ ਕਈ ਤਰ੍ਹਾਂਦੀਆਂ ਅਲਾਮਤਾਂ ਇਸ ਕਰਕੇ ਹਨ ਕਿ ਸਾਡਾ ਸਮਾਜ ਕਿਰਤ ਨਾਲੋਂ ਟੁੱਟ ਚੁੱਕਿਆ ਹੈ। ਭਿਆਨਕ ਸਰੀਰਕ ਬਿਮਾਰੀਆਂ ਬੜੀ ਤੇਜ਼ੀ ਨਾਲ ਵਧ ਰਹੀਆਂ ਹਨ। ਹਾਈ ਬਲੱਡ ਪ੍ਰੈਸ਼ਰ, ਸ਼ੂਗਰ, ਯੂਰਿਕ ਐਸਿਡ, ਬਲੱਡ ਯੂਰੀਆ, ਕਲੋਸਟਰੋਲ, ਹਾਰਟ ਅਟੈਕ ਵਰਗੇ ਕਈ ਭਿਆਨਕ ਰੋਗ ਵੱਡੀ ਗਿਣਤੀ ਲੋਕਾਂ ਨੂੰ ਆਪਣੀ ਗ੍ਰਿਫਤ ਵਿੱਚ ਲੈ ਰਹੇ ਹਨ। ਕੋਈ ਵੀ ਸਮਾਜ ਜਦੋਂ ਕਿਰਤ ਨਾਲੋਂ ਟੁੱਟਦਾ ਹੈ ਤਾਂ ਇਹ ਸਮੂਹਕ ਰੂਪ ਵਿੱਚ ਕਈ ਤਰ੍ਹਾਂ ਦੇ ਵਿਗਾੜਾਂ ਦਾ ਸ਼ਿਕਾਰ ਹੁੰਦਾ ਹੈ। ਇਕ ਲੇਖਕ ਨੇ ਇੱਕ ਘਟਨਾ ਦਾ ਜ਼ਿਕਰ ਕਰਦਿਆਂ ਇੱਕ ਵਾਰ ਲਿਖਿਆ ਸੀ। ਉਸ ਦੇ ਇੱਕ ਅੰਗਰੇਜ਼ ਦੋਸਤ, ਜਿਸ ਕੋਲ ਬਹੁਤ ਵੱਡਾ ਆਪਣਾ ਕਰੋਬਾਰ ਅਤੇ ਧਨ-ਦੌਲਤ ਸੀ ਦੀਆਂ ਦੋ ਲੜਕੀਆਂ ਸਨ ਤੇ ਉਹ ਬਾਹਰ ਕਿਸੇ ਹੋਰ ਥਾਂ ਨੌਕਰੀ ਕਰਦੀਆਂ ਸਨ। ਇੱਕ ਦਿਨ ਲੇਖਕ ਨੇ ਆਪਣੇ ਉਸ ਅੰਗਰੇਜ਼ ਦੋਸਤ ਦੇ ਘਰ ਬੈਠਿਆਂ ਕੁੜੀਆਂ ਨੂੰ ਕਿਹਾ-ਤੁਸੀਂ ਹੁਣ ਜੌਬ ਛੱਡ ਦਿਓ ਅਤੇ ਆਪਣੇ ਪਿਤਾ ਦੀ ਧਨ-ਦੌਲਤ ਨਾਲ ਆਰਾਮ ਦੀ ਜਿੰਦਗੀ ਜੀਓ। ਉਹਨਾਂ ਦੋਹਾਂ ਕੁੜੀਆਂ ਜੋ ਜਵਾਬ ਦਿੱਤਾ, ਉਹ ਬੜਾ ਕਮਾਲ ਸੀ। ਉਹਨਾਂ ਕਿਹਾ-ਨਹੀਂ ਜੇਕਰ ਅਸੀਂ ਕੰਮ ਨਹੀਂ ਕਰਾਂਗੀਆਂ ਤਾਂ ਅਸੀਂ ਹੱਡ-ਹਰਾਮ ਹੋ ਜਾਵਾਂਗੀਆਂ। ਇਹ ਕਾਰੋਬਾਰ ਇਹਨਾ ਨੇ ਖੜਾ ਕੀਤਾ ਹੈ, ਅਸੀਂ ਆਪਣਾ ਕਾਰੋਬਾਰ ਆਪਣੇ ਬਲਬੂਤੇ 'ਤੇ ਖੜਾ ਕਰਾਂਗੀਆਂ। ਜੇ ਅਸੀਂ ਕੰਮ ਨਹੀਂ ਕਰਾਂਗੀਆਂ ਤਾਂ ਅਗਾਹ ਸਾਡੀਆਂ ਔਲਾਦਾਂ ਸਾਡੇ ਤੋਂ ਵੀ ਨਿਕੰਮੀਆਂ ਹੋ ਜਾਣਗੀਆਂ, ਫਿਰ ਇਸ ਸਮਾਜ ਦਾ ਕੀ ਬਣੇਗਾ?

ਸਰਕਾਰਾਂ ਦਾ ਫਰਜ਼ ਇਹ ਵੀ ਬਣਦਾ ਹੈ ਕਿ ਵੱਖ-ਵੱਖ ਅਦਾਰਿਆਂ ਵਿੱਚ ਹੁੰਦੀ ਕਿਰਤ ਦੀ ਲੁੱਟ ਨੂੰ ਰੋਕਣ ਵਿੱਚ ਸਾਕਾਰਤਮਿਕ ਭੂਮਿਕਾ ਨਿਭਾਵੇ, ਪਰ ਇੱਥੇ ਸਾਡੇ ਮੁਲਕ ਵਿੱਚ ਇਸ ਤੋਂ ਉਲਟ ਹੁੰਦਾ ਹੈ, ਇੱਥੇ ਅਦਾਰਿਆਂ ਵਿੱਚ ਨਵੀਂ ਭਰਤੀ ਕਰਨ ਦੀ ਬਜਾਏ ਸਰਕਾਰਾਂ ਮੁਲਾਜ਼ਮਾਂ ਦੀ ਨੌਕਰੀ ਦੇ ਸਾਲਾਂ ਵਿੱਚ ਵਾਧਾ ਕਰਦੀਆਂ ਹਨ, ਰਿਟਾਇਡ ਹੋਏ ਬੰਦਿਆਂ ਨੂੰ ਘੱਟ ਤਨਖਾਹਾਂ ਜਾਂ ਠੇਕੇ 'ਤੇ ਰੱਖ ਕੇ ਕੰਮ ਸਾਰਿਆ ਜਾ ਰਿਹਾ ਹੈ। ਇੱਥੇ ਨਿੱਕੀ-ਮੋਟੀ ਨੌਕਰੀ ਲਈ ਪੜ੍ਹੇ ਲੋਕਾਂ ਦੀਆਂ ਲਾਈਨਾਂ ਲੱਗ ਜਾਂਦੀਆਂ ਹਨ। ਗੱਲ ਕੀ ਅਸੀਂ ਕਿਰਤ ਨੂੰ ਪੈਦਾ ਵੀ ਨਹੀਂ ਹੋਣ ਦਿੱਤਾ। ਸ਼ਿਫਟ ਵਾਇਜ਼ ਕੰਮ ਕਰਨ ਦਾ ਸਭਿਆਚਾਰ ਪੈਦਾ ਕਰਨ ਦੀ ਬੜੀ ਸਖਤ ਲੋੜ ਹੈ। ਛੁੱਟੀ ਤੋਂ ਬਾਅਦ ਵਿਹਲੀਆਂ ਹੋ ਗਈਆਂ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੀਆਂ ਇਮਾਰਤਾਂ ਵਿੱਚ ਸ਼ਾਮ ਦੇ ਟਾਈਮ ਸਰਕਾਰਾਂ ਵੱਲੋਂ ਅਜਿਹੇ ਸਿਲਸਿਲੇ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ ਕਿ ਲੋਕ ਆਪਣੇ ਜੀਵਨ ਵਿੱਚ ਅੱਗੇ ਵਧ ਸਕਣ। ਖੇਡਾਂ, ਕਾਰੋਬਾਰ ਸੰਬੰਧੀ ਵਰਕਸ਼ਾਪਾਂ, ਮੁਸ਼ਕਲਾਂ ਸਮੱਸਿਆਵਾਂ ਲਈ ਵਿਚਾਰ-ਵਟਾਂਦਰੇ, ਕੈਰੀਅਰ ਗਾਇਡੈਂਸ ਅਤੇ ਹੋਰ ਸਿਲਸਿਲੇ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ। ਅਸੀਂ ਅਜੇ ਵੀ ਪੁਰਾਣੇ ਜ਼ਮਾਨੇ ਦੇ ਬਣਾਏ ਕਾਨੂੰਨਾਂ-ਨੇਮਾਂ ਅਨੁਸਾਰ ਚੱਲ ਰਹੇ ਹਾਂ, ਪਰ ਜਿੰਨੀ ਦੇਰ ਕਿਰਤ ਸਾਡੇ ਵਿਹਾਰ ਦਾ ਹਿੱਸਾ ਨਹੀਂ ਬਣਦੀ, ਅਸੀਂ ਠੀਕ ਅਰਥਾਂ ਵਿੱਚ ਤਰੱਕੀ ਨਹੀਂ ਕਰ ਸਕਦੇ। ਕਿਰਤ ਕਰਨ ਤੋਂ ਬਿਨਾਂ ਕੋਈ ਵੀ ਮਨੁੱਖ ਜਿੰਦਗੀ ਦੇ ਅਰਥ ਨਹੀਂ ਜਾਣ ਸਕਦਾ ਅਤੇ ਇਸ ਨੂੰ ਮੁਹੱਬਤ ਵੀ ਨਹੀਂ ਕਰ ਸਕਦਾ।

*# ਸੰਪਰਕ : 98550-51099*

# ਮਾਪੇ ਬੱਚਿਆਂ ਲਈ ਫ਼ਿਲਮੀ ਜਿਲਦਾਂ ਵਾਲੀਆਂ ਕਾਪੀਆਂ ਬਿਲਕੁਲ ਨਾ ਖਰੀਦਣ


ਪ੍ਰਮੋਦ ਧੀਰ

ਵਿਦਿਆਰਥੀਆਂ ਲਈ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ 'ਤੇ 'ਆਦਰਸ਼' ਦੀ ਥਾਂ 'ਅਨੈਤਿਕਤਾ' ਪਰੋਸੀ ਜਾ ਰਹੀ ਹੈ। 'ਵਿੱਦਿਆ ਵਿਚਾਰੀ ਤਾਂ ਪਰਉਪਕਾਰੀ' ਦਾ ਨਾਅਰਾ ਤਾਂ ਭਾਵੇਂ ਸਕੂਲਾਂ ਦੇ ਮੁੱਖ ਗੇਟਾਂ 'ਤੇ ਲਿਖਿਆ ਮਿਲਦਾ ਹੈ, ਪਰ ਇਨ੍ਹਾਂ ਵਿਚ ਪੜ੍ਹਦੇ ਬੱਚਿਆਂ ਦੇ ਬਸਤਿਆਂ ਵਿਚ ਜੋ ਕਾਪੀਆਂ (ਨੋਟ ਬੁੱਕਸ) ਹੁੰਦੀਆਂ ਹਨ, ਉਨ੍ਹਾਂ ਦੀਆਂ ਜਿਲਦਾਂ 'ਤੇ ਫਿਲਮੀ ਐਕਟਰਾਂ, ਐਕਟਰਸਾਂ, ਗਾਇਕਾਂ, ਮਾਡਲਾਂ, ਖਿਡਾਰੀਆਂ, ਫਿਲਮਾਂ ਆਦਿ ਦੀਆਂ ਫੋਟੋ ਛਪੀਆਂ ਹੁੰਦੀਆਂ ਹਨ, ਜੋ ਵਿਦਿਆਰਥੀਆਂ ਦਾ ਮਨ ਪੜ੍ਹਾਈ 'ਚ ਇਕਾਗਰ ਨਹੀਂ ਹੋਣ ਦਿੰਦੀਆਂ। ਉਨ੍ਹਾਂ ਦੀਆਂ ਜਿਲਦਾਂ 'ਤੇ 'ਸਰਦਾਰਾ ਮੇਰੀ ਕਾਲੀ ਗੁੱਤ ਨੇ ਡੰਗ ਸੱਪਾਂ ਨੂੰ ਸਿਖਾਏ ਹੋਏ ਨੇ', 'ਸਾਨੂੰ ਬੱਲੀਏ ਨੀਂ ਦੇਖ-ਦੇਖ ਕੇ ਸਿੱਖੇ ਸ਼ੇਰਾਂ ਨੇ ਸ਼ਿਕਾਰ ਕਰਨੇ' ਅਤੇ 'ਘੁੰਮਣ ਘੁਮਾਉਣ ਨੂੰ ਤਾਂ ਥਾਰ ਰੱਖੀ ਐ, ਬੁਲਟ ਤਾਂ ਰੱਖਿਐ ਪਟਾਕੇ ਪਾਉਣ ਨੂੰ' ਜਿਹੇ ਗੀਤਾਂ ਦੇ ਗਾਇਕਾਂ ਦੀਆਂ ਤਸਵੀਰਾਂ ਛਪੀਆਂ ਹੁੰਦੀਆਂ ਹਨ। ਕਾਪੀਆਂ ਦੀਆਂ ਜਿਲਦਾਂ 'ਤੇ ਗੀਤਾਂ ਦੇ ਮੁਖੜੇ ਅਤੇ ਸਿਰਲੇਖ ਵੀ ਲਿਖੇ ਹੁੰਦੇ ਹਨ। ਇਨ੍ਹਾਂ ਕਾਪੀਆਂ ਨੂੰ ਆਕਰਸ਼ਕ ਬਣਾਉਣ ਲਈ ਵੱਧ ਤੋਂ ਵੱਧ ਰੰਗ-ਬਿਰੰਗਾ ਅਤੇ ਭੜਕੀਲਾ ਕੀਤਾ ਜਾਂਦਾ ਹੈ। ਇਨ੍ਹਾਂ ਕਾਪੀਆਂ ਨੂੰ ਦੇਖ ਕੇ ਪਹਿਲੀ ਨਜ਼ਰੇ ਇਹ ਪਹਿਚਾਨਣਾ ਔਖਾ ਹੋ ਜਾਂਦਾ ਹੈ ਕਿ ਇਹ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ ਹਨ ਜਾਂ ਕਿਸੇ ਫਿਲਮ ਅਤੇ ਗੀਤਾਂ ਵਾਲੀ ਸੀ.ਡੀ. ਦਾ ਕਵਰ ਪੇਜ ਹੈ। ਮਨੋਵਿਸ਼ਲੇਸ਼ਕਾਂ ਅਨੁਸਾਰ ਸਕੂਲੀ ਕਾਪੀਆਂ ਦਾ ਇਹ 'ਰੂਪ' ਨਾ ਸਿਰਫ ਬਾਲ ਮਨਾਂ ਦੀ 'ਮਨੋਦਿਸ਼ਾ' ਅਤੇ 'ਮਨੋਦਸ਼ਾ' ਨੂੰ ਹੀ ਵਿਗਾੜਦਾ ਹੈ, ਸਗੋਂ ਸਕੂਲਾਂ ਅਤੇ ਘਰਾਂ ਵਿੱਚ ਪੜ੍ਹਾਈ ਦੇ ਮਾਹੌਲ ਨੂੰ ਵੀ ਪ੍ਰਭਾਵਿਤ ਕਰਦਾ ਹੈ। ਸਕੂਲੀ ਕਾਪੀਆਂ ਦਾ ਮੌਜੂਦਾ ਰੂਪ ਵਿੱਦਿਅਕ ਮਾਹੌਲ ਦੇ ਅਨੁਕੂਲ ਨਹੀਂ ਹੈ। ਸਕੂਲੀ ਕਾਪੀ 'ਤੇ ਬਣੇ ਗਾਣੇ ਦੇ ਦ੍ਰਿਸ਼ ਦੇਖ ਕੇ ਬੱਚੇ ਆਪ-ਮੁਹਾਰੇ ਉਹੀ ਗਾਣਾ ਗੁਣਗੁਣਾਉਣ ਲੱਗ ਪੈਂਦੇ ਹਨ ਜਾਂ ਫਿਰ ਦਿਮਾਗ ਵਿਚ ਉਸੇ ਗਾਣੇ, ਐਕਟਰ, ਗਾਇਕ ਆਦਿ ਦੇ ਫਿਲਮਾਂਕਣ ਬਾਰੇ ਸੋਚਣ ਲੱਗ ਪੈਂਦੇ ਹਨ। ਕਾਪੀਆਂ ਦੇ ਨਿਰਮਾਤਾਵਾਂ ਅਤੇ ਗਾਇਕਾਂ, ਅਦਾਕਾਰਾਂ ਵੱਲੋਂ ਕੀਤੇ ਵਪਾਰਕ ਸਮਝੌਤੇ ਤਹਿਤ ਹੀ ਕਾਪੀਆਂ ਦੀਆਂ ਅਜਿਹੀਆਂ ਜਿਲਦਾਂ ਤਿਆਰ ਕੀਤੀਆਂ ਜਾਂਦੀਆਂ ਹਨ ਤਾਂ ਜੋ ਗਾਇਕਾਂ, ਅਦਾਕਾਰਾਂ ਤੇ ਖਿਡਾਰੀਆਂ ਦੀ ਮਸ਼ਹੂਰੀ ਘਰ-ਘਰ ਅਤੇ ਬੱਚੇ-ਬੱਚੇ ਤੱਕ ਹੋ ਜਾਵੇ। ਇਹ ਬੜੀ ਤਰਾਸਦੀ ਹੈ ਕਿ ਪੰਜਾਬ ਦੇ ਮਹਾਨ ਨਾਇਕਾਂ, ਸੂਰਬੀਰਾਂ, ਯੋਧਿਆਂ, ਦੇਸ਼ ਭਗਤਾਂ, ਜਨਰਲ ਨਾਲਿਜ਼ ਦੀਆਂ ਗੱਲਾਂ ਆਦਿ ਨੂੰ ਵਿਸਾਰ ਕੇ ਊਲ-ਜਲੂਲ ਗਾਉਣ ਵਾਲਿਆਂ ਨੂੰ ਵਿਦਿਆਰਥੀਆਂ ਦੇ ਬਸਤਿਆਂ ਅਤੇ ਪੜ੍ਹਨ ਸਮੱਗਰੀ ਵਿੱਚ ਸ਼ਾਮਲ ਕੀਤਾ ਜਾਂਦਾ ਹੈ, ਜਿਸ 'ਤੇ ਪੂਰਨ ਪਾਬੰਦੀ ਹੋਣੀ ਚਾਹੀਦੀ ਹੈ। ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਤਰ੍ਹਾਂ ਦੀਆਂ ਘਟੀਆ ਜਿਲਦਾਂ ਵਾਲੀਆਂ ਕਾਪੀਆਂ ਨਹੀਂ ਖਰੀਦਣੀਆਂ ਚਾਹੀਦੀਆਂ ਤੇ ਨਾ ਹੀ ਅਖਬਾਰਾਂ ਦੇ ਫਿਲਮੀ ਪੇਜ ਵਾਲੀਆਂ ਜਿਲਦਾਂ ਕਾਪੀਆਂ, ਕਿਤਾਬਾਂ ਆਦਿ 'ਤੇ ਚੜ੍ਹਾਉਣੀਆਂ ਚਾਹੀਦੀਆਂ ਹਨ।

ਅਧਿਆਪਕਾਂ ਨੂੰ ਵੀ ਚਾਹੀਦਾ ਹੈ ਕਿ ਨਵਾਂ ਸੈਸ਼ਨ ਸ਼ੁਰੂ ਹੋਣ ਵਾਲਾ ਹੈ, ਹੁਣ ਸਾਰੇ ਬੱਚੇ ਨਵੀਆਂ ਕਿਤਾਬਾਂ-ਕਾਪੀਆਂ ਖਰੀਦ ਰਹੇ ਹਨ, ਇਸ ਲਈ ਉਹ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਜਿਲਦਾਂ ਵਾਲੀਆਂ ਕਾਪੀਆਂ ਖਰੀਦਣ ਤੋਂ ਰੋਕਣ ਤੇ ਬੱਚਿਆਂ ਦੇ ਮਾਪਿਆਂ ਨੂੰ ਵੀ ਇਸ ਸੰਬੰਧੀ ਨੋਟ ਭੇਜ ਕੇ ਜਾਗਰੂਕ ਕਰਨ। ਸਰਕਾਰ ਤੋਂ ਨਵੇਂ ਸੈਸ਼ਨ 2024-25 ਤੋਂ ਫਿਲਮੀ ਜਿਲਦਾਂ ਵਾਲੀਆਂ ਕਾਪੀਆਂ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਜਾਂਦੀ ਹੈ। ਸਰਕਾਰ ਨੂੰ ਇਸ ਤਰ੍ਹਾਂ ਦੇ ਕਵਰ ਤਿਆਰ ਕਰਨ ਵਾਲੀਆਂ ਕੰਪਨੀਆਂ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ ਤਾਂ ਜੋ ਵਿਦਿਆਰਥੀ 'ਅਨੈਤਿਕਤਾ' ਦੀ ਥਾਂ 'ਆਦਰਸ਼' ਵੱਲ ਵਧ ਸਕਣ ਤੇ ਉਹਨਾਂ ਦੀ ਪੜ੍ਹਾਈ ਤੋਂ ਇਕਾਗਰਤਾ ਭੰਗ ਨਾ ਹੋਵੇ ਅਤੇ ਉਹ ਮਨ ਲਗਾ ਕੇ ਪੜ੍ਹਾਈ ਕਰਦੇ ਹੋਏ ਸਫਲਤਾ ਦੀਆਂ ਪੌੜੀਆਂ ਚੜ੍ਹ ਸਕਣ।

**# ਸੰਪਰਕ : 98550-31081**

# ਗੁਲਜ਼ਾਰ ਤੇ ਪ੍ਰੋ. ਚਾਵਲਾ ਨੂੰ ਮਿਲਣਗੀਆਂ ਗੁਰੂ ਨਾਨਕ ਦੇਵ 'ਵਰਸਿਟੀ ਵੱਲੋਂ ਆਨਰਜ਼ ਕਾਜ਼ਾ ਡਿਗਰੀਆਂ

ਪ੍ਰਵੀਨ ਪੁਰੀ




ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਇਸ ਵਾਰ ਜਿਨ੍ਹਾਂ ਮਹਾਨ ਸ਼ਖ਼ਸੀਅਤਾਂ ਨੂੰ ਵੱਕਾਰੀ ਆਨਰਜ਼ ਕਾਜ਼ਾ ਡਿਗਰੀਆਂ ਦੇਣ ਦਾ ਫੈਸਲਾ ਹੋਇਆ ਹੈ, ਉਨ੍ਹਾ ਵਿਚ ਉੱਘੇ ਲੇਖਕ ਗੁਲਜ਼ਾਰ (ਸੰਪੂਰਨ ਸਿੰਘ ਕਾਲੜਾ) ਤੇ ਉੱਘੇ ਪ੍ਰੋਫ਼ੈਸਰ ਡਾ. ਯੋਗੇਸ਼ ਕੁਮਾਰ ਚਾਵਲਾ ਸ਼ਾਮਿਲ ਹਨ। 6 ਅਪ੍ਰੈਲ 2024 ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ 49ਵੀਂ ਸਾਲਾਨਾ ਕਨਵੋਕੇਸ਼ਨ ਮੌਕੇ ਯੂਨੀਵਰਸਿਟੀ ਦੇ ਕੁਲਪਤੀ ਅਤੇ ਪੰਜਾਬ ਦੇ ਮਾਣਯੋਗ ਰਾਜਪਾਲ ਬਨਵਾਰੀ ਲਾਲ ਪ੍ਰੋਹਿਤ ਆਨਰਜ਼ ਕਾਜ਼ਾ ਅਤੇ ਹੋਰ ਡਿਗਰੀਆਂ ਦੇਣ ਲਈ ਉਚੇਚੇ ਤੌਰ 'ਤੇ ਪੁੱਜ ਰਹੇ ਹਨ। ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਆਪਣੀ ਵੱਖਰੀ ਪਛਾਣ ਬਣਾ ਚੁੱਕੇ ਸ੍ਰੀ ਗੁਲਜ਼ਾਰ ਕਿਸੇ ਜਾਣ-ਪਛਾਣ ਦੇ ਮੁਥਾਜ਼ ਨਹੀਂ ਹਨ। ਉਨ੍ਹਾ ਵੱਲੋਂ ਆਪਣੇ ਖੇਤਰ ਵਿਚ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਧਿਆਨ 'ਚ ਰੱਖਦਿਆਂ ਹੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਿੰਡੀਕੇਟ ਅਤੇ ਸੈਨੇਟ ਦੇ ਮੈਂਬਰਾਂ ਨੇ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋਫ਼ੈਸਰ (ਡਾ.) ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਸਨਮਾਨਤ ਕਰਨ ਦਾ ਫੈਸਲਾ ਕੀਤਾ ਹੈ। ਯੂਨੀਵਰਸਿਟੀ ਦੇ ਇਸ ਸੁਚੱਜੇ ਅਤੇ ਉਸਾਰੂ ਫੈਸਲੇ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ ਥੋੜ੍ਹੀ ਹੈ। ਭਾਰਤੀ ਸਿਨੇਮਾ, ਸਾਹਿਤ ਅਤੇ ਸੱਭਿਆਚਾਰ ਵਿਚ ਲਾਸਾਨੀ ਯੋਗਦਾਨ ਪਾਉਣ ਵਾਲੇ ਗੀਤਕਾਰ, ਗਜ਼ਲਗੋ, ਪਟਕਥਾ ਲੇਖਕ, ਫ਼ਿਲਮ ਡਾਇਰੈਕਟਰ ਤੇ ਨਿਰਮਾਤਾ ਸ੍ਰੀ ਗੁਲਜ਼ਾਰ ਨੂੰ ਭਾਸ਼ਾ ਫ਼ੈਕਲਟੀ ਵਿਚ ਡੀ.ਲਿਟ. (ਆਨਰਜ਼ ਕਾਜ਼ਾ) ਦੀ ਡਿਗਰੀ ਦਿੱਤੀ ਜਾਣੀ ਹੈ।

ਪ੍ਰੋਫ਼ੈਸਰ (ਡਾ.) ਯੋਗੇਸ਼ ਕੁਮਾਰ ਚਾਵਲਾ ਨੂੰ ਮੈਡੀਕਲ ਸਾਇੰਸਜ਼ ਦੀ ਫੈਕਲਟੀ ਵਿੱਚ ਡਾਕਟਰ ਆਫ਼ ਸਾਇੰਸ (ਆਨਰਜ਼ ਕਾਜ਼ਾ) ਦੀ ਡਿਗਰੀ ਦਿੱਤੀ ਜਾਣੀ ਹੈ, ਜਿਨ੍ਹਾਂ ਨੂੰ ਮੈਡੀਕਲ ਖੇਤਰ ਦੇ ਵੱਡੇ ਵਿਗਿਆਨੀ ਮੰਨਿਆ ਜਾ ਚੁੱਕਾ ਹੈ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੁਲਪਤੀ ਅਤੇ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਪੀ ਐੱਚ ਡੀ, ਪੋਸਟ ਗ੍ਰੈਜੂਏਟ ਅਤੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਵੀ ਡਿਗਰੀਆਂ ਪ੍ਰਦਾਨ ਕਰਨਗੇ। ਵਿਦਿਆਰਥੀ ਜੀਵਨ ਵਿਚ ਕਾਨਵੋਕੇਸ਼ਨ ਦੀ ਮਹੱਤਤਾ ਨੂੰ ਸਮਝਦਿਆਂ ਯੂਨੀਵਰਸਿਟੀ ਵੱਲੋਂ ਇਸ ਦਿਨ ਨੂੰ ਇਤਿਹਾਸਕ ਅਤੇ ਯਾਦਗਾਰੀ ਬਣਾਉਣ ਦੀ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਵਿਦਿਆਰਥੀਆਂ ਵੱਲੋਂ ਉਚੇਰੀ ਸਿੱਖਿਆ ਦਾ ਲਿਆ ਹੋਇਆ ਸੁਪਨਾ ਇਸ ਦਿਨ ਸਕਾਰ ਹੋਣਾ ਹੁੰਦਾ ਹੈ। ਇਸ ਦਿਨ ਤੋਂ ਬਾਅਦ ਉਨ੍ਹਾਂ ਸਮਾਜ ਦੀ ਤਰੱਕੀ ਵਿਚ ਜੁੱਟ ਜਾਣਾ ਹੁੰਦਾ ਹੈ। ਇਸ ਮੌਕੇ ਦਿੱਤੀਆਂ ਜਾਣ ਵਾਲੀਆਂ ਆਨਰਜ਼ ਕਾਜ਼ਾ ਡਿਗਰੀਆਂ ਦੀ ਵੀ ਆਪਣੀ ਹੀ ਮਹੱਤਤਾ ਹੁੰਦੀ ਹੈ। ਸ੍ਰੀ ਗੁਲਜ਼ਾਰ ਨੇ ਸਿਨੇਮਾ ਅਤੇ ਸਾਹਿਤ ਜਗਤ ਵਿਚ ਜੋ ਘਾਲਣਾਵਾਂ ਕੀਤੀਆਂ, ਨੂੰ ਵੇਖਦਿਆਂ ਡੀ. ਲਿਟ.(ਆਨਰਜ਼ ਕਾਜ਼ਾ) ਡਿਗਰੀ ਨਾਲ ਸਨਮਾਨਤ ਕਰਨਾ ਉਨ੍ਹਾ ਦੇ ਕੰਮਾਂ ਨੂੰ ਮਾਨਤਾ ਦੇਣਾ ਹੀ ਹੈ। ਉਨ੍ਹਾਂ ਦਾ ਅਸਲ ਨਾਂਅ ਸੰਪੂਰਨ ਸਿੰਘ ਕਾਲੜਾ ਹੈ, ਪਰ ਉਹ ਗੁਲਜ਼ਾਰ ਦੇ ਨਾਂਅ ਹੇਠ ਜਾਣੇ ਜਾਂਦੇ ਹਨ। ਅਨੇਕਾਂ ਵੱਕਾਰੀ ਪੁਰਸਕਾਰਾਂ ਨੂੰ ਆਪਣੇ ਨਾਂਅ ਕਰ ਚੁੱਕੇ ਹਨ। ਜੇਹਲਮ (ਪਾਕਿਸਤਾਨ) ਦੇ ਪਿੰਡ ਦੀਨਾ ਵਿਚ ਪਿਤਾ ਮੱਖਣ ਸਿੰਘ ਕਾਲੜਾ ਅਤੇ ਮਾਤਾ ਸੁਜਾਨ ਕੌਰ ਦੇ ਘਰ 18 ਅਗਸਤ 1934 ਵਿਚ ਜਨਮੇ ਸੰਪੂਰਨ ਸਿੰਘ ਕਾਲੜਾ ਵੰਡ ਤੋਂ ਬਾਅਦ ਮੁੰਬਈ ਆ ਕੇ ਜਲਦੀ ਹੀ ਗੁਲਾਜ਼ਾਰ ਦੇ ਨਾਂਅ ਨਾਲ ਜਾਣੇ ਜਾਣ ਲੱਗੇ। ਪੜ੍ਹਨ-ਲਿਖਣ ਦੇ ਸ਼ੌਕ ਦੀ ਬਦੌਲਤ ਉਹ ਬਿਮਲ ਰਾਏ, ਹਰਿਕੇਸ਼ ਮੁਖਰਜੀ ਹੇਮੰਤ ਕੁਮਾਰ ਦੇ ਸਹਾਇਕ ਵਜੋਂ ਕੰਮ ਕਰਨ ਲੱਗ ਪਏ, ਜਿਸ ਨਾਲ ਉਨ੍ਹਾ ਦੀ ਅੰਦਰਲੀ ਕਲਾ ਪ੍ਰਤਿਭਾ ਹੋਰ ਨਿਖਰਨ ਲੱਗ ਪਈ। ਉਹ ਇੱਕੋ ਸਮੇਂ ਗੀਤਕਾਰ, ਪਟਕਥਾ ਲੇਖਕ, ਨਿਰਦੇਸ਼ਕ ਅਤੇ ਲੇਖਕ ਦੇ ਤੌਰ 'ਤੇ ਜਾਣੇ ਜਾਣ ਲੱਗ ਪਏ। ਇਸ ਤਰ੍ਹਾਂ ਉਨ੍ਹਾ ਦੀ ਸ਼ਾਨਦਾਰ ਕਾਰਜ-ਯਾਤਰਾ ਵੱਖ-ਵੱਖ ਖੇਤਰਾਂ ਵਿਚ ਫੈਲ ਦੀ ਗਈ ਅਤੇ ਉਹ ਕਦਮ ਦਰ ਕਦਮ ਅੱਗੇ ਵਧਦੇ ਗਏ। ਸ੍ਰੀ ਗੁਲਜ਼ਾਰ ਨੇ ਸਿਨੇਮਾ ਜਗਤ ਵਿਚ ਇਕ ਗੀਤਕਾਰ ਵਜੋਂ ਆਪਣੇ ਸਫ਼ਰ ਦੀ ਸ਼ੁਰੂਆਤ 1963 ਵਿਚ ਫ਼ਿਲਮ 'ਬੰਧਿਨੀ' ਨਾਲ ਕੀਤੀ। ਉਹਨਾ ਨੇ ਦਿਲ ਨੂੰ ਛੂਹ ਲੈਣ ਵਾਲੇ ਗੀਤਾਂ ਅਤੇ ਰੂਹ ਨੂੰ ਖਿੱਚ ਪਾਉਣ ਵਾਲੀਆਂ ਰਚਨਾਵਾਂ ਦੇ ਨਾਲ ਹਿੰਦੀ ਸਿਨੇਮਾ ਨੂੰ ਸਮੱਰਥ ਬਣਾਇਆ। ਗੀਤਕਾਰੀ ਦੇ ਨਾਲ ਫ਼ਿਲਮ ਨਿਰਦੇਸ਼ਨ ਦੇ ਖੇਤਰ ਵਿਚ ਵਿਚ ਵੀ ਉਨ੍ਹਾ ਕਾਮਯਾਬੀ ਦੇ ਝੰਡੇ ਗੱਡੇ। ਉਹਨਾ 'ਆਂਧੀ', 'ਮੌਸਮ' ਅਤੇ ਟੀ.ਵੀ ਲੜੀਵਾਰ 'ਮਿਰਜ਼ਾ ਗ਼ਾਲਿਬ' ਵਰਗੇ ਅਤਿ ਉਤਮ ਕੰਮ ਰਾਹੀਂ ਆਪਣੀ ਬਹੁਮੁਖੀ ਪ੍ਰਤਿਭਾ ਦਾ ਲੋਹਾ ਮੰਨਵਾਇਆ। ਸਿਨੇਮਾ ਜਗਤ ਵਿਚ ਉਨ੍ਹਾ ਦੇ ਯੋਗਦਾਨ ਸਦਕਾ ਉਨ੍ਹਾ ਨੂੰ 7 ਭਾਰਤੀ ਰਾਸ਼ਟਰੀ ਫ਼ਿਲਮ ਪੁਰਸਕਾਰ, 22 ਫ਼ਿਲਮ ਫ਼ੇਅਰ ਪੁਰਸਕਾਰ, 1 ਅਕੈਡਮੀ ਪੁਰਸਕਾਰ ਅਤੇ ਗ੍ਰੈਮੀ ਪੁਰਸਕਾਰ ਦੇ ਸਨਮਾਨਤ ਕੀਤਾ ਗਿਆ। ਅਦੁੱਤੀ ਸਾਹਿਤਕ ਪ੍ਰਤਿਭਾ ਕਰਕੇ ਉਨ੍ਹਾਂ ਨੂੰ 2002 'ਚ ਉਰਦੂ ਦਾ ਸਾਹਿਤ ਅਕਾਦਮੀ ਪੁਰਸਕਾਰ, 2004 'ਚ ਪਦਮ ਭੂਸ਼ਣ ਪੁਰਸਕਾਰ, 2013 'ਚ 40 ਤੋਂ ਵੱਧ ਫ਼ਿਲਮਾਂ ਵਿਚ ਗੀਤ ਲਿਖਣ ਲਈ ਉੱਤਮ ਗੀਤਕਾਰ ਦੇ ਤੌਰ 'ਤੇ ਦਾਦਾ ਸਾਹਿਬ ਫਾਲਕੇ ਪੁਰਸਕਾਰ ਦਿੱਤਾ ਗਿਆ। ਉਨ੍ਹਾਂ ਨੂੰ 9 ਵਾਰ ਉੱਤਮ ਗੀਤਕਾਰ ਵਜੋਂ ਐਵਾਰਡ ਮਿਲੇ ਹਨ। 2023 ਵਿਚ ਉਨ੍ਹਾ ਨੂੰ ਦੇਸ਼ ਦੇ ਮਾਣਮੱਤੇ ਅਤੇ ਵੱਕਾਰੀ ਪੁਰਸਕਾਰ ਗਿਆਨਪੀਠ ਪੁਰਸਕਾਰ ਨਾਲ ਨਿਵਾਜਿਆ ਜਾਣਾ ਉਨ੍ਹਾ ਦੀ ਬਹੁ-ਪੱਖੀ ਸ਼ਖਸੀਅਤ ਅਤੇ ਉਨ੍ਹਾ ਦੀ ਸਾਹਿਤਕ ਜਗਤ ਭਾਸ਼ਾਈ ਸੀਮਾਵਾਂ ਤੋਂ ਪਾਰ ਫੈਲੇ ਹੋਣ ਦੀ ਗਵਾਹੀ ਭਰਦਾ ਹੈ। ਪ੍ਰਮੁੱਖ ਰੂਪ ਵਿਚ ਉਰਦੂ ਅਤੇ ਪੰਜਾਬੀ ਵਿਚ ਲਿਖਣ ਤੋਂ ਇਲਾਵਾ ਮਾਰਵਾੜੀ, ਭੋਜਪੁਰੀ ਤੇ ਹੋਰ ਭਾਸ਼ਾਵਾਂ ਵਿਚ ਵੀ ਸਾਹਿਤ ਰਚਨਾ ਕੀਤੀ ਹੈ।

ਮੈਡੀਕਲ, ਅਕਾਦਮਿਕ, ਖੋਜ ਅਤੇ ਪ੍ਰਸ਼ਾਸਨਿਕ ਖੇਤਰਾਂ ਵਿੱਚ ਬਹੁਪੱਖੀ ਸ਼ਖ਼ਸੀਅਤ ਦੇ ਤੌਰ 'ਤੇ ਜਾਣੇ ਜਾਂਦੇ ਪ੍ਰੋਫ਼ੈਸਰ (ਡਾ.) ਯੋਗੇਸ਼ ਕੁਮਾਰ ਚਾਵਲਾ ਆਪਣੇ ਆਪ ਵਿਚ ਹੀ ਇੱਕ ਸੰਸਥਾ ਹਨ। ਉਹ ਪੀ. ਜੀ. ਆਈ. ਐੱਮ. ਆਰ ਦੇ ਸਾਬਕਾ ਡਾਇਰੈਕਟਰ, ਐਮਰੀਟਸ ਪ੍ਰੋਫ਼ੈਸਰ ਅਤੇ ਹੈਪੇਟੋਲੋਜੀ ਵਿਭਾਗ ਦੇ ਪ੍ਰੋਫ਼ੈਸਰ ਅਤੇ ਮੁਖੀ ਵੀ ਰਹਿ ਚੁੱਕੇ ਹਨ। ਪ੍ਰੋਫ਼ੈਸਰ (ਡਾ.) ਚਾਵਲਾ ਦੀ ਵਿਦਵਤਾ ਭਰਪੂਰ ਖੋਜ ਉਹਨਾ ਦੀਆਂ ਵਿਆਪਕ ਪ੍ਰਕਾਸ਼ਨਾਵਾਂ ਵਿਚ ਪ੍ਰਤਿਬਿੰਬਤ ਹੁੰਦੀ ਹੈ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਵਿਚ 475 ਖੋਜ-ਪੱਤਰ ਅਤੇ 16000 ਤੋਂ ਜ਼ਿਆਦਾ ਹਵਾਲੇ ਸ਼ਾਮਲ ਹਨ। ਉਹਨਾਂ ਦੀ ਅਗਵਾਈ ਹੇਠ ਪੀ.ਜੀ.ਆਈ.ਐੱਮ.ਈ.ਆਰ ਨੇ ਇਲਾਜ ਦੇ ਢੰਗ, ਬੁਨਿਆਦੀ ਢਾਂਚੇ ਦੇ ਸੁਧਾਰ ਅਤੇ ਮਰੀਜ਼ਾਂ ਦੀਆਂ ਸੁਵਿਧਾਵਾਂ ਵਿਚ ਸ਼ਾਨਦਾਰ ਤਰੱਕੀ ਕੀਤੀ ਹੈ, ਜਿਨ੍ਹਾਂ ਵਿਚ ਆਨਲਾਈਨ ਰਜਿਸਟ੍ਰੇਸ਼ਨ ਦੀ ਸ਼ੁਰੂਆਤ, ਰਿਪੋਰਟਾਂ ਦੀ ਪ੍ਰਾਪਤੀ, ਐਮਰਜੈਂਸੀ ਵਿਭਾਗਾਂ ਵਿਚ ਟ੍ਰਾਈਜ਼ ਖੇਤਰਾਂ ਦੀ ਸਥਾਪਨਾ ਅਤੇ ਲਾਗ ਨਿਯੰਤਰਣ ਅਭਿਆਸਾਂ ਨੂੰ ਲਾਗੂ ਕਰਨਾ ਸ਼ਾਮਲ ਹੈ। ਪ੍ਰੋਫ਼ੈਸਰ (ਡਾ.) ਚਾਵਲਾ ਦੇ ਕਾਰਜਕਾਲ ਵਿਚ ਅੰਗ ਟ੍ਰਾਂਸਪਲਾਂਟੇਸ਼ਨ ਦੇ ਖੇਤਰ ਵਿਚ ਵੀ ਮਹੱਤਵਪੂਰਨ ਪ੍ਰਗਤੀ ਦੇ ਨਾਲ ਪੀ. ਜੀ. ਆਈ. ਐੱਮ. ਈ. ਆਰ ਚੰਡੀਗੜ੍ਹ ਨੇ ਠੋਸ ਅੰਗ ਟ੍ਰਾਂਸਪਲਾਂਟੇਸ਼ਨ ਵਿਚ ਇੱਕ ਮੋਹਰੀ ਵਜੋਂ ਉੱਭਰਿਆ ਅਤੇ ਭਾਰਤ ਸਰਕਾਰ ਦੁਆਰਾ ਇੱਕ ਖੇਤਰੀ ਅੰਗ ਅਤੇ ਟਿਸ਼ੂ ਆਰਗਨ ਟ੍ਰਾਂਸਪਲਾਂਟ ਆਰਗੇਨਾਈਜ਼ੇਸ਼ਨ (ਰੋਟੋ) ਕੇਂਦਰ ਵਜੋਂ ਮਨੋਨੀਤ ਕੀਤਾ ਗਿਆ। ਵੱਕਾਰੀ ਵਿਗਿਆਨਕ ਸੰਸਥਾਵਾਂ ਅਤੇ ਪ੍ਰਸਿੱਧ ਰਸਾਲਿਆਂ ਦੇ ਸੰਪਾਦਕੀ ਬੋਰਡਾਂ ਵਿੱਚ ਉਹਨਾ ਦੀ ਮੈਂਬਰਸ਼ਿਪ ਹੋਣਾ ਵੀ ਮਾਣ ਵਾਲੀ ਗੱਲ ਹੈ।

*# ਸੰਪਰਕ : 98782-77423*

# ਅਸਲੇ ਦੀ ਨੋਕ 'ਤੇ ਲੁੱਟਾਂ-ਖੋਹਾਂ ਕਰਨ ਵਾਲੇ ਗੈਂਗ ਦੇ 5 ਮੈਂਬਰ ਕਾਬੂ

- 2 ਨਜਾਇਜ਼ ਅਸਲੇ 5 ਜ਼ਿੰਦਾ ਕਾਰਤੂਸ, ਮਾਰੂ ਹਥਿਆਰ ਤੇ ਚੋਰੀ ਦੇ ਵਹੀਕਲ ਬਰਾਮਦ
- ਕਾਬੂ ਕੀਤੇ ਮੁਜਰਮਾਂ ਦੇ ਜੇਲ੍ਹਾਂ 'ਚ ਬੰਦ ਗੈਂਗਸਟਰਾਂ ਨਾਲ ਸੰਬੰਧ ਹੋਣ ਦੇ ਅਸਾਰ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਨਯੋਗ ਐੱਸ.ਐੱਸ.ਪੀ. ਸਾਹਿਬ ਪਟਿਆਲਾ ਸ੍ਰੀ ਵਰੁਣ ਸ਼ਰਮਾ ਆਈ.ਪੀ.ਐੱਸ. ਦੇ ਦਿਸ਼ਾ ਨਿਰਦੇਸ਼ ਤਹਿਤ ਇੰਸਪੈਕਟਰ ਹੈਰੀ ਬੋਪਾਰਾਏ ਇੰਚਾਰਜ ਸਪੈਸਲ ਸੈੱਲ ਰਾਜਪੁਰਾ ਤੇ ਥਾਣਾ ਸਿਟੀ ਰਾਜਪੁਰਾ ਦੀ ਪੁਲਸ ਪਾਰਟੀ ਵੱਲੋਂ ਸਮੇਤ ਸਾਥੀ ਮੁਲਾਜ਼ਮਾਂ ਦੇ ਮੁਕੱਦਮਾ ਥਾਣਾ ਸਿਟੀ ਰਾਜਪੁਰਾ ਦਰਜ ਕਰਕੇ ਪੰਜ ਮੁਲਜ਼ਮਾਂ ਸ਼ਿਵ ਕੁਮਾਰ ਉਰਫ ਕਾਲੂ ਉਰਫ ਤੇਲੂ ਪੁੱਤਰ ਮਨੋਜ ਕੁਮਾਰ ਵਾਸੀ ਪਿੰਡ ਕਮਾਦਪੁਰ ਥਾਣਾ ਨਗੋਚੀਆਂ ਜ਼ਿਲ੍ਹਾ ਖਕੜੀਆ ਬਿਹਾਰ ਹਾਲ ਵਾਸੀ ਬਾਂਡਾਂ ਬਸਤੀ ਬਨੂੜ, ਗੌਰਵ ਰਾਜਪੂਤ ਉਰਫ ਗੰਜਾ ਪੁੱਤਰ ਜਗਦੀਸ਼ ਵਾਸੀ ਪਿੰਡ ਰੁਈਤੀ ਗੋੜਾ ਬਰੇਲੀ ਯੂ ਪੀ ਹਾਲ ਵਾਸੀ ਬਾਂਡਾਂ ਬਸਤੀ ਬਨੂੜ, ਦਰਸ਼ਨ ਕੁਮਾਰ ਪੁੱਤਰ ਕਿਸ਼ਨ ਸ਼ਾਹ ਵਾਸੀ ਸੈਦਖੇੜੀ ਰਾਜਪੁਰਾ ਜ਼ਿਲ੍ਹਾ ਪਟਿਆਲਾ, ਨਿਸ਼ਾਨ ਸਿੰਘ ਉਰਫ ਸ਼ਾਨਾ ਪੁੱਤਰ ਪਲਵਿੰਦਰ ਸਿੰਘ ਵਾਸੀ ਪਿੰਡ ਖੋਦੇ ਬਾਂਗਰ ਥਾਣਾ ਫਤਿਹਗੜ੍ਹ ਜ਼ਿਲ੍ਹਾ ਗੁਰਦਾਸਪੁਰ, ਸੰਨੀ ਮਸੀਹ ਉਰਫ ਲੌਂਗਾ ਪੁੱਤਰ ਗੁਲਜਾਰ ਮਸੀਹ ਵਾਸੀ ਧਿਆਨਪੁਰ ਤਹਿ ਡੇਰਾ ਬਾਬਾ ਨਾਨਕ ਥਾਣਾ ਕੋਟਲੀ ਸੂਰਤ ਮੱਲੀ ਜ਼ਿਲ੍ਹਾ ਗੁਰਦਾਸਪੁਰ ਨੂੰ ਕਾਬੂ ਕਰ ਕਰਕੇ 2 ਨਜਾਇਜ਼ ਅਸਲੇ 32 ਬੋਰ ਤੇ 5 ਜ਼ਿੰਦਾ ਕਾਰਤੂਸ, ਮਾਰੂ ਹਥਿਆਰ, ਚੋਰੀ ਦੇ ਵਹੀਕਲ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਇਸ ਸੰਬੰਧੀ ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਦੱਸਿਆ ਕਿ ਸ:ਥ: ਸ਼ਿੰਦਰਪਾਲ ਸਿੰਘ ਪੁਲਸ ਪਾਰਟੀ ਸਮੇਤ ਲਿਬਰਟੀ ਚੌਕ ਰਾਜਪੁਰਾ ਮੌਜੂਦ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਉਕਤਾਨ ਪੰਜੇ ਮੁਜਰਮ ਜੋ ਮਾਰੂ ਹਥਿਆਰਾਂ ਨਾਲ ਲੈਸ ਹਨ ਅਤੇ ਜੈਸ਼ਪਰ ਸਕੂਲ ਤੇ ਰਹਿਣ ਵਸੇਰਾ ਨੇੜੇ ਅੰਦਰ ਬਰਿੱਜ ਆਈ ਸੀ ਐੱਲ ਰੋਡ ਰਾਜਪੁਰਾ ਪਾਸ ਮੌਜੂਦ ਹਨ, ਜਿਨ੍ਹਾਂ ਪਾਸ ਚੋਰੀ ਕੀਤੇ ਮੋਟਰਸਾਈਕਲ ਹਨ, ਜਿਨ੍ਹਾਂ 'ਤੇ ਜਾਲ੍ਹੀ ਨੰਬਰ ਪਲੇਟ ਲੱਗੀ ਹੈ ਅਤੇ ਡਕੈਤੀ ਕਰਨ ਦੀ ਫਿਰਾਕ ਵਿੱਚ ਹਨ। ਉਪਰੰਤ ਪੁਲਸ ਪਾਰਟੀ ਨੇ ਕਾਰਵਾਈ ਕਰਦੇ ਹੋਏ ਉਕਤ ਮੁਲਜ਼ਮਾਂ ਨੂੰ 2 ਨਜਾਇਜ਼ ਅਸਲੇ ਸਮੇਤ 5 ਜਿੰਦਾ ਕਾਰਤੂਸ ਬ੍ਰਾਮਦ, 2 ਦਾਤਰ ਲੋਹਾ, ਇੱਕ ਗੰਡਾਸੀ ਲੋਹਾ, 2 ਚੋਰੀ ਦੇ ਮੋਟਰਸਾਇਕਲ ਸਮੇਤ ਜਾਲ੍ਹੀ ਨੰਬਰ ਪੀ ਬੀ 23 ਜੀ 5229 ਬਰਾਮਦ ਕੀਤੇ ਗਏ।

ਐੱਸ.ਐੱਸ.ਪੀ. ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਫੜੇ ਗਏ ਪੰਜੇ ਮੁਜਰਮਾਂ ਦੇ ਜੇਲ੍ਹ ਵਿੱਚ ਬੰਦ ਵੱਖ-ਵੱਖ ਗੈਂਗਸਟਰਾਂ ਨਾਲ ਸਬੰਧ ਹਨ ਤੇ ਇਨ੍ਹਾਂ ਨੂੰ ਜੇਲ੍ਹ ਵਿੱਚੋਂ ਹੀ ਚਲਾਇਆ ਜਾਂਦਾ ਸੀ।ਇਨ੍ਹਾਂ ਪੰਜਾਂ ਵਿਅਕਤੀਆਂ ਦੇ ਮੁਖੀ ਸੰਨੀ ਮਸੀਹ ਉਰਫ ਲੌਂਗਾ ਪੁੱਤਰ ਗੁਲਜਾਰ ਮਸੀਹ ਵਾਸੀ ਧਿਆਨਪੁਰ ਤਹਿ ਡੇਰਾ ਬਾਬਾ ਨਾਨਕ ਥਾਣਾ ਕੋਟਲੀ ਸੂਰਤ ਮੱਲੀ ਜ਼ਿਲ੍ਹਾ ਗੁਰਦਾਸਪੁਰ ਤੇ ਸ਼ਿਵ ਕੁਮਾਰ ਉਰਫ ਕਾਲੂ ਉਰਫ ਤੇਲੂ ਪੁੱਤਰ ਮਨੋਜ ਕੁਮਾਰ ਵਾਸੀ ਪਿੰਡ ਕਮਾਦਪੁਰ ਥਾਣਾ ਨਗੋਚੀਆਂ ਜ਼ਿਲ੍ਹਾ ਖਕੜੀਆ ਬਿਹਾਰ ਹਾਲ ਵਾਸੀ ਬਾਂਡਾਂ ਬਸਤੀ ਬਨੂੜ ਹਨ, ਸੰਨੀ ਮਸੀਹ 'ਤੇ ਪਹਿਲਾਂ ਵੀ ਨਜਾਇਜ਼ ਅਸਲੇ ਤੇ ਨਸ਼ਾ ਵੇਚਣ ਦੇ ਮੁਕੱਦਮੇ ਦਰਜ ਹਨ, ਸ਼ਿਵ ਕੁਮਾਰ 'ਤੇ ਖੋਹ ਕਰਨ ਤੇ ਕਤਲ ਦੇ ਮੁਕੱਦਮੇ ਦਰਜ ਹਨ।ਇਨ੍ਹਾਂ ਨੇ ਇਹ ਅਸਲੇ ਮੱਧ-ਪ੍ਰਦੇਸ਼ ਤੋਂ ਮੰਗਵਾਏ ਸੀ ਤੇ ਇਨ੍ਹਾਂ ਦੀ ਡਲਿਵਰੀ ਸੋਨੀਪਤ ਹਰਿਆਣਾ ਵਿਖੇ ਲਈ ਸੀ।ਇਨ੍ਹਾਂ ਦੋਸ਼ੀਆਨ ਦੀ ਵੱਖ-ਵੱਖ ਗੈਂਗਵਾਰਾਂ ਵਿੱਚ ਸ਼ਮੂਲੀਅਤ ਤੇ ਜੇਲ੍ਹਾਂ ਵਿੱਚ ਬੰਦ ਗੈਂਗਸਟਰਾਂ ਨਾਲ ਸਬੰਧ ਹੋਣ ਦੇ ਅਸਾਰ ਹਨ।ਇਸ ਤੋਂ ਇਲਾਵਾ ਦੋਸ਼ੀਆਨ ਪਾਸੋਂ ਪੁੱਛ-ਗਿੱਛ ਜਾਰੀ ਹੈ ਅਤੇ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ।

## ਸੜਕ ਹਾਦਸੇ 'ਚ ਵਿਅਕਤੀ ਦੀ ਮੌਤ, ਇਨਸਾਫ਼ ਲਈ ਲਾਇਆ ਧਰਨਾ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਪਿਛਲੇ ਦਿਨੀਂ ਪਿੰਡ ਮਹਿਣਾ ਦੇ ਇੱਕ ਵਿਅਕਤੀ ਹੁਕਮ ਚੰਦ, ਜੋ ਕਿ ਇੱਕ ਪ੍ਰਾਈਵੇਟ ਡਾਕਟਰੀ ਦਾ ਧੰਦਾ ਕਰਦਾ ਸੀ, ਪਿੰਡ ਵੱਲ ਆ ਰਿਹਾ ਸੀ ਤਾਂ ਪਿੰਡ ਸਿੰਘੇਵਾਲਾ ਕੋਲ ਕਿਸੇ ਵਿਅਕਤੀ ਵੱਲੋਂ ਸੜਕ ਉੱਪਰ ਨਜਾਇਜ਼ ਰੂੜੀ ਲਗਾਏ ਜਾਣ 'ਤੇ ਮੋਟਰਸਾਈਕਲ ਸਲਿੱਪ ਕਰ ਗਿਆ ਸੀ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ ਸੀ ਅਤੇ ਹੁਣ ਜ਼ੇਰੇ ਇਲਾਜ ਉਸ ਦੀ ਮੌਤ ਹੋ ਗਈ। ਪੀੜਤ ਪਰਵਾਰ ਵੱਲੋਂ ਇੰਨਸਾਫ਼ ਦੀ ਮੰਗ ਨੂੰ ਲੈ ਕੇ ਥਾਣਾ ਕਿੱਲ੍ਹਿਆਂਵਾਲੀ ਦੀ ਪੁਲਸ ਨੂੰ ਗੁਹਾਰ ਲਗਾਈ, ਪ੍ਰੰਤੂ ਇੰਨਸਾਫ ਨਾ ਮਿਲਣ ਦੀ ਸੂਰਤ ਵਿੱਚ ਅੱਜ ਸਵੇਰ ਤੋਂ ਹੀ ਥਾਣੇ ਅੱਗੇ ਧਰਨਾ ਦਿੱਤਾ ਗਿਆ। ਪੀੜਤ ਪਰਵਾਰ ਨੇ ਪੁਲਸ ਨੂੰ ਚੇਤਵਾਨੀ ਦਿੰਦੇ ਹੋਏ ਕਿਹਾ ਕਿ ਜੇਕਰ ਉਨ੍ਹਾਂ ਨੂੰ ਇੰਨਸਾਫ ਨਾ ਮਿਲਿਆ ਤਾਂ ਉਹ ਲਾਸ਼ ਦਾ ਸਸਕਾਰ ਨਹੀਂ ਕਰਨਗੇ ਤੇ ਇਸੇ ਤਰ੍ਹਾਂ ਹੀ ਧਰਨੇ 'ਤੇ ਬੈਠੇ ਰਹਿਣਗੇ। ਇਸ ਧਰਨੇ ਬਾਰੇ ਥਾਣਾ ਕਿੱਲ੍ਹਿਆਂਵਾਲੀ ਦੇ ਥਾਣਾ ਮੁਖੀ ਬਲਰਾਜ ਸਿਘ ਨੇ ਕਿਹਾ ਕਿ ਉਨ੍ਹਾਂ ਨੂੰ ਧਰਨੇ ਦੀ ਕੋਈ ਜਾਣਕਾਰੀ ਨਹੀਂ ਹੈ, ਉਹ ਬਾਹਰ ਗਿਆ ਹੋਇਆ ਹੈ।

## ਗੁਰੂ ਨਾਨਕ ਕਾਲਜ ਦੇ ਕਾਮਰਸ ਵਿਭਾਗ ਦਾ ਨਤੀਜਾ ਸੌ ਫੀਸਦੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਦਸੰਬਰ 2023 ਦੇ ਐਲਾਨੇ ਹੋਏ ਨਤੀਜਿਆਂ ਅਨੁਸਾਰ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਪੋਸਟ ਗਰੈਜੂਏਟ ਕਾਮਰਸ ਵਿਭਾਗ ਦਾ ਨਤੀਜਾ ਸੌ ਫੀਸਦੀ ਰਿਹਾ ਹੈ।ਵਿਭਾਗ ਦੇ ਮੁਖੀ ਡਾ. ਜਗਮੀਤ ਕੌਰ ਨੇ ਜਾਣਕਾਰੀ ਦਿੱਤੀ ਕਿ ਐੱਮ. ਕਾਮ ਸਮੈਸਟਰ ਤੀਜਾ ਦੀ ਵਿਦਿਆਰਥਣ ਰਵੀਨਾ ਸਪੁੱਤਰੀ ਨਰੇਸ਼ ਕੁਮਾਰ ਨੇ 74.71% ਅੰਕਾਂ ਨਾਲ ਕਾਲਜ ਵਿੱਚੋਂ ਪਹਿਲਾ, ਲਵਦੀਪ ਕੌਰ ਸਪੁੱਤਰੀ ਗੁਰਮੇਲ ਸਿੰਘ ਨੇ 74.14% ਅੰਕਾਂ ਨਾਲ ਦੂਸਰਾ, ਨੀਧਿਕਾ ਬਾਂਸਲ ਸਪੁੱਤਰੀ ਪ੍ਰਵੀਨ ਬਾਂਸਲ ਨੇ 72.42% ਅੰਕਾਂ ਨਾਲ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਐੱਮ. ਕਾਮ ਸਮੈਸਟਰ ਪਹਿਲਾ ਦੀ ਵਿਦਿਆਰਥਣ ਮਹਿਕਦੀਪ ਸਪੁੱਤਰੀ ਪਵਨ ਕੁਮਾਰ ਨੇ 79.7% ਅੰਕਾਂ ਨਾਲ ਕਾਲਜ ਵਿੱਚੋਂ ਪਹਿਲਾ ਤੇ ਸਿਮਰਨ ਸਪੁੱਤਰੀ ਅਵਿਨਾਸ਼ ਚੰਦਰ ਨੇ 79% ਅੰਕਾਂ ਨਾਲ ਦੂਸਰਾ ਸਥਾਨ ਹਾਸਲ ਕੀਤਾ ਹੈ।ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਵਿਭਾਗ ਦੇ ਅਧਿਆਪਕ ਸਾਹਿਬਾਨਾਂ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।

# ਐੱਮ ਪੀ ਮਾਨ ਦਾ ਹਲਕੇ ਦੇ ਦੌਰੇ ਦੌਰਾਨ ਭਰਵਾਂ ਸਵਾਗਤ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ੍ਰ. ਸਿਮਰਨਜੀਤ ਸਿੰਘ ਮਾਨ ਵੱਲੋਂ ਹਲਕਾ ਸੰਗਰੂਰ ਦੇ ਦੌਰੇ ਦੌਰਾਨ ਸ਼ਹਿਰ ਸੰਗਰੂਰ ਤੋਂ ਇਲਾਵਾ ਕਾਲਾਝਾੜ, ਨਦਾਮਪੁਰ, ਭੜੋ ਤੇ ਮਾਝੀ ਵਿਖੇ ਸੰਗਤ ਦਰਸ਼ਨ ਕੀਤੇ ਗਏ।ਇਸ ਦੌਰਾਨ ਵੱਖ-ਵੱਖ ਥਾਵਾਂ 'ਤੇ ਹਲਕੇ ਦੇ ਲੋਕਾਂ ਵੱਲੋਂ ਸ੍ਰ. ਮਾਨ ਦਾ ਭਰਵਾਂ ਸਵਾਗਤ ਕਰਦੇ ਹੋਏ ਭਰੋਸਾ ਦੁਆਇਆ ਗਿਆ ਕਿ ਹਲਕੇ ਦੀ ਤਰੱਕੀ ਲਈ ਉਹ ਇਸ ਵਾਰ ਵੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ।ਇਸ ਤੋਂ ਇਲਾਵਾ ਸ੍ਰ. ਮਾਨ ਨੇ ਗੁਰਦੁਆਰਾ ਮਹਿਲ ਮੁਬਾਰਕ ਵਿਖੇ ਬੀਬੀ ਜਸਵਿੰਦਰ ਕੌਰ ਰਟੋਲ ਧਰਮ ਪਤਨੀ ਸਵ. ਮਹਿੰਦਰ ਸਿੰਘ ਐਡਵੋਕੇਟ ਨਮਿੱਤ ਰੱਖੇ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਵਿੱਚ ਵੀ ਸ਼ਮੂਲੀਅਤ ਕੀਤੀ।

ਵੱਖ-ਵੱਖ ਪਿੰਡਾਂ ਵਿੱਚ ਹੋਏ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਸ੍ਰ. ਮਾਨ ਨੇ ਕਿਹਾ ਕਿ ਹਲਕੇ ਦੀ ਤਰੱਕੀ ਤੇ ਲੋਕਾਂ ਦੀ ਖੁਸ਼ਹਾਲੀ ਲਈ ਉਨ੍ਹਾਂ ਵੱਲੋਂ ਆਪਣੇ ਪਿਛਲੇ ਡੇਢ ਸਾਲ ਦੇ ਕਾਰਜਕਾਲ ਦੌਰਾਨ ਹਰ ਸੰਭਵ ਕੋਸ਼ਿਸ਼ ਕੀਤੀ ਗਈ ਹੈ।ਪੰਜਾਬ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਚੁੱਕੇ ਨਸ਼ਿਆਂ ਦੇ ਰੁਝਾਨ ਨੂੰ ਖਤਮ ਕਰਨ ਲਈ ਨੌਜਵਾਨਾਂ ਨੂੰ ਵੱਧੋ ਵੱਧ ਜਿੰਮ ਤੇ ਖੇਡ ਕਿੱਟਾਂ ਵੰਡੀਆਂ ਗਈਆਂ ਹਨ।ਵਾਲੀਬਾਲ ਦੇ ਮੈਦਾਨ ਤਿਆਰ ਕਰਵਾਏ ਗਏ ਹਨ।ਉਨ੍ਹਾਂ ਲੋਕਾਂ ਨੂੰ ਭਰੋਸਾ ਦੁਆਇਆ ਕਿ ਜੋ ਕੰਮ ਅਧੂਰੇ ਰਹਿ ਗਏ ਹਨ, ਉਨ੍ਹਾਂ ਨੂੰ ਵੀ ਆਉਣ ਵਾਲੇ ਸਮੇਂ ਵਿੱਚ ਪਹਿਲ ਦੇ ਆਧਾਰ 'ਤੇ ਪੂਰਾ ਕਰਵਾਇਆ ਜਾਵੇਗਾ।

ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਗੁਰਨੈਬ ਸਿੰਘ ਰਾਮਪੁਰਾ, ਬੀਬੀ ਹਰਪਾਲ ਕੌਰ, ਨਵਨੀਤ ਗੋਪੀ, ਹਰਦੀਪ ਸਿੰਘ ਖੇਤਲਾ, ਅਮਨ ਸਿੰਘ ਭੱਟੀਵਾਲ, ਸੁਖਵਿੰਦਰ ਸਿੰਘ ਬਲਿਆਲ, ਜਸਵਿੰਦਰ ਸਿੰਘ ਬੀਂਬੜ, ਸੁਖਵੀਰ ਸਿੰਘ ਸੁੱਖੀ, ਦਲੀਪ ਸਿੰਘ ਅਕਬਰਪੁਰ, ਗੁਰਪ੍ਰੀਤ ਸਿੰਘ ਬਲਿਆਲ, ਜਗਸੀਰ ਸਿੰਘ ਜੱਗੀ ਘਰਾਚੋਂ, ਕੁਲਦੀਪ ਸਿੰਘ ਬਾਲੀਆਂ, ਉਪਿੰਦਰਪ੍ਰਤਾਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ ਤੇ ਵਰਕਰ ਨਾਲ ਸਨ।

## ਕਾਤਰਾਂ

### ਜਾਗ੍ਰਤੀ ਨਾਟਕ ਮੇਲਾ ਅੱਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਹਿਲ ਕਲਾਂ ਵਿਖੇ ਡਾ: ਭੀਮ ਰਾਓ ਅੰਬੇਡਕਰ ਦੇ 133ਵੇਂ ਜਨਮ ਦਿਨ ਮੌਕੇ ਜਾਗ੍ਰਤੀ ਨਾਟਕ ਮੇਲਾ 6 ਅਪ੍ਰੈਲ ਨੂੰ ਸ਼ਾਮ 7 ਵਜੇ ਕਰਵਾਇਆ ਜਾ ਰਿਹਾ ਹੈ।ਪ੍ਰਧਾਨ ਡਾ: ਅਮਰਜੀਤ ਸਿੰਘ ਮਹਿਲ ਕਲਾਂ ਨੇ ਦੱਸਿਆ ਕਿ ਨਾਟਕ ਮੇਲੇ ਦੌਰਾਨ ਪ੍ਰਸਿੱਧ ਨਾਟਕ ਮੰਡਲੀ ਲੋਕ ਕਲਾ ਮੰਚ, ਮੰਡੀ ਮੁੱਲਾਂਪੁਰ ਦੇ ਕਲਾਕਾਰਾਂ ਵੱਲੋਂ ਡਾ: ਅੰਬੇਡਕਰ ਦੇ ਜੀਵਨ 'ਤੇ ਅਧਾਰਤ ਨਾਟਕਾਂ ਦੀ ਪੇਸ਼ਕਾਰੀ ਕੀਤੀ ਜਾਵੇਗੀ।

### ਸਰਕਾਰੀ ਕਾਲਜ 'ਚ ਵੋਟਰ ਜਾਗਰੂਕਤਾ ਸੰਬੰਧੀ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ)**-ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ ਪ੍ਰਿੰਸੀਪਲ ਡਾ. ਜਸਪ੍ਰੀਤ ਕੌਰ ਢਿੱਲੋਂ ਦੀ ਅਗਵਾਈ ਤੇ ਵਾਈਸ ਪ੍ਰਿੰਸੀਪਲ ਡਾ. ਹਰਦਵਿੰਦਰ ਸਿੰਘ ਬਰਾੜ ਦੇ ਯਤਨਾ ਸਦਕਾ ਐੱਨ ਐੱਸ ਐੱਸ ਯੂਨਿਟ ਦੁਆਰਾ 'ਮੇਰਾ ਪਹਿਲਾ ਵੋਟ ਦੇਸ਼ ਲਈ' ਵਿਸ਼ੇ 'ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ 'ਤੇ ਪ੍ਰੋ. ਹਰਮੀਤ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿਦਿਆਰਥੀ ਆਪਣੀ ਵੋਟ ਬਿਨਾਂ ਕਿਸੇ ਲਾਲਚ, ਡਰ, ਭੈਅ ਤੋਂ ਪਾਉਣ ਤੇ ਵੋਟ ਦੀ ਸਹੀ ਵਰਤੋਂ ਕਰਨ ਤਾਂ ਜੋ ਅਸੀਂ ਸੰਸਾਰ ਦੇ ਸਭ ਤੋਂ ਵੱਡੇ ਲੋਕਤੰਤਰ ਭਾਰਤ ਦੇਸ਼ ਵਿੱਚ ਇਮਾਨਦਾਰ ਸਰਕਾਰ ਚੁਣ ਸਕੀਏ। ਇਸ ਮੌਕੇ ਐੱਨ ਐੱਸ ਐੱਸ ਇੰਚਾਰਜ ਪ੍ਰੋ. ਕੰਵਰਜੀਤ ਸਿੰਘ ਬਰਾੜ, ਪ੍ਰੋ. ਨਵਦੀਪ ਸਿੰਘ ਗਿੱਲ ਤੇ ਵਿਦਿਆਰਥੀ ਸ਼ਾਮਲ ਸਨ।ਪ੍ਰੋਗਰਾਮ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਜਸਕਰਨ ਸਿੰਘ ਭਾਗਸਰ ਨੇ ਨਿਭਾਈ।

### ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡੇ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਕੂਲਾਂ ਦਾ ਵਿੱਦਿਅਕ ਸੈਸ਼ਨ ਪੂਰਾ ਹੋਣ ਤੋਂ ਬਾਅਦ ਵਿਦਿਆਰਥੀਆਂ ਦੀ ਯੋਗਤਾ ਦੇ ਮੁਲਾਂਕਣ ਦਾ ਕੰਮ ਵੀ ਪੂਰਾ ਹੋ ਗਿਆ ਹੈ। ਇਸ ਨੂੰ ਆਧਾਰ ਬਣਾ ਕੇ ਉੱਚੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਜਾ ਰਿਹਾ ਹੈ। ਮਾਲੇਰਕੋਟਲਾ ਦੇ ਲਾਗਲੇ ਪਿੰਡ ਜਿੱਤਵਾਲ ਖੁਰਦ ਦੇ ਸਰਕਾਰੀ ਮਿਡਲ ਸਕੂਲ ਦੀਆਂ ਨਾਨ-ਬੋਰਡ ਜਮਾਤਾਂ ਦੇ ਵਿਦਿਆਰਥੀਆਂ ਨੂੰ ਸ਼੍ਰੀ ਵਿਸ਼ਵਕਰਮਾ ਫਰਨੀਚਰ ਹਾਊਸ ਦੇ ਮਾਲਕ ਪਰਮਿੰਦਰ ਸਿੰਘ ਤੇ ਐੱਨ.ਆਰ.ਆਈ. ਸ੍ਰ. ਚੰਨਣ ਸਿੰਘ ਨੇ ਟਰਾਫੀਆਂ ਤੇ ਕਾਪੀਆਂ ਵੰਡੀਆਂ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਭਵਿੱਖ 'ਚ ਵੀ ਉਹ ਜ਼ਰੂਰਤਮੰਦ ਵਿਦਿਆਰਥੀਆਂ ਦੀ ਸਹਾਇਤਾ ਕਰਦੇ ਰਹਿਣਗੇ। ਸਕੂਲ ਦੀ ਇੰਚਾਰਜ ਮੈਡਮ ਰਵੀਨਾ ਤੇ ਸਾਇੰਸ ਮਾਸਟਰ ਭੁਪਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੰਪਿਊਟਰ ਫੈਕਲਟੀ ਯਾਦਵਿੰਦਰ ਸਿੰਘ, ਕਰਮਜੀਤ ਸਿੰਘ ਹੈੱਡ ਟੀਚਰ (ਪ੍ਰਾਇਮਰੀ), ਸ਼੍ਰੀਮਤੀ ਦਲਜੀਤ ਕੌਰ ਪ੍ਰਾਇਮਰੀ ਅਧਿਆਪਕ, ਗੁਰਪ੍ਰੀਤ ਸਿੰਘ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਬੀ ਕੇ ਯੂ ਏਕਤਾ ਉਗਰਾਹਾਂ ਨੇ ਪੱਤਰਕਾਰ ਦੇ ਘਰ ਦੀ ਕੁਰਕੀ ਰੁਕਵਾਈ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਸ਼ਹਿਰ ਸੰਗਰੂਰ ਦੇ ਰਹਿਣ ਵਾਲੇ ਨਰੇਸ਼ ਕੁਮਾਰ ਪੱਤਰਕਾਰ ਦੇ ਮਕਾਨ ਦੀ ਕੁਰਕੀ ਕਰਨ ਆ ਰਹੇ ਪੰਜਾਬ ਨੈਸ਼ਨਲ ਬੈਂਕ ਦੇ ਅਧਿਕਾਰੀਆਂ ਨੂੰ ਰੋਕ ਕੇ ਉਸ ਦੇ ਮਕਾਨ ਦੀ ਕੁਰਕੀ ਰੁਕਵਾਈ।ਇਸ ਮੌਕੇ ਗੱਲਬਾਤ ਕਰਦਿਆਂ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਪੀੜਤ ਪੱਤਰਕਾਰ ਵੱਲੋਂ 70 ਲੱਖ ਰੁਪਏ ਦਾ ਲੋਨ ਲਿਆ ਗਿਆ ਸੀ ਤੇ ਕਿਸ਼ਤਾਂ ਰਾਹੀਂ ਡੇਢ ਕਰੋੜ ਦੇ ਲਗਭਗ ਰਕਮ ਭਰ ਦਿੱਤੀ ਗਈ ਹੈ, ਪ੍ਰੰਤੂ ਬੈਂਕ ਨੇ ਕਰੋੜਾਂ ਰੁਪਏ ਹੋਰ ਬਣਾ ਰੱਖੇ ਹਨ।ਉਨ੍ਹਾਂ ਕਿਹਾ ਕਿ ਛੋਟੇ ਦੇਣਦਾਰਾਂ ਲਈ ਅੱਜ ਬੈਂਕ ਕੁਰਕੀ ਕਰਨ ਲਈ ਆ ਰਹੀ ਹੈ, ਜੋ ਵੱਡੇ ਲੋਕ ਅਰਬਾਂ ਰੁਪਏ ਲੈ ਕੇ ਰਫੂ ਚੱਕਰ ਹੋ ਗਏ ਹਨ, ਉਨ੍ਹਾਂ 'ਤੇ ਬੈਂਕਾਂ ਤੇ ਪ੍ਰਸ਼ਾਸਨ ਕੋਈ ਐਕਸ਼ਨ ਨਹੀਂ ਕਰ ਰਿਹਾ ਅਤੇ ਆਮ ਛੋਟੇ ਲੋਕਾਂ ਦੇ ਘਰਾਂ ਨੂੰ ਜਿੰਦੇ ਲਾਏ ਜਾ ਰਹੇ ਹਨ।ਸਿਰਫ ਗਰੀਬ ਲੋਕਾਂ ਨੂੰ ਹੀ ਤੰਗ ਕੀਤਾ ਜਾ ਰਿਹਾ ਹੈ। ਇਹ ਕੁਰਕੀ ਕਿਸੇ ਵੀ ਹਾਲਤ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਨਹੀਂ ਹੋਣ ਦਿੱਤੀ ਜਾਵੇਗੀ ਤੇ ਨਾ ਹੀ ਕਿਸੇ ਗਰੀਬ ਪਰਵਾਰ ਦੇ ਘਰ ਦੁਕਾਨ ਨੂੰ ਜਿੰਦਾ ਲਾਉਣ ਦਿੱਤਾ ਜਾਵੇਗਾ। ਬੈਂਕ ਵੱਲੋਂ ਕੁਰਕੀ ਰੋਕਣ ਲਈ ਬਲਾਕ ਸੰਗਰੂਰ ਦੇ ਜਰਨਲ ਸਕੱਤਰ ਜਗਤਾਰ ਸਿੰਘ ਲੱਡੀ ਦੀ ਅਗਵਾਈ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਬਲਾਕ ਆਗੂ ਚਮਕੌਰ ਸਿੰਘ ਲੱਡੀ, ਪ੍ਰਿਤਪਾਲ ਸਿੰਘ ਚੱਠੇ, ਕਰਮਜੀਤ ਸਿੰਘ ਮੰਡੇਰ ਤੇ ਹੋਰ ਪਿੰਡਾਂ ਦੇ ਪ੍ਰਧਾਨ ਤੇ ਵੱਖ ਵੱਖ ਇਕਾਈਆਂ ਦੇ ਆਗੂ ਵਰਕਰ ਵੱਡੀ ਪੱਧਰ 'ਤੇ ਹਾਜ਼ਰ ਹੋਏ।

# ਵਿਸ਼ਵ ਟੀ ਬੀ ਦਿਵਸ ਨੂੰ ਸਮਰਪਤ ਮੁਕਾਬਲੇ ਕਰਾਏ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਫੈਕਲਟੀ ਆਫ਼ ਮੈਡੀਕਲ ਸਾਇੰਸਜ਼ ਤੇ ਫਿਜ਼ੀਓਥੈਰੇਪੀ ਵਿਭਾਗ ਦੇ ਸਹਿਯੋਗ ਨਾਲ ਵਿਸ਼ਵ ਟੀਬੀ ਦਿਵਸ ਨੂੰ ਸਮਰਪਤ ਰੈੱਡ ਰਿਬਨ ਕਲੱਬ ਵੱਲੋਂ ਵਿਸ਼ੇਸ਼ ਲੈਕਚਰ ਮੁਕਾਬਲੇ ਕਰਾਏ ਗਏ।ਵਿਸ਼ਵ ਟੀਬੀ ਦਿਵਸ ਇਸ ਸਾਲ ਟੀਬੀ ਦੀ ਖੋਜ ਦੀ 100ਵੀਂ ਵਰ੍ਹੇਗੰਢ ਨੂੰ ਮਨਾ ਰਿਹਾ ਹੈ।ਪਟਿਆਲਾ ਤੋਂ ਮੈਡੀਕਲ ਅਫ਼ਸਰ ਡਾ. ਗੁਰਮੀਤ ਸਿੰਘ ਨੇ ਰਿਸੋਰਸ ਪਰਸਨ ਵਜੋਂ ਸ਼ਿਰਕਤ ਕੀਤੀ।

ਡਾ. ਸੁਪ੍ਰੀਤ ਬਿੰਦਰਾ, ਸਹਾਇਕ ਪ੍ਰੋਫੈਸਰ ਨੇ ਯੂਨੀਵਰਸਿਟੀ ਦੇ ਮਾਨਯੋਗ ਵਾਈਸ ਚਾਂਸਲਰ, ਪ੍ਰੋ. (ਡਾ.) ਪ੍ਰਿਤਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਤੇ ਸਰੋਤ ਪਰਸਨ ਦਾ ਸਵਾਗਤ ਕੀਤਾ।ਉਨ੍ਹਾਂ ਸਮਾਗਮ ਦੇ ਪਿੱਛੇ ਦੇ ਉਦੇਸ਼ ਬਾਰੇ ਜਾਣੂ ਕਰਾਉਂਦਿਆਂ ਕਿਹਾ ਕਿ ਟੀਬੀ ਇੱਕ ਛੂਤ ਦੀ ਲਾਗ ਹੈ, ਜੋ ਮੁੱਖ ਤੌਰ 'ਤੇ ਫੇਫੜਿਆਂ ਨੂੰ ਪ੍ਰਭਾਵਿਤ ਕਰਦੀ ਹੈ।ਇਹ ਗੰਭੀਰ ਬਿਮਾਰੀ ਦੁਨੀਆ ਦੀਆਂ ਸਭ ਤੋਂ ਘਾਤਕ ਛੂਤ ਦੀਆਂ ਬਿਮਾਰੀਆਂ ਵਿੱਚੋਂ ਇੱਕ ਬਣੀ ਹੋਈ ਹੈ। 2022 ਵਿੱਚ, ਅੰਦਾਜ਼ਨ 10.6 ਮਿਲੀਅਨ ਲੋਕ ਦੁਨੀਆ ਭਰ ਵਿੱਚ ਤਪਦਿਕ ਨਾਲ ਬਿਮਾਰ ਹੋਏ। ਟੀਬੀ ਸਾਰੇ ਦੇਸ਼ਾਂ ਅਤੇ ਉਮਰ ਸਮੂਹਾਂ ਵਿੱਚ ਮੌਜੂਦ ਹੈ, ਪਰ ਟੀਬੀ ਇਲਾਜਯੋਗ ਅਤੇ ਰੋਕਥਾਮਯੋਗ ਹੈ।

ਡਾ: ਗੁਰਮੀਤ ਸਿੰਘ ਨੇ ਤਪਦਿਕ ਦੇ ਕਾਰਨਾਂ, ਲੱਛਣਾਂ, ਕਿਸਮਾਂ, ਪ੍ਰਬੰਧਨ ਅਤੇ ਰੋਕਥਾਮ ਬਾਰੇ ਚਾਨਣਾ ਪਾਇਆ। ਉਨ੍ਹਾਂ ਰਾਸ਼ਟਰੀ ਸਰਕਾਰ ਵੱਲੋਂ ਟੀ.ਬੀ ਲਈ ਚਲਾਏ ਜਾ ਰਹੇ ਜਾਗਰੂਕਤਾ ਤੇ ਇਲਾਜ ਪ੍ਰੋਗਰਾਮਾਂ ਬਾਰੇ ਵੀ ਚਰਚਾ ਕੀਤੀ।ਉਨ੍ਹਾਂ ਨੇ ਲੱਛਣਾਂ ਦਾ ਜਲਦੀ ਪਤਾ ਲਾਉਣ ਅਤੇ ਸਮੇਂ ਸਿਰ ਜਾਂਚ ਅਤੇ ਢੁੱਕਵੀਂ ਦਵਾਈ ਦੀ ਵਿਧੀ 'ਤੇ ਜ਼ੋਰ ਦਿੱਤਾ। ਵਿਭਾਗ ਵੱਲੋਂ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਤੇ ਪਾਵਰ ਪੁਆਇੰਟ ਪੇਸ਼ਕਾਰੀ ਮੁਕਾਬਲੇ ਵੀ ਕਰਵਾਏ ਗਏ।ਸਲੋਗਨ ਲਿਖਣ ਮੁਕਾਬਲੇ ਵਿੱਚ ਮਹਿਰਾਬ, ਗੁਰਲੀਨ ਕੌਰ ਅਤੇ ਹਿਮਨਿੰਦਰ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਪਾਵਰ ਪੁਆਇੰਟ ਪੇਸ਼ਕਾਰੀ ਵਿੱਚ ਹਰਸ਼ਜੋਤ ਕੌਰ ਨੇ ਪਹਿਲਾ, ਜਸਪ੍ਰੀਤ ਕੌਰ ਨੇ ਦੂਜਾ ਤੇ ਰਵਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪੰਕਜ ਨੂੰ ਪਹਿਲਾ, ਲਵਲੀਨ ਨੂੰ ਦੂਜਾ ਤੇ ਇਸ਼ਿਕਾ ਨੂੰ ਤੀਜਾ ਐਲਾਨਿਆ ਗਿਆ। ਮਾਨਯੋਗ ਵਾਈਸ ਚਾਂਸਲਰ ਤੇ ਡੀਨ ਅਕਾਦਮਿਕ ਮਾਮਲੇ ਨੇ ਰਿਸੋਰਸ ਪਰਸਨ ਤੇ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਤ ਕੀਤਾ।ਯੂਨੀਵਰਸਿਟੀ ਦੇ ਮਾਨਯੋਗ ਪ੍ਰੋ-ਚਾਂਸਲਰ, ਪ੍ਰੋ. ਅਜਾਇਬ ਸਿੰਘ ਬਰਾੜ ਨੇ ਸਮਾਗਮ ਦੇ ਸਫ਼ਲ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੱਤੀ।ਡਾ. ਪੰਕਜਪ੍ਰੀਤ ਸਿੰਘ ਮੁਖੀ, ਫਿਜ਼ੀਓਥੈਰੇਪੀ ਵਿਭਾਗ ਤੇ ਸਮਾਗਮ ਦੇ ਕਨਵੀਨਰ ਨੇ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਵਿਭਾਗ ਦੇ ਪਤਵੰਤਿਆਂ, ਰਿਸੋਰਸ ਪਰਸਨ, ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਸੋਹਣੇ ਵਾਲਾ 'ਚ ਨੁੱਕੜ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ, ਪਰਮਜੀਤ ਸਿੰਘ)**-ਦਿਹਾਤੀ ਮਜ਼ਦੂਰ ਸਭਾ ਪੰਜਾਬ ਪਿੰਡ ਇਕਾਈ ਸੋਹਣੇ ਵਾਲਾ ਵਿਖੇ ਮਜ਼ਦੂਰਾਂ ਦੀ ਨੁੱਕੜ ਮੀਟਿੰਗ ਇਕਾਈ ਪ੍ਰਧਾਨ ਅਮ੍ਰਿਤਪਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਜੁੜੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਨਵੀਨਰ ਹਰਜੀਤ ਸਿੰਘ ਮਦਰੱਸਾ ਨੇ ਕਿਹਾ ਕਿ ਮਜ਼ਦੂਰਾਂ ਨੂੰ ਪਿੰਡਾਂ ਵਿੱਚ ਤੀਹ-ਤੀਹ ਹਜ਼ਾਰ ਦੇ ਬਿਜਲੀ ਬਿੱਲ ਆ ਰਹੇ ਹਨ। ਮਾਨ ਸਰਕਾਰ ਨੇ 31 ਮਾਰਚ 2023 ਨੂੰ ਬਿਜਲੀ ਬਿੱਲਾਂ ਦੀ ਮਾਫ਼ੀ ਕੱਟ ਦਿੱਤੀ ਗਈ ਸੀ ਅਤੇ ਜਰਨਲ ਵਿੱਚ ਬਿੱਲ ਪਾ ਦਿੱਤੇ, ਜਿਸ ਕਾਰਨ ਮਜ਼ਦੂਰ ਡਿਫਾਲਟਰ ਹੋ ਗਏ ਸਨ ਤੇ ਹੁਣ ਮਾਫ਼ੀ ਤਾਂ ਲਾ ਦਿੱਤੀ ਗਈ, ਪਰ ਪਿਛਲੀ ਡਿਫਾਲਟਰ ਰਕਮ ਖ਼ਤਮ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਜ਼ਦੂਰਾਂ ਦੀਆਂ ਵੱਡੀਆਂ ਵੱਡੀਆਂ ਕਰਮਾਂ ਵਾਲੇ ਬਿੱਲ ਮੁਆਫ ਕੀਤੇ ਜਾਣ, ਮੀਟਰ ਪੁੱਟਣੇ, ਕੁਨੈਕਸ਼ਨ ਕੱਟਣੇ ਬੰਦ ਕੀਤੇ ਜਾਣ।

ਉਨ੍ਹਾ ਕਿਹਾ ਕਿ ਮਾਈਕਰੋ ਫਾਇਨਾਂਸ ਕੰਪਨੀਆਂ ਦੇ ਮਜ਼ਦੂਰ ਬੀਬੀਆਂ ਵੱਲੋਂ ਕਰਜ਼ੇ ਨਹੀਂ ਭਰੇ ਜਾਣਗੇ ਅਤੇ ਇਨ੍ਹਾਂ ਠੱਗ ਕੰਪਨੀਆਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ ਅਤੇ ਕੰਪਨੀਆਂ ਦੇ ਕਰਿੰਦਿਆਂ ਨੂੰ ਪਿੰਡਾਂ ਵਿੱਚ ਘੇਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਚਾਇਤੀ ਸ਼ਾਮਲਾਤ ਜ਼ਮੀਨ ਦਾ ਤੀਜਾ ਹਿੱਸਾ ਆਮ ਠੇਕੇ 'ਤੇ ਮਜ਼ਦੂਰ ਹੀ ਵਾਹੁਣ, ਡੰਮੀ ਬੋਲੀਆਂ ਰੱਦ ਹੋਣ, ਦਸ ਦਸ ਮਰਲੇ ਦੇ ਰਹਾਇਸ਼ੀ ਪਲਾਟ ਅਲਾਟ ਕਰਨ, ਘਰ ਬਣਾਉਣ ਲਈ ਪੰਜ ਲੱਖ ਦੀ ਗ੍ਰਾਂਟ ਦਿੱਤੀ ਜਾਵੇ, ਪੈਨਸ਼ਨਾਂ ਵਿੱਚ ਵਾਧਾ ਕੀਤਾ ਜਾਵੇ, ਰਾਸ਼ਨ ਡਿੱਪੂਆਂ ਉਪਰ ਸਾਰੀਆਂ ਵਸਤਾਂ ਅੱਧੀ ਕੀਮਤ 'ਤੇ ਦਿੱਤੀਆਂ ਜਾਣ।

# ਸੋਨਾ ਚੋਰੀ ਦੇ ਮਾਮਲੇ 'ਚ ਇੱਕ ਗ੍ਰਿਫਤਾਰ, 13 ਲੱਖ ਦਾ ਸਾਮਾਨ ਬਰਾਮਦ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਐੱਸ.ਐੱਸ.ਪੀ. ਮਾਲੇਰਕੋਟਲਾ ਡਾ. ਸਿਮਰਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁਹੰਮਦ ਅਸ਼ਰਫ ਪੁੱਤਰ ਰਮਜਾਨ ਵਾਸੀ ਪੱਕਾ ਦਰਵਾਜ਼ਾ ਜਮਾਲਪੁਰਾ ਦੇ ਘਰ 'ਚ ਤਮੰਨਾ ਜਿਊਲਰਜ਼ ਨਾਮ ਦੀ ਸੋਨੇ ਚਾਂਦੀ ਦੇ ਗਹਿਣਿਆਂ ਦੀ ਦੁਕਾਨ ਵਿੱਚੋਂ ਨਾਮਲੂਮ ਵਿਅਕਤੀ/ਵਿਅਕਤੀਆਂ ਨੇ ਜਿੰਦਰੇ ਤੋੜ ਕੇ ਦੁਕਾਨ ਅੰਦਰ ਪਏ ਕਰੀਬ 20 ਤੋਲੇ ਸੋਨਾ ਗਹਿਣੇ ਚੋਰੀ ਕਰਕੇ ਲੈ ਗਏ ਸਨ, ਜਿਸ ਸਬੰਧੀ ਥਾਣਾ ਸਿਟੀ-1 ਮਾਲੇਰਕੋਟਲਾ ਵੱਲੋਂ ਮੁਹੰਮਦ ਅਸ਼ਰਫ ਉਕਤ ਦੇ ਬਿਆਨ ਦੇ ਅਧਾਰ 'ਤੇ ਥਾਣਾ ਸਿਟੀ-1 ਮਾਲੇਰਕੋਟਲਾ ਵਿਖੇ ਨਾਮਲੂਮ ਵਿਅਕਤੀ/ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਗਿਆ ਸੀ।

ਡਾ. ਸਿਮਰਤ ਕੌਰ (ਆਈ.ਪੀ.ਐੱਸ.) ਨੇ ਦੱਸਿਆ ਕਿ ਮੁਕੱਦਮੇ ਦੀ ਤਫਤੀਸ਼ ਸ੍ਰ. ਗੁਰਦੇਵ ਸਿੰਘ, ਉਪ ਕਪਤਾਨ ਪੁਲਸ ਸਬ-ਡਵੀਜ਼ਨ ਮਾਲੇਰਕੋਟਲਾ ਦੀ ਅਗਵਾਈ ਹੇਠ ਇੰਸਪੈਕਟਰ ਸਾਹਿਬ ਸਿੰਘ ਮੁੱਖ ਅਫਸਰ ਥਾਣਾ ਸਿਟੀ-1 ਮਾਲੇਰਕੋਟਲਾ ਵੱਲੋਂ ਤਕਨੀਕੀ ਤੌਰ 'ਤੇ ਅਮਲ ਵਿੱਚ ਲਿਆਂਦੀ ਗਈ। ਤਫਤੀਸ਼ ਦੌਰਾਨ ਗੁਲਫ ਰਾਜ ਪੁੱਤਰ ਅਬਦੁੱਲ ਹਮੀਦ ਵਾਸੀ ਮੁਹੱਲਾ ਆਵਿਆਂ ਵਾਲਾ ਮਾਲੇਰਕੋਟਲਾ ਨੂੰ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ। ਮੁਲਜ਼ਮ ਪਾਸੋਂ ਦੁਕਾਨ ਵਿੱਚੋਂ ਚੋਰੀ ਕੀਤੇ ਗਏ 20 ਤੋਲ਼ੇ ਸੋਨਾ ਗਹਿਣੇ (ਕੀਮਤ ਕਰੀਬ 13 ਲੱਖ ਰੁਪਏ) ਬਰਾਮਦ ਕਰਵਾਏ ਗਏ ਤੇ ਮੁਕੱਦਮਾ ਵਿੱਚ ਜੁਰਮ 411 ਹਿੰ: ਦੰ: ਦਾ ਵਾਧਾ ਕੀਤਾ ਗਿਆ ਹੈ। ਮੁਲਜ਼ਮ ਦਾ ਅਦਾਲਤ ਪਾਸੋਂ ਪੁਲਸ ਰਿਮਾਂਡ ਹਾਸਲ ਕਰਕੇ ਅਜਿਹੀਆਂ ਹੋਰ ਵਾਰਦਾਤਾਂ ਕਰਨ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਆੜ੍ਹਤੀਆਂ, ਮਜ਼ਦੂਰਾਂ ਤੇ ਟਰੱਕਾਂ ਵਾਲਿਆਂ ਦੇ ਵਫ਼ਦ ਵੱਲੋਂ ਐੱਸ ਡੀ ਐੱਮ ਨਾਲ ਵਿਚਾਰਾਂ

**ਮੱਖੂ (ਰਛਪਾਲ ਸਿੰਘ ਸੰਧੂ)**
ਕਣਕ ਦੇ ਸੀਜ਼ਨ ਦੇ ਸਬੰਧ ਵਿੱਚ ਦਾਣਾ ਮੰਡੀ ਮਖੂ, ਜ਼ੀਰਾ ਤੇ ਮੱਲਾਂਵਾਲਾ ਦੇ ਆੜ੍ਹਤੀਆਂ, ਮਜ਼ਦੂਰਾਂ ਤੇ ਟਰੱਕਾਂ ਵਾਲਿਆਂ ਦਾ ਵਫ਼ਦ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਦੀ ਅਗਵਾਈ ਵਿੱਚ ਐੱਸਡੀਐੱਮ ਜ਼ੀਰਾ ਗੁਰਮੀਤ ਸਿੰਘ ਨੂੰ ਮਿਲ ਕੇ ਸੀਜ਼ਨ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਜਾਣੂ ਕਰਾਇਆ ਗਿਆ।ਇਸ ਮੌਕੇ ਆੜ੍ਹਤੀਆਂ, ਮਜ਼ਦੂਰਾਂ ਤੇ ਟਰੱਕਾਂ ਵਾਲਿਆਂ ਨੇ ਐੱਸਡੀਐੱਮ ਜ਼ੀਰਾ ਗੁਰਮੀਤ ਸਿੰਘ ਨੂੰ ਦੱਸਿਆ ਕਿ ਪਿਛਲੇ ਸਾਲ ਕਣਕ ਦੇ ਸੀਜ਼ਨ ਦੌਰਾਨ ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਲਈ ਘੱਟ ਰੇਟਾਂ 'ਤੇ ਟੈਂਡਰਜ਼ ਹੋਣ ਕਾਰਨ ਟਰੱਕਾਂ ਵਾਲਿਆਂ ਨੂੰ ਨਾ ਮਾਤਰ ਹੀ ਕਰਾਇਆ ਮਿਲਿਆ ਸੀ, ਜਿਸ ਕਾਰਨ ਆੜ੍ਹਤੀਆਂ ਤੇ ਟਰੱਕਾਂ ਵਾਲੀਆਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪਿਆ ਸੀ।ਇਸ ਲਈ ਇਸ ਵਾਰ ਕਣਕ ਦੇ ਸੀਜ਼ਨ ਦੌਰਾਨ ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਕਰਾਉਣ ਲਈ ਟਰੱਕਾਂ ਵਾਲਿਆਂ ਦਾ ਕਰਾਇਆ ਵਧਾਇਆ ਜਾਵੇ ਤਾਂ ਜੁ ਟਰੱਕਾਂ ਵਾਲਿਆਂ ਨੂੰ ਸਹੀ ਰੇਟ ਮਿਲ ਸਕੇ।

ਮਜ਼ਦੂਰ ਆਗੂਆਂ ਨੇ ਕਿਹਾ ਖਰੀਦ ਕੇਂਦਰਾਂ 'ਤੇ ਮਜ਼ਦੂਰਾਂ ਦੇ ਬੈਠਣ ਅਤੇ ਬਾਥਰੂਮ ਦਾ ਕੋਈ ਪ੍ਰਬੰਧ ਨਹੀਂ ਹੁੰਦਾ, ਜਿਸ ਕਾਰਨ ਸੀਜ਼ਨ ਦੌਰਾਨ ਮਜ਼ਦੂਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਮੌਕੇ ਐੱਸਡੀਐੱਮ ਜ਼ੀਰਾ ਗੁਰਮੀਤ ਸਿੰਘ ਨੇ ਆੜ੍ਹਤੀਆਂ, ਮਜ਼ਦੂਰਾਂ ਤੇ ਟਰੱਕਾਂ ਵਾਲਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਕਣਕ ਦੇ ਸੀਜ਼ਨ ਦੇ ਸਬੰਧ ਵਿੱਚ ਮੇਨ ਦਾਣਾ ਮੰਡੀਆਂ ਤੇ ਖਰੀਦ ਕੇਂਦਰਾਂ 'ਤੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।ਕਣਕ ਦੇ ਸੀਜ਼ਨ ਦੌਰਾਨ ਆੜ੍ਹਤੀਆਂ, ਕਿਸਾਨਾਂ, ਮਜ਼ਦੂਰਾਂ ਤੇ ਟਰੱਕਾਂ ਵਾਲਿਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਲਈ ਟਰੱਕਾਂ ਦੇ ਘੱਟ ਰੇਟਾਂ ਬਾਰੇ ਐੱਸਡੀਐੱਮ ਜ਼ੀਰਾ ਗੁਰਮੀਤ ਸਿੰਘ ਨੇ ਕਿਹਾ ਕਿ ਇਸ ਸਬੰਧ ਵਿੱਚ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨਾਲ ਮੀਟਿੰਗ ਕਰਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ।



# ਲੁੱਟਾਂ-ਖੋਹਾਂ ਕਰਨ ਵਾਲਾ ਪੁਲਸ ਅੜਿੱਕੇ



**ਲੁਧਿਆਣਾ (ਜਸਦੀਪ ਵਰਤੀਆ)**-ਸ੍ਰੀ ਕੁਲਦੀਪ ਸਿੰਘ ਚਾਹਲ ਮਾਨਯੋਗ ਕਮਿਸ਼ਨਰ ਪੁਲਸ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਧ ਰਹੀਆਂ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਵਿੱਢੀ ਮੁਹਿੰਮ ਤਹਿਤ ਪੁਲਸ ਚੌਕੀ ਐਲਡੀਕੋ ਆਸਟੇਡ ਥਾਣਾ ਸਲੇਮਟਾਪੁਰੀ ਲੁਧਿਆਣਾ ਵੱਲੋਂ ਇੱਕ ਵਿਅਕਤੀ ਨੂੰ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ ਗਿਆ। ਜਾਣਕਾਰੀ ਅਨੁਸਾਰ ਇੰਸਪੈਕਟਰ ਜੈਦੀਪ ਸਿੰਘ ਜਾਖੜ ਮੁੱਖ ਅਫਸਰ ਥਾਣਾ ਸਲੇਮਟਾਪੁਰੀ ਲੁਧਿਆਣਾ ਤੇ ਏਐੱਸਆਈ ਅਜੀਤਪਾਲ ਸਿੰਘ ਚੌਕੀ ਇੰਚਾਰਜ ਐਲਡੀਗੋ ਅਸਟੇਟ ਦੀ ਟੀਮ ਗਸ਼ਤ ਦੌਰਾਨ ਮਲਹੋਤਰਾ ਕੱਟ ਮੇਨ ਰੋਡ ਲੁਧਿਆਣਾ ਮੌਜੂਦ ਸੀ ਤਾਂ ਹੌਲਦਾਰ ਗੁਰਵਿੰਦਰ ਸਿੰਘ ਨੂੰ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਹਿਮਾਂਸ਼ੂ ਪੰਡਤ ਪੁੱਤਰ ਵਿਜੇ ਕਾਂਤਵਾਸੀ ਗਲੀ ਨੰਬਰ ਚਾਰ ਸਿਵਾਤੀ ਕਲੋਨੀ ਨੇੜੇ ਪਾਣੀ ਵਾਲੀ ਟੈਂਕੀ ਜੱਸੀਆਂ ਰੋਡ ਲੁਧਿਆਣਾ, ਜੋ ਵੱਖ ਵੱਖ ਥਾਵਾਂ ਤੋਂ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦਾ ਆਦੀ ਹੈ ਤੇ ਚੋਰੀਸ਼ੁਦਾ ਮੋਟਰਸਾਈਕਲ 'ਤੇ ਲੋਕਾਂ ਪਾਸੋਂ ਦਾਤਰ ਦਿਖਾ ਕੇ ਸੱਟ ਮਾਰਨ ਦਾ ਡਰਾਵਾ ਦੇ ਕੇ ਲੁੱਟਾਂ ਖੋਹਾਂ ਕਰਦਾ ਹੈ, ਜਿਸ 'ਤੇ ਹੌਲਦਾਰ ਗੁਰਵਿੰਦਰ ਸਿੰਘ ਨੇ ਉਕਤ ਖਿਲਾਫ ਮੁਕੱਦਮਾ ਦਰਜ ਕਰ ਕਰਵਾਈ ਕਰਦਿਆਂ ਮੁਲਜ਼ਮ ਹਿਮਾਂਸ਼ੂ ਪੰਡਤ ਨੂੰ ਟਾਈਗਰ ਸਵਾਰੀ ਮੇਨ ਰੋਡ ਪਿੰਡ ਭੱਟੀਆਂ ਤੋਂ ਵਾਰਦਾਤ ਕਰਨ ਸਮੇਂ ਵਰਤਿਆ ਗਿਆ ਮੋਟਰਸਾਈਕਲ ਸਪਲੈਂਡਰ ਰੰਗ ਸਿਲਵਰ ਬਿਨਾਂ ਨੰਬਰੀ ਤੇ ਇੱਕ ਦਾਤਰ ਲੋਹਾ ਸਮੇਤ ਗ੍ਰਿਫਤਾਰ ਕੀਤਾ ਗਿਆ। ਮੁਲਜ਼ਮ ਤੋਂ ਪੁੱਛਗਿੱਛ ਦੌਰਾਨ ਇੱਕ ਬਰਾਉਨ ਰੰਗ ਦਾ ਪਰਸ ਬਰਾਮਦ ਹੋਇਆ, ਜਿਸ ਵਿੱਚੋਂ ਕਿਸੇ ਵਿਅਕਤੀ ਦੀ ਜ਼ਰੂਰੀ ਤਫਤੀਸ਼ ਅਤੇ 1200 ਰੁਪਏ ਬਰਾਮਦ ਕਰਵਾਏ ਗਏ। ਮੁਕੱਦਮੇ ਦੀ ਤਫਤੀਸ਼ ਅਜੇ ਜਾਰੀ ਹੈ।

# ਹਰਿਆਣਾ ਪੁਲਸ ਨੇ ਜਲਬੇੜਾ ਨੂੰ ਜਲਦ ਰਿਹਾਅ ਨਾ ਕੀਤਾ ਤਾਂ ਯੂਨੀਅਨ ਕਰੇਗੀ ਰੋਸ ਪ੍ਰਦਰਸ਼ਨ : ਕਾਦੀਆਂ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਮਹੀਨਾਵਾਰ ਮੀਟਿੰਗ ਸਥਾਨਕ ਗੁਰਦੁਆਰਾ ਗੁਰੂ ਗੋਬਿੰਦ ਸਿੰਘ ਵਿਖੇ ਮਾਲਵਾ ਜ਼ੋਨ ਦੇ ਪ੍ਰਧਾਨ ਇੰਦਰਵੀਰ ਸਿੰਘ ਕਾਦੀਆਂ ਦੀ ਪ੍ਰਧਾਨਗੀ ਹੇਠ ਹੋਈ, ਜੋ ਵਿਸ਼ੇਸ਼ ਤੌਰ 'ਤੇ ਸਮਰਾਲਾ ਤਹਿਸੀਲ ਦੀ ਮੀਟਿੰਗ ਭਾਗ ਲੈਣ ਅਤੇ ਕਿਸਾਨਾਂ ਦੀ ਮੁਸ਼ਕਿਲਾਂ ਸਬੰਧੀ ਜਾਨਣ ਲਈ ਉਚੇਚੇ ਤੌਰ 'ਤੇ ਪੁੱਜੇ।ਉਨ੍ਹਾਂ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਇਲਾਕੇ ਦੇ ਕਿਸਾਨਾਂ ਦੀਆਂ ਮੁਸ਼ਕਲਾਂ ਤੇ ਆ ਰਹੀ ਹਾੜ੍ਹੀ ਦੀ ਫ਼ਸਲ ਦੌਰਾਨ ਦਰਪੇਸ਼ ਮੁਸ਼ਕਿਲਾਂ ਸਬੰਧੀ ਵਿਚਾਰ ਵਿਟਾਂਦਰਾ ਕੀਤਾ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਬੀ.ਕੇ.ਯੂ. (ਦੋਆਬਾ) ਦੇ ਕਿਸਾਨ ਵੀਰ ਨਵਦੀਪ ਸਿੰਘ ਜਲਬੇੜਾ, ਜਿਸਨੂੰ ਹਰਿਆਣਾ ਪੁਲਿਸ ਨੇ ਧੱਕੇ ਨਾਲ ਚੁੱਕ ਕੇ ਝੂਠਾ ਪਰਚਾ ਪਾ ਦਿੱਤਾ ਹੈ। ਹਰਿਆਣਾ ਪੁਲਿਸ ਦੀ ਇਸ ਗੰਦੀ ਹਰਕਤ ਦਾ ਯੂਨੀਅਨ ਪੁਰਜ਼ੋਰ ਵਿਰੋਧ ਕਰਦੀ ਹੈ ਤੇ ਚਿਤਾਵਨੀ ਵੀ ਦਿੰਦੀ ਹੈ ਕਿ ਹਰਿਆਣਾ ਪੁਲਸ ਭਾਈ ਜਲਬੇੜਾ ਖਿਲਾਫ਼ ਪਾਇਆ ਝੂਠਾ ਪਰਚਾ ਰੱਦ ਕਰਕੇ, ਬਾਇੱਜ਼ਤ ਬਰੀ ਕਰੇ, ਜੇਕਰ ਅਜਿਹਾ ਨਹੀਂ ਹੁੰਦਾ ਤਾਂ ਯੂਨੀਅਨ ਰੋਸ ਧਰਨੇ ਅਰੰਭ ਕਰਕੇ ਸੰਘਰਸ਼ ਤੇਜ਼ ਕਰੇਗੀ।ਇਸ ਮੌਕੇ ਯੂਨੀਅਨ ਦੇ ਲੁਧਿਆਣਾ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਖੀਰਨੀਆਂ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਪੰਜਾਬ ਦੇ ਬਾਰਡਰ 'ਤੇ ਆਪਣੀਆਂ ਹੱਕੀ ਮੰਗਾਂ ਸਬੰਧੀ ਸੰਘਰਸ਼ ਕਰ ਰਹੇ ਹਨ। ਜੇਕਰ ਇਸ ਦੇਸ਼ ਵਿੱਚ ਆਪਣੇ ਹੱਕਾਂ ਦੀ ਖਾਤਿਰ ਸੰਘਰਸ਼ ਕਰਨਾ ਵੀ ਗੁਨਾਹ ਹੈ, ਤਾਂ ਇਸ ਤੋਂ ਵੱਧ ਜਬਰ ਕੀ ਹੋਵੇਗਾ।ਇੱਕ ਪਾਸੇ ਕਿਸਾਨ ਨੂੰ ਅੰਨਦਾਤਾ ਕਹਿ ਕੇ ਬੁਲਾਇਆ ਜਾਂਦਾ ਹੈ, ਪਰ ਅੱਜ ਜੋ ਦੁਰਦਸ਼ਾ ਕਿਸਾਨ ਦੀ ਕੀਤੀ ਜਾ ਰਹੀ ਹੈ, ਉਸ ਕਿਸੇ ਤੋਂ ਵੀ ਨਹੀਂ ਲੁਕੀ ਹੋਈ।ਪਿੰਡ ਮੁਸ਼ਕਾਬਾਦ ਵਿਖੇ ਲੱਗ ਰਹੇ ਬਾਇਓ ਗੈਸ ਪਲਾਂਟ ਦਾ ਭਾਕਿਯੂ (ਦੋਆਬਾ) ਡਟ ਕੇ ਵਿਰੋਧ ਕਰਦੀ ਹੈ, ਜੇਕਰ ਇਹ ਫੈਕਟਰੀ ਚੱਲਦੀ ਹੈ ਤਾਂ ਮੁਸ਼ਕਾਬਾਦ ਤੋਂ ਆਲੇ-ਦੁਆਲੇ ਦੇ ਇਲਾਕੇ ਦਾ ਵਾਤਾਵਰਣ ਦੂਸ਼ਿਤ ਹੋ ਜਾਵੇਗਾ ਤੇ ਗੰਭੀਰ ਬਿਮਾਰੀਆਂ ਲੱਗਣ ਦਾ ਖਦਸ਼ਾ ਹੈ।ਯੂਨੀਅਨ ਮੰਗ ਕਰਦੀ ਹੈ ਕਿ ਪ੍ਰਸ਼ਾਸਨ ਇਸ ਸਬੰਧੀ ਯੋਗ ਕਾਰਵਾਈ ਕਰਕੇ ਇਸ ਫੈਕਟਰੀ ਨੂੰ ਤੁਰੰਤ ਬੰਦ ਕਰਨ ਦੇ ਹੁਕਮ ਦੇਵੇ।

## ਚੋਣ ਪ੍ਰਬੰਧਾਂ 'ਚ ਊਣਤਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਾ. ਦੁੱਗਲ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਲੋਕ ਸਭਾ ਆਮ ਚੋਣਾਂ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਇਥੇ ਵੱਖ-ਵੱਖ ਵਿਭਾਗਾਂ ਦੇ ਨੋਡਲ ਅਫਸਰਾਂ ਨਾਲ ਬੈਠਕ ਕੀਤੀ।ਇਸ ਬੈਠਕ ਵਿੱਚ ਜ਼ਿਲ੍ਹੇ ਦੇ ਐੱਸ ਐੱਸ ਪੀ ਡਾ. ਪ੍ਰਗਿਆ ਜੈਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਕਿਹਾ ਕਿ ਚੋਣ ਤਿਆਰੀਆਂ ਵਿੱਚ ਕੋਈ ਵੀ ਊਣਤਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾ ਸਾਰੇ ਨੋਡਲ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਨਿਰਧਾਰਤ ਟੀਚੇ ਅਨੁਸਾਰ ਆਪਣੇ ਚੋਣ ਪ੍ਰਬੰਧਾਂ ਨੂੰ ਸਮੇਂ ਸਿਰਫ ਪੂਰਾ ਕਰਨ।ਉਨ੍ਹਾ ਕਿਹਾ ਕਿ ਜੇਕਰ ਕਿਸੇ ਕੋਲੋਂ 50 ਹਜ਼ਾਰ ਤੋਂ ਵੱਧ ਦੀ ਨਗਦੀ ਬਰਾਮਦ ਹੁੰਦੀ ਹੈ ਤੇ ਸੰਬੰਧਤ ਵਿਅਕਤੀ ਇਸ ਸਬੰਧੀ ਮਾਲਕੀ ਦੇ ਪੁਖਤਾ ਸਬੂਤ ਪੇਸ਼ ਨਹੀਂ ਕਰ ਪਾਉਂਦਾ ਤਾਂ ਅਜਿਹੀ ਨਗਦੀ ਜ਼ਬਤ ਕੀਤੀ ਜਾ ਸਕਦੀ ਹੈ।ਉਨ੍ਹਾ ਸਾਰੀਆਂ ਟੀਮਾਂ ਨੂੰ ਹਦਾਇਤ ਕੀਤੀ ਕਿ ਸਖਤੀ ਨਾਲ ਨਿਗਰਾਨੀ ਕੀਤੀ ਜਾਵੇ ਤੇ ਚੋਣਾਂ ਵਿੱਚ ਧਨ, ਬਲ ਤੇ ਨਸ਼ੇ ਦੀ ਵਰਤੋਂ ਨੂੰ ਸਖਤੀ ਨਾਲ ਰੋਕਿਆ ਜਾਵੇ।ਇਸ ਮੌਕੇ ਐੱਸ ਐੱਸ ਪੀ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਰਾਜਸਥਾਨ ਨਾਲ ਲੱਗਦੀਆਂ ਹੱਦਾਂ 'ਤੇ 24 ਨਾਕੇ ਲਗਾਏ ਗਏ ਹਨ ਤੇ ਇਸ ਤੋਂ ਬਿਨਾਂ ਵੀ ਜ਼ਿਲ੍ਹੇ ਵਿੱਚ ਲਗਾਤਾਰ ਚੌਕਸੀ ਰੱਖੀ ਜਾ ਰਹੀ ਹੈ।ਚੋਣ ਜਾਬਤਾ ਲਾਗੂ ਹੋਣ ਤੋਂ ਬਾਅਦ ਜ਼ਿਲ੍ਹੇ ਵਿੱਚ 15 ਪਰਚੇ ਦਰਜ ਕਰਕੇ 25 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਬੈਠਕ ਵਿੱਚ ਵਧੀਕ ਡਿਪਟੀ ਕਮਿਸ਼ਨਰ ਜਨਰਲ ਰਕੇਸ਼ ਕੁਮਾਰ ਪੋਪਲੀ, ਐੱਸ ਡੀ ਐੱਮ ਪੰਕਜ ਬਾਂਸਲ ਤੇ ਬਲਕਰਨ ਸਿੰਘ, ਤਹਿਸੀਲਦਾਰ ਸੁਖਦੇਵ ਸਿੰਘ ਤੇ ਸੁਖਬੀਰ ਕੌਰ, ਖਰਚਾ ਨਿਗਰਾਨ ਟੀਮ ਤੋਂ ਵਿਨੇ ਬਜਾਜ, ਐੱਮ ਸੀ ਸੀ ਨਿਗਰਾਨ ਟੀਮ ਤੋਂ ਅਸ਼ੋਕ ਕੁਮਾਰ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜਲਾਲਾਬਾਦ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਦੇਸ ਰਾਜ ਗਾਂਧੀ ਦੀ ਪ੍ਰਧਾਨਗੀ ਹੇਠ ਸਥਾਨਕ ਪੈਨਸ਼ਨਰਜ ਭਵਨ ਵਿਖੇ ਸੰਪੰਨ ਹੋਈ। ਮੀਟਿੰਗ 'ਚ ਸਭ ਤੋਂ ਪਹਿਲਾਂ ਸੁਖਚੈਨ ਦਾਸ ਬਜਾਜ ਦੀ ਹੋਈ ਅਚਾਨਕ ਮੌਤ 'ਤੇ 2 ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਇਸ ਦੇ ਬਾਅਦ ਜਨਰਲ ਸਕੱਤਰ ਗੁਰਦੀਪ ਸਿੰਘ ਛਾਬੜਾ ਨੇ ਮੀਟਿੰਗ ਦੀ ਕਾਰਵਾਈ ਸ਼ੁਰੂ ਕੀਤੀ ਤੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਵਰਤਮਾਨ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਜਾਇਜ਼ ਤੇ ਹੱਕੀ ਮੰਗਾਂ ਦੀ ਅਣਦੇਖੀ ਕਰਨ 'ਤੇ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਪ੍ਰਕਾਸ਼ ਦੋਸ਼ੀ ਨੇ ਪੰਜਾਬ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰਜ਼ ਵਿਰੋਧੀ ਨੀਤੀਆਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਇਸ ਵਾਰ ਆਪਣੀ ਕੀਮਤੀ ਵੋਟ ਨੂੰ ਸੋਚ ਸਮਝ ਕੇ ਪਾਉਣ 'ਤੇ ਜ਼ੋਰ ਦਿੱਤਾ।

ਦੇਸ ਰਾਜ ਸੁੱਲ੍ਹਾ ਨੇ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਵਰਤਮਾਨ ਪੰਜਾਬ ਸਰਕਾਰ ਨੂੰ ਮੁਲਾਜ਼ਮ ਤੇ ਪੈਨਸ਼ਨਰ ਪ੍ਰਤੀ ਵਿਹਾਰ ਚੰਗਾ ਨਾ ਸਮਝਦੇ ਹੋਏ ਚੇਤਾਵਨੀ ਦਿੱਤੀ ਕਿ ਪੈਨਸ਼ਨਰਜ਼ ਦੀਆਂ ਮੰਗਾਂ ਨੂੰ ਤੁਰੰਤ ਮੰਨ ਕੇ ਲਾਗੂ ਕਰਨ ਲਈ ਲੋੜੀਂਦਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਕੀਤੀ ਗਈ। ਕੈਸ਼ੀਅਰ ਰਾਜ ਕੁਮਾਰ ਨੇ ਪਿਛਲੇ ਸਾਲ 2023-24 ਦੀ ਸਾਲਾਨਾ ਰਿਪੋਰਟ ਵਿੱਚ ਆਮਦਨ ਤੇ ਖਰਚ ਦਾ ਵੇਰਵਾ ਮੀਟਿੰਗ ਵਿਚ ਪੜ੍ਹ ਕੇ ਸੁਣਾਇਆ। ਟੀਚਰ ਰਾਜ ਕੁਮਾਰ ਤੇ ਦੁਨੀ ਚੰਦ ਬੱਤਰਾ ਨੇ ਸਰਕਾਰ ਵੱਲੋਂ ਅਪਣਾਏ ਜਾ ਰਹੀ ਪੈਨਸ਼ਨਰ ਵਿਰੋਧੀ ਰਵੱਈਏ ਦੀ ਆਲੋਚਨਾ ਕੀਤੀ। ਇਸ ਮੌਕੇ ਗੋਬਿੰਦ ਰਾਮ, ਸਤੀਸ਼ ਚੰਦਰ ਚਰਾਇਆ, ਗੁਰਜਿੰਦਰ ਸਿੰਘ, ਅਰੂੜ ਸਿੰਘ, ਰਾਜ ਕੁਮਾਰ, ਅਮਰ ਸਿੰਘ ਕਾਸਿਕੇ, ਦਲੀਪ ਸਿੰਘ ਨੇ ਸੰਬੋਧਨ ਕੀਤਾ।

# ਕਾਰਪੋਰੇਟ ਪੱਖੀ ਸਰਕਾਰ ਦੇ ਭਲਕੇ ਫੂਕੇ ਜਾਣਗੇ ਪੁਤਲੇ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਆਪਣੀਆਂ ਹੱਕੀ ਮੰਗਾਂ ਲਈ 13 ਫਰਵਰੀ 2024 ਤੋਂ ਬਾਰਡਰਾਂ ਉੱਪਰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਭਾਰਤ ਤੇ ਕਿਸਾਨ ਮਜ਼ਦੂਰ ਮੋਰਚੇ ਦੀ ਅਗਵਾਈ ਵਿੱਚ ਲੜੇ ਜਾ ਰਹੇ ਅੰਦੋਲਨ ਨੂੰ ਹੋਰ ਤੇਜ਼ ਕਰਨ ਤੇ ਮੋਰਚੇ ਵੱਲੋਂ ਦਿੱਤੇ ਗਏ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਬੋਹੜ ਸਿੰਘ ਰੁਪੱਈਆ ਵਾਲਾ ਦੀ ਅਗਵਾਈ ਵਿੱਚ ਮਾਈ ਗੋਦੜੀ ਗੁਰਦੁਆਰਾ ਸਾਹਿਬ ਵਿਖੇ ਹੋਈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਾਰੇ ਦੇਸ਼ ਦਾ ਢਿੱਡ ਭਰਨ ਵਾਲੇ ਕਿਸਾਨਾਂ ਨੂੰ 13 ਮਹੀਨੇ 13 ਦਿਨ ਦਿੱਲੀ ਦੇ ਬਾਰਡਰਾਂ ਉੱਪਰ ਚੱਲੇ ਅੰਦੋਲਨ ਤੋਂ ਬਾਅਦ ਤੇ 750 ਤੋਂ ਉੱਪਰ ਸ਼ਹੀਦੀਆਂ ਦੇਣ ਉਪਰੰਤ ਸਰਕਾਰ ਵੱਲੋਂ ਮੰਗਾਂ ਮੰਨਣ ਦਾ ਐਲਾਨ ਕੀਤਾ ਗਿਆ ਸੀ ਤੇ ਸਰਕਾਰ ਵੱਲੋਂ ਕੀਤੇ ਗਏ ਉਨ੍ਹਾਂ ਵਾਅਦਿਆਂ ਨੂੰ ਲਾਗੂ ਕਰਵਾਉਣ ਲਈ ਕਿਸਾਨਾਂ ਨੂੰ ਹੁਣ ਫੇਰ ਤੋਂ ਸ਼ਹੀਦੀਆਂ ਦੇਣੀਆਂ ਪੈ ਰਹੀਆਂ ਹਨ। ਇੰਦਰਜੀਤ ਸਿੰਘ ਘਣੀਆਂ ਜ਼ਿਲ੍ਹਾ ਜਨਰਲ ਸਕੱਤਰ ਫਰੀਦਕੋਟ ਨੇ ਦੱਸਿਆ ਕਿ ਕਾਰਪੋਰੇਟ ਪੱਖੀ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨਾਲ ਯਾਰੀ ਨਿਭਾਉਣ ਲਈ ਹਰ ਇੱਕ ਹੱਥਕੰਡਾ ਵਰਤਿਆ ਜਾ ਰਿਹਾ ਹੈ। ਬੋਹੜ ਸਿੰਘ ਨੇ ਦੱਸਿਆ ਕਿ ਸ਼ਹੀਦ ਸ਼ੁਭਕਰਨ ਸਿੰਘ ਵੱਲੋਂ ਸਰਕਾਰ ਨੂੰ ਕੀਤੇ ਗਏ ਸਵਾਲਾਂ ਦੇ ਬੈਨਰ ਸਾਰੇ ਹੀ ਪਿੰਡਾਂ ਵਿੱਚ ਲਗਾਏ ਜਾ ਰਹੇ ਹਨ, ਕਿਸਾਨੀ ਅੰਦੋਲਨ ਦੌਰਾਨ ਜਿਨ੍ਹਾਂ ਮੰਗਾਂ ਨੂੰ ਮੰਨਣ ਉਪਰੰਤ ਸਰਕਾਰ ਵੱਲੋਂ ਲਾਗੂ ਕਰਨ ਦੇ ਵਾਅਦੇ ਕੀਤੇ ਗਏ ਸਨ ਤੇ 7 ਅਪ੍ਰੈਲ ਨੂੰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਹਰਿਆਣਾ ਸਰਕਾਰ ਦੁਆਰਾ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਦੀ ਰਿਹਾਈ ਲਈ ਕਾਰਪੋਰੇਟ ਪੱਖੀ ਸਰਕਾਰ ਦੇ ਪੁਤਲੇ ਫੂਕਣ ਦਾ ਸੱਦਾ ਦਿੱਤਾ ਗਿਆ ਹੈ, ਜਿਸ ਲਈ ਜ਼ਿਲ੍ਹਾ ਫਰੀਦਕੋਟ ਵੱਲੋਂ ਪੁਰਾਣੀ ਦਾਣਾ ਮੰਡੀ ਫਰੀਦਕੋਟ ਵਿਖੇ ਇਕੱਠੇ ਹੋ ਕੇ ਮਾਰਚ ਕਰਦੇ ਹੋਏ ਭਾਈ ਘਨੱਈਆ ਚੌਕ ਫਰੀਦਕੋਟ ਵਿਖੇ ਕਾਰਪੋਰੇਟ ਪੱਖੀ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ।ਇਸ ਮੌਕੇ ਗੁਰਦਿੱਤਾ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਰਜਿੰਦਰ ਸਿੰਘ ਬਲਾਕ ਪ੍ਰਧਾਨ ਸਾਦਿਕ, ਸੁਖਚਰਨ ਸਿੰਘ ਬਲਾਕ ਪ੍ਰਧਾਨ ਗੋਲੇਵਾਲਾ, ਚਰਨਜੀਤ ਸਿੰਘ ਬਲਾਕ ਪ੍ਰਧਾਨ ਫਰੀਦਕੋਟ, ਬਲਜਿੰਦਰ ਸਿੰਘ ਬਾੜਾ ਭਾਈਕਾ ਬਲਾਕ ਪ੍ਰਧਾਨ ਬਾਜਾਖਾਨਾ, ਸ਼ਿੰਦਰਪਾਲ ਸਿੰਘ ਬਲਾਕ ਪ੍ਰਧਾਨ ਜੈਤੋ ਆਦਿ ਆਗੂ ਹਾਜ਼ਰ ਸਨ।

# ਕਿਸਾਨ ਨੂੰ ਨਵੀਂ ਮਸ਼ੀਨਰੀ ਕਹਿ ਵੇਚੀ ਪੁਰਾਣੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਲੰਘੀ 29 ਮਾਰਚ ਨੂੰ ਦੇਰ ਰਾਤ ਨੇੜਲੇ ਪਿੰਡ ਬੁਰਜ ਪਵਾਤ ਦੇ ਕਿਸਾਨ ਅੰਗਰੇਜ਼ ਸਿੰਘ ਨੇ ਖੇਤੀਬਾੜੀ ਮਸ਼ੀਨਰੀ ਰੂਟਾਵੇਟਰ ਰਾਹੋਂ ਰੋਡ 'ਤੇ ਸਥਿਤ ਇੱਕ ਦੁਕਾਨਦਾਰ ਤੋਂ ਖਰੀਦਿਆ ਸੀ ਅਤੇ ਜਦੋਂ ਉਸ ਨੇ ਘਰ ਜਾ ਕੇ ਦੂਜੇ ਦਿਨ ਬਰੀਕੀ ਨਾਲ ਦੇਖਿਆ ਤਾਂ ਇਹ ਪੁਰਾਣਾ ਸੀ।

ਕਿਸਾਨ ਅੰਗਰੇਜ਼ ਸਿੰਘ ਨੇ ਦੱਸਿਆ ਕਿ ਇਹ ਖੇਤੀਬਾੜੀ ਮਸ਼ੀਨਰੀ ਰੂਟਾਵੇਟਰ ਉਸ ਨੇ ਰਾਹੋਂ ਰੋਡ 'ਤੇ ਸਥਿਤ ਸੁਖਮਨੀ ਐਗਰੋ ਤੋਂ ਖਰੀਦੀ ਸੀ ਅਤੇ ਜਦੋਂ ਉਸ ਨੇ ਘਰ ਜਾ ਕੇ ਦੇਖਿਆ ਤਾਂ ਇਸ ਨੂੰ ਕਈ ਥਾਵਾਂ ਤੋਂ ਜੰਗ ਲੱਗਿਆ ਹੋਇਆ ਸੀ ਅਤੇ ਦੁਬਾਰਾ ਰੰਗ ਵੀ ਕੀਤਾ ਹੋਇਆ ਸੀ। ਜਦੋਂ ਇਹ ਖਰੀਦੀ ਗਈ ਮਸ਼ੀਨਰੀ ਵਾਪਸ ਕਰਨ ਲਈ ਉਕਤ ਏਜੰਸੀ ਕੋਲ ਗਿਆ ਤਾਂ ਉਸ ਨੇ ਐਡਵਾਂਸ ਦਿੱਤਾ 50 ਹਜ਼ਾਰ ਰੁਪਏ ਵਾਪਸ ਕਰਨ ਤੋਂ ਇਨਕਾਰ ਕਰ ਦਿੱਤਾ। ਕਿਸਾਨ ਨਾਲ ਹੋਈ ਧੱਕੇਸ਼ਾਹੀ ਖਿਲਾਫ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂਆਂ ਨੇ ਏਜੰਸੀ ਦਾ ਘਿਰਾਓ ਕਰ ਦਿੱਤਾ ਅਤੇ ਮੰਗ ਕੀਤੀ ਕਿ ਕਿਸਾਨ ਦੀ ਮਸ਼ੀਨਰੀ ਵਾਪਸ ਕਰ ਉਸ ਦੀ ਰਾਸ਼ੀ ਵਾਪਸ ਕੀਤੀ ਜਾਵੇ। ਏਜੰਸੀ ਦਾ ਘਿਰਾਓ ਕਰਨ ਵਾਲੇ ਕਿਸਾਨ ਆਗੂ ਪਰਮਿੰਦਰ ਸਿੰਘ ਪਾਲ ਮਾਜਰਾ, ਮਨਜੀਤ ਸਿੰਘ ਢੀਂਡਸਾ, ਹਰਦੀਪ ਸਿੰਘ, ਗਿਆਨ ਸਿੰਘ ਮੰਡ, ਹਰਵਿੰਦਰ ਸਿੰਘ ਰਤੀਪੁਰ, ਗੁਰਸੇਵਕ ਸਿੰਘ, ਰਵਿੰਦਰ ਸਿੰਘ, ਚਰਨਜੀਤ ਸਿੰਘ ਪਾਲ ਮਾਜਰਾ, ਸਤਵੰਤ ਸਿੰਘ, ਧੀਰਾ ਸਿੰਘ, ਬਲਵੰਤ ਸਿੰਘ, ਜਿੰਦਰ ਸਿੰਘ ਗਰੇਵਾਲ, ਬਾਗ ਸਿੰਘ, ਜਸਪਾਲ ਸਿੰਘ ਮਾਣੇਵਾਲ, ਹਰਪ੍ਰੀਤ ਸਿੰਘ ਮਾਣੇਵਾਲ, ਪ੍ਰਗਟ ਸਿੰਘ, ਰਵਿੰਦਰ ਸਿੰਘ, ਗੁਰਵਿੰਦਰ ਸਿੰਘ, ਧਰਮਪ੍ਰੀਤ ਸਿੰਘ ਨੇ ਕਿਹਾ ਕਿ ਕਿਸਾਨ ਨੂੰ ਜੋ ਪੁਰਾਣੀ ਮਸ਼ੀਨਰੀ ਵੇਚੀ ਹੈ, ਉਹ ਸ਼ਰੇਆਮ ਧੱਕੇਸ਼ਾਹੀ ਹੈ ਕਿਉਂਕਿ ਕੁਝ ਏਜੰਸੀਆਂ ਇਹ ਮਸ਼ੀਨਰੀ 'ਤੇ ਸਬਸਿਡੀ ਹੜੱਪ ਕੇ ਪੁਰਾਣੇ ਰੂਟਾਵੇਟਰ ਖਰੀਦ ਲੈਂਦੇ ਹਨ ਅਤੇ ਫਿਰ ਇਸ ਨੂੰ ਨਵਾਂ ਕਹਿ ਕੇ ਨਵੇਂ ਕਿਸਾਨ ਨੂੰ ਵੇਚ ਦਿੰਦੇ ਹਨ। ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂਆਂ ਨੇ ਕਿਹਾ ਕਿ ਜਦੋਂ ਤੱਕ ਏਜੰਸੀ ਦਾ ਮਾਲਕ ਕਿਸਾਨ ਦੇ ਪੈਸੇ ਵਾਪਸ ਨਹੀਂ ਦਿੰਦਾ, ਉਦੋਂ ਤੱਕ ਘਿਰਾਓ ਜਾਰੀ ਰਹੇਗਾ।

ਇਸ ਸਬੰਧੀ ਏਜੰਸੀ ਦੇ ਨੁਮਾਇੰਦੇ ਸੁਰੇਸ਼ਪਾਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਬੁਰਜ ਪਵਾਤ ਦੇ ਕਿਸਾਨ ਅੰਗਰੇਜ਼ ਸਿੰਘ ਨੂੰ ਵੇਚੀ ਗਈ ਖੇਤੀਬਾੜੀ ਮਸ਼ੀਨਰੀ ਰੂਟਾਵੇਟਰ ਪੁਰਾਣਾ ਨਹੀਂ ਹੈ ਤੇ ਫਿਰ ਵੀ ਜੇਕਰ ਉਨ੍ਹਾਂ ਨੂੰ ਇਸ ਪ੍ਰਤੀ ਕੋਈ ਸ਼ੰਕਾ ਹੈ ਤਾਂ ਉਹ ਇਹ ਵਾਪਸ ਲੈ ਕੇ ਨਵਾਂ ਦੇਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਕਿਸਾਨ ਪੈਸੇ ਵਾਪਸ ਮੰਗ ਰਹੇ ਹਨ, ਪਰ ਏਜੰਸੀ ਬਦਲ ਕੇ ਨਵਾਂ ਹੋਰ ਰੂਟਾਵੇਟਰ ਦੇ ਦੇਵੇਗੀ, ਪਰ ਪੈਸੇ ਵਾਪਸ ਨਹੀਂ ਦੇਵੇਗੀ।

■ ਬੀ ਕੇ ਯੂ ਲੱਖੋਵਾਲ ਵੱਲੋਂ ਏਜੰਸੀ ਦਾ ਘਿਰਾਓ



## ਭੂਆ ਨੇ ਭਤੀਜੇ 'ਤੇ ਕਰਵਾਇਆ ਹਮਲਾ, 22 ਜਣਿਆਂ ਖਿਲਾਫ ਕੇਸ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਖੂ ਅਧੀਨ ਆਉਂਦੇ ਪਿੰਡ ਮੁੰਡੀ ਛੁਰੀ ਮਾਰ ਵਿਖੇ ਜਗ੍ਹਾ 'ਤੇ ਕਬਜ਼ਾ ਕਰਨ ਨੂੰ ਲੈ ਕੇ ਭੂਆ ਵੱਲੋਂ ਆਪਣੇ ਹੀ ਭਤੀਜੇ 'ਤੇ ਹਮਲਾ ਕਰਵਾਉਣ ਦੀ ਖਬਰ ਮਿਲੀ ਹੈ। ਇਸ ਹਮਲੇ ਵਿੱਚ ਜ਼ਖਮੀਂ ਹੋਏ ਵਿਅਕਤੀ ਦਾ ਇਲਾਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿੱਚ ਚੱਲ ਰਿਹਾ ਹੈ। ਇਸ ਸਬੰਧੀ ਥਾਣਾ ਮਖੂ ਪੁਲਸ ਨੇ ਦੋ ਵਿਅਕਤੀਆਂ ਸਮੇਤ ਇਕ ਬਾਲ ਅਪਰਾਧੀ ਨੂੰ ਗ੍ਰਿਫਤਾਰ ਕਰਕੇ 10 ਬਾਏ ਨੇਮ ਵਿਅਕਤੀਆਂ ਤੇ 10/12 ਅਣਪਛਾਤੇ ਵਿਅਕਤੀਆਂ ਖਿਲਾਫ 452, 323, 427, 148, 149, 448, 511 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੋਨਾ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਮੁੰਡੀ ਛੁਰੀ ਮਾਰ ਨੇ ਦੱਸਿਆ ਕਿ ਬਲਵਿੰਦਰ ਕੌਰ ਉਸ ਦੀ ਸਕੀ ਭੂਆ ਹੈ, ਜੋ ਕੁਝ ਸਮਾਂ ਪਹਿਲਾਂ ਸਮੇਤ ਪਰਿਵਾਰ ਸਾਡੇ ਘਰ ਵਿੱਚ ਰਹਿ ਰਹੀ ਸੀ, ਇਨ੍ਹਾਂ ਨੂੰ ਇਹ ਜਗ੍ਹਾ ਰਹਿਣ ਲਈ ਦਿੱਤੀ ਸੀ, ਪਰ ਹੁਣ ਇਨ੍ਹਾਂ ਨੇ ਇਹ ਜਗ੍ਹਾ 'ਤੇ ਕਬਜ਼ਾ ਕਰਕੇ ਵੇਚਣਾ ਚਾਹੁੰਦੇ ਹਨ, ਜਿਸ ਕਰਕੇ ਦੋਸ਼ੀਆਨ ਬਲਕਾਰ ਸਿੰਘ ਪੁੱਤਰ ਸੰਤਾ ਸਿੰਘ, ਬਲਵਿੰਦਰ ਸਿੰਘ ਪੁੱਤਰ ਬਲਕਾਰ ਸਿੰਘ, ਜੋਗਿੰਦਰ ਸਿੰਘ ਪੁੱਤਰ ਬਲਕਾਰ ਸਿੰਘ, ਹਰਬੰਸ ਸਿੰਘ ਪੁੱਤਰ ਸੰਤਾ ਸਿੰਘ, ਨਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ, ਤਜਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ, ਹਰਸ਼ ਸਿੰਘ ਪੁੱਤਰ ਜੋਗਿੰਦਰ ਸਿੰਘ, ਲਵਿਸ਼ ਪੁੱਤਰ ਜੋਗਿੰਦਰ ਸਿੰਘ, ਬਲਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ, ਅਮਰੀਕ ਸਿੰਘ ਪੁੱਤਰ ਬਗੀਚਾ ਸਿੰਘ (ਬਾਲ ਅਪਰਾਧੀ) ਤੇ 10/12 ਨੇ ਹਮਮਸ਼ਵਰਾ ਹੋ ਕੇ ਉਸ ਦੇ ਘਰ ਦਾਖਲ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਸੋਨਾ ਸਿੰਘ ਨੇ ਦੱਸਿਆ ਕਿ ਉਸ ਨੂੰ ਛੁਡਾਉਣ ਲਈ ਉਸ ਦਾ ਦੋਸਤ ਹਰਦਿਆਲ ਸਿੰਘ ਤੇ ਸੁਬੇਗ ਸਿੰਘ ਅੱਗੇ ਆਏ ਤਾਂ ਉਨ੍ਹਾਂ ਦੇ ਵੀ ਸੱਟਾਂ ਮਾਰੀਆਂ ਅਤੇ ਘਰ ਦੀ ਭੰਨ ਤੋੜ ਕੀਤੀ ਤੇ ਨੁਕਸਾਨ ਕੀਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਹਰਮੇਸ਼ ਸਿੰਘ ਨੇ ਦੱਸਿਆ ਕਿ ਪੁਲਸ ਨੇ ਮੁਲਜ਼ਮ ਜੋਗਿੰਦਰ ਸਿੰਘ, ਲਵਿਸ਼ ਸਿੰਘ (ਬਾਲ ਅਪਰਾਧੀ) ਤੇ ਅਮਰੀਕ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ।

## ਸਸਤੇ ਰੇਟ 'ਤੇ ਝੋਨਾ ਲਿਆ ਕੇ ਮਹਿੰਗੇ ਭਾਅ ਵੇਚਣ ਵਾਲਿਆਂ ਖਿਲਾਫ ਕਾਰਵਾਈ ਨਾ ਹੋਣ 'ਤੇ ਸੰਘਰਸ਼ ਵਿੱਢਾਂਗੇ : ਕਿਸਾਨ ਆਗੂ

**ਬਰੇਟਾ (ਰੀਤਵਾਲ)**-ਪੰਜਾਬ ਵਿੱਚ ਬਿਹਾਰ ਜਾਂ ਯੂ ਪੀ ਤੋਂ ਸਸਤੇ ਰੇਟ 'ਤੇ ਝੋਨਾ ਲਿਆ ਕੇ ਮਹਿੰਗੇ ਭਾਅ 'ਤੇ ਵੇਚਿਆ ਜਾ ਰਿਹਾ ਹੈ। ਇਸ ਤਰ੍ਹਾਂ ਦੀ ਹੀ ਘਟਨਾ ਸਾਹਮਣੇ ਆਈ ਜਦੋਂ ਬੀਤੇ ਸ਼ਾਮੀ ਪਿੰਡ ਬਾਦਲਗੜ੍ਹ ਵਿਖੇ ਪੰਜਾਬ-ਹਰਿਆਣਾ ਬਾਰਡਰ 'ਤੇ ਟਰਾਲਾ ਪਲਟਿਆ ਤੇ ਨੇੜੇ ਖੇਤਾਂ ਵਿੱਚ ਕੰਮ ਕਰਦੇ ਕਿਸਾਨਾਂ ਨੂੰ ਸ਼ੱਕ ਹੋਇਆ ਕਿ ਇਹ ਕੱਚੇ ਰਸਤੇ ਤੋਂ ਇੰਨਾ ਭਾਰੀ ਮਾਲ ਢੋਣ ਵਾਲਾ ਵਾਹਨ ਕਿਵੇਂ ਜਾ ਰਿਹਾ ਹੈ। ਜਦੋਂ ਕੋਲ ਜਾ ਕੇ ਕਿਸਾਨਾਂ ਨੇ ਦੇਖਿਆ ਤਾਂ ਪਤਾ ਲੱਗਿਆ ਕਿ ਰਾਜਸਥਾਨ ਨੰਬਰ ਦੀ ਗੱਡੀ ਵਿੱਚ ਝੋਨਾ ਬਿਹਾਰ ਦੇ ਖੜਗੀਆ ਤੋਂ ਲਿਆ ਕੇ ਸ਼ਿਵ ਸ਼ੰਕਰ ਰਾਈਸ ਮਿੱਲ ਧਰਮਪੁਰਾ ਵਿਖੇ ਅਨਲੋਡ ਕੀਤਾ ਜਾਣਾ ਸੀ।

ਕਿਸਾਨਾਂ ਨੇ ਜਦੋਂ ਪਲਟੇ ਹੋਏ ਟਰਾਲੇ ਵਿੱਚੋਂ ਟਰਾਲੀਆਂ ਰਾਹੀਂ ਝੋਨਾ ਲੋਡ ਕਰਨ 'ਤੇ ਉਨ੍ਹਾਂ ਦਾ ਪਿੱਛਾ ਕੀਤਾ ਤਾਂ ਤਿੰਨ ਟਰਾਲੇ ਹੋਰ ਸ਼ਿਵ ਸ਼ੰਕਰ ਰਾਈਸ ਮਿੱਲ ਧਰਮਪੁਰਾ ਦੇ ਗੇਟ ਦੇ ਉੱਤੇ ਕਿਸਾਨਾਂ ਨੇ ਘੇਰ ਲਏ। ਜਿਹੜੇ ਸ਼ਿਵ ਸ਼ੰਕਰ ਰਾਈਸ ਮਿਲ ਦੇ ਮਾਲਕ ਸੁਰਿੰਦਰ ਕੁਮਾਰ ਵੱਲੋਂ ਆਪਣੇ ਉੱਥੇ ਕੰਮ ਕਰਦੇ ਪੱਲੇਦਾਰਾਂ ਦੀ ਮੱਦਦ ਨਾਲ ਉਹ ਟਰਾਲੇ ਆਪਣੇ ਸ਼ੈਲਰ ਦੇ ਅੰਦਰ ਕਰ ਲਏ ਗਏ ਤੇ ਪੂਰੀ ਰਾਤ ਕਿਸਾਨਾਂ ਵੱਲੋਂ ਉੱਥੇ ਚੌਕਸੀ ਰੱਖੀ ਗਈ। ਸਵੇਰ ਹੋਣ 'ਤੇ ਸਬੰਧਤ ਅਧਿਕਾਰੀਆਂ ਨੂੰ ਜਦੋਂ ਇਸ ਦੀ ਸੂਚਨਾ ਦਿੱਤੀ ਤਾਂ ਸ਼ਾਮ ਦੇ ਸੱਤ ਵਜੇ ਤੱਕ ਕਿਸੇ ਵੀ ਪ੍ਰਸ਼ਾਸਨਕ ਅਧਿਕਾਰੀ ਵੱਲੋਂ ਇਸ ਸ਼ੈਲਰ ਮਾਲਕ ਖਿਲਾਫ ਜਾਂ ਜਿਹੜਾ ਝੋਨਾ ਬਿਹਾਰ ਦੇ ਖੜਗੀਆ ਤੋਂ ਆਇਆ ਸੀ, ਇਹਦੇ ਖਿਲਾਫ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਮਾਰਕੀਟ ਕਮੇਟੀ ਬਰੇਟਾ ਦੇ ਸੈਕਟਰੀ ਵੱਲੋਂ ਬਿਲਟੀਆਂ ਦਿਖਾ ਕੇ ਦਾਅਵਾ ਕੀਤਾ ਗਿਆ ਕਿ ਇਹ ਝੋਨਾ ਇੱਕ ਨੰਬਰ 'ਚ ਆਇਆ ਹੈ ਅਤੇ ਜਦੋਂ ਕਿਸਾਨਾਂ ਨੇ ਉਨ੍ਹਾਂ ਤੋਂ ਬਿਲਟੀਆਂ ਦੀਆਂ ਫੋਟੋਆਂ ਲੈਣ ਦੀ ਕੋਸ਼ਿਸ਼ ਕੀਤੀ ਤਾਂ ਸੈਕਟਰੀ ਵੱਲੋਂ ਮਨ੍ਹਾਂ ਕਰ ਦਿੱਤਾ ਗਿਆ। ਸ਼ਿਵ ਸ਼ੰਕਰ ਰਾਈਸ ਮਿੱਲ ਧਰਮਪੁਰਾ ਮਾਰਕਫੈੱਡ ਅਧੀਨ ਆਉਂਦੀ ਹੋਣ ਕਰਕੇ ਜਦੋਂ ਮਾਰਕਫੈੱਡ ਦੇ ਮੈਨੇਜਰ ਵੱਲੋਂ ਆ ਕੇ ਪੜਤਾਲ ਕੀਤੀ ਗਈ ਤਾਂ ਉਨ੍ਹਾਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਦੱਸਿਆ ਕਿ ਸਾਡਾ ਜਿਹੜਾ ਝੋਨਾ ਸੀ, ਉਹ ਪੂਰਾ ਹੈ ਤੇ ਇਹ ਟਰਾਲੇ ਦੋ ਨੰਬਰ ਵਿੱਚ ਹਨ। ਉੱਥੇ ਕਿਸਾਨ ਆਗੂਆਂ ਨੇ ਜਦੋਂ ਇਸ 'ਤੇ ਕਾਰਵਾਈ ਕਰਨ ਲਈ ਅਧਿਕਾਰੀਆਂ ਨੂੰ ਕਿਹਾ ਤਾਂ ਉਨ੍ਹਾਂ ਵੱਲੋਂ ਟਾਲ ਮਟੋਲ ਕੀਤੀ ਗਈ।

ਜਦ ਇਸ ਮਾਮਲੇ ਨੂੰ ਲੈ ਕੇ ਸ਼ੈਲਰ ਦੇ ਮਾਲਕ ਸ਼ਿਵਮ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਜਥੇਬੰਦੀ ਵਾਲੇ ਸਾਡੇ ਨਾਲ ਪੁਰਾਣੀ ਰੰਜਿਸ਼ ਕੱਢ ਰਹੇ ਹਨ, ਕਿਉਂਕਿ ਕੁਝ ਮਹੀਨੇ ਪਹਿਲਾਂ ਅਸੀਂ ਇੱਕ ਜ਼ਿਮੀਂਦਾਰ ਨੂੰ ਬਲੈਕਮੇਲ ਕਰਨ ਦੇ ਮਾਮਲੇ 'ਚ ਪੁਲਸ ਹਵਾਲੇ ਕਰਵਾਇਆ ਸੀ।



## ਕਾਤਰਾਂ

### ਡੀ ਏ ਵੀ ਪਬਲਿਕ ਸਕੂਲ ਕੱਕੜਵਾਲ ਦਾ ਨਤੀਜਾ 100 ਪ੍ਰਤੀਸ਼ਤ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ 5ਵੀਂ ਜਮਾਤ ਦਾ ਜੋ ਨਤੀਜਾ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਡੀ. ਏ. ਵੀ. ਪਬਲਿਕ ਸਕੂਲ ਕੱਕੜਵਾਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਸਕੂਲ ਦੇ 12 ਵਿਦਿਆਰਥੀਆਂ ਨੇ 90% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਨ੍ਹਾਂ ਵਿੱਚੋਂ ਜੈਸਮੀਨ ਕੌਰ ਸਪੁੱਤਰੀ ਜਗਸੀਰ ਸਿੰਘ 99.4% ਅੰਕ ਪ੍ਰਾਪਤ ਕਰਕੇ ਪਹਿਲੇ ਸਥਾਨ 'ਤੇ ਰਹੀ, ਪ੍ਰਭਜੋਤ ਕੌਰ ਸਪੁੱਤਰੀ ਸੁਖਵੀਰ ਸਿੰਘ 98.8% ਅੰਕ ਪ੍ਰਾਪਤ ਕਰਕੇ ਦੂਸਰੇ ਤੇ ਨਮਨੀਤ ਕੌਰ ਸਪੁੱਤਰੀ ਦਵਿੰਦਰ ਸਿੰਘ 98% ਅੰਕ ਹਾਸਲ ਕਰਕੇ ਤੀਜੇ ਸਥਾਨ 'ਤੇ ਰਹੀ।ਸਕੂਲ ਦੇ ਸਰਪ੍ਰਸਤ ਬੀ ਕੇ ਸ਼ਰਮਾ, ਪ੍ਰਿੰਸੀਪਲ ਸੰਤ ਸਿੰਘ, ਰਾਜਿੰਦਰ ਪਾਲ (ਫਾਇਨਾਂਸ ਡਾਇਰੈਕਟਰ) ਤੇ ਸੁਖਵਿੰਦਰ ਪਾਲ (ਐਜੂਕੇਸ਼ਨ ਡਾਇਰੈਕਟਰ) ਨੇ ਇਸ ਖੁਸ਼ੀ ਦੇ ਮੌਕੇ 'ਤੇ ਬੱਚਿਆਂ ਤੇ ਮਾਤਾ-ਪਿਤਾ ਸਾਹਿਬਾਨ ਨੂੰ ਮੁਬਾਰਕਾਂ ਦਿੱਤੀਆਂ ਅਤੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ।

### ਬੈਟਰ ਸਕਿੱਲ ਇੰਮੀਗ੍ਰੇਸ਼ਨ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ




**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਇਲਾਕੇ ਦੀ ਨਾਮਵਰ ਸੰਸਥਾ ਬੈਟਰ ਸਕਿੱਲ ਇੰਮੀਗ੍ਰੇਸ਼ਨ ਧਰਮਕੋਟ ਨੇ ਵੱਖ-ਵੱਖ ਪ੍ਰਕਾਰ ਦੇ ਕੈਨੇਡਾ ਵੀਜ਼ੇ ਲਗਵਾ ਕੇ ਆਪਣੀ ਵੱਖਰੀ ਪਹਿਚਾਣ ਬਣਾ ਲਈ ਹੈ। ਇਸ ਸਬੰਧੀ ਬੈਟਰ ਸਕਿੱਲ ਇੰਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਮਨਪ੍ਰੀਤ ਨੇ 2018 ਵਿੱਚ ਆਪਣੀ +2 ਪੂਰੀ ਕੀਤੀ ਸੀ, ਜਿਸ ਤੋਂ ਬਾਅਦ ਮਨਪ੍ਰੀਤ ਦਾ 6 ਸਾਲਾਂ ਦਾ ਗੈਪ ਸੀ।ਮਨਪ੍ਰੀਤ ਗੈਪ ਕਾਰਨ ਬਹੁਤ ਚਿੰਤਤ ਸਨ।ਮਨਪ੍ਰੀਤ ਨੇ ਸਾਨੂੰ ਦੱਸਿਆ ਕਿ ਉਨ੍ਹਾ ਨੇ ਬਹੁਤ ਸਾਰੇ ਏਜੰਟਾਂ ਨਾਲ ਗੱਲਬਾਤ ਕੀਤੀ, ਪਰ ਕੋਈ ਵੀਜ਼ਾ ਲੈ ਕੇ ਦੇਣ ਦੀ ਗਰੰਟੀ ਨਹੀਂ ਦੇ ਰਿਹਾ ਸੀ।ਫਿਰ ਕਿਸੇ ਨੇ ਬੈਟਰ ਸਕਿੱਲ ਇੰਮੀਗ੍ਰੇਸ਼ਨ ਬਾਰੇ ਦੱਸਿਆ ਤੇ ਉਸ ਤੋਂ ਬਾਅਦ ਉਨ੍ਹਾ ਨੇ ਸੋਸ਼ਲ ਮੀਡੀਆ 'ਤੇ ਆਏ ਸਟੱਡੀ ਵੀਜ਼ਾ ਦੇ ਰਿਜ਼ਲਟਾਂ ਨੂੰ ਦੇਖਦਿਆਂ ਬੈਟਰ ਸਕਿੱਲ ਇੰਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਚੰਗੀ ਸਲਾਹ ਲਈ ਤੇ ਵਾਹਿਗੁਰੂ ਦੀ ਕਿਰਪਾ ਸਦਕਾ 9 ਦਿਨਾਂ ਵਿੱਚ ਆਪਣਾ ਸਟੱਡੀ ਵੀਜ਼ਾ ਹਾਸਲ ਕੀਤਾ।ਅੱਜ ਮਨਪ੍ਰੀਤ ਕੈਨੇਡਾ ਪਹੁੰਚ ਗਏ ਹੈ। ਬੈਟਰ ਸਕਿੱਲ ਇੰਮੀਗ੍ਰੇਸ਼ਨ ਵੱਲੋਂ ਮਨਪ੍ਰੀਤ ਨੂੰ ਆਉਣ ਵਾਲੇ ਭਵਿੱਖ ਲਈ ਸ਼ੁਭ ਦੁਆਵਾਂ।

### ਸੰਜੇ ਸਿੰਘ ਨੂੰ ਜ਼ਮਾਨਤ ਮਿਲਣ ਨਾਲ ਸੱਚ ਦੀ ਜਿੱਤ ਹੋਈ : ਗੁਰਪ੍ਰੀਤ, ਸੰਦੀਪ



**ਨਾਭਾ (ਤੇਜਾ ਸਿੰਘ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਪ ਪੰਜਾਬ ਦੇ ਜੁਆਇੰਟ ਸਕੱਤਰ ਗੁਰਪ੍ਰੀਤ ਸਿੰਘ ਫੈਜਗੜ੍ਹ ਗੋਪੀ ਤੇ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਨੇ ਆਮ ਆਦਮੀ ਪਾਰਟੀ ਦੇ ਆਗੂ ਸੰਜੇ ਸਿੰਘ ਨੂੰ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ।ਗੁਰਪ੍ਰੀਤ ਸਿੰਘ ਤੇ ਸੰਦੀਪ ਸ਼ਰਮਾ ਨੇ ਕਿਹਾ ਕਿ ਸੰਜੇ ਸਿੰਘ ਦੀ ਜ਼ਮਾਨਤ ਨੇ ਸਾਬਿਤ ਕਰ ਦਿੱਤਾ ਹੈ ਕਿ ਅੰਤ ਵਿੱਚ ਸੱਚ ਦੀ ਹੀ ਜਿੱਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਦੇ ਹੋਰ ਆਗੂ ਵੀ ਜਲਦੀ ਸਾਹਮਣੇ ਆਉਣਗੇ।ਇਸ ਨਾਲ ਹੋਰ ਨੇਤਾਵਾਂ ਨੂੰ ਵੀ ਜ਼ਮਾਨਤ ਮਿਲਣ ਤੇ ਰਿਹਾਅ ਹੋਣ ਦੀ ਉਮੀਦ ਪੈਦਾ ਹੋਵੇਗੀ।ਸੱਚ ਤੇ ਨਿਆਂ ਦੀ ਜਿੱਤ ਹੋਵੇਗੀ।ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਹਰ ਵਰਗ ਪ੍ਰੇਸ਼ਾਨ ਹੈ।ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ 'ਚ ਸੂਬੇ ਦੀਆਂ ਸਾਰੀਆਂ 13 ਸੀਟਾਂ 'ਤੇ ਜਿੱਤ ਹਾਸਲ ਕਰੇਗਾ।ਉਨ੍ਹਾਂ ਕਿਹਾ ਕਿ ਪਟਿਆਲਾ ਲੋਕ ਸਭਾ ਤੋਂ ਉਮੀਦਵਾਰ ਡਾਕਟਰ ਬਲਬੀਰ ਸਿੰਘ ਭਾਰੀ ਵੋਟਾਂ ਨਾਲ ਜਿੱਤਣਗੇ।ਪਟਿਆਲਾ ਲੋਕ ਸਭਾ ਦੇ ਸਾਰੇ ਹਲਕਿਆ ਵਿੱਚ ਡਾਕਟਰ ਬਲਵੀਰ ਸਿੰਘ ਨੂੰ ਹਰ ਵਰਗ ਦਾ ਸਮਰਥਨ ਮਿਲ ਰਿਹਾ ਹੈ ਤੇ ਜਨਤਾ ਉਨ੍ਹਾਂ ਨੂੰ ਲੋਕ ਸਭਾ ਭੇਜਣ ਲਈ ਤਿਆਰ ਬੈਠੀ ਹੈ।

## ਦਰਸ਼ਨ ਸਿੰਘ ਬਰਾੜ ਵੱਲੋਂ ਕੀਤੀ ਪਹਿਲੀ ਹਲਕਾ ਪੱਧਰੀ ਮੀਟਿੰਗ 'ਚੋਂ ਗ਼ੈਰ ਹਾਜ਼ਰ ਰਹੇ ਸ਼ਹਿਰੀ

**ਬਾਘਾਪੁਰਾਣਾ (ਮਨੀ ਸਿੰਗਲਾ)**-ਸਾਬਕਾ ਮੰਤਰੀ ਅਤੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਜੋ ਕਿ ਪਿਛਲੇ ਕਈ ਮਹੀਨਿਆਂ ਤੋਂ ਬੀਮਾਰ ਚੱਲਦੇ ਆ ਰਹੇ ਸਨ ਅਤੇ ਉਨ੍ਹਾਂ ਦੇ ਸਪੁੱਤਰ ਕਮਲਜੀਤ ਸਿੰਘ ਬਰਾੜ ਸਾਬਕਾ ਜ਼ਿਲ੍ਹਾ ਪ੍ਰਧਾਨ ਜੋ ਪਹਿਲਾਂ ਹੀ ਪਾਰਟੀ ਤੋਂ ਬਾਹਰ ਚੱਲਦੇ ਆ ਰਹੇ ਹਨ। ਦਰਸ਼ਨ ਸਿੰਘ ਬਰਾੜ ਦੇ ਬਿਮਾਰ ਰਹਿਣ ਦੌਰਾਨ ਹਲਕੇ ਦੀ ਵਾਂਗਡੋਰ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਗਿੱਲ ਸਰਪੰਚ ਕਾਲੇਕੇ ਵਲੋਂ ਚਲਾਈ ਜਾ ਰਹੀ ਹੈ ਤੇ ਉਨ੍ਹਾਂ ਦੀ ਅਗਵਾਈ ਹੇਠ ਹੀ ਪਾਰਟੀ ਵਲੋਂ ਸੂਬਾ ਪੱਧਰੀ ਪ੍ਰੋਗਰਾਮਾਂ ਵਿੱਚ ਹਲਕੇ ਦੇ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਜਗਸੀਰ ਸਿੰਘ ਕਾਲੇਕੇ ਨਾਲ ਸ਼ੁਰੂਆਤ ਸਮੇਂ ਬੇਸ਼ੱਕ ਕਾਂਗਰਸ ਦੇ ਆਗੂ ਤੇ ਵਰਕਰ ਹੱਥ-ਪੈਰ ਮਲਦੇ ਦਿਖਾਈ ਦਿੱਤੇ ਕਿ ਉਹ ਕਿਹੜੇ ਪਾਸੇ ਜਾਣ, ਪਰ ਸਮਾਂ ਪੈਣ ਨਾਲ ਜਗਸੀਰ ਸਿੰਘ ਗਿੱਲ ਕਾਲੇਕੇ ਦਾ ਧੜਾ ਵੱਡਾ ਹੋਣ ਲੱਗਾ।ਇਸ ਦਰਮਿਆਨ ਬੀਤੇ ਦਿਨੀਂ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੇ ਵੀ ਸਿਹਤਮੰਦ ਹੋਣ ਦਾ ਹਵਾਲਾ ਦਿੰਦਿਆਂ ਹਲਕੇ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਇੱਕ ਮੀਟਿੰਗ ਬੁਲਾਈ, ਜਿਸ ਵਿੱਚ ਉਨ੍ਹਾਂ ਦੇ ਸਪੁੱਤਰ ਕਮਲਜੀਤ ਸਿੰਘ ਬਰਾੜ ਨੇ ਵੀ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਸਭ ਤੋਂ ਵੱਡੀ ਗੱਲ ਇਹ ਦੇਖਣ ਵਿੱਚ ਇਹ ਆਈ ਕਿ ਸ਼ਹਿਰੀ ਵਰਕਰਾਂ ਦੀ ਸ਼ਮੂਲੀਅਤ ਬਿਲਕੁਲ ਨਾਂਹ ਦੇ ਬਰਾਬਰ ਸੀ ਤੇ ਸਿਰਫ ਪਿੰਡਾਂ ਦੇ ਵਰਕਰਾਂ ਹੀ ਹਾਜ਼ਰ ਸਨ, ਪ੍ਰੰਤੂ ਫਿਰ ਹੀ ਲੋਕਾਂ ਵਿੱਚ ਵੱਖ-ਵੱਖ ਪ੍ਰਕਾਰ ਦੀ ਚਰਚਾ ਸੁਣਨ ਨੂੰ ਮਿਲੀ, ਕਿਉਂਕਿ ਦਰਸ਼ਨ ਸਿੰਘ ਬਰਾੜ ਆਖਿਰ ਪੁਰਾਣੇ ਖਿਡਾਰੀ ਹੋਣ ਦੇ ਨਾਲ-ਨਾਲ ਖੁੰਢ ਵੀ ਕਹਾਉਂਦੇ ਹਨ, ਉਨ੍ਹਾਂ ਲਈ ਸ਼ਕਤੀ ਪ੍ਰਦਰਸ਼ਨ ਕਰਕੇ ਦਿਖਾਉਣਾ ਕੋਈ ਵੱਡੀ ਗੱਲ ਨਹੀਂ। ਮੀਟਿੰਗ ਦੌਰਾਨ ਦਰਸ਼ਨ ਸਿੰਘ ਬਰਾੜ ਨੇ ਸਿਰਫ ਡੇਢ ਤੋਂ ਦੋ ਮਿੰਟ ਦਾ ਭਾਸ਼ਨ ਦਿੱਤਾ।

## ਭਾਜਪਾ ਵੱਲੋਂ ਕੀਤਾ ਜਾ ਰਿਹੈ ਲੋਕਤੰਤਰ ਦਾ ਕਤਲ : ਭੀਨਾ ਬਰਾੜ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਲੋਕ ਸਭਾ ਚੋਣਾਂ ਦੀਆਂ ਸਰਗਰਮੀਆਂ ਤੇਜ਼ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਿਮਰਜੀਤ ਸਿੰਘ ਭੀਨਾ ਬਰਾੜ ਨੇ ਇੱਕ ਪਿੰਡ 'ਚ ਵਰਕਰਾਂ ਤੇ ਪਿੰਡ ਵਾਸੀਆਂ ਦੇ ਵੱਡੇ ਇਕੱਠ ਨੂੰ ਸਬੋਧਨ ਕਰਦਿਆ ਕਿਹਾ ਕਿ ਉਹ ਹਰ ਆਗੂ ਤੇ ਵਰਕਰ ਨਾਲ ਤਾਲਮੇਲ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਨ ਤੇ ਪੰਜਾਬ ਦੀਆਂ ਸਾਰੀਆਂ ਲੋਕ ਸਪਾ ਸੀਟਾਂ 'ਤੇ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਾਂਗੇ ਤੇ ਪੰਜਾਬ ਦੀ ਬਦਲਾਅ ਵਾਲੀ ਮਾਨ ਸਰਕਾਰ ਨੂੰ ਲੋਕਾਂ ਨਾਲ ਕੀਤੇ ਝੂਠੇ ਵਾਅਦਿਆਂ ਦਾ ਸਬਕ ਸਿਖਾਵਾਂਗੇ।

ਭੀਨਾ ਬਰਾੜ ਨੇ ਕਿਹਾ ਕਿ ਇਮਾਨਦਾਰੀ ਦੇ ਘੋਟਾਲੇ ਬਾਹਰ ਨਿਕਲ ਕੇ ਲੋਕਾਂ ਦੇ ਸਾਹਮਣੇ ਆ ਰਹ ਹਨ ਅਤੇ ਪੰਜਾਬ ਦੇ ਲੋਕਾਂ ਨੂੰ ਵੱਡੇ-ਵੱਡੇ ਸਬਜ਼ਬਾਗ ਦਿਖਾ ਕੇ ਸਤਾ 'ਤੇ ਕਾਬਜ਼ ਹੋਈ ਸਰਕਾਰ ਹੁਣ ਵੋਟਾਂ ਮੰਗਣ ਲਈ ਲੋਕਾਂ ਦੀ ਕਚਹਿਰੀ ਵਿੱਚ ਜਾਣ ਤੋਂ ਵੀ ਡਰਦੇ ਹਨ।ਬਰਾੜ ਨੇ ਕਿਹਾ ਕਿ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਉਨ੍ਹਾਂ 'ਤੇ ਤਨਜ਼ ਕੱਸਦੇ ਸੀ ਤੇ ਹੁਣ ਟਿਕਟਾਂ ਲੈ ਕੇ ਵੀ ਪਾਰਟੀ ਛੱਡ ਰਹੇ ਆਪਣੇ ਆਗੂਆਂ ਨੂੰ ਗੱਦਾਰ ਦੱਸਦੇ।ਭੀਨਾ ਬਰਾੜ ਦਾ ਕਹਿਣਾ ਕਿ ਕਾਂਗਰਸ ਇੱਕ ਅਜਿਹੀ ਪਾਰਟੀ ਹੈ, ਜਿਸ ਵਿੱਚ ਸਾਰੇ ਧਰਮਾਂ ਦਾ ਸਤਿਕਾਰ ਕੀਤਾ ਜਾਂਦਾ ਹੈ, ਤੇ ਹਰ ਵਰਗ ਦੀਆਂ ਭਾਵਨਾਵਾਂ ਦੀ ਕਦਰ ਕੀਤੀ ਜਾਂਦੀ ਹੈ ਅਤੇ ਕਾਂਗਰਸ ਨੇ ਪੰਜਾਬ ਦੇ ਹੱਕਾਂ ਤੇ ਹਿੱਤਾਂ ਲਈ ਮੋਹਰੀ ਹੋ ਕੇ ਸੰਘਰਸ਼ ਕੀਤਾ ਹੈ ਤੇ ਹੁਣ ਵੀ ਆਪ ਤੇ ਭਾਜਪਾ ਨਾਲੋਂ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਸਭ ਤੋਂ ਵੱਧ ਕੁਰਬਾਨੀਆਂ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਨੇ ਦੇਸ਼ ਵਿਰੋਧੀ ਚਿਹਰਾ ਲੋਕਾਂ ਸਾਹਮਣੇ ਨੰਗਾ ਹੋ ਗਿਆ, ਕਿਉਂਕਿ ਹੁਣ ਭਾਜਪਾ ਧੱਕੇ ਨਾਲ ਲੋਕ ਸਭਾ ਚੋਣਾਂ ਜਿੱਤਣਾ ਚਾਹੁੰਦੀ ਹੈ ਤੇ ਲੋਕਤੰਤਰ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਤੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਡਰਾ ਕੇ ਭਾਜਪਾ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ, ਜੋ ਸਰਾਸਰ ਧੱਕਾ ਹੈ।ਬਰਾੜ ਨੇ ਕਿਹਾ ਕਿ ਵੋਟਾਂ ਹਰੇਕ ਪਾਰਟੀ ਵੱਲੋਂ ਕੰਮਾਂ ਦੇ ਅਧਾਰ 'ਤੇ ਹੀ ਮੰਗੀਆਂ ਜਾਂਦੀਆਂ ਹਨ ਪਰ ਭਾਜਪਾ ਵੱਲੋਂ ਏਜੰਸੀਆਂ ਦਾ ਡਰ ਦਿਖਾ ਕੇ ਲੋਕਾਂ ਨੂੰ ਆਪਣੇ ਵੱਲ ਹੋਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਤੇ ਲੋਕਤੰਤਰ ਦਾ ਕਤਲ ਕੀਤਾ ਜਾ ਰਿਹਾ ਹੈ।



## ਵਿਦੇਸ਼ ਭੇਜਣ ਦੇ ਨਾਂਅ 'ਤੇ ਟ੍ਰੈਵਲ ਏਜੰਟ ਵੱਲੋਂ 6 ਲੱਖ ਦੀ ਠੱਗੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਵਾਸੀ ਰਤਨ ਕੁਮਾਰ ਦੀ ਸ਼ਿਕਾਇਤ 'ਤੇ 6 ਲੱਖ ਰੁਪਏ ਦੀ ਕਥਿਤ ਧੋਖਾਧੜੀ ਦੇ ਦੋਸ਼ ਹੇਠ ਗੁਰਜੀਤ ਸਿੰਘ ਵਾਸੀ ਸ਼ੇਰਪੁਰ ਬਸਤੀ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਰਤਨ ਕੁਮਾਰ ਨੇ ਮਾਛੀਵਾੜਾ ਪੁਲਸ ਦੇ ਉੱਚ ਅਧਿਕਾਰੀਆਂ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਉਹ ਕੁਝ ਮਹੀਨੇ ਪਹਿਲਾਂ ਗੁਰਫ਼ਤਹਿ ਇਮੀਗ੍ਰੇਸ਼ਨ ਦਫ਼ਤਰ ਨੇੜੇ ਗੁਰਦੁਆਰਾ ਸਾਹਿਬ ਦੇ ਸੰਚਾਲਨ ਗੁਰਜੀਤ ਸਿੰਘ ਨਾਲ ਵਿਦੇਸ਼ ਜਾਣ ਲਈ ਸਲਾਹ ਕੀਤੀ ਸੀ। ਬਿਆਨਕਰਤਾ ਅਨੁਸਾਰ ਟ੍ਰੈਵਲ ਏਜੰਟ ਨੇ ਉਸ ਨੂੰ ਇਹ ਕਹਿ ਕੇ ਜਾਲ ਵਿੱਚ ਫਸਾ ਲਿਆ ਕਿ ਅਸੀਂ ਤੇਰੀ ਫਾਇਲ ਲਗਾਵਾਂਗੇ ਤੇ 2 ਦਿਨ ਦੁਬਈ ਰਹਿਣ ਤੋਂ ਬਾਅਦ ਉਸ ਨੂੰ ਫਿਰ ਅੱਗੇ ਅਮਰੀਕਾ ਦਾ ਵੀਜ਼ਾ ਲਗਾ ਦਿੱਤਾ ਜਾਵੇਗਾ। ਇਸ ਵੀਜ਼ੇ ਲਈ ਮੇਰੇ ਕੋਲੋਂ 8 ਲੱਖ ਰੁਪਏ ਦੀ ਮੰਗ ਕੀਤੀ ਗਈ, ਜਿਸ ਤਹਿਤ ਮੈਂ 3 ਲੱਖ ਰੁਪਏ ਨਕਦ ਤੇ 5 ਲੱਖ ਰੁਪਏ ਦਾ ਚੈੱਕ ਦੇ ਦਿੱਤਾ। ਕਰੀਬ 1 ਮਹੀਨੇ ਬਾਅਦ ਦੁਬਈ ਦਾ ਵੀਜ਼ਾ ਦਿੰਦਿਆਂ ਕਿਹਾ ਕਿ ਉੱਥੇ 15-20 ਦਿਨ ਸਟੇਅ ਕਰਨ ਉਪਰੰਤ ਉਸ ਨੂੰ ਅੱਗੇ ਦਾ ਵੀਜ਼ਾ ਦੇ ਦਿੱਤਾ ਜਾਵੇਗਾ। ਬਿਆਨਕਰਤਾ ਅਨੁਸਾਰ ਉਹ ਕਰੀਬ 3 ਮਹੀਨੇ ਦੁਬਈ ਲੁਕ ਛਿਪ ਕੇ ਗੁਜ਼ਾਰਾ ਕਰਦਾ ਰਿਹਾ ਤੇ ਜਦੋਂ ਉਸ ਨੂੰ ਅੱਗੇ ਅਮਰੀਕਾ ਨਾ ਭੇਜਿਆ ਤਾਂ ਬੜੀ ਮੁਸ਼ਕਲ ਨਾਲ ਪੈਸੇ ਦਾ ਇੰਤਜ਼ਾਮ ਕਰ ਵਾਪਸ ਆਪਣੇ ਘਰ ਆ ਗਿਆ। ਬਿਆਨਕਰਤਾ ਰਤਨ ਕੁਮਾਰ ਅਨੁਸਾਰ ਉਸ ਨੇ ਜਦੋਂ ਟ੍ਰੈਵਲ ਏਜੰਟ ਤੋਂ ਪੈਸਿਆਂ ਦੀ ਮੰਗ ਕੀਤੀ ਤੇ 1.50 ਲੱਖ ਰੁਪਏ ਉਸ ਨੂੰ ਨਕਦ ਵਾਪਸ ਕਰ ਦਿੱਤੇ, ਜਦਕਿ ਬਾਕੀ ਰਕਮ ਦੇ ਦਿੱਤੇ ਚੈੱਕ ਬਾਊਂਸ ਹੋ ਗਏ। ਪੁਲਸ ਜਾਂਚ ਅਨੁਸਾਰ ਟ੍ਰੈਵਲ ਏਜੰਟ ਗੁਰਜੀਤ ਸਿੰਘ ਨੇ ਵਿਦੇਸ਼ ਭੇਜਣ ਦੇ ਨਾਮ 'ਤੇ ਰਤਨ ਕੁਮਾਰ ਨਾਲ 6 ਲੱਖ ਰੁਪਏ ਦੀ ਠੱਗੀ ਮਾਰੀ, ਜਿਸ ਤਹਿਤ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਵਿਦਿਆਰਥੀਆਂ ਨੂੰ ਮੁਫ਼ਤ ਟਰਾਂਸਪੋਰਟ




**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਬਲਾਕ ਸਿੱਖਿਆ ਦਫ਼ਤਰ ਸਮਾਣਾ ਵਨ ਐਟ ਪਾਤੜਾਂ ਅਧੀਨ ਆਉਂਦੇ ਪਿੰਡ ਦਿਉਗੜ੍ਹ ਦੇ ਸਰਕਾਰੀ ਮਿਡਲ ਸਕੂਲ ਵੱਲੋਂ ਵਿਦਿਆਰਥੀਆਂ ਲਈ ਮੁਫ਼ਤ ਟਰਾਂਸਪੋਰਟ ਦੀ ਸਹੂਲਤ ਸ਼ੁਰੂ ਕੀਤੀ ਗਈ ਹੈ।ਪਿੰਡ ਵਾਸੀਆਂ ਦੇ ਸਹਿਯੋਗ ਤੇ ਫੰਡ ਦੇ ਨਾਲ ਸਕੂਲ ਵੱਲੋਂ ਇਲੈਕਟ੍ਰੋਨਿਕ ਈ ਰਿਕਸ਼ਾ ਖ੍ਰੀਦਿਆ ਗਿਆ ਹੈ।ਇਸ ਨਾਲ ਪਿੰਡ ਤੋਂ ਬਾਹਰੋਂ ਆਉਂਦੇ ਵਿਦਿਆਰਥੀਆਂ ਨੂੰ ਸਹੂਲਤ ਮਿਲੇਗੀ।ਸਕੂਲ ਮੁਖੀ ਰੀਨਾ ਰਾਣੀ ਅਨੁਸਾਰ ਸਕੂਲ ਵਿੱਚ ਬਹੁਤ ਵਧੀਆ ਵਿੱਦਿਅਕ ਮਹੌਲ, ਤਜਰਬੇਕਾਰ ਸਟਾਫ ਕੰਪਿਊਟਰ ਲੈਬ, ਲਾਇਬ੍ਰੇਰੀ ਸਮੇਤ ਸਾਰੀਆਂ ਸਹੂਲਤਾਂ ਮੌਜੂਦ ਹਨ।ਉਨ੍ਹਾ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਦਾ ਦਾਖਲਾ ਸਕੂਲ ਵਿਖੇ ਕਰਵਾਉਣ।ਨਵਾਂ ਦਾਖਲਾ ਕਰਵਾਉਣ ਵਾਲੇ ਵਿਦਿਆਰਥੀਆਂ ਨੂੰ ਸਾਰੇ ਸਟੇਸ਼ਨਰੀ ਕਾਪੀਆਂ, ਪੈੱਨ, ਬਸਤੇ ਆਦਿ ਵੀ ਸਕੂਲ ਵੱਲੋਂ ਮੁਫ਼ਤ ਦਿੱਤੇ ਜਾਣਗੇ।

## ਚੌਲ਼ਾਂ ਦੀਆਂ ਬੋਰੀਆਂ ਚੋਰੀ ਕਰਨ ਵਾਲਾ ਗਰੋਹ ਕਾਬੂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸੀਨੀਅਰ ਕਪਤਾਨ ਪੁਲਿਸ ਬਠਿੰਡਾ ਦੀਪਕ ਪਾਰਿਕ ਦੀ ਯੋਗ ਅਗਵਾਈ ਹੇਠ ਐਸ.ਪੀ (ਡੀ) ਬਠਿੰਡਾ ਅਜੇ ਗਾਂਧੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸਿਟੀ ਰਾਮਪੁਰਾ ਇੰਸਪੈਕਟਰ ਰਾਜੇਸ਼ ਕੁਮਾਰ ਮੁੱਖ ਥਾਣਾ ਅਫ਼ਸਰ ਦੀ ਟੀਮ ਨੇ ਇੱਕ ਚੋਰ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜੋ ਵੱਖ-ਵੱਖ ਸ਼ੈਲਰਾਂ ਵਿੱਚ ਪਾੜ ਲਾ ਕੇ ਵੱਡੀ ਗਿਣਤੀ ਚੌਲਾਂ ਦੀਆਂ ਬੋਰੀਆਂ ਦੀ ਚੋਰੀ ਕਰਦੇ ਸਨ।ਪ੍ਰਿਤਪਾਲ ਸਿੰਘ ਉਪ ਕਪਤਾਨ ਪੁਲਸ ਨੇ ਦੱਸਿਆ ਕਿ ਥਾਣਾ ਸਿਟੀ ਰਾਮਪੁਰਾ ਅਤੇ ਜ਼ਿਲ੍ਹਾ ਬਠਿੰਡਾ ਦੇ ਏਰੀਏ ਵਿੱਚ ਵੱਖ-ਵੱਖ ਸ਼ੈਲਰਾਂ ਵਿੱਚ ਚੋਰੀ ਦੀਆਂ ਵਾਰਦਾਤਾਂ ਹੋਈਆਂ ਸਨ, ਜਿਨ੍ਹਾਂ ਨੂੰ ਟਰੇਸ ਕਰਨ ਵਿੱਚ ਥਾਣਾ ਸਿਟੀ ਰਾਮਪੁਰਾ ਦੀ ਟੀਮ ਨੇ ਸਫ਼ਲਤਾ ਹਾਸਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਰਾਤ ਨੂੰ ਮਹਾਂਦੇਵ ਰਾਇਸ ਮਿਲ ਰਾਮਪੁਰਾ ਫੂਲ 'ਚੋਂ ਨਾਮਾਲੂਮ ਵਿਅਕਤੀਆਂ ਨੇ ਕਰੀਬ 157 ਬੋਰੀਆਂ ਚੋਲ ਚੋਰੀ ਕੀਤੇ ਹਨ, ਜਿਸ 'ਤੇ ਸੁਰਿੰਦਰਪਾਲ ਗਰਗ ਪੁੱਤਰ ਰਾਮ ਦਿਆਲ ਵਾਸੀ ਰਾਮਪੁਰਾਫੂਲ ਦੇ ਬਿਆਨ 'ਤੇ ਮੁਕੱਦਮਾ ਨੰਬਰ 33 ਮਿਤੀ 04/04/2024 ਅ/ਧ 457, 380 ਹਿੰ: ਦੰ: ਥਾਣਾ ਸਿਟੀ ਰਾਮਪੁਰਾ ਦਰਜ ਰਜਿਸਟਰ ਕੀਤਾ ਗਿਆ ਤੇ ਮੁਕੱਦਮੇ ਵਿੱਚ ਦੋਸ਼ੀਆਨ ਸੰਜੇ ਕੁਮਾਰ ਉਰਫ ਕਾਲਾ ਉਰਫ ਟਰਾਲਾ ਪੁੱਤਰ ਰਾਮ ਲਾਲ ਵਾਸੀ ਆਦਰਸ਼ ਨਗਰ, ਰਾਮਪੁਰਾ ਫੂਲ ਤੇ ਅਜੇ ਪੁੱਤਰ ਨੈਨਪਾਲ ਵਾਸੀ ਸਹੀਦ ਭਗਤ ਸਿੰਘ ਕਲੋਨੀ ਰਾਮਪੁਰਾ ਫੂਲ ਨੂੰ ਹਸਬ ਜ਼ਾਬਤਾ ਅਨੁਸਾਰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਟਰੱਕ, 02 ਮੋਟਰ ਸਾਈਕਲ ਰੇਹੜੀਆਂ ਅਤੇ 250 ਗੱਟੇ ਚੋਰੀ ਕੀਤੇ ਚੌਲ ਤੇ ਖਾਲੀ ਗੱਟੇ, ਜਿਹਨਾਂ ਉਪਰ ਸ਼ੈਲਰ ਦੀ ਮੋਹਰ ਲੱਗੀ ਹੋਈ ਹੈ, ਬਰਾਮਦ ਕੀਤੇ ਹਨ।ਦੋਸ਼ੀਆਨ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੁ ਦੋਸ਼ੀਆਨ ਤੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਨ੍ਹਾਂ ਤੋਂ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ।



## ਸੇਖੋਂ ਦੇ ਹੱਕ 'ਚ ਲਾਮਬੰਦੀ ਦਾ ਸੱਦਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਲੋਕ ਸਭਾ ਹਲਕਾ ਸੰਗਰੂਰ ਦੇ ਆਜ਼ਾਦ ਉਮੀਦਵਾਰ ਬਲਵਿੰਦਰ ਸਿੰਘ ਦੇ ਹੱਕ ਵਿੱਚ ਨੌਜਵਾਨ ਆਗੂ ਹਰਜੀਤ ਸਿੰਘ ਖਿਆਲੀ ਦੀ ਲਾਮਬੰਦੀ ਲਗਾਤਾਰ ਜਾਰੀ ਹੈ।ਵਿਧਾਨ ਸਭਾ ਹਲਕਾ ਮਹਿਲ ਕਲਾਂ ਨਾਲ ਸਬੰਧਿਤ ਪਿੰਡਾਂ ਕੁਰੜ, ਕੁਤਬਾ, ਵਜੀਦਕੇ, ਹਮੀਦੀ, ਮਹਿਲ ਖੁਰਦ, ਖਿਆਲੀ, ਫਾਪਾ ਆਦਿ ਵਿੱਚ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਆਗੂ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ 'ਆਪ' ਸਰਕਾਰ ਦੇ ਰਾਜ ਵਿਚ ਲੋਕਾਂ ਦੀ ਹਾਲਤ ਹੋਰ ਵੀ ਖਰਾਬ ਹੋ ਚੁੱਕੀ ਹੈ।ਚਿੱਟੇ ਵਰਗੇ ਮਾਰੂ ਨਸ਼ਿਆਂ ਦੇ ਨਾਲ-ਨਾਲ ਜ਼ਹਿਰੀਲੀ ਸ਼ਰਾਬ ਦਾ ਕਾਰੋਬਾਰ ਵੀ ਸਰਕਾਰ ਦੀ ਪੁਸ਼ਤ ਪਨਾਹੀ ਨਾਲ ਵਧ ਫੁੱਲ ਰਿਹਾ ਹੈ ਤੇ ਹਰ ਪ੍ਰਕਾਰ ਦਾ ਮਾਫ਼ੀਏ ਦਾ ਬੋਲਬਾਲਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਡੀ.ਐਸ.ਪੀ ਬਲਵਿੰਦਰ ਸਿੰਘ ਸੇਖੋਂ ਵਰਗਾ ਤੇਜ਼ ਤਰਾਰ ਆਗੂ ਹੀ ਦੇਸ਼ ਦੀ ਪਾਰਲੀਮੈਂਟ 'ਚ ਬੇਬਾਕ ਤੇ ਬੇਖੌਫ਼ ਹੋ ਕੇ ਚੁੱਕ ਸਕਦਾ ਹੈ।ਇਸ ਲਈ ਰਾਜਨੀਤਕ ਪਾਰਟੀਆਂ ਤੋਂ ਭਲੇ ਦੀ ਆਸ ਛੱਡਦੇ ਹੋਏ ਸਮੂਹ ਲੋਕ ਸਿੰਘ ਸੇਖੋਂ ਦੇ ਹੱਥ ਮਜ਼ਬੂਤ ਕਰਨ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਬਲਾਕ ਬੁਢਲਾਡਾ ਦੀ ਮੀਟਿੰਗ

**ਬੁਢਲਾਡਾ (ਅਸ਼ੋਕ ਲਾਕੜਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਮਾਨਸਾ ਦੇ ਬਲਾਕ ਬੁਢਲਾਡਾ ਦੀ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਗੁਰਜੀਤ ਸਿੰਘ ਬਰੇ ਦੀ ਪ੍ਰਧਾਨਗੀ ਹੇਠ ਕਾਲੀ ਮਾਤਾ ਦੇ ਮੰਦਰ ਵਿਖੇ ਹੋਈ, ਜਿਸ ਵਿੱਚ ਬਲਾਕ ਆਗੂਆਂ ਵੱਲੋਂ ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਆਗੂਆਂ ਤੇ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ ਅਤੇ ਮੀਟਿੰਗ ਦੀ ਸ਼ੁਰੂਆਤ ਕੀਤੀ ਗਈ।ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਕਮੇਟੀ ਮੈਂਬਰ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਰਘਵੀਰ ਚੰਦ ਸ਼ਰਮਾ ਤੇ ਕੈਸ਼ੀਅਰ ਅਮਰੀਕ ਸਿੰਘ ਵੱਲੋਂ ਸੰਬੋਧਨ ਕਰਦਿਆਂ ਜਥੇਬੰਦਕ ਚੇਤਨਾ ਵਿਸ਼ੇ 'ਤੇ ਸਾਥੀਆਂ ਨੂੰ ਚੇਤਨ ਕਰਦਿਆਂ ਕਿਹਾ ਕਿ ਸਾਫ਼ ਸੁਥਰੀ ਪ੍ਰੈਕਟਿਸ ਕਰਨ ਦੇ ਨਾਲ-ਨਾਲ ਆਪਣੇ ਕਿੱਤੇ ਦੀ ਰਾਖੀ ਲਈ ਜਥੇਬੰਦੀ ਵੱਲੋਂ ਉਲੀਕੇ ਕਾਰਜਾਂ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਨ ਲਈ ਹਮੇਸ਼ਾ ਤਤਪਰ ਰਹਿਣਾ ਚਾਹੀਦਾ ਹੈ।ਭਰਾਤਰੀ ਜਥੇਬੰਦੀਆਂ ਦੇ ਸਾਂਝੇ ਸੰਘਰਸ਼ਾਂ ਵਿੱਚ ਵਧ-ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ ਤਾਂ ਜੁ ਅਜੋਕੇ ਸਮੇਂ ਦੀ ਲੋੜ ਅਨੁਸਾਰ ਭਰਾਤਰੀ ਸਾਂਝ ਨੂੰ ਹੋਰ ਪਕੇਰਾ ਕੀਤਾ ਜਾਵੇ।ਪਿਛਲੇ ਦਿਨੀਂ ਕੁਝ ਗ਼ਲਤਫ਼ਹਿਮੀਆਂ ਕਾਰਨ ਜਥੇਬੰਦੀ ਤੋਂ ਲਾਂਭੇ ਹੋਏ ਸਾਥੀ ਅਮ੍ਰਿਤਪਾਲ ਅੰਬੀ ਤੇ ਗੁਰਲਾਲ ਸਿੰਘ ਬੁਢਲਾਡਾ ਸਾਥੀਆਂ ਸਮੇਤ ਬੀਤੇ ਸਮੇਂ ਹੋਈ ਭੁੱਲ ਦਾ ਅਹਿਸਾਸ ਕਰਦਿਆਂ ਮੁੜ ਜਥੇਬੰਦੀ ਵਿੱਚ ਸ਼ਾਮਲ ਹੋਏ।ਜਥੇਬੰਦੀ ਦੀ ਚੜ੍ਹਦੀ ਕਲਾ ਲਈ ਤਨਦੇਹੀ ਨਾਲ ਕੰਮ ਕਰਨ ਦੀ ਇੱਛਾ ਨਾਲ ਸ਼ਾਮਲ ਹੋਏ। ਇਨ੍ਹਾਂ ਸਾਥੀਆਂ ਦਾ ਸਮੂਹ ਆਗੂਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੀ ਜਥੇਬੰਦੀ ਦਾ ਕਿਸੇ ਵੀ ਰਾਜਨੀਤਕ ਪਾਰਟੀ ਨਾਲ ਕੋਈ ਸਬੰਧ ਨਹੀਂ ਤੇ ਨਾ ਹੀ ਸਾਡਾ ਕੋਈ ਆਗੂ ਕਿਸੇ ਰਾਜਨੀਤਕ ਪਾਰਟੀ ਵਿੱਚ ਸ਼ਾਮਲ ਹੋਇਆ ਹੈ।ਮੀਟਿੰਗ ਵਿੱਚ ਪਹੁੰਚੇ ਸਮੂਹ ਸਾਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਸਮਾਂ ਜਥੇਬੰਦੀ ਦੀ ਮੈਂਬਰਸ਼ਿਪ ਵਧਾਉਣ ਲਈ ਯੋਗ ਉਪਰਾਲੇ ਕਰਨ ਤੇ ਸੂਬਾ ਕਮੇਟੀ ਵੱਲੋਂ ਉਲੀਕੇ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਨੇਪਰੇ ਚਾੜ੍ਹਨ ਦਾ ਹੈ।ਸੀਨੀਅਰ ਆਗੂ ਟੀਮ ਦਾ ਸਤਿਕਾਰ ਕਰਨ ਦੇ ਨਾਲ ਹੀ ਆਪਸੀ ਭਾਈਚਾਰਕ ਸਾਂਝ ਨੂੰ ਸੂਝ-ਬੂਝ ਨਾਲ ਹੋਰ ਮਜਬੂਤ ਕਰਨਾ ਚਾਹੀਦਾ ਹੈ।ਵਿਧਾਨ ਸਭਾ ਵਿੱਚ ਪਿਛਲੇ ਸੈਸ਼ਨ ਦੌਰਾਨ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇ ਕੇ ਮਾਨਤਾ ਦੇਣ ਦੀ ਮੰਗ ਚਾਰ ਮਾਨਯੋਗ ਵਿਧਾਇਕ ਉਠਾ ਚੁੱਕੇ ਹਨ, ਪ੍ਰੰਤੂ ਸਰਕਾਰ ਦੀ ਬੇਧਿਆਨੀ ਦੀ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਚੋਣਾਂ ਸਮੇਂ ਕੀਤਾ ਵਾਅਦਾ ਪੂਰਾ ਕਰਨ ਦੀ ਪੁਰਜ਼ੋਰ ਮੰਗ ਕੀਤੀ।ਇਸ ਸਮੇਂ ਬਲਾਕ ਸਕੱਤਰ ਬੂਟਾ ਸਿੰਘ ਸਸਪਾਲੀ, ਕੈਸ਼ੀਅਰ ਨਾਇਬ ਸਿੰਘ ਆਹਮਦਪੁਰ, ਚੇਅਰਮੈਨ ਰਮਜ਼ਾਨ ਖਾਨ, ਵਾਇਸ ਪ੍ਰਧਾਨ ਲੱਖਾ ਸਿੰਘ, ਪ੍ਰੇਮ ਸਾਗਰ, ਪ੍ਰਕਾਸ਼ ਸਿੰਘ ਆਦਿ ਆਗੂ ਸਾਥੀਆਂ ਨੇ ਮੀਟਿੰਗ ਵਿੱਚ ਪਹੁੰਚੇ ਆਗੂਆਂ ਸਮੇਤ ਵੱਡੀ ਗਿਣਤੀ 'ਚ ਪਹੁੰਚੇ ਸਾਥੀਆਂ ਦਾ ਧੰਨਵਾਦ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਨੂੰ ਬੁਲੰਦੀਆਂ ਤੇ ਪੁਚਾਉਣ ਲਈ ਹੋਰ ਵੀ ਤਨਦੇਹੀ ਨਾਲ ਕਾਰਜ ਕਰਨ ਦਾ ਭਰੋਸਾ ਦਿਵਾਇਆ।



## ਵਿਧਾਇਕ ਦੇਵ ਮਾਨ ਨੇ ਬਲਾਕ ਪ੍ਰਧਾਨਾਂ ਤੇ ਵਿੰਗ ਕੋਆਰਡੀਨੇਟਰਾਂ ਨਾਲ ਕੀਤੀ ਮੀਟਿੰਗ



**ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)**-ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਲੋਕ ਆਮ ਆਦਮੀ ਪਾਰਟੀ ਨੂੰ ਫਤਵਾ ਦੇਣਗੇ, ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਲਗਾਤਾਰ ਵੱਖ-ਵੱਖ ਸਕੀਮਾਂ ਰਾਹੀਂ ਪੰਜਾਬ ਦਾ ਵਿਕਾਸ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਨੇ ਬਲਾਕ ਪ੍ਰਧਾਨਾਂ ਤੇ ਪਾਰਟੀ ਦੇ ਵੱਖ-ਵੱਖ ਵਿੰਗਾਂ ਦੇ ਕੁਆਰਡੀਨੇਟਰਾਂ ਨਾਲ ਐਮ.ਐਲ.ਏ ਦਫ਼ਤਰ ਵਿਖੇ ਮੀਟਿੰਗ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨ ਨੂੰ ਪਾਰਟੀ ਉਮੀਦਵਾਰ ਦੇ ਹੱਕ ਵਿੱਚ ਵੱਧ ਤੋਂ ਵੱਧ ਚੋਣ ਪ੍ਰਚਾਰ ਕਰਨਾ ਚਾਹੀਦਾ ਹੈ ਤਾਂ ਜੁ ਆਪਾਂ ਆਪਣੇ ਉਮੀਦਵਾਰ ਨੂੰ ਨਾਭਾ ਹਲਕੇ ਵਿੱਚੋਂ ਵੱਧ ਤੋਂ ਵੱਧ ਲੀਡ ਦਵਾ ਸਕੀਏ।ਇਸ ਮੌਕੇ ਉਨ੍ਹਾਂ ਅਹੁਦੇਦਾਰਾਂ ਨਾਲ ਹੋਰ ਵੀ ਕਈ ਵਿਸ਼ਿਆਂ 'ਤੇ ਵਿਚਾਰ ਚਰਚਾ ਕੀਤੀ।ਇਸ ਮੌਕੇ ਉਨ੍ਹਾਂ ਨਾਲ ਵਾਤਾਵਰਣ ਪ੍ਰੇਮੀ ਗੁਲਾਬ ਮਾਨ, ਸੀਨੀਅਰ ਆਗੂ ਰਜਿੰਦਰ ਸਿੰਘ ਮੋਹਲ, ਗੁਰਚਰਨ ਸਿੰਘ ਲਹਾਰ ਮਾਜਰਾ, ਤੇਜਿੰਦਰ ਸਿੰਘ ਖਹਿਰਾ, ਸੁਖਦੇਵ ਸਿੰਘ ਸੰਧੂ ਪ੍ਰਧਾਨ ਟਰੱਕ ਯੂਨੀਅਨ ਨਾਭਾ, ਵਰਿੰਦਰ ਸਿੰਘ ਕਕਰਾਲਾ, ਮੇਜਰ ਸਿੰਘ ਤੁੰਗਾ, ਬੱਬੂ ਛੀਟਾਂਵਾਲਾ, ਜੁਗਿੰਦਰ ਸਿੰਘ ਪੂਨੀਆਂ, ਨਵਜੋਤ ਸਿੰਘ ਪੂਨੀਆ, ਧਰਮਿੰਦਰ ਸਿੰਘ ਸੁੱਖੇਵਾਲ, ਸੂਬੇਦਾਰ ਗੁਰਿੰਦਰ ਸਿੰਘ, ਅਰਮਾਨ ਨਾਭਾ, ਮਾਸਟਰ ਅਮਰੀਕ ਸਿੰਘ, ਨਰਿੰਦਰ ਜੋਸ਼ੀ, ਗੁਰਦੀਪ ਸਿੰਘ ਸਾਹੀਵਾਲ, ਹਰਪ੍ਰੀਤ ਸਿੰਘ ਪ੍ਰੀਤ ਕੌਂਸਲਰ, ਪੰਕਜ ਪੱਪੂ ਸਟੀਲ, ਕਪਿਲ ਮਾਨ, ਕਿੰਗ ਸਰਪੰਚ, ਗੁਰਜੰਟ ਸਿੰਘ ਅਚੱਲ, ਵਕੀਲ ਸਿੰਘ ਸਹੋਲੀ, ਭੁਪਿੰਦਰ ਸਿੰਘ ਕਲੱਰਮਾਜਰੀ, ਅਮਨ ਗਰਗ, ਜਸਵੀਰ ਸਿੰਘ ਵਜੀਦਪੁਰ, ਹਰਜੀਤ ਸਿੰਘ ਗਿੱਲ ਕਕਰਾਲਾ, ਜਗਜੀਤ ਕੌਰ ਜਵੰਦਾ, ਮਾਸਟਰ ਜਸਪਾਲ ਸਿੰਘ ਤੇ ਹੋਰ ਅਹੁਦੇਦਾਰ ਮੌਜੂਦ ਸਨ।

## ਅੰਤਰ-ਕਾਲਜ ਮੁਕਾਬਲਿਆਂ 'ਚ ਪਬਲਿਕ ਕਾਲਜ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਸਮਾਣਾ (ਇਕਬਾਲ ਸਿੰਘ ਬੱਲ)**

ਅਕਾਲ ਕਾਲਜ ਆਫ਼ ਐਜੂਕੇਸ਼ਨ ਫਾਰ ਵੂਮੈਨ ਫਤਿਹਗੜ੍ਹ ਛੰਨ੍ਹਾ ਜ਼ਿਲ੍ਹਾ ਸੰਗਰੂਰ ਵਿਖੇ ਪ੍ਰਿੰਸੀਪਲ ਸੁਰਜੀਤ ਸਿੰਘ ਗਾਂਧੀ ਅੰਤਰ-ਕਾਲਜ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪਬਲਿਕ ਕਾਲਜ ਸਮਾਣਾ ਦੇ 8 ਵਿਦਿਆਰਥੀਆਂ ਨੇ ਭਾਗ ਲੈਂਦੇ ਹੋਏ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਕਤ ਮੁਕਾਬਲਿਆਂ ਦੌਰਾਨ ਕਾਵਿ-ਉਚਾਰਣ ਵਿੱਚ ਬੀ. ਏ. ਭਾਗ ਦੂਜਾ ਦੀ ਵਿਦਿਆਰਥਣ ਸੰਦੀਪ ਕੌਰ ਨੇ ਪਹਿਲਾ, ਪੋਸਟਰ ਮੇਕਿੰਗ ਵਿੱਚ ਬੀ. ਏ. ਭਾਗ ਪਹਿਲਾ ਦੇ ਵਿਦਿਆਰਥੀ ਹੈਪੀ ਸਿੰਘ ਨੇ ਦੂਜਾ, ਪੋਟ ਡੈਕੋਰੇਸ਼ਨ ਵਿੱਚ ਬੀ. ਏ. ਭਾਗ ਤੀਜਾ ਦੀ ਵਿਦਿਆਰਥਣ ਪ੍ਰਵੀਨ ਕੌਰ ਨੇ ਤੀਜਾ ਤੇ ਐਕਸਟੈਂਪਰੀ ਵਿੱਚ ਬੀ. ਕਾਮ ਭਾਗ ਤੀਜਾ ਦੀ ਵਿਦਿਆਰਥਣ ਹਰਸ਼ਿਤਾ ਗਰਗ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਸ੍ਰੀ ਰਤਨ ਕੁਮਾਰ ਗਰਗ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਇਸੇ ਤਰ੍ਹਾਂ ਮਿਹਨਤ ਕਰਦੇ ਹੋਏ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋ. ਸੋਨੂੰ ਜੈਨ, ਪ੍ਰੋ. ਸ਼ੰਟੀ ਕੁਮਾਰ, ਪ੍ਰੋ. ਅਸ਼ਵਨੀ ਕੁਮਾਰ ਤੇ ਜਸਬੀਰ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਤਰਕਸ਼ੀਲ ਲਹਿਰ ਵਿਗਿਆਨਕ ਆਧਾਰ 'ਤੇ ਵਹਿਮਾਂ-ਭਰਮਾਂ ਦਾ ਵਿਰੋਧ ਕਰਦੀ : ਰੱਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਤਰਕਸ਼ੀਲ ਸੁਸਾਇਟੀ ਭਾਰਤ ਦੀ ਪੰਜਾਬ ਇਕਾਈ ਦੀ ਇੱਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਮੇਘਰਾਜ ਰੱਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਕਾਮਰੇਡ ਨਛੱਤਰ ਸਿੰਘ ਭਵਨ ਮੋਗਾ ਵਿਖੇ ਹੋਈ, ਜਿਸ ਵਿੱਚ ਮੋਗਾ ਸਮੇਤ ਵੱਖ ਵੱਖ ਜ਼ਿਲ੍ਹਿਆਂ ਤੋਂ ਤਰਕਸ਼ੀਲ ਲਹਿਰ ਨਾਲ ਜੁੜੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦਾ ਮੁੱਖ ਏਜੰਡਾ ਅਜੋਕੇ ਸਮਾਜ ਵਿੱਚ ਵਹਿਮਾਂ ਭਰਮਾਂ ਦੇ ਫੈਲਾਅ ਨੂੰ ਠੱਲ੍ਹ ਪਾਉਣ, ਇਸ ਨਾਲ ਵਿਗੜ ਰਹੀ ਲੋਕਾਂ ਦੀ ਮਾਨਸਿਕ ਸਿਹਤ ਨੂੰ ਤੰਦਰੁਸਤ ਬਣਾਉਣ ਤੇ ਲੋਕਾਂ ਦੀ ਮਿਹਨਤ ਦੀ ਕਮਾਈ ਦੀ ਹੋ ਰਹੀ ਲੁੱਟ ਨੂੰ ਠੱਲ੍ਹ ਪਾਉਣ ਸਬੰਧੀ ਵਿਚਾਰ ਵਟਾਂਦਰਾ ਕਰਕੇ ਪੂਰੇ ਪੰਜਾਬ ਵਿੱਚ ਸੁਸਾਇਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਸੀ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਸੂਬਾਈ ਪ੍ਰਧਾਨ ਮੇਘਰਾਜ ਰੱਲਾ ਨੇ ਕਿਹਾ ਕਿ ਜ਼ਿਆਦਾਤਰ ਲੋਕ ਤਰਕਸ਼ੀਲਾਂ ਨੂੰ ਧਰਮ ਵਿਰੋਧੀ ਸਮਝਦੇ ਹਨ, ਕਿਉਂਕਿ ਕੁੱਝ ਤਥਾਕਥਿਤ ਤਰਕਸ਼ੀਲਾਂ ਨੇ ਧਰਮ ਨੂੰ ਵੰਗਾਰ ਕੇ ਇਸ ਲਹਿਰ ਪ੍ਰਤੀ ਲੋਕਾਂ ਦਾ ਮੋਹ ਭੰਗ ਕਰ ਦਿੱਤਾ ਹੈ, ਜਦਕਿ ਤਰਕਸ਼ੀਲਤਾ ਨਿਰੋਲ ਵਿਗਿਆਨ ਦੀ ਕਸਵੱਟੀ ਤੇ ਹਰ ਗੱਲ ਨੂੰ ਪਰਖ ਕੇ ਜ਼ਿੰਦਗੀ ਵਿੱਚ ਅੱਗੇ ਵਧਣ ਦੀ ਲਹਿਰ ਹੈ। ਉਨ੍ਹਾ ਕਿਹਾ ਕਿ ਅਸੀਂ ਮੰਨਦੇ ਹਾਂ ਕਿ ਧਰਮ ਵੀ ਇੱਕ ਵਿਗਿਆਨ ਹੈ, ਜਿਸ ਦੀ ਉਤਪੱਤੀ ਸਮਾਜ ਨੂੰ ਨਿਯਮਤ ਤੇ ਅਨੁਸ਼ਾਸਨ-ਬੱਧ ਰੱਖਣ ਲਈ ਹੋਈ ਸੀ। ਸਾਡੇ ਸਮਾਜ ਦੀਆਂ ਬਹੁਤ ਸਾਰੀਆਂ ਰੀਤਾਂ ਵਿਗਿਆਨਕ ਕਸਵੱਟੀ 'ਤੇ ਖਰੀਆਂ ਉਤਰਦੀਆਂ ਹਨ। ਜਿਵੇਂ ਵਰਤ ਰੱਖਣਾ, ਬਾਸੜੀਆ ਪੂਜਣਾ, ਠੰਡੀ ਸੱਤੇ ਆਦਿ। ਤਰਕਸ਼ੀਲ ਲਹਿਰ ਸਿਰਫ ਮਨੁੱਖ ਨੂੰ ਮੂਰਖ ਬਣਾ ਕੇ ਜਾਂ ਮਾਨਸਿਕ ਤੌਰ 'ਤੇ ਗੁਲਾਮ ਬਣਾ ਕੇ ਉਸ ਤੋਂ ਕਰਵਾਏ ਜਾਣ ਵਾਲੇ ਗੈਰ-ਵਿਗਿਆਨਕ ਕੰਮਾਂ ਦਾ ਖੰਡਨ ਤੇ ਵਿਰੋਧ ਕਰਦੀ ਹੈ, ਇਸ ਲਈ ਉਨ੍ਹਾਂ ਧਾਰਮਿਕ ਲੋਕਾਂ ਨੂੰ ਵੀ ਇਸ ਲਹਿਰ ਦਾ ਹਿੱਸਾ ਬਨਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ, ਜੋ ਆਪਣੇ ਧਰਮ ਵਿੱਚ ਫੈਲੀਆਂ ਕੁਰੀਤੀਆਂ ਤੇ ਵਹਿਮਾਂ ਨੂੰ ਖਤਮ ਕਰਨਾ ਚਾਹੁੰਦੇ ਹਨ। ਉਨ੍ਹਾ ਮੋਗਾ ਜ਼ਿਲ੍ਹੇ ਦੀ ਅਗਵਾਈ ਉਥੇ ਸਮਾਜ ਸੇਵੀ ਤੇ ਤਰਕਸ਼ੀਲ ਲਹਿਰ ਦੇ ਪੁਰਾਣੇ ਆਗੂ ਮਹਿੰਦਰ ਪਾਲ ਲੂੰਬਾ ਨੂੰ ਸੌਂਪਦਿਆਂ ਜ਼ਿਲ੍ਹਾ ਯੂਨਿਟ ਦਾ ਗਠਨ ਕਰਨ ਦੇ ਅਧਿਕਾਰ ਸੌਂਪੇ। ਸੂਬਾਈ ਜਨਰਲ ਸਕੱਤਰ ਗੁਰਨਾਮ ਮਹਿਸਮਪੁਰੀ ਨੇ 13 ਅਪ੍ਰੈਲ ਨੂੰ ਵਿਸਾਖੀ ਮੌਕੇ ਪਿੰਡ ਮਹਿਤਪੁਰ ਜਲੰਧਰ ਵਿਖੇ ਲਗਾਏ ਜਾ ਰਹੇ ਤਰਕਸ਼ੀਲ ਮੇਲੇ ਬਾਰੇ ਜਾਣਕਾਰੀ ਦਿੱਤੀ ਤੇ ਸਭ ਨੂੰ ਇਸ ਮੇਲੇ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਬਹੁਤ ਸਾਰੇ ਨਵੇਂ ਮੈਂਬਰਾਂ ਨੇ ਤਰਕਸ਼ੀਲ ਸੁਸਾਇਟੀ ਦੀ 100 ਰੁਪਏ ਅਦਾ ਕਰਕੇ ਮੈਂਬਰਸ਼ਿਪ ਵੀ ਲਈ। ਅੰਤ ਵਿੱਚ ਮਹਿੰਦਰ ਪਾਲ ਲੂੰਬਾ ਨੇ ਸੂਬਾ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਤੋਂ ਹੀ ਮੋਗਾ ਇਕਾਈ ਲਈ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ ਤੇ ਬਹੁਤ ਜਲਦ ਮੋਗਾ ਇਕਾਈ ਦਾ ਗਠਨ ਕਰ ਦਿੱਤਾ ਜਾਵੇਗਾ। ਇਸ ਮੌਕੇ ਉਕਤ ਤੋਂ ਇਲਾਵਾ ਕੁਲਦੀਪ ਸਿੰਘ ਮੱਲ੍ਹੀ, ਡਾ. ਜਸਵੰਤ ਸਿੰਘ ਧਰਮਕੋਟ, ਰਾਕੇਸ਼ ਰਾਣਾ, ਸਤਨਾਮ ਸਿੰਘ ਜਵੰਦਾ ਬਰਨਾਲਾ, ਜਸਵੀਰ ਸਿੰਘ ਮੰਡੇਰ ਸੰਗਰੂਰ, ਭੁਪਿੰਦਰ ਸਿੰਘ ਧੂੰਨਾ, ਦਲਜੀਤ ਸਿੰਘ ਮਹਿਤਪੁਰ, ਅਮਰਜੀਤ ਸਿੰਘ ਜੱਸਲ, ਸਵਰਨ ਸਿੰਘ, ਭੁਪਿੰਦਰ ਸਿੰਘ ਤੇ ਲਖਵੀਰ ਸਿੰਘ ਦੌਲੇਵਾਲਾ, ਗੁਰਚਰਨ ਸਿੰਘ ਪੱਤੋ, ਨਿਰਮਲ ਸਿੰਘ ਰਣਸੀਂਹ ਕਲਾਂ, ਸੁਨੀਤਾ ਸ਼ਰਮਾ, ਸ਼ੰਕਰ ਯਾਦਵ, ਨਿੱਕਾ ਸਿੰਘ, ਰਾਜੀਵ ਕੁਮਾਰ, ਹੰਸ ਰਾਜ ਤੇ ਹਰਜੀਤ ਸਿੰਘ ਸਿੰਘਾਂਵਾਲਾ ਆਦਿ ਹਾਜ਼ਰ ਸਨ।

■ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਮੀਟਿੰਗ




ਉੱਤਰ ਰੇਲਵੇ

ਆਜ਼ਾਦੀ ਕਾ ਅਮ੍ਰਿਤ ਮਹੋਤਸਵ

ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ. 03-2024-25-SrDENC-FZR ਤਾਰੀਕ 05.04.2024

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 30.04.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁੱਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 04.04.2024 16:28 ਵਜੇ | 16.04.2024 | 30.04.2024 / 15:00 ਵਜੇ |

| ਲ. ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 03-2024-25-SrDENC-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਤਹਿਤ ਪਠਾਨਕੋਟ-ਜੰਮੂਤਵੀ ਸੇਕਸ਼ਨ (ਮਾਧੋਪੁਰ) ਸਬ ਡਿਪੋ-1 ਵਿਚ ਬੈਲਾਸਟ ਸਾਈਡਿੰਗ ਵਿਚ 1,20,000 ਘਣ ਮੀਟਰ 65 ਮਿਲੀਮੀਟਰ ਗੇਜ ਸਟੋਨ ਗਿਟੀ (ਯਾਂਤਰਿਕ ਰੂਪ ਨਾਲ ਟੁਟਿਆ ਹੋਇਆ) ਦਾ ਵਿਧੀਵਤ ਚੱਟੇ ਬਣਾ ਕੇ ਰੇਲਵੇ ਵੈਗਨਾਂ/ਹਾਪਰਾਂ ਵਿਚ ਲੋਡ ਕਰਕੇ ਸਪਲਾਈ ਕਰਨਾ। |

| ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 11,18,04,000/- | 7,09,000.00 | 90 ਦਿਨ | 18 ਮਹੀਨੇ |

ਸਮਾਨ ਨੇਚਰ ਦਾ ਕੰਮ- "ਰੇਲਵੇ ਰਾਜਮਾਰਗ/ਸੜਕਾਂ ਦੇ ਲਈ ਮਸ਼ੀਨ ਕ੍ਰਸ਼ਡ ਸਟੋਨ ਗਿਟੀ ਦੀ ਸਪਲਾਈ"।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1011/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

6-April-PAGE-8.qxd 4/5/2024 9:04 PM Page 1



# ਚੋਣਾਂ ਦੌਰਾਨ 75 ਫੀਸਦ ਜ਼ਿਲ੍ਹਾ ਪੁਲਸ ਅਤੇ 50 ਫੀਸਦ ਹੋਰਨਾਂ ਯੂਨਿਟਾਂ ਦੇ ਪੁਲਸ ਬਲ ਦੀ ਤਾਇਨਾਤੀ : ਅਰਪਿਤ ਸ਼ੁਕਲਾ



**ਜਲੰਧਰ,:(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਆਗਾਮੀ ਆਮ ਚੋਣਾਂ 2024 ਨੂੰ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੁਲਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ, ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਵੀਰਵਾਰ ਨੂੰ ਸੀਮਾ ਸੁਰੱਖਿਆ ਬਲ ਨਾਲ ਰਣਨੀਤੀ ਤਿਆਰ ਕੀਤੀ ਤਾਂ ਜੋ ਸੁਰੱਖਿਆ ਦੀ ਦੂਜੀ ਕਤਾਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਸਰਹੱਦ ਪਾਰੋਂ ਨਸ਼ਿਆਂ ਦੀ ਸਪਲਾਈ ਲੜੀ ਨੂੰ ਪੂਰੀ ਤਰ੍ਹਾਂ ਠੱਲ੍ਹਿਆ ਜਾ ਸਕੇ।ਸਪੈਸ਼ਲ ਡੀ ਜੀ ਪੀ ਦੇ ਨਾਲ ਆਈ.ਜੀ. ਫਰੰਟੀਅਰ ਹੈੱਡਕੁਆਰਟਰ, ਬੀ ਐਸ ਐਫ ਜਲੰਧਰ ਡਾ: ਅਤੁਲ ਫੁਲਜ਼ੇਲੇ ਨੇ ਸਰਹੱਦ 'ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅਤੇ ਆਗਾਮੀ ਸੰਸਦੀ ਚੋਣਾਂ 2024 ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕਰਨ ਲਈ ਪੰਜਾਬ ਪੁਲਸ, ਬੀ ਐਸ ਐਫ, ਸੀ ਆਰ ਪੀ ਐਫ, ਆਈ ਟੀ ਬੀ ਪੀ, ਨਾਰਕੋਟਿਕਸ ਕੰਟਰੋਲ ਬਿਊਰੋ (ਐਨ ਸੀ ਬੀ) ਅਤੇ ਹੋਰ ਕੇਂਦਰੀ ਏਜੰਸੀਆਂ ਦੇ ਸੀਨੀਅਰ ਅਧਿਕਾਰੀਆਂ ਨਾਲ ਇੱਕ ਸਾਂਝੀ ਤਾਲਮੇਲ ਮੀਟਿੰਗ ਕੀਤੀ। ਮੀਟਿੰਗ ਵਿੱਚ ਜ਼ੋਨਲ ਡਾਇਰੈਕਟਰ ਐਨ.ਸੀ.ਬੀ., ਏਡੀਜੀਪੀ ਸਟੇਟ ਆਰਮਡ ਪੁਲਸ (ਐਸ.ਏ.ਪੀ.) ਐਮ.ਐਫ. ਫਾਰੂਕੀ, ਡੀ ਆਈ ਜੀ ਬਾਰਡਰ ਰੇਂਜ ਰਾਕੇਸ਼ ਕੌਸ਼ਲ ਅਤੇ ਡੀ ਆਈ ਜੀ ਫਿਰੋਜ਼ਪੁਰ ਰੇਂਜ ਰਣਜੀਤ ਸਿੰਘ ਢਿੱਲੋਂ ਵੀ ਹਾਜ਼ਰ ਸਨ।

ਬੀ ਐਸ ਐਫ ਅਤੇ ਪੰਜਾਬ ਪੁਲਸ ਦਰਮਿਆਨ ਵਧੇਰੇ ਤਾਲਮੇਲ ਅਤੇ ਇੱਕਜੁਟਤਾ ਦਾ ਸੱਦਾ ਦਿੰਦੇ ਹੋਏ, ਸਪੈਸ਼ਲ ਡੀ ਜੀ ਪੀ ਅਰਪਿਤ ਸ਼ੁਕਲਾ ਨੇ ਸਰਹੱਦੀ ਰਾਜ ਵਿੱਚ ਪਾਰਦਰਸ਼ੀ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ ਦੋਵਾਂ ਫੋਰਸਾਂ ਨੂੰ ਇੱਕ ਟੀਮ ਵਜੋਂ ਕੰਮ ਕਰਨ ਲਈ ਕਿਹਾ।ਉਨ੍ਹਾਂ ਕਿਹਾ ਕਿ ਸੁਰੱਖਿਆ ਦੀ ਮੋਹਰਲੀ ਕਤਾਰ ਵਿੱਚ ਤਾਇਨਾਤ ਹੋਣ ਕਰਕੇ ਬੀ ਐਸ ਐਫ ਨੂੰ ਅੱਤਵਾਦੀਆਂ, ਦਹਿਸ਼ਤਗਰਦਾਂ ਜਾਂ ਤਸਕਰਾਂ ਵੱਲੋਂ ਤਸਕਰੀ ਅਤੇ ਘੁਸਪੈਠ ਦੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ ਵਧੇਰੇ ਚੌਕਸ ਤੇ ਮੁਸਤੈਦ ਰਹਿਣ ਦੀ ਲੋੜ ਹੈ। ਆਗਾਮੀ ਲੋਕ ਸਭਾ ਚੋਣਾਂ ਲਈ ਸੁਰੱਖਿਆ ਪ੍ਰਬੰਧਾਂ ਬਾਰੇ ਵੇਰਵੇ ਸਾਂਝੇ ਕਰਦਿਆਂ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਸੂਬੇ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਪੰਜਾਬ ਪੁਲਸ ਨੇ ਚੋਣਾਂ ਦੌਰਾਨ ਤਾਇਨਾਤੀ ਲਈ 75 ਫੀਸਦ ਜ਼ਿਲ੍ਹਾ ਪੁਲਸ ਅਤੇ 50 ਫੀਸਦ ਹੋਰ ਯੂਨਿਟਾਂ ਤੋਂ ਪੁਲਸ ਬਲ ਤਾਇਨਾਤ ਕੀਤਾ ਹੈ।

# ਸ਼ਾਂਤੀਪੂਰਨ ਤੇ ਵਿਵਸਥਿਤ ਚੋਣ ਯਕੀਨੀ ਕਰਨ ਲਈ ਸਾਰੇ ਚੋਣ ਅਧਿਕਾਰੀ ਸਹਿਯੋਗ ਕਰਨ : ਅਨੁਰਾਗ ਅਗਰਵਾਲ,

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਭਾਰਤ ਚੋਣ ਕਮਿਸ਼ਨ ਨੇ ਲੋਕਸਭਾ ਆਮ ਚੋਣ-2024 ਲੜਨ ਵਾਲੇ ਉਮੀਦਵਾਰਾਂ ਤੇ ਰਾਜਨੀਤਿਕ ਪਾਰਟੀਆਂ ਦੇ ਲਈ ਚੋਣ ਦੌਰਾਨ ਕੀ ਕਰਨਾ ਹੈ ਅਤੇ ਕੀ ਨਹੀਂ (ਡੂਜ ਐਂਡ ਡਾਂਟ) ਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ।ਇੰਨ੍ਹਾਂ ਦਿਸ਼ਾ-ਨਿਰਦੇਸ਼ਾਂ ਦਾ ਚੋਣ ਦੀ ਪ੍ਰਕ੍ਰਿਆ ਪੂਰੀ ਹੋਣ ਤਕ ਪਾਲਣ ਕੀਤਾ ਜਾਣਾ ਜਰੂਰੀ ਹੈ।ਹਰਿਆਨਾ ਦੇ ਮੁੱਖ ਚੋਣ ਅਧਿਕਾਰੀ ਅਨੁਰਾਗ ਅਗਰਵਾਲ ਨੇ ਇਸ ਸੰਬੰਧ ਵਿਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਰੀ ਪਾਰਟੀਆਂ ਅਤੇ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਪਬਲਿਕ ਸਥਾਨਾਂ ਜਵੇਂ ਕਿ ਮੈਦਾਨ ਅਤੇ ਹੈਲੀਪੈਡ ਨਿਰਪੱਖ ਰੂਪ ਨਾਲ ਉਪਲਬਧ ਹੋਣਾ ਚਾਹੀਦਾ ਹੈ। ਚੋਣ ਦੌਰਾਨ, ਹੋਰ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਦੀ ਆਲੋਚਨਾ ਸਿਰਫ ਉਨ੍ਹਾਂ ਦੀ ਨੀਤੀਆਂ, ਪ੍ਰੋਗ੍ਰਾਮਾਂ, ਪਿਛਲੇ ਰਿਕਾਰਡ ਅਤੇ ਕੰਮਾਂ ਤਕ ਹੀ ਸੀਮਤ ਰਹਿਣੀ ਚਾਹੀਦੀ ਹੈ। ਇਸ ਤੋਂ ਇਲਾਵਾ, ਸ਼ਾਂਤੀਪੂਰਨ ਅਤੇ ਅਵਿਵੇਕਪੂਰਨ ਘਰੇਲੂ ਜੀਵਨ ਲਈ ਹਰੇਕ ਵਿਅਕਤੀ ਦੇ ਅਧਿਕਾਰੀ ਦੀ ਪੂਰੀ ਤਰ੍ਹਾ ਨਾਲ ਰੱਖਿਆ ਕੀਤੀ ਜਾਣੀ ਚਾਹਦੀ ਹੈ।ਅਨੁਰਾਗ ਅਗਰਵਾਲ ਨੇ ਦਸਿਆ ਕਿ ਪ੍ਰਸਤਾਵਿਤ ਮੀਟਿੰਗ ਦੇ ਸਥਾਨ 'ਤੇ ਜੇਕਰ ਕੋਈ ਪਾਬੰਦੀਸ਼ੁਦਾ ਜਾਂ ਨਿਸ਼ੇਦਆਤਮਕ ਆਦੇਸ਼ ਲਾਗੂ ਹਨ ਤਾਂ ਉਨ੍ਹਾਂ ਆਦੇਸ਼ਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਇਸੀ ਤਰ੍ਹਾ ਪ੍ਰਸਤਾਵਿਤ ਮੀਟਿੰਗ ਲਈ ਲਾਊਡਸਪੀਕਰ ਜਾਂ ਅਜਿਹੀ ਕਿਸੇ ਹੋਰ ਸਹੂਲਤ ਦੀ ਵਰਤੋਂ ਲਈ ਮੰਜੂਰੀ ਪ੍ਰਾਪਤ ਕੀਤੀ ਜਾਣੀ ਚਾਹੀਦੀ। ਮੁੱਖ ਚੋਣ ਅਧਿਕਾਰੀ ਨੇ ਦਸਿਆ ਕਿ ਚੋਣ ਦੀ ਪਵਿੱਤਰਤਾ ਤੇ ਪਾਰਦਰਸ਼ਿਤਾ ਬਣਾਏ ਰੱਖਣ ਲਈ ਰਾਜਨੀਤਿਕ ਪਾਰਟੀਆਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਨਗਦ ਲੈਣ-ਦੇਣ ਤੋਂ ਬੱਚਣ ਅਤੇ ਆਪਣੇ ਉਮੀਦਵਾਰਾਂ, ਏਜੰਟ, ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦੇਣ ਕਿ ਚੋਣ ਦੌਰਾਨ ਉਹ ਵੱਡੀ ਗਿਣਤੀ ਵਿਚ ਨਗਦ ਰਕਮ ਆਪਣੇ ਨਾਲ ਨਾ ਰੱਖਣ।

# ਜਮਹੂਰੀ ਕਿਸਾਨ ਸਭਾ ਨੇ ਚੋਣਾਂ 'ਚ ਭਾਜਪਾ ਤੇ ਉਸ ਦੇ ਭਾਈਵਾਲਾਂ ਦੇ ਵਿਰੋਧ ਦਾ ਕੀਤਾ ਫੈਸਲਾ



**ਜਲੰਧਰ (ਨ ਜ਼ ਸ)**-ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸਭਾ ਦੇ ਸੂਬਾਈ ਦਫਤਰ ਸ਼ਹੀਦ ਸਰਵਨ ਸਿੰਘ ਚੀਮਾ ਭਵਨ ਗੜ੍ਹਾ ਜਲੰਧਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਆਉਣ ਵਾਲੀਆਂ ਆਮ ਚੋਣਾਂ ਵਿੱਚ ਭਾਜਪਾ ਅਤੇ ਉਸ ਦੀਆਂ ਭਾਈਵਾਲ ਪਾਰਟੀਆ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਦੇਸ਼ ਦੇ ਮਜ਼ਦੂਰਾਂ ਕਿਸਾਨਾਂ ਦੇ ਹਿਤਾਂ ਦੀ ਰਾਖੀ ਲਈ ਭਾਜਪਾ ਨੂੰ ਸੱਤਾ ਤੋਂ ਬਾਹਰ ਕਰਨਾ ਅਤੀ ਜਰੂਰੀ ਹੈ। ਉਹਨਾਂ ਆਖਿਆ ਕਿ ਸੂਬਾ ਸਰਕਾਰ ਵੱਲੋ 9 ਕਾਰਪੋਰੇਟ ਨੂੰ ਕਣਕ ਖਰੀਦਣ ਦਾ ਦਿੱਤਾ ਫੈਸਲਾ ਵਾਪਸ ਲੈਣ 'ਤੇ ਮੁਹਾਲੀ ਵਿਖੇ ਕੀਤੀ ਜਾਣ ਵਾਲੀ 8 ਅਪ੍ਰੈਲ ਦੀ ਰੈਲੀ ਰੱਦ ਕਰ ਦਿੱਤੀ ਹੈ।

ਉਹਨਾਂ ਇਹ ਫੈਸਲਾ ਵਾਪਸ ਲੈਣ ਨੂੰ ਕਿਸਾਨਾਂ ਦੀ ਜਿੱਤ ਆਖਿਆ ਹੈ। ਉਹਨਾਂ ਕਿਹਾ ਕਿ ਗ਼ਦਰ ਪਾਰਟੀ ਦੇ ਸੰਥਾਪਨਾ ਦਿਵਸ ਮੌਕੇ 21 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਵਿੱਚ ਕੀਤੀ ਜਾ ਰਹੀ ਵਿਚਾਰ ਚਰਚਾ ਜਿਸ ਦਾ ਵਿਸ਼ਾ "ਕਿਸਾਨ ਸੰਕਟ, ਇਤਿਹਾਸ ਅਤੇ ਸਮਕਾਲ" ਇਸ ਦੇ ਮੁੱਖ ਬੁਲਾਰੇ ਦੇਵਿੰਦਰ ਸ਼ਰਮਾ ਹਨ, ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਸਮੂਲੀਅਤ ਕਰੇਗੀ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ੍ਰੈਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਦੱਸਿਆ ਕਿ ਨਹਿਰੀ ਪਾਣੀ ਦੀ ਵਰਤੋ, ਪਾਣੀਆਂ ਨੂੰ ਦੂਸ਼ਿਤ ਹੋਣ ਤੋਂ ਬਚਾਉਣ, ਬੁੱਢੇ ਨਾਲੇ ਦੀ ਸਫਾਈ, ਦਰਿਆਵਾਂ ਦੇ ਬੰਨਾ ਦੀ ਮੁਰੰਮਤ, ਨਹਿਰਾਂ, ਸੂਇਆ, ਕੱਸੀਆਂ ਦੀ ਸਫਾਈ ਲਈ , ਸਮਾਰਟ ਮੀਟਰਾਂ ਨੂੰ ਲਗਾਉਣ ਦੇ ਵਿਰੁੱਧ 12 ਅਪ੍ਰੈਲ ਨੂੰ ਅੰਮ੍ਰਿਤਸਰ ਅਤੇ ਪਟਿਆਲਾ ਅਤੇ 15 ਅਪ੍ਰੈਲ ਨੂੰ ਸਿਧਵਾ ਬੇਟ ਵਿਖੇ ਧਰਨੇ ਮਾਰੇ ਜਾਣਗੇ। 21 ਮਈ ਨੂੰ ਜਗਰਾਉ ਵਿਖੇ ਵਿਸ਼ਾਲ ਰੈਲੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੀ ਜਾਵੇਗੀ। ਜਿਸ ਲਈ ਜਮਹੂਰੀ ਕਿਸਾਨ ਸਭਾ ਪੰਜਾਬ ਨੇ ਹੁਣ ਤੋਂ ਹੀ ਤਿਆਰੀ ਵਿੱਢ ਦਿੱਤੀ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਭਲਕੇ ਫੂਕੇਗੀ ਮੋਦੀ ਸਰਕਾਰ ਦੇ ਪੁਤਲੇ



**ਫਿਲੌਰ (ਨਿਰਮਲ)**- ਗੁਰਦੁਆਰਾ ਬਾਉਲੀ ਸਾਹਿਬ ਫਿਲੌਰ ਵਿਖੇ ਇਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਮਸ਼ਿਆਣਾ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ ਤੇ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਦਿੱਲੀ ਵਿੱਚ ਚੱਲ ਰਹੇ ਮੋਰਚੇ ਵਿੱਚ ਸ਼ਹੀਦ ਹੋਏ ਸ਼ੁਭਦੀਪ ਸਿੰਘ ਦੀ ਯਾਦ ਵਿੱਚ 7 ਅਪ੍ਰੈਲ ਨੂੰ ਜਲੰਧਰ ਵਿਖੇ ਕੇਂਦਰ ਦੀ ਬੀਜੇਪੀ ਸਰਕਾਰ ਦੇ ਪੁਤਲੇ ਫੂਕਣ ਦੀ ਤਿਆਰੀ ਲਈ ਡਿਊਟੀਆਂ ਲਗਾਈਆਂ ਗਈਆਂ ।ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਆਉਣ ਵਾਲੀ 7 ਅਪ੍ਰੈਲ ਨੂੰ ਆਪਣੇ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਟਰੈਕਟਰ ਲੈ ਕੇ ਜਲੰਧਰ ਵਿਖੇ ਪਹੁੰਚਣ, ਜਿੱਥੇ ਕੇਂਦਰ ਦੀ ਮੋਦੀ ਸਰਕਾਰ ਦਾ ਸ਼ਾਂਤਮਈ ਤਰੀਕੇ ਨਾਲ ਪੁਤਲਾ ਫੂਕਿਆ ਜਾਵੇਗਾ ਅਤੇ ਸਰਕਾਰ ਤੋਂ ਸਵਾਲ ਕੀਤੇ ਜਾਣਗੇ ਕਿ ਉੱਥੇ ਗਏ ਸ਼ੁਭਦੀਪ ਸਿੰਘ ਨੇ ਆਪਣੇ ਕਿਸਾਨੀ ਹੱਕਾਂ ਦੀ ਗੱਲ ਕੀਤੀ ਸੀ ਜਿਸ ਦੇ ਬਦਲੇ ਵਿੱਚ ਉਸ ਨੂੰ ਗੋਲੀ ਕਿਉਂ ਮਿਲੀ।ਇਸ ਮੌਕੇ ਵੱਡੀ ਗਿਣਤੀ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਨੂੰ ਛੱਡ ਕਿਸਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ 'ਚ ਸ਼ਾਮਲ ਹੋਏ। ਇਸ ਮੌਕੇ ਜ਼ਿਲ੍ਹਾ ਜਰਨਲ ਸਕੱਤਰ ਪਰਮਜੀਤ ਸਿੰਘ ਅਕਲ ਪੁਰ, ਜ਼ਿਲ੍ਹਾ ਵਾਈਸ ਪ੍ਰਧਾਨ ਹਰਜਿੰਦਰ ਸਿੰਘ ਨੰਗਲ, ਜ਼ਿਲ੍ਹਾ ਸਰਪ੍ਰਸਤ ਪ੍ਰਗਟ ਸਰਹਾਲੀ, ਬਲਾਕ ਪ੍ਰਧਾਨ ਬਲਜਿੰਦਰ ਸਿੰਘ ਬਿੱਟੂ ਗੰਨਾ ਪਿੰਡ, ਬਲਾਕ ਜਰਨਲ ਸਕੱਤਰ ਕਮਲਜੀਤ ਸਿੰਘ ਤਲਵਿੰਦਰ ਸਿੰਘ ਸਮਰਾੜੀ, ਬਲਾਕ ਵਾਈਸ ਪ੍ਰਧਾਨ ਬਰਿੰਦਰ ਸਿੰਘ ਖੈਹਿਰਾ, ਸੁਖਵਿੰਦਰ ਸਿੰਘ ਨੀਟੂ ਪ੍ਰੈਸ ਸਕੱਤਰ ਭਲਵਾਨ ਅਕਲ ਪੁਰ ਸੁਰਿੰਦਰ ਸਿੰਘ ਸ਼ੋਂਕੀ, ਗੁਰਦੇਵ ਸਿੰਘ ਨੰਗਲ ਅਤੇ ਹੋਰ ਹਾਜ਼ਰ ਸਨ।

# ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਲਿਆ ਵੋਟਰ ਪ੍ਰਣ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਡਾ. ਪ੍ਰੀਤੀ ਯਾਦਵ ਵਲੋਂ ਦਿੱਤੇ ਆਦੇਸ਼ਾਂ ਅਨੁਸਾਰ ਐਸ.ਜੀ.ਐਸ ਖਾਲਸਾ ਸੀਨੀਅਰ ਸਕੈਂਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਵੋਟਰ ਪ੍ਰਣ ਲਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਵੀਪ ਨੋਡਲ ਅਫ਼ਸਰ ਰਣਜੀਤ ਸਿੰਘ ਨੇ ਕਿਹਾ ਕਿ ਇਸ ਮੌਕੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਵੱਲੋਂ ਵਿਦਿਆਰਥੀਆਂ ਨੂੰ ਵੋਟ ਦੇ ਮਹੱਤਵ ਤੋਂ ਜਾਣੂ ਕਰਵਾਇਆ ਗਿਆ ਅਤੇ ਆਗਾਮੀ ਲੋਕ ਸਭਾ ਵੋਟਾਂ ਵਿੱਚ ਆਪਣੇ ਮਾਤਾ ਪਿਤਾ ਅਤੇ ਆਪਣੇ ਆਂਢ ਗੁਆਂਢ ਦੇ ਲੋਕਾਂ ਨੂੰ ਵੋਟ ਪਾਉਣ ਦੇ ਲਈ ਜਾਗਰੂਕ ਕਰਨ ਦੀ ਅਪੀਲ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ ਕੀਮਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਨਾਂ ਕਿਸੇ ਲੋਭ, ਲਾਲਚ, ਜਾਤ-ਪਾਤ, ਭਾਸ਼ਾ ਅਤੇ ਧਰਮ ਦੇ ਪ੍ਰਭਾਵ ਤੋਂ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉੱਤੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਵੋਟਰ ਪ੍ਰਣ ਵੀ ਲਿਆ।

# ਨੌਜਵਾਨ ਲੜਕੇ-ਲੜਕੀਆਂ ਨੂੰ ਖ਼ੂਨਦਾਨ ਬਾਰੇ ਜਾਣਕਾਰੀ ਦੇਣਾ ਬਹੁਤ ਜ਼ਰੂਰੀ- ਡਾ. ਅਜੇ ਬੱਗਾ




**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਖ਼ੂਨਦਾਨ ਸੇਵਾ ਨੂੰ ਸੁਰੱਖਿਅਤ ਖ਼ੂਨਦਾਨ ਸੇਵਾ ਬਣਾਉਣਾ ਵਧੇਰੇ ਜ਼ਰੂਰੀ ਹੋ ਗਿਆ ਹੈ। ਖ਼ੂਨਦਾਨੀ ਅਤੇ ਲੋੜਵੰਦਾਂ ਦਾ ਧਿਆਨ ਰੱਖ ਕੇ ਸਿਹਤ ਵਿਭਾਗ ਨੇ ਜੋ ਨਿਯਮ ਬਣਾਏ ਹੋਏ ਹਨ ਉਹ ਬਹੁਤ ਮਹੱਤਵਪੂਰਨ ਹਨ। ਉੱਕਤ ਵਿਚਾਰ ਸਥਾਨਕ ਬਾਬਾ ਵਜ਼ੀਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਐਨ ਐਸ ਐਸ ਵਲੰਟੀਅਰਾਂ ਨੂੰ ਖ਼ੂਨਦਾਨ ਸਬੰਧੀ ਜਾਣਕਾਰੀ ਦਿੰਦਿਆਂ ਡਾ: ਅਜੇ ਬੱਗਾ ਰਿਟਾ: ਸਿਵਲ ਸਰਜਨ ਤੇ ਬੀ.ਡੀ.ਸੀ ਬਲੱਡ ਸੈਂਟਰ ਦੇ ਬੀ.ਟੀ.ਓ ਨੇ ਪ੍ਰਗਟ ਕੀਤੇ। ਉਹਨਾਂ ਖ਼ੂਨ ਸਬੰਧੀ ਬੁਨਿਆਦੀ ਜਾਣਕਾਰੀ ਦਿੰਦਿਆਂ ਆਖਿਆ ਕਿ ਤੰਦਰੁਸਤ ਵਿਅਕਤੀ ਵਿੱਚ ਖ਼ੂਨ ਦੀ ਮਾਤਰਾ ਦੇ ਟੈਸਟ ਨੂੰ ਐਚ.ਬੀ ਕਹਿੰਦੇ ਹਨ ਤੇ ਇਹ 12.5 ਗ੍ਰਾਮ ਪ੍ਰਤੀਸ਼ਤ ਤੋਂ ਘੱਟ ਨਹੀਂ ਹੋਣਾ ਚਾਹੀਦਾ, ਖ਼ੂਨ ਦਾ ਰੰਗ ਭਾਂਵੇਂ ਲਾਲ ਹੈ ਪਰ ਇਸ ਵਿੱਚ ਗਰੁੱਪਾਂ ਦਾ ਭੇਦ ਹੈ ਜੋਂ ਲੈਬ ਟੈਸਟ ਨਾਲ ਪਤਾ ਕੀਤਾ ਜਾਂਦਾ ਹੈ। ਖ਼ੂਨ ਦੇ ਗਰੁੱਪ ਦੀ ਹਰੇਕ ਨੂੰ ਜਾਣਕਾਰੀ ਹੋਣੀ ਚਾਹੀਦੀ ਹੈ ਜਿਸ ਦਾ ਡਾਕਟਰੀ ਲੋੜ ਤੋਂ ਬਿਨਾਂ ਡਰਾਈਵਿੰਗ ਲਾਇਸੈਂਸ, ਪਾਸਪੋਰਟ ਅਤੇ ਹੋਰ ਦਸਤਾਵੇਜ਼ਾਂ ਲਈ ਵੀ ਜ਼ਰੂਰੀ ਹੈ। ਉਹਨਾਂ ਨੇ ਸਾਬਕਾ ਰਾਸ਼ਟਰਪਤੀ, ਪ੍ਰਸਿੱਧ ਵਿਗਿਆਨੀ ਡਾ: ਅਬਦੁੱਲ ਕਲਾਮ ਦੇ ਜੀਵਨ ਤੋਂ ਪ੍ਰੇਰਿਤ ਕਰਦੀਆਂ ਉਦਾਹਰਣਾਂ ਦੇ ਕੇ ਵਿਦਿਆਰਥੀਆਂ ਨੂੰ ਰੋਲ ਮਾਡਲ ਬਣਨ ਦੀ ਪ੍ਰੇਰਨਾ ਕੀਤੀ। ਉਹਨਾਂ ਆਖਿਆ ਕਿ ਵਿਦਿਆਰਥੀ ਘਰ ਦਾ ਬਣਿਆਂ ਖਾਣਾ ਖਾ ਕੇ ਹੀ ਘਰੋਂ ਤੁਰਿਆ ਕਰਨ , ਆਪਣੀ ਖ਼ੁਰਾਕ ਵਿੱਚ ਹਰੀਆਂ ਸਬਜ਼ੀਆਂ ,ਦਾਲਾਂ, ਦਹੀਂ, ਲੱਸੀ, ਦੁੱਧ ਤੇ ਗੁੜ ਨੂੰ ਸ਼ਾਮਲ ਕਰਨ ਤਾਂ ਖ਼ੂਨ ਦੀ ਕਮੀਂ ਨਹੀਂ ਆਉਂਦੀ। ਉਹਨਾਂ ਫਾਸਟ ਫੂਡ ਦੀ ਵਰਤੋਂ ਘੱਟ ਤੋਂ ਘੱਟ ਕਰਨ ਦੀ ਪ੍ਰੇਰਨਾ ਕੀਤੀ। ਡਾ: ਬੱਗਾ ਨੇ ਦੱਸਿਆ ਕਿ ਤੰਦਰੁਸਤ ਵਿਅਕਤੀ ਦੇ ਖ਼ੂਨਦਾਨੀ ਬਣਨ ਲਈ ਉਮਰ 18 ਤੋਂ 65 ਸਾਲ ਵਿਚਕਾਰ ਹੋਣੀ ਚਾਹੀਦੀ ਹੈ, ਸਰੀਰ ਦਾ ਭਾਰ 45 ਕਿਲੋ ਤੋਂ ਘੱਟ ਨਹੀਂ ਹੋਣਾ ਚਾਹੀਦਾ, ਕੋਈ ਕਰੌਨਿਕ ਬਿਮਾਰੀ ਨਹੀਂ ਹੋਣੀ ਚਾਹੀਦੀ। ਬਲੱਡ ਪ੍ਰੈਸ਼ਰ ਨਾਰਮਲ ਹੋਣਾ ਚਾਹੀਦਾ ਹੈ। ਅਗਰ ਡਾਕਟਰੀ ਸ਼ਰਤਾਂ ਪੂਰੀਆਂ ਹੋਣ ਤਾਂ ਹਰ ਤਿੰਨ ਮਹੀਨੇ ਦੇ ਫਾਸਲੇ 'ਤੇ ਖ਼ੂਨਦਾਨ ਕੀਤਾ ਜਾ ਸਕਦਾ ਹੈ। ਇਸ ਮੌਕੇ ਬੀ.ਡੀ.ਸੀ. ਬਲੱਡ ਸੈਂਟਰ ਵਲੋਂ ਮੁਫ਼ਤ ਬਲੱਡ ਗਰੁਪਿੰਗ ਤੇ ਹੀਮੋਗਲੋਬਿਨ ਟੈਸਟ ਕੈਂਪ ਵੀ ਆਯੋਜਿਤ ਕੀਤਾ ਗਿਆ ਸੀ। ਮੈਨੇਜਰ ਬਿਕਰਮਜੀਤ ਸਿੰਘ , ਮੁੱਖ ਅਧਿਆਪਕ ਜਸਵੀਰ ਸਿੰਘ, ਸੁਖਜਿੰਦਰ ਸਿੰਘ, ਸੁਰਜੀਤ ਕੌਰ ਤੇ ਸੰਦੀਪ ਕੌਰ ਨੇ ਡਾ: ਅਜੇ ਬੱਗਾ ਨੂੰ ਸਨਮਾਨਿਤ ਕੀਤਾ।

# ਬੀਬੀ ਮਨਜੀਤ ਕੌਰ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)** ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਆਗੂ ਸਾਥੀ ਸੰਤੋਖ ਸਿੰਘ ਸੰਧੂ ਦੀ ਛੋਟੇ ਭੈਣ ਬੀਬੀ ਮਨਜੀਤ ਕੌਰ ਬੀਤੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ।ਪਿੰਡ ਭਾਰਦਵਾਜੀਆਂ ਦੇ ਗੁਰਦਵਾਰਾ ਸਾਹਿਬ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ।ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਬੀਬੀ ਮਨਜੀਤ ਕੌਰ ਨੂੰ ਸ਼ਰਧਾ ਦੇ ਫੁਲ ਭੇਟ ਕੀਤੇ ਅਤੇ ਪਰਵਾਰ ਨਾਲ ਹਮਦਰਦੀ ਪਰਗਟ ਕੀਤੀ।ਸਾਥੀ ਸੰਤੋਖ ਸਿੰਘ ਨੇ ਸਾਰੇ ਸੱਜਣ ਮਿੱਤਰ ਅਤੇ ਰਿਸ਼ਤੇਦਾਰਾਂ ਦਾ ਧੰਨਵਾਦ ਕੀਤਾ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਕਮਲ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਹੰਸ ਰਾਜ ਪੱਬਵਾਂ, ਭਾਰਦਵਾਜੀਆਂ ਦੇ ਸਰਪੰਚ ਬਿੱਟੂ ਅਤੇ ਸਰਵਣ ਸਿੰਘ ਆਦਿ ਬੁਲਾਰਿਆਂ ਨੇ ਸੰਬੋਧਨ ਕੀਤਾ।

# ਐੱਸ ਡੀ ਕਾਲਜ ਵਿਖੇ ਸਟੈਂਪ ਕੁਲੈਕਸ਼ਨ ਤੇ ਡਿਜ਼ਾਈਨ 'ਤੇ ਵਰਕਸ਼ਾਪ



**ਜਲੰਧਰ (ਇਕਬਾਲ ਸਿੰਘ ਉੱਭੀ)** ਪੀ ਸੀ ਐਮ ਐਸ ਡੀ ਕਾਲਜ ਫ਼ਾਰ ਵੂਮੈਨ ਵਿਖੇ ਲਾਇਆ ਆਫਿਸ ਮੈਨੇਜਮੈਂਟ ਐਂਡ ਸਕੱਤਰੇਤ ਪ੍ਰੈਕਟਿਸ ਵਿਭਾਗ ਨੇ ਜਲੰਧਰ ਦੇ ਜਨਰਲ ਪੋਸਟ ਆਫਿਸ ਵਿਖੇ ਫਿਲੇਟਲਿਕ ਮਿਊਜ਼ੀਅਮ ਦਾ ਦੌਰਾ ਕੀਤਾ। ਸ਼੍ਰੀਮਤੀ ਮੀਨੂੰ ਕਾਲੀਆ, ਡਾਕ ਸਹਾਇਕ, ਰਾਜੀਵ ਕੋਹਲੀ ਅਤੇ ਸੰਜੋਗ ਪਹਾੜੀਆ, ਫਿਲੇਟਲਿਸਟਸ ਨੇ ਵਰਕਸ਼ਾਪ ਦੀ ਅਗਵਾਈ ਕੀਤੀ।ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਟੈਂਪਾਂ ਨੂੰ ਕਿਵੇਂ ਇਕੱਠਾ ਕਰਨਾ ਅਤੇ ਡਿਜ਼ਾਈਨ ਕਰਨਾ ਹੈ ਬਾਰੇ ਮਾਰਗਦਰਸ਼ਨ ਕਰਨਾ ਸੀ।ਉਹਨਾਂ ਨੇ ਫਾਈਟਲੀ ਨਾਲ ਸਬੰਧਤ ਵੱਖ-ਵੱਖ ਰਾਸ਼ਟਰੀ ਮੁਕਾਬਲਿਆਂ ਦਾ ਸੰਖੇਪ ਵੇਰਵਾ ਵੀ ਦਿੱਤਾ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕ ਕਮੇਟੀ ਦੇ ਹੋਰ ਮੈਂਬਰ ਅਤੇ ਯੋਗ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਕਿਹਾ ਕਿ ਅਜਿਹੇ ਦੌਰਿਆਂ ਦਾ ਆਯੋਜਨ ਖੇਤਰ ਵਿੱਚ ਔਰਤਾਂ ਦੇ ਸਰਵਪੱਖੀ ਵਿਕਾਸ ਦੀ ਸਹੂਲਤ ਦੇ ਕੇ ਉਹਨਾਂ ਦੇ ਸ਼ਸ਼ਕਤੀਕਰਨ ਪ੍ਰਤੀ ਬਹੁਤ ਸੰਵੇਦਨਸ਼ੀਲ ਹੁੰਦਾ ਹੈ। ਉਹਨਾਂ ਨੇ ਆਫਿਸ ਮੈਨੇਜਮੈਂਟ ਐਂਡ ਸਕੱਤਰੇਤ ਪ੍ਰੈਕਟਿਸਸ ਵਿਭਾਗ ਦੇ ਇੰਚਾਰਜ ਸ਼੍ਰੀਮਤੀ ਸੀਮਾ ਤਿਵਾੜੀ ਦੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦੁਆਰਾ ਵਿਦਿਆਰਥੀਆਂ ਦੇ ਵਿਸ਼ਵ ਦ੍ਰਿਸ਼ਟੀਕੋਣ ਨੂੰ ਵਿਸ਼ਾਲ ਕਰਨ ਅਤੇ ਉਹਨਾਂ ਵਿੱਚ ਸਕਾਰਾਤਮਕ ਅਤੇ ਉਸਾਰੂ ਸ਼ੌਕ ਪੈਦਾ ਕਰਨ ਲਈ ਅਜਿਹੇ ਸਮਾਗਮਾਂ ਦਾ ਆਯੋਜਨ ਕੀਤਾ ਗਿਆ।

# ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ 17 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਡਾ.ਬੀ.ਆਰ.ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪਹਿਲਾ ਸਵੈ-ਇੱਛਕ ਖ਼ੂਨਦਾਨ ਕੈਂਪ 17 ਅਪ੍ਰੈਲ ਦਿਨ ਬੁੱਧਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਬੀਨੇਵਾਲ ਬੀਤ ਵਿਖੇ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਗਾਇਆ ਜਾ ਰਿਹਾ ਹੈ।ਬੀ.ਡੀ.ਸੀ ਬਲੱਡ ਸੈਂਟਰ ਨਵਾਂਸ਼ਹਿਰ ਦੇ ਤਕਨੀਕੀ ਸਹਿਯੋਗ ਨਾਲ ਅਤੇ ਗਰੀਨ ਵਿਲੇਜ ਵੈਲਫੇਅਰ ਸੁਸਾਇਟੀ ਬੀਨੇਵਾਲ ਅਤੇ ਸਮੂਹ ਪਿੰਡ ਵਾਸੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਜਾ ਰਹੇ ਇਸ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਪ੍ਰੀਮੀਅਮ ਕਲੱਬ ਬੀਨੇਵਾਲ ਦੇ ਵਰਕਰਾਂ ਨੇ ਦੱਸਿਆ ਕਿ ਸਮੂਹ ਖ਼ੂਨਦਾਨੀਆਂ ਨੂੰ ਵੱਧ ਚੜ੍ਹ ਕੇ ਖ਼ੂਨਦਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।

# ਸਕੂਲ 'ਚ ਚੋਰੀ ਕਰਨ ਵਾਲਿਆਂ ਖਿਲਾਫ ਮਾਮਲਾ ਦਰਜ

**ਅੱਡਾ ਸਰਾਂ (ਜਸਵੀਰ ਕਾਜਲ)**- ਸਰਕਾਰੀ ਹਾਈ ਸਕੂਲ ਦੇਹਰੀਵਾਲ ਦੀ ਈ -ਲੈਬ ਵਿੱਚੋਂ ਬੈਟਰੀਆਂ ਅਤੇ ਯੂ.ਪੀ.ਐੱਸ. ਚੋਰੀ ਕਰਨ ਵਾਲੇ ਅਣਪਛਾਤੇ ਚੋਰਾਂ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਸਕੂਲ ਮੁਖੀ ਜਤਿੰਦਰਪਾਲ ਸਿੰਘ ਦੇ ਬਿਆਨ ਦੇ ਅਧਾਰ ਤੇ ਦਰਜ ਕੀਤਾ ਹੈ । ਆਪਣੇ ਬਿਆਨ ਵਿਕਬ ਜਤਿੰਦਰਪਾਲ ਸਿੰਘ ਨੇ ਦੱਸਿਆ ਕਿ ਬੀਤੀ 20 ਮਾਰਚ ਦੀ ਰਾਤ ਨੂੰ ਚੋਰ ਸਕੂਲ ਵਿੱਚੋਂ 8 ਬੈਟਰੀਆਂ ਅਤੇ ਯੂ.ਪੀ.ਐੱਸ.ਚੋਰੀ ਕਰਕੇ ਲੈ ਗਏ । ਪੁਲਸ ਨੇ ਹੁਣ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ । ਥਾਣੇਦਾਰ ਰਾਜੇਸ਼ ਕੁਮਾਰ ਚੋਰਾਂ ਦੀ ਭਾਲ ਵਿਚ ਜੁਟੇ ਹੋਏ ਹਨ ।

# ਸੋਮ ਪ੍ਰਕਾਸ਼ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਗਾਇਆ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਦਾ 75ਵਾਂ ਜਨਮ ਦਿਨ ਫਗਵਾੜਾ 'ਚ ਭਾਜਪਾ ਆਗੂਆਂ, ਵਰਕਰਾਂ ਤੇ ਸਮਰਥਕਾਂ ਨੇ ਮਾਡਲ ਟਾਊਨ ਵਿਖੇ ਸਥਿਤ ਗੀਤਾ ਭਵਨ ਮੰਦਰ 'ਚ ਮਨਾਇਆ। ਇਸ ਦੌਰਾਨ ਭਾਜਪਾ ਆਗੂਆਂ ਤੇ ਵਰਕਰਾਂ ਨੇ ਕੇਕ ਕੱਟ ਕੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾਇਆ ਤੇ ਮੰਤਰੀ ਦੀ ਲੰਬੀ ਉਮਰ ਤੇ ਸਿਹਤਮੰਦ ਜੀਵਨ ਦੀ ਕਾਮਨਾ ਕੀਤੀ। ਵੱਡੀ ਗਿਣਤੀ 'ਚ ਵਪਾਰੀਆਂ ਨੇ ਗੁਲਦਸਤੇ ਭੇਟ ਕੀਤੇ ਤੇ ਮੁਬਾਰਕਾਂ ਦਿੱਤੀਆਂ। ਭਾਜਪਾ ਆਗੂਆਂ ਨੇ ਕਿਹਾ ਕਿ ਸੋਮ ਪ੍ਰਕਾਸ਼ ਆਪਣੇ ਕੰਮ ਪ੍ਰਤੀ ਪੂਰੀ ਤਰ੍ਹਾਂ ਸਮਰਪਿਤ ਹਨ। ਇਸੇ ਦੌਰਾਨ ਹਿੰਦੋਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ਵਲੋਂ ਖ਼ੂਨਦਾਨੀਆਂ ਦੇ ਸਹਿਯੋਗ ਨਾਲ ਅਨੀਤਾ ਸੋਮਪ੍ਰਕਾਸ਼ ਦੀ ਅਗਵਾਈ 'ਚ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ 'ਚ 200 ਦੇ ਕਰੀਬ ਲੋਕਾਂ ਨੇ ਖ਼ੂਨਦਾਨ ਕੀਤਾ। ਮੰਤਰੀ ਸੋਮ ਪ੍ਰਕਾਸ਼ ਤੇ ਅਨੀਤਾ ਸੋਮ ਪ੍ਰਕਾਸ਼ ਨੇ ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਸਰਟੀਫਿਕੇਟ ਦਿੱਤੇ।

ਇਸ ਮੌਕੇ ਰਾਜੀਵ ਪਾਹਵਾ, ਵਿੱਕੀ ਸੂਦ, ਪਰਮਜੀਤ ਸਿੰਘ ਚਾਚੋਕੀ, ਸਾਹਿਲ ਕੈਂਥ, ਸੰਜੇ ਗਰੋਵਰ, ਕ੍ਰਿਸ਼ਨਾ ਬਜਾਜ, ਅਵਤਾਰ ਸਿੰਘ ਮੰਡ, ਵੀਰਾ ਰਾਮ ਬਲਜੋਤ, ਮਧੂ ਭੂਸ਼ਣ ਕਾਲੀਆ, ਸੰਜੇ ਚਹਿਲ, ਸੁਖਵਿੰਦਰ ਸਿੰਘ, ਚੰਦਰੇਸ਼ ਕੌਲ, ਚੰਦਰ ਰੇਖਾ ਨਿੱਕੀ, ਭੋਲੀ ਪਿਪਰੰਗੀ, ਰਸ਼ਮੀ ਕਾਲੜਾ, ਰੀਨਾ ਖੋਸਲਾ, ਰਜਿੰਦਰ ਡਾਬਰੀ, ਵਿਤਿਨ ਪੁਰੀ, ਹਰਜਿੰਦਰ ਗੋਗਨਾ, ਨਿਤਿਨ ਚੱਢਾ,ਦਵਿੰਦਰ ਕੁਲਥਮ, ਪਰਮਜੀਤ ਸਿੰਘ ਖੁਰਾਨਾ, ਰਾਕੇਸ਼ ਦੁੱਗਲ ਸਮੇਤ ਵੱਡੀ ਗਿਣਤੀ 'ਚ ਸਮਰਥਕ ਸ਼ਾਮਲ ਸਨ।

# ਰਾਣਾ ਕੇ ਪੀ ਸਿੰਘ ਨੇ ਵਰਕਰਾਂ ਨਾਲ ਕੀਤੀ ਮੁਲਾਕਾਤ



**ਭਲਾਣ ( ਢਿੱਲੋਂ)**- ਸਾਬਕਾ ਸਪੀਕਰ ਰਾਣਾ ਕੇ ਪੀ ਸਿੰਘ ਨੇ ਹਲਕੇ ਦੇ ਉੱਘੇ ਪਿੰਡ ਸੁਖਸਾਲ ਵਿਖੇ ਵਰਕਰ ਮੀਟਿੰਗ ਕੀਤੀ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਉਪਰੰਤ ਆਪ ਸਰਕਾਰ ਬੰਨ੍ਹਣ 'ਤੇ ਸਾਡੀ ਪਿਛਲੀ ਸਰਕਾਰ ਵੱਲੋਂ ਭੇਜੀਆਂ ਵਿਕਾਸ ਦੀਆਂ ਗਰਾਂਟਾ ਵਾਪਸ ਕਰਵਾ ਕੇ ਕੀ ਸਾਬਤ ਕੀਤਾ।ਉਨ੍ਹਾਂ ਕਿਹਾ ਕਿ ਪੰਜ ਸਾਲ ਲਈ ਚੁਣੀਆਂ ਪੰਚਾਇਤਾਂ ਨੂੰ ਸਮੇਂ ਤੋਂ ਪਹਿਲਾਂ ਆਪ ਸਰਕਾਰ ਨੇ ਭੰਗ ਕਰਕੇ ਲੋਕਤੰਤਰ ਦਾ ਘਾਣ ਕੀਤਾ ਅਤੇ ਮਜ਼ਬੂਰਨ ਪੰਜਾਬ ਦੀਆਂ ਪੰਚਾਇਤਾਂ ਨੂੰ ਮਾਣਯੋਗ ਹਾਈਕੋਰਟ ਦਾ ਸਹਾਰਾ ਲੈਣਾ ਪਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਨੇ ਅਜੇ ਤੱਕ ਪੰਚਾਇਤਾਂ ਨੂੰ ਕੋਈ ਵੀ ਫੰਡ ਨਹੀਂ ਦਿੱਤਾ ਜਿਸ ਕਾਰਨ ਵਿਕਾਸ ਦੇ ਕੰਮਾਂ ਵਿੱਚ ਖੜੋਤ ਆਈ ਹੋਈ ਹੈ ਜਿਸ ਕਾਰਨ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਲੋਕ ਹੁਣ ਪਛਤਾ ਰਹੇ ਹਨ।ਇਸ ਮੌਕੇ ਗੋਹਲਣੀ ਬਲਾਕ ਪ੍ਰਧਾਨ ਰਾਜ ਕੁਮਾਰ ਸਰਪੰਚ, ਸੁਸ਼ੀਲ ਕੁਮਾਰ ਰਾਣਾ ਭਲਾਣ ਬਲਾਕ ਪ੍ਰਧਾਨ, ਨੰ. ਨਾਜਰ ਸਿੰਘ, ਸੁਰੇਸ਼ ਕੁਮਾਰ ਰਿੰਕਾ, ਚਰਨ ਦਾਸ ਸਲੂਰੀਆ, ਗੁਰਚਰਣ ਸਿੰਘ ਸੋਢੀ, ਅਸ਼ਵਨੀ ਕੁਮਾਰ ਸਰਪੰਚ, ਪਵਨ ਕੁਮਾਰ ਧੀਮਾਨ, ਗੀਟਾ. ਕਾਨੂੰਗੋ ਸ਼ਿਵ ਕੁਮਾਰ, ਰਣਵੀਰ ਸਿੰਘ ਅਟਵਾਲ, ਪੰਡਿਤ ਵਿੱਦਿਆ ਸਾਗਰ, ਦੀਪਕ ਕੁਮਾਰ ਹੈਪੀ ਸਰਪੰਚ, ਪੰਡਿਤ ਰਾਮਪਾਲ ਖੇੜਾ, ਬਖਸ਼ੀਸ਼ ਸਿੰਘ ਮਜਾਰੀ, ਦਿਦਾਰ ਚੰਦ, ਜੋਗਿੰਦਰ ਜਿੰਦੂ, ਰਾਮ ਕੁਮਾਰ ਸਰਪੰਚ, ਡਾ. ਕਿਸ਼ੋਰ ਚੰਦ, ਡਾ. ਚਮਨ ਲਾਲ, ਬਖਸ਼ੀਸ਼ ਸਿੰਘ ਹਾਜ਼ੀਪੁਰ, ਭਵੀਸ਼ਨ ਗੋਸਵਾਮੀ, ਸੰਦੀਪ ਕੁਮਾਰ ਸ਼ਰਮਾ, ਪ੍ਰੇਮ ਕੁਮਾਰ ਬੈਂਸਪੁਰ, ਲਾਲਾ ਸੁਭਾਸ਼ ਚੀਟੂ, ਸਰਪੰਚ ਗੁਰਦੇਵ ਚੱਬਾ, ਡਾ. ਯਸ਼ਪਾਲ, ਰੋਹਿਤ ਸ਼ਰਮਾ ਦਿਅਪੁਰ, ਜਯੋਤੀ ਲਾਲ ਗੌਤਮ, ਸਰਵਣ ਸਿੰਘ ਭੱਠਲ ਆਦਿ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਦੋਆਬਾ ਪਬਲਿਕ ਸਕੂਲ ਦੋਹਲਰੋਂ 'ਚ ਸ੍ਰੀ ਅਖੰਡ ਪਾਠ ਸਾਹਿਬ ਦਾ ਪ੍ਰਕਾਸ਼



**ਮਾਹਿਲਪੁਰ (ਸ਼ਫ਼ਰੀ)** -ਚੇਅਰਪਰਸਨ ਹਰਪ੍ਰੀਤ ਕੌਰ ਤੇ ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਚੱਲ ਰਹੀ ਇਲਾਕੇ ਦੀ ਸਰਵੋਤਮ ਵਿਦਿਅਕ ਸੰਸਥਾ ਦੋਆਬਾ ਪਬਲਿਕ ਸਕੂਲ ਦੋਹਲਰੋਂ ( ਮਾਹਿਲਪੁਰ ) ਉਸ ਅਕਾਲ ਪੁਰਖ , ਵਾਹਿਗੁਰੂ ਜੀ ਦੀ ਓਟ, ਆਸਰਾ ਲੈ ਕੇ ਨਵੇਂ ਸੈਸ਼ਨ 2024-25 ਦੀ ਸ਼ੁਰੂਆਤ 'ਤੇ ਸਕੂਲ 'ਚ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਪ੍ਰਕਾਸ਼ ਕਰਵਾਇਆ ਗਿਆ। ਬਹੁਤ ਹੀ ਸ਼ਰਧਾ ਤੇ ਵਿਸ਼ਵਾਸ ਨਾਲ ਭੋਗ ਪਾਏ ਗਏ। ਮੈਡਮ ਸੁਖਵਿੰਦਰ ਕੌਰ ਗਿੱਲ ਨੇ ਕਿਹਾ ਕਿ ਜਿਸ ਤਰ੍ਹਾਂ ਅਸੀ ਕੋਈ ਵੀ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਉਸ ਪਰਮਾਤਮਾ ਨੂੰ ਯਾਦ ਕਰਦੇ ਹਾਂ । ਉਸ ਸਰਵ ਸ਼ਕਤੀਮਾਨ ਨੂੰ ਹਰ ਕੰਮ ਵਿੱਚ ਸਫਲਤਾ ਦੇਣ ਦੀ ਅਰਦਾਸ ਕਰਦੇ ਹਾਂ , ਉਸੇ ਤਰ੍ਹਾਂ ਹੀ ਨਵੇ ਵਿਦਿਅੱਕ ਸੈਸ਼ਨ ਦੀ ਸ਼ੁਰੂਆਤ ਵੀ ਵਾਹਿਗੁਰੂ ਜੀ ਦਾ ਅਸ਼ੀਰਵਾਦ ਤੇ ਆਸਰਾ ਲੈ ਕੇ ਕਰ ਰਹੇ ਹਾਂ । ਪ੍ਰਿੰਸੀਪਲ ਅਰੁਣ ਗੁਪਤਾ ਨੇ ਕਿਹਾ ਕਿ ਇਸ ਨਾਲ ਬੱਚਿਆਂ ਵਿੱਚ ਪਰਮਾਤਮਾ ਪ੍ਰਤੀ ਅਥਾਹ ਵਿਸ਼ਵਾਸ , ਮਿਲਵਰਤਣ ਤੇ ਸੇਵਾ ਭਾਵਨਾ ਵਾਲੇ ਗੁਣ ਪੈਦਾ ਹੁੰਦੇ ਹਨ । ਪ੍ਰਬੰਧਕ ਕਮੇਟੀ, ਸਮੂਹ ਸਟਾਫ , ਵਿਦਿਆਰਥੀਆਂ ਤੇ ਮਾਪਿਆਂ ਦੀ ਚੜ੍ਹਦੀ ਕਲਾ, ਸਰਬੱਤ ਦੇ ਭਲੇ ਤੇ ਤੰਦਰੁਸਤੀ ਲਈ ਅਰਦਾਸ ਕੀਤੀ ਗਈ। ਉਪਰੰਤ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ । ਇਸ ਮੌਕੇ 'ਤੇ ਜਗਦੀਪ ਸਿੰਘ ਗਿੱਲ , ਦਲਜੀਤ ਕੌਰ ਗਿੱਲ ,ਅਵਨੀਤ ਕੌਰ , ਹਰਵੀਨ ਕੌਰ , ਪੂਜਾ ਰਾਣੀ , ਅਜੈ ਕੁਮਾਰੀ , ਸ਼ੈਲੀ ਸ਼ਰਮਾਂ ,ਦੀਪਿਕਾ , ਪੂਨਮ , ਸਿੰਮੀ , ਕਮਲਪ੍ਰੀਤ ਸਿੰਘ , ਰਵੀ ਕੁਮਾਰ , ਸੁਹੇਲ ਗਾਂਧੀ , ਆਰਤੀ ਸਮੇਤ ਸਮੂਹ ਸਟਾਫ ਹਾਜਰ ਸੀ ।

# ਨਸ਼ੇ ਦੀ ਓਵਰਡੋਜ਼ ਕਾਰਨ ਨੌਜਵਾਨ ਦੀ ਮੌਤ



**ਫਿਲੌਰ(ਨਿਰਮਲ)** -ਇਥੇ ਇਕ ਨੌਜਵਾਨ ਦੀ ਨਸ਼ੇ ਦੀ ਉਵਰਡੋਜ ਨਾਲ ਮੌਤ ਹੋ ਗਈ ਹੈ। ਫਿਲੌਰ ਪੁਲਸ ਨੂੰ ਤਲਵਣ ਰੋਡ (ਫਿਲੌਰ) ਆਲੂਆਂ ਦੇ ਸਟੋਰ ਨੇੜਿਓਂ ਇੱਕ 27-28 ਸਾਲਾ ਨੌਜਵਾਨ ਦੀ ਲਾਸ਼ ਮਿਲੀ।ਥਾਣੇਦਾਰ ਧਰਮਿੰਦਰ ਸਿੰਘ ਨੇ ਦੱਸਿਆ ਕਿ ਉਸ ਕੋਲੋਂ ਟੀਕੇ ਲਗਾਉਣ ਵਾਲੀ ਸਰਿੰਜ, ਇਕ ਮੋਬਾਇਲ ਫ਼ੋਨ , ਭੁਜੀਏ ਦਾ ਪੈਕਟ ਅਤੇ ਬੀੜੀਆਂ ਦਾ ਬੰਡਲ ਮਿਲਿਆ ਹੈ। ਉਕਤ ਮ੍ਰਿਤਕ ਨੌਜਵਾਨ ਦੀ ਪਹਿਚਾਣ ਨਰਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਪਿੰਡ ਕੰਗ ਅਰਾਈਆਂ ਫਿਲੌਰ ਵਜੋਂ ਹੋਈ ਹੈ। ਇਸ ਸਬੰਧੀ ਮ੍ਰਿਤਕ ਦੇ ਪਰਵਾਰਕ ਦੇ ਮੈਂਬਰਾਂ ਨੇ ਦੱਸਿਆ ਕਿ ਉਕਤ ਨੌਜਵਾਨ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਲਾਸ਼ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦੀ ਗਈ ਹੈ। ਵਾਰਸਾਂ ਦੇ ਬਿਆਨਾਂ ਉਪਰੰਤ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# 21ਵਾਂ ਸ਼ਾਲਾਨਾ ਚਾਲਾ ਦੁਰਗਾਪੁਰ ਤੋਂ ਸਿੱਧ ਗੁਫ਼ਾ ਦੇ ਦਰਸ਼ਨਾਂ ਲਈ ਰਵਾਨਾ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪਿੰਡ ਦੁਰਗਾਪੁਰ ਤੋਂ ਸਿੱਧ ਬਾਬਾ ਬਾਲਕ ਨਾਥ ਦਿਉਟ ਨੇ 21ਵਾਂ ਸਾਲਾਨਾ ਚਾਲਾ ਪਿੰਡ ਦੁਰਗਾਪੁਰ ਤੋਂ ਸਿੱਧ ਗੁਫਾ ਦੇ ਦਰਸ਼ਨਾਂ ਲਈ ਬਾਲਕ ਨਾਥ ਧਾਮ ਦੀ ਯਾਤਰਾ ਦੀ ਅਗਵਾਈ ਸੇਵਾਦਾਰ ਜਸਕਰਨ ਸਿੰਘ ਕਰਨੀ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਜੈਨ ਪੁਰੀ ਬੈਂਡ ਬਾਜਾ ਨਾਲ ਝੰਡਾ ਫੇਰੀ ਕੱਢੀ ਗਈ ਅਤੇ ਨਿਵਾਸ ਸਥਾਨ ਤੋਂ ਕੁਲਾਮ ਰੋਡ ਪਿੰਡ ਦੁਰਗਾਪੁਰ ਦੀ ਪਰਿਕਰਮਾ ਕਰਨ ਮਗਰੋਂ ਪੀਰ ਨਗਾਹਾ,ਰਾਜਾ ਪਰਥਰੀ ਦਿਓਟ ਸਿੱਧ ਬਾਬਾ ਬਾਬਾ ਬਾਲਕ ਨਾਥ ਸ਼ਾਹ ਤਲਾਈ ਹਿਮਾਚਲ ਪ੍ਰਦੇਸ਼ ਲਈ ਰਵਾਨਾ ਹੋਵੇਗਾ।ਸ਼ਰਧਾਲੂਆਂ ਨੇ ਵੱਖ-ਵੱਖ ਥਾਵਾਂ 'ਤੇ ਝੰਡਾ ਲਹਿਰਾ ਕੇ ਸਵਾਗਤ ਕੀਤਾ। ਕੁਲਾਮ ਰੋਡ ਦੁਰਗਾਪੁਰ 'ਤੇ ਬਾਬਾ ਜੀ ਦੇ ਝੰਡੇ ਨੂੰ ਫੁੱਲਾਂ ਨਾਲ ਸਜਾਇਆ ਗਿਆ। ਸ਼ਰਧਾਲੂ ਪਰਵੇਜ਼ ਖਾਨ ਕਲਾਕਾਰ ਬਾਲੋ ਨੇ ਬਾਬੇ ਦੀ ਮਹਿਮਾ ਦਾ ਗੁਣਗਾਨ ਕੀਤਾ।ਬਾਬੇ ਦਾ ਗੁਣਗਾਨ ਕਰਦੇ ਹੋਏ ਝੰਡਾ ਜਲੂਸ,ਮੇਰੇ ਮਸਤ ਮਲਗਾ ਨੇ ਸੁਰੀਲਾ ਭਜਨ ਦੂਣਾ ਲਾਈਏ ਪੇਸ਼ ਕਰਕੇ ਸੰਗਤਾਂ ਨੂੰ ਭਾਵੁਕ ਕਰ ਦਿੱਤਾ। ਇਸ ਮੌਕੇ ਹਰੀ ਰਾਮ, ਸੁਰਿੰਦਰ ਪਾਲ ਭਗਤ ਅਜੇ ਧੀਮਾਨ ਨਰਿੰਦਰ ਕੁਮਾਰ ਨਿਰਮਲਾ ਦੇਵੀ ਤਰਮੇਸ਼ ਕੌਰ ਰਾਜਵਿੰਦਰ ਕੌਰ ਰਾਜੂ ਗੁਰਪ੍ਰੀਤ ਗੋਪੀ ਕਸਤੂਰੀ ਲਾਲ ਗੁਰਬਖਸ਼ ਸਿੰਘ ਪੱਪੂ, ਮੋਹਨ ਸਿੰਘ ਗੋਗਾ ਸਿਮਰ ਕੌਰ ਤਰਮੇਸ਼ ਕੌਰ ਪ੍ਰਨੀਤ ਕੌਰ ਸੋਨੂੰ ਗੁਰਨੂਰ ਸਿੰਘ ਗੱਬਰ ਜਗਦੀਸ਼ ਸਿੰਘ ਜਸਵੰਤ ਕਾਲਾ ਕੇਵਲ ਸਿੰਘ ਗੁਰਪ੍ਰੀਤ ਤੀਰਥ ਰਾਮ ਕੁਲਵਿੰਦਰ ਸਿੰਘ ਸਿੰਘ ਕਮਲਜੀਤ ਸਿੰਘ ਅਮਰੀਕ ਸਿੰਘ,ਜੀਤਾ ਜੇਠੂ ਮਜਾਰਾ ਲੱਖਾ ਹਲਵਾਈ ਨੰਜਾ ਆਦਿ ਹਾਜਰ ਸਨ।

# ਪੀ ਟੀ ਐੱਮ ਆਰੀਆ ਕਾਲਜ ਦਾ ਨਤੀਜਾ 100 ਫੀਸਦੀ



**ਨੂਰਮਹਿਲ, ( ਬਾਲ ਕ੍ਰਿਸ਼ਨ ਬਾਲੀ )**-ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਐਲਾਨੇ ਗਏ ਸਮੈਸਟਰ ਪੰਜਵੇਂ ਦੇ ਨਤੀਜੇ 'ਚ ਸਥਾਨਕ ਪੀ. ਟੀ. ਐੱਮ ਆਰੀਆ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਡਾਇਰੈਕਟਰ ਪ੍ਰੋ: ਆਰ. ਕੇ. ਜੈਨ ਨੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਹੋਇਆ ਕਿਹਾ ਕਿ ਇਹ ਮਿਹਨਤ ਦਾ ਨਤੀਜਾ ਹੈ।

ਜਿਸ ਵਿੱਚ ਬੀ.ਕਾਮ ਸਮੈਸਟਰ ਪੰਜਵੇਂ ਦੀ ਵਿਦਿਆਰਥਣ ਵਰਤੀਕਾ ਅਸਥਾਨਾਂ ਨੇ ਕਾਲਜ ਵਿੱਚ ਪਹਿਲਾ, ਸੁੱਖਮਨੀ ਨੇ ਦੂਜਾ ਅਤੇ ਗਗਨਦੀਪ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਹੀ ਬੀ. ਏ ਸਮੈਸਟਰ ਪੰਜਵੇਂ ਦੀ ਵਿਦਿਆਰਥਣ ਗਗਨਦੀਪ ਨੇ ਪਹਿਲਾ ਸਥਾਨ, ਬਿਪਾਸ਼ਾ ਨੇ ਦੂਸਰਾ ਸਥਾਨ ਤੇ ਨੇਹਾ ਭੱਟੀ ਤੇ ਮੋਸਿਮ ਨੇ ਤੀਸਰਾ ਸਥਾਨ ਹਾਸਿਲ ਕਰਕੇ ਕਾਲਜ ਦਾ ਨਾਂਅ ਰੋਸ਼ਨ ਕੀਤਾ। ਬਾਕੀ ਸਾਰੇ ਵਿਦਿਆਰਥੀ 60% ਤੋਂ ਵੱਧ ਅੰਕ ਪ੍ਰਾਪਤ ਕਰਕੇ ਪਾਸ ਹੋਏ।ਇਸੇ ਤਰ੍ਹਾਂ ਹੀ ਬੀ. ਸੀ. ਏ ਦਾ ਨਤੀਜਾ ਵੀ ਸ਼ਤ ਪ੍ਰਤੀਸ਼ਤ ਰਿਹਾ।

# ਆਪ ਦੇ ਸਾਰੇ ਉਮੀਦਵਾਰ ਸ਼ਾਨਦਾਰ ਜਿੱਤ ਪ੍ਰਾਪਤ ਕਰਨਗੇ-ਮਾਨ



**ਫਗਵਾੜਾ ( ਡਾ. ਰਮਨ )** ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਲੋਕ ਸਭਾ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਜਲੰਧਰ ਵਿਖੇ ਹੋਈ ਪਾਰਟੀ ਦੀ ਮੀਟਿੰਗ 'ਚ ਸ਼ਿਰਕਤ ਕੀਤੀ। ਇਸ ਮੀਟਿੰਗ ਦੌਰਾਨ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਡਾ. ਰਾਜਕੁਮਾਰ ਚੱਬੇਵਾਲ ਦੀ ਜਿੱਤ ਯਕੀਨੀ ਬਣਾਉਣ ਦੀ ਰਣਨੀਤੀ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ 'ਚ ਸ਼ਾਮਲ ਹੋਣ ਉਪਰੰਤ ਵਾਪਸੀ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਆਪ ਪਾਰਟੀ ਦੇ ਸੂਬਾ ਇੰਚਾਰਜ ਡਾ. ਸੰਦੀਪ ਪਾਠਕ, ਸੂਬਾ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ, ਕੈਬਿਨੇਟ ਮੰਤਰੀ ਬਲਕਾਰ ਸਿੰਘ, ਹਰਚੰਦ ਸਿੰਘ ਬਰਸਟ, ਹੁਸ਼ਿਆਰਪੁਰ ਤੋਂ ਪਾਰਟੀ ਉਮੀਦਵਾਰ ਰਾਜਕੁਮਾਰ ਚੱਬੇਵਾਲ ਅਤੇ ਜਗਰੂਪ ਸਿੰਘ ਸੇਖਵਾਂ ਤੋਂ ਇਲਾਵਾ ਸਮੂਹ ਹਲਕਾ ਇੰਚਾਰਜਾਂ ਨੇ ਸ਼ਿਰਕਤ ਕੀਤੀ। ਉਹਨਾਂ ਭਰੋਸਾ ਪ੍ਰਗਟਾਇਆ ਕਿ ਜਲੰਧਰ ਤੇ ਹੁਸ਼ਿਆਰਪੁਰ ਸਮੇਤ ਹਰ ਲੋਕ ਸਭਾ ਸੀਟ ਤੋਂ ਪਾਰਟੀ ਦੇ ਉਮੀਦਵਾਰ ਸ਼ਾਨਦਾਰ ਜਿੱਤ ਪ੍ਰਾਪਤ ਕਰਨਗੇ। ਇਕ ਸਵਾਲ ਦੇ ਜਵਾਬ ਵਿਚ ਮਾਨ ਨੇ ਕਿਹਾ ਕਿ ਸੁਸ਼ੀਲ ਰਿੰਕੂ ਨੂੰ ਆਪ ਪਾਰਟੀ ਦੇ ਵਰਕਰਾਂ ਨੇ ਮੈਂਬਰ ਪਾਰਲੀਮੈਂਟ ਬਣਾ ਕੇ ਮਾਣ ਬਖਸ਼ਿਆ ਸੀ, ਪਰ ਉਸਨੇ ਭਾਜਪਾ 'ਚ ਸ਼ਾਮਲ ਹੋ ਕੇ ਜਲੰਧਰ ਦੇ ਵੋਟਰਾਂ ਨਾਲ ਧੋਖਾ ਕੀਤਾ ਹੈ, ਜਿਸ ਕਰਕੇ ਜਲੰਧਰ ਦੇ ਵੋਟਰ ਇਹਨਾਂ ਲੋਕਸਭਾ ਚੋਣਾਂ ਵਿਚ ਉਸ ਨੂੰ ਬਿਲਕੁਲ ਮੂੰਹ ਨਹੀਂ ਲਗਾਉਣਗੇ ਉਹਨਾਂ ਦਾਅਵੇ ਨਾਲ ਕਿਹਾ ਕਿ ਜਲੰਧਰ ਲੋਕ ਸਭਾ ਹਲਕੇ ਤੋਂ ਪਾਰਟੀ ਵਲੋਂ ਜੋ ਵੀ ਉਮੀਦਵਾਰ ਐਲਾਨਿਆ ਜਾਵੇਗਾ ਉਸ ਦੀ ਜਿੱਤ ਯਕੀਨੀ ਹੈ ਕਿਉਂਕਿ ਜਲੰਧਰ ਦੇ ਵੋਟਰ ਪੂਰੀ ਤਰ੍ਹਾਂ ਨਾਲ ਆਪ ਪਾਰਟੀ ਦੇ ਨਾਲ ਹਨ।

ਇਸ ਮੌਕੇ ਸੀਨੀਅਰ ਆਗੂ ਹਰਮੇਸ਼ ਪਾਠਕ, ਬਲਾਕ ਪ੍ਰਧਾਨ ਵਰੁਣ ਬੰਗੜ ਚੱਕ ਹਕੀਮ, ਨਰੇਸ਼ ਸ਼ਰਮਾ, ਰਾਜੇਸ਼ ਕੌਂਸਲਰ, ਬਲਬੀਰ ਠਾਕੁਰ, ਸਮਰ ਗੁਪਤਾ, ਰੋਹਿਤ ਸ਼ਰਮਾ ਤੋਂ ਇਲਾਵਾ ਆਸ਼ੂ ਕੋਆਰਡੀਨੇਟਰ ਯੂਥ ਵਿੰਗ, ਰਘਵੀਰ ਕੌਰ ਮਹਿਲਾ ਕੋਆਰਡੀਨੇਟਰ ਆਦਿ ਵੀ ਉਹਨਾਂ ਦੇ ਨਾਲ ਸਨ।

# ਅਣਪਛਾਤੇ ਵਾਹਨ ਦੀ ਫੇਟ ਵੱਜਣ ਨਾਲ ਮੌਤ

**ਫਿਲੌਰ (ਨਿਰਮਲ)** ਬੀਤੀ ਰਾਤ ਫਿਲੌਰ - ਗੰਨਾ ਪਿੰਡ ਵਾਲੇ ਰਸਤੇ 'ਚ ਸੜਕ ਹਾਦਸੇ ਦੌਰਾਨ ਇੱਕ ਵਿਅਕਤੀ ਦੀ ਮੌਤ ਹੋ ਗਈ। ਰਾਹਗੀਰਾਂ ਦੇ ਦੱਸਿਆ ਕਿ ਮ੍ਰਿਤਕ ਵਿਅਕਤੀ ਨੂੰ ਕੋਈ ਅਣਪਛਾਤਾ ਵਾਹਨ ਟੱਕਰ ਮਾਰ ਗਿਆ ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਆਸ ਪਾਸ ਦੇ ਲੋਕਾਂ ਨੇ 108 ਐਂਬੂਲੈਂਸ ਨੂੰ ਫੋਨ ਕੀਤਾ ਅਤੇ ਫਿਲੌਰ ਪੁਲਸ ਨੂੰ ਇਸ ਦੀ ਸੂਚਨਾ ਦਿੱਤੀ।ਏ ਐਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਹਿਚਾਣ ਦੇਣਾ ਵਾਸੀ ਪਿੰਡ ਨੰਗਲ ਵੱਜੋਂ ਹੋਈ ਹੈ। ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਫਿਲੌਰ ਹਸਪਤਾਲ ਵਿਖੇ ਭੇਜ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਸੀ ਬੀ ਐੱਸ ਏ ਸੀ ਜੀ ਸੀ ਲਾਂਡਰਾਂ ਵੱਲੋਂ ਐੱਚ ਆਰ ਸੰਮੇਲਨ

**ਮੋਹਾਲੀ, (ਗੁਰਜੀਤ ਬਿੱਲਾ)** ਚੰਡੀਗੜ੍ਹ ਬਿਜ਼ਨਸ ਸਕੂਲ ਆਫ਼ ਐਡਮਿਨਸਟ੍ਰੇਸ਼ਨ, (ਸੀਬੀਐਸਏ), ਸੀਜੀਸੀ ਲਾਂਡਰਾਂ, ਵੱਲੋਂ ਨੈਸ਼ਨਲ ਇੰਸਟੀਚਿਊਟ ਆਫ਼ ਪਰਸੋਨਲ ਮੈਨੇਜਮੈਂਟ (ਪੰਜਾਬ ਚੈਪਟਰ) ਦੇ ਸਹਿਯੋਗ ਨਾਲ, ਇੱਕ ਐਚਆਰ ਸੰਮੇਲਨ ਦਾ ਆਯੋਜਨ ਕੀਤਾ ਗਿਆ।ਇਹ ਵਿਸ਼ੇਸ਼ ਪ੍ਰੋਗਰਾਮ 'ਏਆਈ ਐਂਡ ਇੰਪਲਾਈ ਐਕਸਪੀਰੀਅਨਸ: ਰੀਡਿਫਾਈਨਿੰਗ ਫਿਊਚਰ-ਫਿੱਟ ਐੱਚਆਰ' ਵਿਸ਼ੇ 'ਤੇ ਆਧਾਰਿਤ ਰਿਹਾ ਅਤੇ ਇਸ ਸੰਬੰਧੀ ਮਾਹਰ ਬੁਲਾਰਿਆਂ ਅਤੇ ਪੈਨਲਿਸਟਾਂ ਵੱਲੋਂ ਭਾਸ਼ਣਾਂ ਅਤੇ ਪੈਨਲ ਚਰਚਾ ਦਾ ਆਯੋਜਨ ਕੀਤਾ ਗਿਆ।ਜਿਸ ਦਾ ਮੁੱਖ ਉਦੇਸ਼ ਹਿਊਮਨ ਰਿਸੋਰਸਿਜ਼ (ਮਨੁੱਖੀ ਸਰੋਤਾਂ) ਐਚਆਰ ਉੱਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਦੇ ਪ੍ਰਭਾਵ ਅਤੇ ਭਵਿੱਖ ਲਈ ਐਚਆਰ ਸੈਕਟਰ ਦੇ ਵਿਕਾਸ ਵਿੱਚ ਏਆਈ ਦੀ ਭੂਮਿਕਾ 'ਤੇ ਕੇਂਦਰਿਤ ਸੀ। ਇਸ ਸੰਮੇਲਨ ਨੇ ਸੀਜੀਸੀ ਦੇ ਐਮਬੀਏ ਦੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਤਿਆਰ ਪੇਸ਼ੇਵਰ ਬਣਨ ਲਈ ਸਿਖਲਾਈ ਅਤੇ ਅਪਸਕਿਲਿੰਗ ਦੀ ਮਹੱਤਤਾ ਨੂੰ ਸਮਝਣ ਦਾ ਇੱਕ ਮੌਕਾ ਪ੍ਰਦਾਨ ਕੀਤਾ ਤਾਂ ਜੋ ਉਹ ਆਪਣੇ ਹੁਨਰ ਦੇ ਆਧਾਰ 'ਤੇ ਆਪਣੀਆਂ ਪਸੰਦੀਦਾ ਕੰਪਨੀਆਂ ਦੇ ਐਚਆਰ ਵਿਭਾਗਾਂ ਵੱਲੋਂ ਚੁਣੇ ਜਾਣ ਦੇ ਸਮਰੱਥ ਹੋਣ।

ਇਸ ਸਭਾ ਵਿੱਚ ਮਾਹਰ ਬੁਲਾਰਿਆਂ ਅਤੇ ਪੈਨਲਿਸਟਾਂ ਨੇ ਆਪਣੀ ਸ਼ਮੂਲੀਅਤ ਨਾਲ ਸੰਮੇਲਨ ਦੀ ਰੌਣਕ ਵਿੱਚ ਵਾਧਾ ਕੀਤਾ।ਇਸ ਮੌਕੇ ਸ਼੍ਰੀਮਤੀ ਆਰਤੀ ਕੋਹਲੀ ਅਸਵਾਨੀ, ਹੈੱਡ ਐਚਆਰ, ਬਾਉਸ਼ ਐਂਡ ਲੋਂਬ ਇੰਡੀਆ, ਸ਼੍ਰੀਮਤੀ ਰਿਚਾ ਜੈਸਵਾਲ, ਉਪ ਪ੍ਰਧਾਨ ਐਚਆਰ, ਅਤੁਲਿਆ ਹੈਲਥਕੇਅਰ, ਸੰਜੇ ਰਾਏ, ਉਪ ਪ੍ਰਧਾਨ , ਅਕਮਸ ਡਰੱਗਜ਼ ਐਂਡ ਫਾਰਮਾਸਿਊਟੀਕਲ ਲਿਮਟਿਡ, ਡਾ. ਜਸਪ੍ਰੀਤ ਆਹਲੂਵਾਲੀਆ, ਡਾਇਰੈਕਟਰ, ਇੰਸਪੀਰੋਮੀਟਰ, ਐਸਪੀ ਬਾਂਸਲ, ਖੇਤਰੀ ਉਪ ਪ੍ਰਧਾਨ ਉੱਤਰ, ਐਨਆਈਪੀਐਮ, ਹਰਸ਼ ਲੋਗਾਨੀ, ਐਚਆਰ ਮੈਨੇਜਰ, ਐਸਕਲੋਨ ਬਿਜ਼ਨਸ ਸਰਵਿਸਜ਼, ਅਤੇ ਸ਼੍ਰੀਮਤੀ ਅੰਜੁਲਾ ਬਾਂਸਲ, ਡਿਪਟੀ ਜਨਰਲ ਮੈਨੇਜਰ, ਐਚਆਰ, ਗੀਇਕਿਲ ਇੰਡੀਆ ਆਦਿ ਨੇ ਆਪਣੀ ਹਾਜ਼ਰੀ ਲਗਾਈ।ਇਨ੍ਹਾਂ ਸਾਰੇ ਮਹਿਮਾਨਾਂ ਦਾ ਸਵਾਗਤ ਪ੍ਰੋ.(ਡਾ.) ਰਮਨਦੀਪ ਸੈਣੀ, ਡਾਇਰੈਕਟਰ ਪ੍ਰਿੰਸੀਪਲ, ਸੀਬੀਐੱਸਏ, ਸੀਜੀਸੀ ਲਾਂਡਰਾਂ ਵੱਲੋਂ ਕੀਤਾ ਗਿਆ ਜਿਨ੍ਹਾਂ ਨੇ ਸ਼ਮ੍ਹਾਂ ਰੌਸ਼ਨ ਕਰਨ ਉਪਰੰਤ ਹਾਜ਼ਰੀਨ ਨੂੰ ਸੰਬੋਧਿਤ ਕਰਦਿਆਂ ਸੰਮੇਲਨ ਦੀ ਸ਼ੁਰੂਆਤ ਕੀਤੀ ਅਤੇ ਆਪਣੇ ਭਾਸ਼ਣ ਵਿੱਚ ਏਆਈ ਤਰੱਕੀ ਲਈ ਉਦਯੋਗ ਅਕਾਦਮਿਕ ਸਹਿਯੋਗ ਨੂੰ ਵਧਾਉਣ, ਗਿਆਨ ਨੂੰ ਅਪਗ੍ਰੇਡ ਕਰਨ ਦੇ ਮਹੱਤਵ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਮੌਕੇ ਸਭ ਤੋਂ ਪਹਿਲਾ ਸ਼੍ਰੀਮਤੀ ਰਿਚਾ ਜੈਸਵਾਲ ਨੇ ਐਚਆਰ ਦੀਆਂ ਬੁਨਿਆਦੀ (ਬੇਸਿਕ) ਗੱਲਾਂ ਨੂੰ ਸਪੱਸ਼ਟਤਾ ਨਾਲ ਪਰਿਭਾਸ਼ਿਤ ਕੀਤਾ। ਇਸ ਉਪਰੰਤ ਉਨ੍ਹਾਂ ਨੇ ਏਆਈ ਟੈਕਨਾਲੋਜੀ ਵੱਲੋਂ ਨੌਕਰੀਆਂ ਹੜੱਪਣ ਬਾਰੇ ਆਮ ਚਿੰਤਾ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਜਿਹੇ ਹੁਨਰ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ ਜੋ ਹਿਊਮਨ ਕਿਰੀਏਟੀਵਿਟੀ ਨਾਲ ਮੇਲ ਖਾਂਦੇ ਹੋਣ ਪਰ ਉਨ੍ਹਾਂ ਦੀ ਐਲਗੋਰਿਦਮ ਵੱਲੋਂ ਨਕਲ ਨਾਂ ਕੀਤੀ ਜਾ ਸਕੇ। ਅਤੇ ਨਾਲ ਹੀ ਕੰਮ ਦੀ ਉਤਪਾਦਕਤਾ ਨੂੰ ਵਧਾਉਣ ਲਈ ਤਕਨਾਲੋਜੀ ਦੀ ਸਮਝਦਾਰੀ ਨਾਲ ਵਰਤੋਂ ਕਰਨ ਤੇ ਵੀ ਜ਼ੋਰ ਦਿੱਤਾ।

ਇਸ ਦੇ ਨਾਲ ਹੀ ਉਨ੍ਹਾਂ ਨੇ ਮਨੁੱਖੀ ਸਰੋਤਾਂ ਦੇ ਉਪ ਵਿਭਾਗਾਂ ਤੇ ਏਆਈ ਦੇ ਪ੍ਰਭਾਵਾਂ ਬਾਰੇ ਚਰਚਾ ਕੀਤੀ।ਇਸ ਉਪਰੰਤ ਸੰਜੇ ਰਾਏ, ਦਿਨ ਦੇ ਦੂਜੇ ਮੁੱਖ ਬੁਲਾਰੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਏਆਈ ਰਚਨਾਤਮਕਤਾ ਦੀ ਜਗ੍ਹਾ ਨਹੀਂ ਲੈ ਸਕੇਗਾ। ਉਨ੍ਹਾਂ ਨੇ ਇਸ ਗੱਲ ਉੱਤੇ ਵੀ ਆਪਣੇ ਵਿਚਾਰ ਰੱਖੇ ਕਿ ਕਿਵੇਂ ਏਆਈ ਟੈਕਨਾਲੋਜੀਆਂ ਨੌਨ ਵੈਲੀਊ ਐਡਿੰਗ ਪ੍ਰੀਕਿਰਆਵਾਂ ਨਾਲ ਨਜਿੱਠ ਕੇ ਐਚਆਰ ਪ੍ਰਬੰਧਕਾਂ ਦਾ ਸਮਾਂ ਬਚਾਉਣ ਵਿੱਚ ਮਦਦ ਕਰ ਸਕਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਫਲ ਪ੍ਰਬੰਧਕ ਬਣਨ ਅਤੇ ਆਪਣੇ ਹੁਨਰ ਨੂੰ ਨਿਖਾਰਨ ਲਈ ਆਪਣੀ ਪਸੰਦੀਦਾ ਐਮਬੀਏ ਸਪੈਸ਼ਲਾਈਜ਼ੇਸ਼ਨ ਦੇ ਨਾਲ ਜੁੜ ਕੇ ਉਸ ਨੂੰ ਆਪਣਾ ਟੀਚਾ ਬਣਾਉਣ ਦੀ ਸਲਾਹ ਦਿੱਤੀ।ਸਭਾ ਦੇ ਤੀਜੇ ਦਿਨ ਮੁੱਖ ਬੁਲਾਰੇ ਡਾ.ਜਸਪ੍ਰੀਤ ਆਹਲੂਵਾਲੀਆ ਨੇ ਏਆਈ ਦੀ ਵਰਤੋਂ ਅਤੇ ਐਚਆਰ ਅਭਿਆਸਾਂ ਦੀ ਪ੍ਰਭਾਵਸ਼ੀਲਤਾ ਨੂੰ ਵਧਾਉਣ ਦੇ ਵਿਚਕਾਰ ਵਿਕਾਸਸ਼ੀਲ ਸਬੰਧਾਂ ਨੂੰ ਸਪੱਸ਼ਟ ਕਰਨ 'ਤੇ ਧਿਆਨ ਕੇਂਦਰਿਤ ਕੀਤਾ।ਪੈਨਲ ਚਰਚਾ ਵਿੱਚ ਵਿਸ਼ੇਸ਼ ਪੈਨਲਿਸਟਾਂ ਨੇ ਵਿਸ਼ੇ ਨਾਲ ਸਬੰਧਿਤ ਆਪਣੇ ਵਿਚਾਰਾਂ ਅਤੇ ਵੱਖ-ਵੱਖ ਦ੍ਰਿਸ਼ਟੀਕੋਣਾਂ ਨੂੰ ਸਾਂਝਾ ਕੀਤਾ। ਇਸ ਵਿਸ਼ੇਸ਼ ਚਰਚਾ ਨੇ ਹਾਜ਼ਰੀਨ ਨੂੰ ਐਚਆਰ ਪ੍ਰਬੰਧਕਾਂ ਵੱਲੋਂ ਕਰਮਚਾਰੀਆਂ ਦੀ ਕੁਸ਼ਲਤਾ, ਭਾਵਨਾਤਮਕ ਤੰਦਰੁਸਤੀ, ਕੰਮ ਤੇ ਜੀਵਨ ਦੇ ਸੰਤੁਲਨ ਅਤੇ ਕਰਮਚਾਰੀਆਂ ਦੀ ਉਤਪਾਦਕਤਾ ਨੂੰ ਵਧਾਉਣ ਲਈ ਏਆਈ ਆਧਾਰਿਤ ਤਕਨਾਲੋਜੀਆਂ ਅਤੇ ਸਾਧਨਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਰਤਣ ਸੰਬੰਧੀ ਜਾਣੂ ਕਰਵਾਇਆ ਤਾਂ ਜੋ ਮਨੁੱਖੀ ਸੰਪਰਕ ਖੋਏ ਬਿਨ੍ਹਾਂ ਬਿਹਤਰ ਕਰਮਚਾਰੀ ਅਨੁਭਵ ਨੂੰ ਬੜਾਵਾ ਦਿੱਤਾ ਜਾ ਸਕੇ।ਇਸ ਪ੍ਰੋਗਰਾਮ ਨੇ ਸੀਜੀਸੀ ਦੇ ਵਿਦਿਆਰਥੀਆਂ ਲਈ ਉਦਯੋਗ ਅਕਾਦਮਿਕ ਦੇ ਆਪਸੀ ਤਾਲਮੇਲ ਲਈ ਇੱਕ ਵਧੀਆ ਮੰਚ ਵਜੋਂ ਕੰਮ ਕੀਤਾ। ਵਿਦਿਆਰਥੀਆਂ ਨੇ ਅਨੁਭਵੀ ਮਾਹਰਾਂ ਵੱਲੋਂ ਰੱਖੇ ਪ੍ਰਸ਼ਨ ਉੱਤਰ ਸੈਸ਼ਨ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਚੰਗੀ ਤਰ੍ਹਾਂ ਵਿਚਾਰ ਚਰਚਾ ਕੀਤੀ।ਸਮਾਗਮ ਦੀ ਸਮਾਪਤੀ ਇੱਕ ਕੁਇਜ਼ ਮੁਕਾਬਲੇ ਨਾਲ ਹੋਈ ਜਿਸ ਵਿੱਚ ਐਮਬੀਏ ਸਮੈਸਟਰ ਦੂਜਾ ਦੀਆਂ ਵਿਦਿਆਰਥਣਾਂ ਅਨੁਰਾਧਾ, ਕਰੀਨਾ ਅਤੇ ਖੁਸ਼ਬੂ ਨੇ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਜਾ ਇਨਾਮ ਜਿੱਤਿਆ। ਅੰਤ ਵਿੱਚ ਚਾਰੂ ਮੇਹਨ, ਐਚਓਡੀ, ਐਮਬੀਏ, ਸੀਬੀਐਸਏ ਨੇ ਸਮੂਹ ਹਾਜ਼ਰੀਨ ਲਈ ਧੰਨਵਾਦ ਮਤਾ ਪੇਸ਼ ਕੀਤਾ।

# ਜ਼ਿਲ੍ਹੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਖੇਤੀਬਾੜੀ ਵਿਭਾਗ ਨੇ ਜ਼ੀਰੋ ਬਰਨਿੰਗ ਦਾ ਟੀਚਾ ਮਿਥਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਮੁੱਖ ਖੇਤੀਬਾੜੀ ਅਫਸਰ, ਡਾ. ਗੁਰਮੇਲ ਸਿੰਘ ਨੇ ਇੱਥੇ ਕਿਹਾ ਕਿ ਜ਼ਿਲ੍ਹਾ ਐੱਸ ਏ ਐੱਸ ਨਗਰ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਵੱਲੋਂ ਸਾਲ 2024-25 ਦੌਰਾਨ ਜ਼ੀਰੋ ਬਰਨਿੰਗ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਦੀ ਪੂਰਤੀ ਲਈ ਕਿਸਾਨ ਅਤੇ ਕਿਸਾਨ ਜਥੇਬੰਦੀਆਂ ਦੇ ਭਰਪੂਰ ਸਹਿਯੋਗ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਕਣਕ ਦੀ ਕਟਾਈ ਬਾਅਦ ਤੂੜੀ ਬਨਾਉਣ ਉਪਰੰਤ ਬਚੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਵਾਹ ਕੇ ਝੋਨੇ ਦੀ ਲਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਨੇ ਡਿਪਟੀ ਕਮਿਸ਼ਨਰ ਐੱਸ.ਏ.ਐੱਸ.ਨਗਰ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ 1973 ( ਆਫ 1974) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਜ਼ਿਲ੍ਹੇ ਵਿੱਚ ਕੱਚਾ ਦਾਣਾ ਕੱਟਣ 'ਤੇ ਰੋਕ ਲਾਉਣ ਲਈ, ਜ਼ਿਲ੍ਹੇ ਵਿੱਚ ਸ਼ਾਮ ਦੇ 7 ਵਜੇ ਤੋਂ ਸਵੇਰ ਦੇ 9 ਵਜੇ ਤੱਕ ਕੰਬਾਈਨਾਂ ਨਾਲ ਕਟਾਈ ਕਰਨ 'ਤੇ ਰੋਕ ਲਗਾਉਣ ਦੇ ਹੁਕਮਾਂ ਦੇ ਨਾਲ ਨਾਲ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ 'ਤੇ ਪਾਬੰਦੀ ਸੰਬੰਧੀ ਵੀ ਜਾਣਕਾਰੀ ਦਿੱਤੀ।ਉਨ੍ਹਾਂ ਨੇ ਕਿਹਾ ਕਿ ਬਿਜਲੀ ਦੇ ਟਰਾਂਸਫਰਮਰ ਦੇ ਆਲੇ ਦੁਆਲਿਓਂ ਇੱਕ ਮਰਲੇ ਰਕਬੇ ਵਿੱਚ ਕਣਕ ਦੀ ਕਟਾਈ ਪਹਿਲਾਂ ਕਰ ਲੈਣੀ ਚਾਹੀਦੀ ਹੈ, ਅੱਗ ਲੱਗਣ ਦੀ ਦੁਰਘਟਨਾਂ ਤੋਂ ਬਚਣ ਲਈ ਚੁਬੱਚਿਆਂ ਅਤੇ ਸਪਰੇ ਪੰਪਾਂ ਦੀਆਂ ਟੈਂਕੀਆਂ ਵਿੱਚ ਪਾਣੀ ਭਰ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ ਤਾਂ ਤੁਰੰਤ ਅੱਗ ਬੁਝਾਊ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਨਾ ਚਾਹੀਦਾ ਹੈ।

# ਪ੍ਰੋਫੈਸਰ ਕਰਮਬੀਰ ਸਿੰਘ ਸੋਢੀ ਦੀ ਪਹਿਲੀ ਬਰਸੀ ਭਲਕੇ ਮਨਾਈ ਜਾਵੇਗੀ



**ਜਲੰਧਰ (ਨ ਜ਼ ਸ)** ਪੰਜਾਬ ਚੰਡੀਗੜ੍ਹ ਕਾਲਜ ਟੀਚਰ ਯੂਨੀਅਨ ਦੇ ਸਾਬਕਾ ਪ੍ਰਧਾਨ ਅਤੇ ਮਾਲਵੇ ਦੇ ਪ੍ਰਮੁੱਖ ਸਿਖਿਆ ਸ਼ਾਸਤਰੀ, ਪੰਜਾਬੀ ਦੇ ਪ੍ਰਮੁੱਖ ਲੇਖਕ ਅਤੇ ਅਨੁਵਾਦਕ ਪ੍ਰੋਫੈਸਰ ਕਰਮਬੀਰ ਸਿੰਘ ਸੋਢੀ ਦੀ ਪਹਿਲੀ ਬਰਸੀ 7 ਅਪ੍ਰੈਲ ਨੂੰ ਮਨਾਈ ਜਾ ਰਹੀ ਹੈ। ਇਹ ਜਾਣਕਾਰੀ ਉਨ੍ਹਾਂ ਦੇ ਛੋਟੇ ਭਰਾ ਪਰਮਜੀਤ ਸਿੰਘ ਸੋਢੀ ਨੇ ਦਿੰਦਿਆਂ ਦੱਸਿਆ ਕਿ ਬਰਸੀ ਸਬੰਧੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਖੰਡ ਪਾਠ ਲੁਧਿਆਣਾ ਸਥਿਤ ਸਰਾਭਾ ਨਗਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਆਰੰਭ ਹੈ ਜਿਸ ਦਾ ਭੋਗ 7 ਅਪ੍ਰੈਲ ਨੂੰ ਪਾਇਆ ਜਾਵੇਗਾ। ਉਪਰੰਤ ਗੁਰਬਾਣੀ ਦਾ ਮਨੋਹਰ ਕੀਰਤਨ ਹੋਵੇਗਾ ਤੇ ਅੰਤ ਵਿਚ ਗੁਰੂ ਕਾ ਲੰਗਰ ਵਰਤਾਇਆ ਜਾਵੇਗਾ। ਇਥੇ ਇਹ ਵਰਣਨਯੋਗ ਹੈ ਕਿ ਮਾਲਵੇ ਦੇ ਪ੍ਰਮੁੱਖ ਸਿੱਖਿਆ ਸ਼ਾਸਤਰੀ ਪ੍ਰੋਫੈਸਰ ਸੋਢੀ ਨੇ ਲਗਪਗ ਡੇਢ ਦਰਜਨ ਕਿਤਾਬਾਂ ਮਾਂ ਬੋਲੀ ਪੰਜਾਬੀ ਦੀ ਝੋਲੀ ਪਾਈਆਂ। ਪ੍ਰੋ: ਸੋਢੀ ਪੰਜਾਬੀ ਪੱਤਰਕਾਰ ਸਦਨ ਦੇ ਚੇਅਰਮੈਨ ਜੋਗਿੰਦਰ ਪਾਲ ਸਿੰਘ ਕੁੰਦਰਾ ਦੇ ਅਤਿ ਨਜ਼ਦੀਕੀ ਰਿਸ਼ਤੇਦਾਰ ਸਨ।

# ਸਵੀਪ ਤਹਿਤ ਸਕੂਲਾਂ 'ਚ ਸਲੋਗਨ ਲੇਖਨ ਮੁਕਾਬਲੇ ਕਰਵਾਏ

**ਜਲੰਧਰ (ਸ਼ੈਲੀ ਐਲਬਰਟ)**-ਲੋਕ ਸਭਾ ਚੋਣਾਂ-2024 ਦੌਰਾਨ ਵੱਧ ਤੋਂ ਵੱਧ ਲੋਕਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਲਈ ਜਾਗਰੂਕ ਕਰਨ ਦੇ ਮੰਤਵ ਨਾਲ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹੇ ਭਰ ਵਿੱਚ ਵੋਟਰ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ (ਸਵੀਪ) ਪ੍ਰੋਗਰਾਮ ਤਹਿਤ ਕਰਵਾਈਆਂ ਜਾ ਰਹੀਆਂ ਇਨ੍ਹਾਂ ਸਰਗਰਮੀਆਂ ਤਹਿਤ ਵੱਖ-ਵੱਖ ਸਕੂਲਾਂ ਵਿੱਚ ਸਲੋਗਨ ਲੇਖਨ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲੈਂਦਿਆਂ ਵੱਖ-ਵੱਖ ਸਲੋਗਨਾਂ ਰਾਹੀਂ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਦਾ ਹੋਕਾ ਦਿੱਤਾ।ਇਸੇ ਤਰ੍ਹਾਂ ਸਕੂਲ ਆਫ ਐਮੀਨੈਂਸ ਲਾਡੋਵਾਲੀ ਰੋਡ ਤੋਂ ਚੋਣ ਜਾਗਰੂਕਤਾ ਰੈਲੀ ਕੱਢੀ ਗਈ, ਜੋ ਕਿ ਲਾਡੋਵਾਲੀ ਰੋਡ, ਅਲਾਸਕਾ ਚੌਂਕ, ਸ਼ਾਸਤਰੀ ਮਾਰਕਿਟ 'ਚੋਂ ਲੋਕਾਂ ਨੂੰ ਵੋਟਾਂ ਵਾਲੇ ਦਿਨ ਵੋਟ ਪਾਉਣ ਦਾ ਸੱਦਾ ਦਿੰਦੇ ਹੋਏ ਗੁਜ਼ਰੀ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਲੋਕਾਂ ਨੂੰ ਚੋਣਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸਵੀਪ ਟੀਮਾਂ ਵੱਲੋਂ ਵੱਖ-ਵੱਖ ਸਕੂਲਾਂ ਦੇ ਕੈਂਪਸ ਅੰਬੈਸਡਰਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਆਪੋ-ਆਪਣੇ ਵਿੱਦਿਅਕ ਅਦਾਰਿਆਂ ਵਿੱਚ ਵੋਟਰ ਜਾਗਰੂਕਤਾ ਨੂੰ ਹੋਰ ਹੁਲਾਰਾ ਦੇਣ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲਾਂ 'ਚ ਵੋਟਰ ਪ੍ਰਣ, ਵੋਟ ਦੀ ਮਹੱਤਤਾ ਸਬੰਧੀ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ।

# ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਵੱਲੋਂ ਦੂਜੀ ਨੈਸ਼ਨਲ ਪੈਰਾਮੈਡਿਕ ਮੀਟ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਵੱਲੋਂ ਦੂਜੀ ਨੈਸ਼ਨਲ ਪੈਰਾਮੈਡਿਕ ਮੀਟ 2024 ਦਾ ਆਯੋਜਿਨ ਕੀਤਾ ਗਿਆ। ਇਸ ਦਾ ਉਦਘਾਟਨ ਮੁੱਖ ਮਹਿਮਾਨ ਡਾ: ਸੰਦੀਪ ਦੀਵਾਨ, ਡਾਇਰੈਕਟਰ ਆਫ਼ ਕ੍ਰਿਟੀਕਲ ਕੇਅਰ, ਫੋਰਟਿਸ ਹਸਪਤਾਲ ਗੁਰੂਗ੍ਰਾਮ ਅਤੇ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸ਼ਮਾਂ ਰੋਸ਼ਨ ਕਰਕੇ ਕੀਤਾ ਅਤੇ ਉਹਨਾਂ ਦਾ ਸਹਿਯੋਗ ਅਮਰਜੀਤ ਸਿੰਘ ਕਲੇਰਾਂ ਜਨਰਲ ਸਕੱਤਰ ਟਰੱਸਟ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਡਾ: ਮਨਬੀਰ ਸਿੰਘ ਪ੍ਰੋ ਚਾਂਸਲਰ ਸੀਟੀ ਯੂਨੀਵਰਸਿਟੀ ਅਤੇ ਮੈਨੇਜਿੰਗ ਡਾਇਰੈਕਟਰ ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨ, ਡਾ: ਪਵਨ ਜੈਨ ਸਾਬਕਾ ਐਚ.ਓ.ਡੀ (ਰੇਡੀਓ ਡਾਇਗਨੋਸਿਸ) ਐਸ ਜੀ ਟੀ ਯੂਨੀਵਰਸਿਟੀ ਗੁਰੂਗ੍ਰਾਮ, ਨਰੇਸ਼ ਕੁਮਾਰ ਡਿਪਟੀ ਰਜਿਸਟਰਾਰ ਕਾਲਜ ਡਿਵੈਲਪਮੈਂਟ ਆਈ ਕੇ ਜੀ ਪੀ ਟੀ ਯੂ ਕਪੂਰਥਲਾ, ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ , ਇੰਜੀ: ਵਰਿੰਦਰ ਸਿੰਘ ਬਰਾੜ ਐਚ ਆਰ ਐਡਮਿਨ ਤੇ ਕਨਵੀਨਰ ਅਤੇ ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਨੇ ਦਿੱਤਾ।

ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਏ 300 ਤੋਂ ਵੱਧ ਵੱਖ-ਵੱਖ ਵਿਸ਼ਾ ਮਾਹਿਰਾਂ, ਡੈਲੀਗੇਟਾਂ, ਪੈਰਾ ਮੈਡੀਕਲ, ਹੈਲਥ ਕੇਅਰ ਵਰਕਰਾਂ ਅਤੇ ਪੈਰਾ ਮੈਡੀਕਲ ਵਿਦਿਆਰਥੀ ਨੂੰ ਨਿੱਘਾ ਜੀ ਆਇਆਂ ਕਹਿੰਦੇ ਹੋਏ ਪੈਰਾ ਮੈਡੀਕਲ ਸਿੱਖਿਆ ਦੀ ਮਹੱਤਤਾ ਬਾਰੇ ਦੱਸਿਆ। ਡਾ: ਸੰਦੀਪ ਦੀਵਾਨ, ਡਾਇਰੈਕਟਰ ਆਫ਼ ਕ੍ਰਿਟੀਕਲ ਕੇਅਰ, ਫੋਰਟਿਸ ਹਸਪਤਾਲ ਗੁਰੂਗ੍ਰਾਮ ਨੇ ਪੈਰਾਮੈਡਿਕਸ ਅਤੇ ਸਿਹਤ ਸੰਭਾਲ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਬਾਰੇ ਚਾਨਣਾ ਪਾਇਆ ਅਤੇ ਗੁਰੂ ਨਾਨਕ ਪੈਰਾਮੈਡੀਕਲ ਕਾਲਜ ਢਾਹਾਂ ਕਲੇਰਾਂ ਵੱਲੋਂ ਦੂਸਰੀ ਨੈਸ਼ਨਲ ਪੈਰਾਮੈਡਿਕਸ ਮੀਟ 2024 ਦਾ ਸ਼ਾਨਦਾਰ ਆਯੋਜਿਨ ਕਰਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਵਿਸ਼ਾ ਮਾਹਿਰਾਂ ਪ੍ਰੋ. (ਡਾ.) ਮੋਨੂੰ ਸਰੀਨ, ਪ੍ਰੋ. (ਡਾ) ਲਲਿਤ ਕੁਮਾਰ ਗੁਪਤਾ, ਅਤੇ ਡਾ: ਸਰਬਜੀਤ ਨੇ ਅਕਾਦਮਿਕ ਭਾਸ਼ਣ ਦਿੰਦੇ ਹੋਏ ਪੈਰਾ ਮੈਡੀਕਲ ਡੈਲੀਗੇਟਾਂ ਅਤੇ ਵਿਦਿਆਰਥੀਆਂ ਨੂੰ ਵੱਖ ਵੱਖ ਪੈਰਾਮੈਡੀਕਲ ਵਿਸ਼ਿਆਂ 'ਤੇ ਸੰਬੋਧਨ ਕੀਤਾ।ਇਸ ਮੌਕੇ ਹੋਏ ਵੱਖ-ਵੱਖ ਸੈਸ਼ਨਾਂ ਵਿਚ ਡੈਲੀਗੇਟਾਂ ਨੇ ਸਕਿੱਟਾਂ, ਪੰਜਾਬੀ ਲੋਕ ਨਾਚਾਂ ਦੇ ਨਾਲ-ਨਾਲ ਅਕਾਦਮਿਕ ਗਤੀਵਿਧੀਆਂ ਈ ਪੋਸਟਰ ਮੁਕਾਬਲਾ ਅਤੇ ਹੋਰ ਪੇਸ਼ਕਾਰੀਆਂ ਦਾ ਆਨੰਦ ਲਿਆ। ਜਿਸ ਵਿਚ ਚਿਰਾਯੂ ਪੈਰਾਮੈਡੀਕਲ ਕਾਲਜ ਭੋਪਾਲ ਅਤੇ ਗੁਰੂ ਨਾਨਕ ਪੈਰਾਮੈਡੀਕਲ ਕਾਲਜ ਢਾਹਾਂ ਕਲੇਰਾਂ ਦੇ ਵਿਦਿਆਰਥੀਆਂ ਵੱਲੋਂ ਸਕਿੱਟਾਂ, ਪੰਜਾਬੀ ਲੋਕ ਨਾਚਾਂ ਸਮੇਤ ਸੱਭਿਆਚਾਰਕ ਪੇਸ਼ਕਾਰੀਆਂ ਰਵਾਇਤੀ ਪੰਜਾਬੀ ਲੁੱਡੀ ਨਾਚ ਨੇ ਦੂਜੀ ਨੈਸ਼ਨਲ ਪੈਰਾਮੈਡਿਕ ਮੀਟ ਸ਼ਾਮਲ ਸਭ ਸਰੋਤਿਆਂ ਦਾ ਮਨ ਮੋਹ ਲਿਆ। ਇਸ ਮੌਕੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਪੈਰਾਮੈਡਿਕ ਮੀਟ 2024 ਵਿਚ ਸ਼ਾਮਲ ਪ੍ਰਮੁੱਖ ਸ਼ਖਸ਼ੀਅਤਾਂ, ਵਿਸ਼ਾ ਮਾਹਿਰਾਂ, ਡੈਲੀਗੇਟਾਂ, ਵੱਖ ਵੱਖ ਪ੍ਰਤੀਯੋਗਤਾਵਾਂ ਦੇ ਜੇਤੂਆਂ ਵਿਦਿਆਰਥੀ ਨੂੰ ਆਪਣੇ ਕਰ ਕਮਲਾਂ ਨਾਲ ਸਨਮਾਨਿਤ ਕੀਤਾ। ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ ਨੇ ਮੁੱਖ ਮਹਿਮਾਨ, ਪ੍ਰਧਾਨਗੀ ਮੰਡਲ ਵਿਚ ਸ਼ਾਮਿਲ ਸ਼ਖਸੀਅਤਾਂ, ਵਿਸ਼ਾ ਮਾਹਿਰਾਂ, ਡੈਲੀਗੇਟਾਂ, ਹੈਲਥ ਕੇਅਰ ਵਰਕਰਾਂ ਅਤੇ ਸਮੂਹ ਪੈਰਾ ਮੈਡੀਕਲ ਵਿਦਿਆਰਥੀ ਦਾ ਸ਼ਮੂਲੀਅਤ ਕਰਨ ਲਈ ਹਾਰਦਿਕ ਧੰਨਵਾਦ ਕੀਤਾ ਅਤੇ ਪੈਰਾ-ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਪਾਏ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਉਹਨਾਂ ਨੇ ਤੀਜੀ ਰਾਸ਼ਟਰੀ ਪੈਰਾਮੈਡਿਕ ਮੀਟਿੰਗ 2025 ਵਿੱਚ ਢਾਹਾਂ ਕਲੇਰਾਂ ਵਿਖੇ ਆਯੋਜਿਤ ਕਰਨ ਸਬੰਧੀ ਐਲਾਨ ਵੀ ਕੀਤਾ।ਇਸ ਮੌਕੇ ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਮੈਡਮ ਰਮਨਦੀਪ ਕੌਰ ਵਾਈਸ ਪ੍ਰਿੰਸੀਪਲ , ਮੈਡਮ ਪ੍ਰਭਜੋਤ ਕੌਰ ਖਟਕੜ, ਮ ਮੁਦਾਸਿਰ ਮੋਹੀ ਉਦ ਦੀਨ, ਸੁਖਵੀਰ ਲਾਲ ਤੋਂ ਇਲਾਵਾ ਢਾਹਾਂ ਕਲੇਰਾਂ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੀ ਹਾਜ਼ਰ ਸਨ।

# ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ 13ਵੀਂ ਸਾਲਾਨਾ ਐਥਲੈਟਿਕਸ ਮੀਟ-2024



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ 13ਵੀਂ ਸਾਲਾਨਾ ਐਥਲੈਟਿਕਸ ਮੀਟ-2024 ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਕੈਂਪਸ ਦੇ ਸਾਰੇ ਕਾਲਜਾਂ ਦੇ ਖਿਡਾਰੀਆਂ ਨੇ ਭਾਗ ਲਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਅਥਲੈਟਿਕਸ ਮੀਟ ਵਿੱਚ ਸਹਾਇਕ ਕਮਿਸ਼ਨਰ ਦਿਵਿਆ ਪੀ ਅਤੇ ਐਸਪੀ ਮੇਜਰ ਸਿੰਘ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਇਸ ਮੌਕੇ ਗਰੁੱਪ ਦੇ ਜੁਆਇੰਟ ਕੈਂਪਸ ਡਾਇਰੈਕਟਰ ਡਾ: ਹਰਿੰਦਰ ਗਿੱਲ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਏ.ਡੀ.ਸੀ ਰਾਹੁਲ ਚਾਬਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਬਿਹਤਰੀ ਲਈ ਨੌਜਵਾਨ ਪੀੜ੍ਹੀ ਦੀ ਅਹਿਮ ਭੂਮਿਕਾ ਹੁੰਦੀ ਹੈ।ਇਸ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰੀ ਬਣਾ ਕੇ ਰੱਖਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਨਸ਼ਾ ਕਰਨਾ ਹੀ ਹੈ ਤਾਂ ਖੇਡਾਂ ਦਾ ਕਰੋ।ਇਸੇ ਤਰ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਐਸ ਪੀ ਮੇਜਰ ਸਿੰਘ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨੂੰ ਆਪਣੇ ਜੀਵਨ ਦਾ ਹਿੱਸਾ ਜਰੂਰ ਬਣਾਉਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਕੈਂਪਸ ਗਰਾਊਂਡ ਵਿੱਚ ਖਿਡਾਰੀਆਂ ਨੇ ਆਪਣੀ ਕਲਾ ਦੇ ਜੌਹਰ ਦਿਖਾਏ। ਜਿਸ ਵਿੱਚ 100-200-400-800 ਮੀਟਰ ਦੀਆਂ ਦੌੜਾਂ ਕਰਵਾਈਆਂ ਗਈਆਂ। ਇਸ ਤਰ੍ਹਾਂ ਕ੍ਰਿਕਟ, ਵਾਲੀਬਾਲ, ਫੁੱਟਬਾਲ, ਰੱਸਾਕਸ਼ੀ, ਲੰਬੀ ਛਾਲ, ਸ਼ਾਟਪੁੱਟ ਆਦਿ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵਿਸ਼ਵ ਪ੍ਰਸਿੱਧ ਸਾਈਕਲਿਸਟ ਬਲਰਾਜ ਚੌਹਾਨ ਅਤੇ ਸਾਬਕਾ ਵਿਦਿਆਰਥੀ ਅਤੇ ਐਥਲੀਟ ਅਮਨਦੀਪ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਕਰਵਾਏ ਗਏ ਮੁਕਾਬਲਿਆਂ ਵਿੱਚ ਰਿਆਤ ਬਾਹਰਾ ਇੰਜਨੀਅਰਿੰਗ ਕਾਲਜ ਨੇ ਸਭ ਤੋਂ ਵੱਧ ਮੈਡਲ ਹਾਸਲ ਕਰਕੇ ਓਵਰਆਲ ਟਰਾਫੀ ਜਿੱਤੀ ਜਦਕਿ ਲਾਅ ਕਾਲਜ ਦੂਜੇ ਸਥਾਨ 'ਤੇ ਰਿਹਾ। ਅੰਤ ਵਿੱਚ ਜੇਤੂ ਟੀਮ ਨੂੰ ਟਰਾਫੀ ਦਿੰਦੇ ਹੋਏ ਗਰੁੱਪ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਖੇਡ ਮੁਕਾਬਲਿਆਂ ਵਿੱਚ ਜਿੱਤ ਜਾਂ ਹਾਰ ਕੋਈ ਮਾਇਨੇ ਨਹੀਂ ਰੱਖਦੀ, ਸਭ ਤੋਂ ਵੱਡੀ ਗੱਲ ਖੇਡਾਂ ਵਿੱਚ ਹਿੱਸਾ ਲੈਣਾ ਹੈ। ਇਸ ਮੌਕੇ ਲੜਕੀਆਂ ਵਿੱਚੋਂ ਪੂਨਮ ਨੂੰ ਸਰਵੋਤਮ ਅਥਲੀਟ-2024 ਅਤੇ ਲੜਕਿਆਂ ਵਿੱਚੋਂ ਡਿੰਪਲਪ੍ਰੀਤ ਨੂੰ ਸਰਵੋਤਮ ਅਥਲੀਟ-2024 ਐਲਾਨਿਆ ਗਿਆ।

## ਪਟਾਕਿਆਂ ਵਾਲੇ ਮੋਟਰਸਾਈਕਲ ਸਵਾਰਾਂ ਦੇ ਚਲਾਨ ਕੱਟੇ



**ਬੰਗਾ (ਅਵਤਾਰ ਕਲੇਰ)** ਮਾਨਯੋਗ ਐਸ ਐਸ ਪੀ ਸਾਹਿਬ ਜਿਲ੍ਹਾਂ ਸ਼ਹੀਦ ਭਗਤ ਸਿੰਘ ਮਹਿਤਾਬ ਸਿੰਘ ਆਈ ਪੀ ਐਸ ਦੀਆਂ ਹਦਾਇਤਾ ਅਤੇ ਡੀ ਐਸ ਪੀ ਸਾਹਿਬ ਸਬ ਡਬੀਜਨ ਬੰਗਾ ਦਲਜੀਤ ਸਿੰਘ ਖੱਖ ਪੀ ਪੀ ਐਸ ਦੀ ਅਗਵਾਈ ਅਧੀਨ ਬੁਲਟ ਮੋਟਰਸਾਈਕਲਾ ਦੇ ਪਟਾਕੇ ਵਜਾਉਣ ਵਾਲਿਆ ਦੇ ਖਿਲਾਫ ਛੇੜੀ ਮੁਹਿੰਮ ਤਹਿਤ ਐਸ ਆਈ ਜੋਗਿੰਦਰ ਸਿੰਘ ਦਫਤਰ ਡੀ ਐਸ ਪੀ ਸਾਹਿਬ ਬੰਗਾ ਨੇ ਸਮੇਤ ਟ੍ਰੈਫਿਕ ਪੁਲਸ ਬੰਗਾ ਵੱਲੋਂ ਥਾਣਾ ਸਿਟੀ ਬੰਗਾ ਦੇ ਇਲਾਕਾ ਵਿੱਚ ਸਪੈਸ਼ਲ ਗਸ਼ਤ ਕਰਕੇ ਬੁਲਟ ਮੋਟਰਸਾਈਕਲ ਚੈਕ ਕੀਤੇ ਗਏ ਜੋ ਦੌਰਾਨੇ ਚੈਕਿੰਗ ਦੋ ਬੁਲਟ ਮੋਟਰਸਾਈਕਲ ਜਿਹਨਾ ਨੇ ਵੱਧ ਅਵਾਜ ਵਾਲੇ ਸਲੰਸਰ ਲਾਏ ਹੋਏ ਸਨ ਦੇ ਮੌਕੇ ਤੇ ਸਲੰਸਰ ਉਤਰਵਾਏ ਗਏ ਅਤੇ ਮੋਟਰਸਾਈਕਲ ਚਾਲਕਾ ਦੇ ਖਿਲਾਫ ਮੋਟਰ ਵਹੀਕਲ ਐਕਟ ਅਧੀਨ ਕਾਰਵਾਈ ਅਮਲ ਵਿੱਚ ਲਿਆਦੀ ਗਈ ਅਤੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਗਿਆ ਕਿ ਅਜਿਹੇ ਮੋਟਸਾਈਕਲਾ ਦੇ ਪਟਾਕੇ ਵਜਾਉਣ ਵਾਲੇ ਸ਼ਰਾਰਤੀ ਅਨਸਰਾ ਬਾਰੇ ਸਥਾਨਿਕ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾ ਜੋ ਉਹਨਾ ਦੇ ਖਿਲਾਫ ਕਾਰਵਾਈ ਕੀਤੀ ਜਾ ਸਕੇ ਅਤੇ ਇਲਾਕਾ ਵਿੱਚ ਸ਼ਾਤੀ ਦਾ ਮਾਹੌਲ ਕਾਇਮ ਰਹਿ ਸਕੇ।

## ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਸਾਲਾਨਾ ਫੈਸ਼ਨ ਸ਼ੋਅ ਦੀ ਕੀਤੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**:-ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਜਲੰਧਰ ਦੇ ਫੈਸ਼ਨ ਡਿਜ਼ਾਇਨ ਵਿਭਾਗ ਨੇ ਵੱਕਾਰੀ ਸਰਦਾਰਨੀ ਮਨਜੀਤ ਕੌਰ ਆਡੀਟੋਰੀਅਮ ਵਿਖੇ ਆਪਣਾ ਬਹੁ-ਉਡੀਕ ਸਾਲਾਨਾ ਫੈਸ਼ਨ ਸ਼ੋਅ, ਦ ਰਨਵੇਅ 2024 ਦਾ ਆਯੋਜਨ ਕੀਤਾ। ਇਸ ਇਵੈਂਟ ਨੇ ਫੈਸ਼ਨ ਡਿਜ਼ਾਈਨ ਦੇ ਵਿਦਿਆਰਥੀਆਂ ਤੋਂ ਨਵੀਨਤਾਕਾਰੀ ਡਿਜ਼ਾਈਨਾਂ ਅਤੇ ਰਚਨਾਤਮਕ ਪ੍ਰਤਿਭਾਵਾਂ ਦੀ ਵਿਭਿੰਨ ਸ਼੍ਰੇਣੀ ਨੂੰ ਇਕੱਠਾ ਕੀਤਾ।ਇਸ ਸਾਲ ਦੇ ਫੈਸ਼ਨ ਸ਼ੋਅ ਨੇ ਵਿਭਿੰਨ ਥੀਮਾਂ ਦੇ ਮਿਸ਼ਰਣ ਨੂੰ ਪ੍ਰਦਰਸ਼ਿਤ ਕੀਤਾ, ਹਰ ਇੱਕ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਵਿਲੱਖਣ ਰਚਨਾਤਮਕਤਾ ਅਤੇ ਪ੍ਰੇਰਨਾ ਨੂੰ ਉਜਾਗਰ ਕਰਦਾ ਹੈ। ਗਲੋਬਲ ਫੈਸ਼ਨ ਰੁਝਾਨਾਂ ਤੋਂ ਪ੍ਰੇਰਿਤ, ਪੇਸ਼ ਕੀਤੇ ਸੰਗ੍ਰਹਿ ਨੇ ਰਵਾਇਤੀ ਫੈਸ਼ਨ ਦੀਆਂ ਸੀਮਾਵਾਂ ਨੂੰ ਅੱਗੇ ਵਧਾਇਆ, ਰਚਨਾਤਮਕਤਾ ਅਤੇ ਸ਼ੈਲੀ ਦੇ ਇੱਕ ਜੀਵੰਤ ਜਸ਼ਨ ਦਾ ਵਾਅਦਾ ਕੀਤਾ।ਇਵੈਂਟ ਨੇ ਸੰਗ੍ਰਹਿ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਸਟ੍ਰੀਟਵੀਅਰ, ਬੱਚਿਆਂ ਦੇ ਪਹਿਰਾਵੇ, ਭਾਰਤੀ ਪਰੰਪਰਾਗਤ ਪਹਿਰਾਵੇ, ਡਰੈਪਿੰਗ ਡਰੈੱਸ ਅਤੇ ਟਿਕਾਊ ਫੈਸ਼ਨ ਦੇ ਟੁਕੜੇ ਸ਼ਾਮਲ ਸਨ। ਇਹ ਵਿਦਿਆਰਥੀਆਂ ਲਈ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਉਦਯੋਗ ਦੇ ਪੇਸ਼ੇਵਰਾਂ ਅਤੇ ਫੈਸ਼ਨ ਪ੍ਰੇਮੀਆਂ ਨਾਲ ਜੁੜਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਵਜੋਂ ਕੰਮ ਕਰਦਾ ਹੈ।ਇਸ ਸਮਾਗਮ ਦੀ ਵਿਸ਼ੇਸ਼ਤਾ ਵੱਖ-ਵੱਖ ਸ਼੍ਰੇਣੀਆਂ ਵਿੱਚ ਪੁਰਸਕਾਰਾਂ ਦੀ ਘੋਸ਼ਣਾ ਸੀ, ਜਿਸ ਵਿੱਚ ਸ਼ਾਨਦਾਰ ਮਾਡਲਾਂ ਅਤੇ ਡਿਜ਼ਾਈਨਰਾਂ ਨੂੰ ਉਨ੍ਹਾਂ ਦੇ ਵਿਲੱਖਣ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਪ੍ਰਸਿੱਧ ਜੇਤੂਆਂ ਵਿੱਚ ਬਿਊਟੀ ਹੈਪਸ ਲਈ ਸੁਨੈਨਾ ਅਤੇ ਸੰਗੀਤਾ, ਕਾਰਪੋਰੇਟ ਚਿਕ ਲਈ ਹਰਸ਼ਦੀਪ ਅਤੇ ਸੰਗੀਤਾ, ਐਲੀਗੈਂਸ ਐਂਪੋਰੀਅਮ ਲਈ ਹਰਕੀਰਤ ਅਤੇ ਯਸ਼ਿਕਾ ਸ਼ਰਮਾ, ਅਰਬਨੀਅਨ ਕਲੈਕਸ਼ਨ ਲਈ ਕਰਮਜੀਤ, ਮਨੂ ਰਾਏ, ਨੀਸ਼ੂ ਕੁਮਾਰੀ ਅਤੇ ਰਾਜਵਿੰਦਰ ਕੌਰ, ਫੈਸ਼ਨ ਬਡਜ਼ ਲਈ ਮੰਨਤ ਅਤੇ ਸਿਮਰਨ, ਕਲਪਨਾ, ਜੀਤ ਸ਼ਾਮਲ ਹਨ। ਨੀਸ਼ੂ, ਗੁਰਲੀਨ, ਗੁਰਸ਼ਰਨ ਦੀਪ ਸਿੰਘ, ਸੰਗੀਤਾ, ਰਾਧਾ, ਅਤੇ ਲਕਸ਼ਮੀ ਤਰਜ਼ਾ ਲਈ ਅੰਦਾਜ਼ ਅਤੇ ਬੈਸਟ ਫਰਾਮ ਟ੍ਰੈਸ਼, ਅਤੇ ਰੰਜਨਾ ਅਤੇ ਅਨਾਮਿਕਾ ਦ ਗੁਜਰਾਤੀ ਰੰਗ ਲਈ ਈਵੈਂਟ ਦੀ ਪਹਿਲੀ ਕਤਾਰ ਵਿੱਚ ਮਸ਼ਹੂਰ ਗਗਨ ਬੇਦੀ ਮੁੱਖ ਮਹਿਮਾਨ ਵਜੋਂ ਅਤੇ ਸਟਾਈਲਿਸਟ ਸ਼ੈਲਜਾ ਅਤੇ ਜੱਜ ਵਜੋਂ ਸ਼ੈਲਜਾ, ਮੇਕਅੱਪ ਕਲਾਕਾਰ ਜੋੜੀ ਚੰਦਨ ਵਾਨੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਸਨ। ਜੱਜ ਅਤੇ ਉਭਰਦੇ ਕਲਾਕਾਰ ਸੁਖਮਨ ਅਰਨੇਜਾ ਮਹਿਮਾਨ ਅਤੇ ਜੱਜ ਸਨ। ਉਨ੍ਹਾਂ ਦੀ ਮੌਜੂਦਗੀ ਨੇ ਇਸ ਮੌਕੇ ਨੂੰ ਹਰਾਇਆ, ਜਿਸ ਵਿੱਚ ਫੈਸ਼ਨ ਅਤੇ ਸਥਿਰਤਾ ਦਾ ਸੁਮੇਲ ਦੇਖਿਆ ਗਿਆ।ਡਾ: ਮਨਬੀਰ ਸਿੰਘ, ਮੈਨੇਜਿੰਗ ਡਾਇਰੈਕਟਰ, ਸੀਟੀ ਗਰੁੱਪ ਅਤੇ ਤਨਿਕਾ ਚੰਨੀ, ਜੁਆਇੰਟ ਮੈਨੇਜਿੰਗ ਡਾਇਰੈਕਟਰ, ਪ੍ਰਿੰਸੀਪਲਦੇਵਯ ਛਾਬੜਾ, , ਮਹੇਸ਼ ਖਡਵਾਲ ਅਤੇ ਐਚ.ਓ.ਡੀਦੀਪਿਕਾ ਮਿਗਲਾਨੀ, ਫੈਸ਼ਨ ਡਿਜ਼ਾਈਨ ਵਿਭਾਗ, ਸੀਟੀਆਈਐਚਪੀਐਮ, ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਉਤਸ਼ਾਹਿਤ ਅਤੇ ਪ੍ਰੇਰਿਤ ਕੀਤਾ। ਵਿਦਿਆਰਥੀ ਆਪਣੇ ਹੁਨਰ ਨੂੰ ਨਿਖਾਰਨ ਲਈ ਅਜਿਹੇ ਫੈਸ਼ਨ ਸ਼ੋਅ ਦੀ ਮਹੱਤਤਾ 'ਤੇ ਜ਼ੋਰ ਦੇ ਰਹੇ ਹਨ

## ਗੁਰੂ ਨਾਨਕ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਦਾ ਨਤੀਜਾ 100 ਫੀਸਦੀ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਗੁਰੂ ਨਾਨਕ ਮਿਸ਼ਨ ਹਸਪਤਾਲ ਟਰੱਸਟ ਜਲੰਧਰ ਵੱਲੋਂ ਚਲਾਏ ਜਾ ਰਹੇ ਗੁਰੂ ਨਾਨਕ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਝਾਵਾ ਵਿਖੇ ਪੰਜਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਪ੍ਰਿੰਸੀਪਲ ਰਜਿੰਦਰ ਕੁਮਾਰੀ ਨੇ ਦੱਸਿਆ ਕਿ ਪੰਜਵੀਂ ਕਲਾਸ ਦੀ ਪ੍ਰੀਖਿਆ ਦੌਰਾਨ ਸਕੂਲ ਦੇ ਕੁਲ 52 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਦਿੱਤੀ ਸੀ ਅਤੇ ਸਾਲਾਨਾ ਨਤੀਜੇ 'ਚੋਂ ਜੈਸਮੀਨ ਕੌਰ ਨੇ 500/500 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ, ਰਾਜਵੀਰ ਸਿੰਘ ਨੇ 498/500 ਅੰਕ ਪ੍ਰਾਪਤ ਕਰਕੇ ਦੂਸਰਾ ਤੇ ਜਸਲੀਨ ਕੌਰ ਨੇ 495/500 ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਸਾਰੇ ਵਿਦਿਆਰਥੀਏ ਨੇ ਫਸਟ ਡਿਵੀਜ਼ਨ ਵਿੱਚ ਪੰਜਵੀਂ ਦੀ ਪ੍ਰੀਖਿਆ ਪਾਸ ਕੀਤੀ ਹੈ। ਸਕੂਲ ਦੇ ਇਸ ਸ਼ਾਨਦਾਰ ਨਤੀਜੇ 'ਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਟਰਸਟ ਜਲੰਧਰ ਦੇ ਪ੍ਰਧਾਨ ਗੁਰਬਖਸ਼ ਸਿੰਘ ਜੁਨੇਜਾ, ਸਕੂਲ ਮੈਨੇਜਰ ਬਲਵੀਰ ਸਿੰਘ ਅਤੇ ਪ੍ਰਿੰਸੀਪਲ ਰਜਿੰਦਰ ਕੁਮਾਰੀ ਨੇ ਸਾਰੇ ਵਿਦਿਆਰਥੀਆਂ ,ਉਹਨਾਂ ਦੇ ਮਾਤਾ ਪਿਤਾ ਅਤੇ ਸਾਰੇ ਮਿਹਨਤੀ ਸਟਾਫ ਨੂੰ ਮੁਬਾਰਕਬਾਦ ਦਿੱਤੀ ਅਤੇ ਆਸ ਪ੍ਰਗਟ ਕੀਤੀ ਕਿ ਭਵਿੱਖ ਵਿੱਚ ਵੀ ਸਕੂਲ ਦੇ ਵਿਦਿਆਰਥੀ ਇਸੇ ਤਰ੍ਹਾਂ ਹੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕਰਨਗੇ।

## ਰਾਜੇਸ਼ ਭਬਿਆਣਾ ਦੀ ਨਵੀਂ ਪੁਸਤਕ 'ਪਰਾਧੀਨਤਾ ਪਾਪ ਹੈ' ਰਿਲੀਜ਼



**ਫਗਵਾੜਾ (ਜਸਵਿੰਦਰ ਢੱਡਾ)** ਸ੍ਰੀ ਗੁਰੂ ਰਵਿਦਾਸ ਗੁਰੂ ਘਰ ਫਰੈਂਕਫੁਰਟ ਜਰਮਨੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦਾ 647ਵਾਂ ਆਗਮਨ ਪੁਰਬ ਬਹੁਤ ਸ਼ਰਧਾ ਸਤਿਕਾਰ ਪ੍ਰੇਮ ਭਾਈਚਾਰੇ ਨਾਲ ਮਨਾਇਆ ਗਿਆ। ਜਿਸ ਵਿੱਚ ਸਤਿਗੁਰੂ ਰਵਿਦਾਸ ਅੰਮ੍ਰਿਤਬਾਣੀ ਦੇ ਜਾਪ ਕੀਤੇ ਗਏ ਗੁਰੂ ਘਰ ਦੇ ਕੀਰਤਨੀਏ ਜੱਥੇ ਭਾਈ ਸਾਹਿਬ ਲਖਵਿੰਦਰ ਸਿੰਘ ਨੇ ਕ੍ਰਾਂਤੀਕਾਰੀ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਮਹਾਰਾਜ ਜੀ ਦੇ ਪਾਵਨ ਸੰਦੇਸ਼ ਨਾਲ ਜੋੜਿਆ ਗਿਆ। ਕੀਰਤਨ ਉਪਰੰਤ ਪ੍ਰਸਿੱਧ ਗਾਇਕ ਬੂਟਾ ਮਹੁੰਮਦ ਨੇ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ। ਉਪਰੰਤ ਊਸ਼ਾ ਰਾਜ ਜਰਮਨ ਨੇ ਗੁਰੂ ਰਵਿਦਾਸ ਜੀ ਦੇ ਕ੍ਰਾਂਤੀਕਾਰੀ ਸੰਦੇਸ਼ ਤੇ ਅਮਲ ਕਰਕੇ ਰਾਜਸੱਤਾ ਉਪਰ 2024 ਵਿੱਚ ਭਾਰਤ ਵਾਸੀਆਂ ਨੂੰ ਕਾਬਜ ਹੋਣ ਪੁਰਜੋਰ ਅਪੀਲ ਕੀਤੀ ਗਈ।ਇਸ ਮੌਕੇ ਮਿਸ਼ਨਰੀ ਗੀਤਕਾਰ ਰੱਤੂ ਰੰਧਾਵਾ ਦਾ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ।ਇਸ ਸਮਾਗਮ ਵਿੱਚ ਅਨੇਕਾਂ ਪੁਸਤਕਾਂ ਦੇ ਲਿਖਾਰੀ,ਬਹੁਜਨ ਮਹਾਪੁਰਸ਼ਾਂ ਦੇ ਜੀਵਨ, ਮਿਸ਼ਨ, ਸੰਘਰਸ਼ ਉਪਰ ਨਿਰੰਤਰ ਕਲਮ ਚਲਾਉਣ ਵਾਲੇ ਲੇਖਕ ਰਾਜੇਸ਼ ਭਬਿਆਣਾ ਦੀ ਗਿਆਰ੍ਹਵੀਂ ਪੁਸਤਕ ਪਰਾਧੀਨਤਾ ਪਾਪ ਹੈ ਜਾਨ ਲੇਹੁ ਰੇ ਮੀਤ ਗੁਰੂ ਮਹਾਰਾਜ ਜੀ ਦੀ ਹਾਜ਼ਰੀ ਵਿੱਚ ਸੰਗਤਾਂ ਵਿੱਚ ਲੋਕ ਅਰਪਣ ਕੀਤੀ ਗਈ। ਇਸ ਮੌਕੇ ਮਹਿੰਦਰ ਭੱਟੀ , ਸਤਨਾਮ ਮੱਲ, ਗੁਰਦੀਪ ਹੀਰ, ਮੱਖਣ ਕਲੇਰ , ਰਾਜ ਕੁਮਾਰ ਘੇੜਾ, ਤਿਲਕ ਰਾਜ, ਮਨਮੋਹਨ ਜੱਖੂ, ਸੁਦੇਸ਼ ਕੁਮਾਰ, ਕਿਸ਼ਨ ਭਾਟੀਆ, ਰੱਤੂ ਰੰਧਾਵਾ, ਬੂਟਾ ਮੁਹੰਮਦ, ਦੇਸ ਰਾਜ, ਸ੍ਰੀਮਤੀ ਊਸ਼ਾ ਰਾਜ ਸਮੇਤ ਯੂਰੋਪ ਦੀ ਸੰਗਤ ਨੇ ਸਮਾਗਮ ਵਿੱਚ ਹਾਜ਼ਰੀ ਲਗਵਾਈ।

## ਹੈੱਡਮਾਸਟਰ ਹਰਜੀਤ ਸਿੰਘ ਮਾਹਲ ਦਾ ਸਨਮਾਨ

**ਬੰਗਾ (ਅਵਤਾਰ ਕਲੇਰ)** ਖਾਲਸਾ ਹਾਈ ਸਕੂਲ ਚਰਨ ਕੰਵਲ ਬੰਗਾ ਦੇ ਹੈੱਡ ਮਾਸਟਰ ਹਰਜੀਤ ਸਿੰਘ ਮਾਹਲ ਸੇਵਾ ਮੁਕਤ ਹੋਏ ਹਨ। ਉਨਾਂ ਦੇ ਵਿਦਾਇਗੀ ਸਮਾਰੋਹ ਮੌਕੇ ਖਾਲਸਾ ਇੰਟਰਨੈਸ਼ਨਲ ਸਪੋਰਟਸ ਐਂਡ ਐਜੂਕੇਸ਼ਨਲ ਟਰੱਸਟ ਅਤੇ ਬੀਬੀ ਦਲਜੀਤ ਕੌਰ ਬੰਗਾ ਵੱਲੋਂ ਟਰਾਫੀ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਟਰੱਸਟ ਦੇ ਡਾਇਰੈਕਟਰ ਸਤਨਾਮ ਸਿੰਘ ਬੜੈਚ ਵੱਲੋਂ ਟਰੱਸਟ ਦੇ ਚੇਅਰਮੈਨ ਜਤਿੰਦਰ ਪਾਲ ਸਿੰਘ ਰੰਧਾਵਾ ਯੂ ਕੇ ਅਤੇ ਪ੍ਰਧਾਨ ਨਿਰਵੈਰ ਸਿੰਘ ਸੋਤਰਾਂ ਕਨੇਡਾ ਵੱਲੋਂ ਭੇਜੇ ਵਧਾਈ ਸੰਦੇਸ਼ ਨੂੰ ਵੀ ਪੜ੍ਹਿਆ ਗਿਆ। ਇਸ ਮੌਕੇ 'ਤੇ ਜਥੇਦਾਰ ਸੁਖਦੇਵ ਸਿੰਘ ਭੌਰ ,ਡਾਕਟਰ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ , ਪ੍ਰਿ ਤਰਸੇਮ ਸਿੰਘ ਭਿੰਡਰ , ਟਰੱਸਟ ਦੇ ਡਾਇਰੈਕਟਰ ਅਨਵਰ ,ਸਤਵੀਰ ਸਿੰਘ ਪੱਲੀ ਝਿੱਕੀ, ਜਰਨੈਲ ਸਿੰਘ ਪੱਲੀ ਝਿੱਕੀ ,ਪ੍ਰੋਫੈਸਰ ਗੁਰਿੰਦਰ ਸਿੰਘ, ਸਤਨਾਮ ਸਿੰਘ ਬੜੈਚ, ਤਜਿੰਦਰ ਸਿੰਘ ਮਠੰਡਾ ਅਤੇ ਵੱਡੀ ਗਿਣਤੀ ਵਿੱਚ ਹੋਰ ਸ਼ਖਸ਼ੀਅਤਾਂ ਵੀ ਹਾਜ਼ਰ ਸਨ।

## ਐੱਸ ਡੀ ਕਾਲਜ 'ਚ ਨਸ਼ਾ ਵਿਰੋਧੀ ਮੁਹਿੰਮ ਤਹਿਤ ਸਮਾਗਮ




**ਸੁਲਤਾਨਪੁਰ ਲੋਧੀ, (ਹਨੀ)** ਸਥਾਨਕ ਐਸ ਡੀ ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੇ ਦਿਸ਼ਾ ਨਿਰਦੇਸ਼ ਹੇਠ ਐਨ ਐਸ ਐਸ ਵਿਭਾਗ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਦੇ ਅੰਤਰਗਤ ਪੋਸਟਰ ਮੇਕਿੰਗ ਪ੍ਰਤੀਯੋਗਿਤਾ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਮਨ ਦੇ ਭਾਵਾਂ ਨੂੰ ਦੱਸਦੇ ਹੋਏ ਨਸ਼ਾ ਵਿਰੋਧੀ ਪੋਸਟਰ ਬਣਾਏ। ਇਸ ਦੌਰਾਨ ਬੀ ਏ ਭਾਗ ਪਹਿਲਾ ਦੀ ਵਿਦਿਆਰਥਣ ਕਿਰਨ ਕੌਰ ਪਹਿਲੇ ਸਥਾਨ 'ਤੇ ਰਹੀ। ਬੀ ਏ ਭਾਗ ਦੂਜਾ ਦੀਆਂ ਪਿੰਕੀ ਤੇ ਕਾਜਲ ਸਾਂਝੇ ਤੌਰ 'ਤੇ ਦੂਜਾ ਸਥਾਨ ਹਾਸਲ ਕਰਨ 'ਚ ਸਫਲ ਰਹੀਆਂ। ਤੀਸਰਾ ਸਥਾਨ ਐਸ ਬੀ.ਏ ਭਾਗ ਦੂਜਾ ਦੀ ਐਸ਼ ਤੀਜੇ ਸਥਾਨ 'ਤੇ ਰਹੀ। ਇਸ ਮੁਕਾਬਲੇ ਦਾ ਆਯੋਜਨ ਹਿੰਦੀ ਵਿਭਾਗ ਦੇ ਮੈਡਮ ਰਜਨੀ ਬਾਲਾ ਤੇ ਇਤਿਹਾਸ ਵਿਭਾਗ ਦੇ ਮੈਡਮ ਅੰਜਨਾ ਕੌਸਲ ਵੱਲੋਂ ਕੀਤਾ ਗਿਆ। ਮੈਡਮ ਸੁਨੀਤਾ ਕਲੇਰ ਨੇ ਇੱਕ ਲੈਕਚਰ ਰਾਹੀਂ ਵਿਦਿਆਰਥੀਆਂ ਨੂੰ ਨਸੇ ਦੇ ਬੁਰੇ ਪ੍ਰਭਾਵਾ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਸਮਾਜ 'ਚ ਧਿਆਨ ਰੱਖਣਾ ਚਾਹੀਦਾ ਹੈ ਕਿ ਜੇ ਕੋਈ ਸਾਡੇ ਆਲੇ ਦੁਆਲੇ ਨਸੇ ਦਾ ਪੀੜਤ ਰੋਗੀ ਹੈ ਤਾਂ ਉਹਨੂੰ ਸਮਝਾਇਆ ਜਾਵੇ ਅਤੇ ਉਸ ਨੂੰ ਨਸ਼ਾ ਨਾ ਕਰਨ ਦੇ ਸੁਝਾਅ ਦਿੱਤੇ ਜਾਣ।

## ਆਰ ਸੇਟੀ 'ਚ ਰੈਫਰੀਜਰੇਸ਼ਨ ਤੇ ਏਅਰ ਕੰਡੀਸ਼ਨਿੰਗ ਸੰਬੰਧੀ ਮੁਫ਼ਤ ਕੋਰਸ 19 ਤੋਂ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ, ਸਿਵਲ ਲਾਈਨਜ਼, ਹੁਸ਼ਿਆਰਪੁਰ ਵਿਖੇ ਸਥਿਤ ਪੀ ਐਨ ਬੀ ਆਰ ਸੇਟੀ (ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ) ਵੱਲੋਂ 19 ਅਪ੍ਰੈਲ ਤੋਂ ਰੈਫਰਿਜਰੇਸ਼ਨ ਅਤੇ ਏਅਰ ਕੰਡੀਸ਼ਨਿੰਗ ਸੰਬੰਧੀ ਇਕ ਮਹੀਨੇ ਦਾ ਮੁਫ਼ਤ ਸਿਖਲਾਈ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਡਾਇਰੈਕਟਰ ਰਜਿੰਦਰ ਕੁਮਾਰ ਭਾਟੀਆ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਆਧਾਰ ਕਾਰਡ ਦੀ ਕਾਪੀ, 2 ਪਾਸਪੋਰਟ ਸਾਈਜ਼ ਫੋਟੋ, ਵਿਦਿਅਕ ਯੋਗਤਾ ਸਰਟੀਫਿਕੇਟਾਂ ਦੀਆਂ ਕਾਪੀਆਂ ਅਤੇ ਐਸ.ਸੀ/ਬੀ.ਪੀ.ਐਲ. ਸਰਟੀਫਿਕੇਟ, ਜੇਕਰ ਕੋਈ ਹੋਵੇ ਤਾਂ 19 ਅਪ੍ਰੈਲ ਤੋਂ ਪਹਿਲਾਂ ਇੰਸਟੀਚਿਊਟ ਵਿਖੇ ਆ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਬਿਲਕੁਲ ਮੁਫ਼ਤ ਹੈ, ਸਗੋਂ ਇੰਸਟੀਚਿਊਟ ਵਿਚ ਬਿਨਾਂ ਕਿਸੇ ਫੀਸ ਦੇ ਦੁਪਹਿਰ ਦਾ ਖਾਣਾ ਅਤੇ ਚਾਹ ਦਿੱਤੀ ਜਾਂਦੀ ਹੈ।

## ਮਿਹਨਤੀ ਨੌਜਵਾਨਾਂ ਦੇ ਅੱਗੇ ਆਉਣ ਨਾਲ ਵਰਕਰਾਂ ਦੇ ਹੌਸਲੇ ਹੋਏ ਬੁਲੰਦ : ਲਾਲੀ ਬਾਜਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਯੂਥ ਅਕਾਲੀ ਦਲ ਵੱਲੋਂ ਹਮੇਸ਼ਾ ਪਾਰਟੀ ਦੀ ਮਜ਼ਬੂਤੀ ਵਿੱਚ ਅਹਿਮ ਯੋਗਦਾਨ ਦਿੱਤਾ ਜਾਂਦਾ ਰਿਹਾ ਹੈ ਤੇ ਸਾਨੂੰ ਪੂਰਾ ਵਿਸ਼ਵਾਸ਼ ਹੈ ਕਿ ਆਉਣ ਵਾਲੇ ਸਮੇਂ ਵਿੱਚ ਜ਼ਿਲ੍ਹਾ ਯੂਥ ਅਕਾਲੀ ਦਲ ਦੇਹਾਤੀ ਦੇ ਨਿਯੁਕਤ ਕੀਤੇ ਗਏ ਪ੍ਰਧਾਨ ਇੰਦਰਜੀਤ ਸਿੰਘ ਕੰਗ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾ ਕੇ ਪਾਰਟੀ ਦੇ ਹੱਕ ਵਿੱਚ ਇੱਕ ਲੋਕ ਲਹਿਰ ਸਥਾਪਿਤ ਕਰਨਗੇ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਵਾਈਸ ਪ੍ਰਧਾਨ ਤੇ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਜਤਿੰਦਰ ਸਿੰਘ ਲਾਲੀ ਬਾਜਵਾ ਵੱਲੋਂ ਆਪਣੇ ਗ੍ਰਹਿ ਵਿਖੇ ਇੰਦਰਜੀਤ ਸਿੰਘ ਕੰਗ ਦਾ ਸਨਮਾਨ ਕਰਨ ਸਮੇਂ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਮੇਹਨਤੀ ਤੇ ਜੁਝਾਰੂ ਨੌਜਵਾਨਾਂ ਨੂੰ ਵੱਡੇ ਅਹੁੱਦੇ ਦੇ ਕੇ ਅੱਗੇ ਕੀਤਾ ਗਿਆ ਹੈ ਜਿਸ ਨਾਲ ਪਾਰਟੀ ਵਰਕਰਾਂ ਤੇ ਆਗੂਆਂ ਦੇ ਹੌਸਲੇ ਬੁਲੰਦ ਹੋਣਗੇ। ਲਾਲੀ ਬਾਜਵਾ ਨੇ ਕਿਹਾ ਕਿ ਯੂਥ ਵਿੰਗ ਵੱਲੋਂ ਜਿੱਥੇ-ਜਿੱਥੇ ਵੀ ਪ੍ਰੋਗਰਾਮ ਦਿੱਤੇ ਜਾਣਗੇ ਸੀਨੀਅਰ ਲੀਡਰਸ਼ਿਪ ਉਨ੍ਹਾਂ ਨੂੰ ਕਾਮਯਾਬ ਕਰਨ ਵਿੱਚ ਪੂਰਾ ਸਹਿਯੋਗ ਦੇਵੇਗੀ। ਇਸ ਸਮੇਂ ਪ੍ਰਧਾਨ ਇੰਦਰਜੀਤ ਸਿੰਘ ਕੰਗ ਨੇ ਕਿਹਾ ਕਿ ਇਸ ਸਮੇਂ ਸੂਬੇ ਦਾ ਨੌਜਵਾਨ ਵਰਗ ਵੱਡੀ ਆਸ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਵੱਲ ਵੇਖ ਰਿਹਾ ਹੈ ਕਿ ਨੌਜਵਾਨ ਵਰਗ ਇਹ ਸਮਝ ਚੁੱਕਾ ਹੈ ਕਿ ਸੂਬੇ ਦੀ ਖੇਤਰੀ ਪਾਰਟੀ ਅਕਾਲੀ ਦਲ ਹੀ ਪੰਜਾਬ ਤੇ ਪੰਜਾਬੀਆਂ ਦਾ ਭਲਾ ਕਰ ਸਕਦੀ ਹੈ ਜਦੋਂ ਕਿ ਦਿੱਲੀ ਤੋਂ ਚੱਲਣ ਵਾਲੀਆਂ ਰਾਸ਼ਟਰੀ ਪਾਰਟੀਆਂ ਨੂੰ ਪੰਜਾਬ ਦੇ ਹਿੱਤਾਂ ਨਾਲੋਂ ਆਪਣੇ ਨਿੱਜੀ ਹਿੱਤ ਜਿਆਦਾ ਪਿਆਰੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੱਢੀ ਜਾ ਰਹੀ ਪੰਜਾਬ ਬਚਾਓ ਯਾਤਰਾ ਨੂੰ ਜਿਸ ਤਰ੍ਹਾਂ ਲੋਕਾਂ ਦਾ ਪਿਆਰ ਮਿਲ ਰਿਹਾ ਹੈ ਉਸ ਤੋਂ ਸਹਿਜ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਆਉਣ ਵਾਲੇ ਸਮੇਂ ਦੌਰਾਨ ਸੂਬੇ ਦੇ ਲੋਕ ਪੰਜਾਬ ਦੀ ਸੇਵਾ ਦੀ ਜ਼ਿੰਮੇਵਾਰੀ ਅਕਾਲੀ ਦਲ ਨੂੰ ਸੌਂਪਣ ਜਾ ਰਹੇ ਹਨ। ਇਸ ਮੌਕੇ ਜਸਵਿੰਦਰ ਸਿੰਘ ਛਾਉਣੀ ਕਲਾ, ਸਤਵਿੰਦਰ ਸਿੰਘ ਆਹਲੂਵਾਲੀਆ, ਰਵਿੰਦਰ ਸਿੰਘ, ਭੁਪਿੰਦਰ ਸਿੰਘ ਮਹਿੰਦੀਪੁਰ, ਮਨਦੀਪ ਸਿੰਘ, ਕਰਨਵੀਰ ਸਿੰਘ ਰੇਹਲ, ਸੂਰਜ ਸਿੰਘ ਬਾਗਪੁਰ, ਹਰਚਰਨ ਸਿੰਘ, ਧਰਮਿੰਦਰ ਸਿੰਘ, ਸਤਨਾਮ ਸਿੰਘ, ਹਰਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

## ਵੋਟ ਪ੍ਰਤੀਸ਼ਸ਼ਤਾ ਵਧਾਉਣ ਲਈ ਸਵੀਪ ਗਤੀਵਿਧੀਆਂ 'ਚ ਤੇਜ਼ੀ ਲਿਆਉਣ 'ਤੇ ਜ਼ੋਰ



**ਜਲੰਧਰ ( ਸ਼ੈਲੀ ਐਲਬਰਟ)**-ਲੋਕ ਸਭਾ ਚੋਣਾਂ-2024 ਦੌਰਾਨ ਜ਼ਿਲ੍ਹੇ ਵਿੱਚ 70 ਫੀਸਦੀ ਪੋਲਿੰਗ ਦੇ ਟੀਚੇ ਨੂੰ ਪਾਰ ਕਰਨ ਲਈ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਵੀਪ ਗਤੀਵਿਧੀਆਂ ਵਿੱਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੰਦਿਆਂ ਅਧਿਕਾਰੀਆਂ ਨੂੰ ਪਿਛਲੀਆਂ ਚੋਣਾਂ ਦੌਰਾਨ ਘੱਟ ਪੋਲਿੰਗ ਵਾਲੇ ਖੇਤਰਾਂ ਵਿੱਚ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਲਈ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨ ਲਈ ਕਿਹਾ।ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ, ਸਮੂਹ ਰਿਟਰਨਿੰਗ ਅਫ਼ਸਰਾਂ ਅਤੇ ਹੋਰ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਹਰ ਵੋਟਰ ਤੱਕ ਪਹੁੰਚ ਯਕੀਨੀ ਬਣਾਈ ਜਾਵੇ। ਖਾਸ ਕਰ ਅਜਿਹੇ ਪੋਲਿੰਗ ਖੇਤਰ, ਜਿਥੇ ਪਿਛਲੀਆਂ ਚੋਣਾਂ ਦੌਰਾਨ ਘੱਟ ਵੋਟਿੰਗ ਹੋਈ ਸੀ, ਵੱਲ ਵਧੇਰੇ ਤਵਜੋਂ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਵੋਟ ਫੀਸਦੀ ਵਿੱਚ ਵਾਧਾ ਕਰਕੇ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ ਟੀਚੇ ਨੂੰ ਹਾਸਲ ਕੀਤਾ ਜਾ ਸਕੇ।ਉਨ੍ਹਾਂ ਸਮੂਹ ਸਹਾਇਕ ਰਿਟਰਨਿੰਗ ਅਫ਼ਸਰਾਂ ਨੂੰ ਚੋਣਾਂ ਵਿੱਚ ਵੋਟਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਵਿਧਾਨ ਸਭਾ ਹਲਕਾ ਵਾਰ ਸਵੀਪ ਗਤੀਵਿਧੀਆਂ ਨੂੰ ਹੋਰ ਪ੍ਰਭਾਵੀ ਢੰਗ ਨਾਲ ਚਲਾਉਣ ਲਈ ਕਿਹਾ।ਡਾ. ਅਗਰਵਾਲ ਨੇ ਕਿਹਾ ਕਿ ਬੀ.ਐਲ.ਓਜ਼, ਵਲੰਟੀਅਰਾਂ, ਵਿਦਿਆਰਥੀਆਂ, ਆਂਗਣਵਾੜੀ ਵਰਕਰਾਂ, ਸੈਲਫ ਹੈਲਪ ਗਰੁੱਪਾਂ, ਨਹਿਰੂ ਯੁਵਾ ਕੇਂਦਰ, ਸਮਾਜ ਸੇਵੀ ਸੰਸਥਾਵਾਂ ਆਦਿ ਦੇ ਸਹਿਯੋਗ ਨਾਲ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਉਲੀਕੀਆਂ ਜਾਣ। ਖਾਸ ਕਰ ਨੌਜਵਾਨਾਂ, ਔਰਤਾਂ, ਪੀ.ਡਬਲਯੂ.ਡੀ., ਬਜ਼ੁਰਗ ਅਤੇ ਸ਼ਹਿਰੀ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵੋਟਰਾਂ ਨੂੰ ਆਪਣੇ ਵੋਟ ਦੇ ਹੱਕ ਪ੍ਰਤੀ ਸੁਚੇਤ ਕਰਨ ਲਈ ਸੋਸ਼ਲ ਮੀਡੀਆ, ਰੇਡੀਓ, ਐਫ.ਐਮ. ਸਮੇਤ ਸੰਚਾਰ ਦੇ ਹੋਰ ਵੱਖ-ਵੱਖ ਸਾਧਨਾਂ ਦੀ ਸੁਚੱਜੀ ਵਰਤੋਂ ਕੀਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਵੋਟਰ ਚੋਣਾਂ ਵਾਲੇ ਦਿਨ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਕਰਨ। ਜ਼ਿਲ੍ਹਾ ਚੋਣ ਅਫ਼ਸਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਵੋਟਾਂ ਵਾਲੇ ਦਿਨ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ ਸਹੂਲਤ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੌਜੂਦ ਹੋਣ। ਇਸ ਮੌਕੇ ਚੋਣ ਤਹਿਸੀਲਦਾਰ ਸੁਖਦੇਵ ਸਿੰਘ, ਚੋਣ ਤਹਿਸੀਲਦਾਰ ਰਾਕੇਸ਼ ਕਾਨੂੰਨਗੋ ਆਦਿ ਵੀ ਮੌਜੂਦ ਸਨ।

# ਅੰਧ-ਵਿਸ਼ਵਾਸ ਰੋਕੂ ਕਾਨੂੰਨ ਸੰਬੰਧੀ ਵਿਧਾਇਕ ਨੂੰ ਮੰਗ ਪੱਤਰ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੁਲਤਾਨਪੁਰ ਲੋਧੀ ਹਲਕੇ ਦੇ ਐਮ ਐਲ ਏ ਰਾਣਾ ਇੰਦਰ ਪ੍ਰਤਾਪ ਸਿੰਘ ਨੂੰ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੀ ਇਕਾਈ ਟਿੱਬਾ ਵੱਲੋਂ ਨੂੰ ਅੰਧ-ਵਿਸ਼ਵਾਸ ਰੋਕੂ ਕਾਨੂੰਨ ਦਾ ਮਤਾ ਪੰਜਾਬ ਵਿਧਾਨ ਸਭਾ ਵਿਚ ਉਠਾਉਣ ਦੀ ਮੰਗ ਕਰਦਾ ਪੱਤਰ ਸੌਂਪਿਆ ਗਿਆ। ਜੋਨ ਜਲੰਧਰ ਦੇ ਜਥੇਬੰਦ ਮੁਖੀ ਸੁਰਜੀਤ ਟਿੱਬਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਪਿਛਲੇ ਸਾਲ ਸੁਸਾਇਟੀ ਵੱਲੋਂ ਪੂਰੇ ਪੰਜਾਬ ਅੰਦਰ ਸਾਰੇ ਵਿਧਾਨ ਸਭਾ ਦੇ ਐਮ ਐਲ ਏਜ ਨੂੰ ਇਹ ਕਾਨੂੰਨ ਬਨਾਉਣ ਲਈ ਖਰੜੇ ਦੀ ਕਾਪੀ ਦਿੱਤੀ ਗਈ ਸੀ ਪਰ ਇਕ ਨੂੰ ਛੱਡ ਕੇ ਬਾਕੀ ਹੋਰ 116 ਐਮ ਐਲ ਏ ਨੇ ਇਸ ਸੰਬੰਧੀ ਵਿਧਾਨ ਸਭਾ ਵਿਚ ਕੋਈ ਚਾਰਾਜੋਈ ਨਹੀਂ ਕੀਤੀ ਜਦਕਿ ਸੁਸਾਇਟੀ ਵੱਲੋਂ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਨੂੰ ਇਸ ਖਰੜੇ ਦੀਆਂ ਕਾਪੀਆਂ ਦਸਤੀ ਦਿੱਤੀਆਂ ਜਾ ਚੁੱਕੀਆਂ ਹਨ।ਇਸਦੇ ਨਾਲ ਹੀ ਸਾਰੇ ਪੰਜਾਬ ਅੰਦਰ ਜਸਵਿੰਦਰ ਫਗਵਾੜਾ ਸੂਬਾ ਕਾਨੂੰਨ ਮੁਖੀ ਦੀ ਅਗਵਾਈ ਵਿਚ ਪੰਜਾਬ ਦੀਆਂ ਸਾਰੀਆਂ ਇਕਾਈਆਂ ਵੱਲੋਂ ਡਾਕ ਰਾਹੀਂ ਇਸ ਮੰਗ ਪੱਤਰ ਦੀਆਂ ਕਾਪੀਆਂ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਭੇਜੀਆਂ ਜਾ ਚੁੱਕੀਆਂ ਹਨ।ਸੁਰਜੀਤ ਟਿੱਬਾ ਨੇ ਦੱਸਿਆ ਕਿ ਪਿਛਲੇ ਇਕ ਦੋ ਸਾਲਾਂ ਵਿਚ ਹੀ ਬੱਚੇ ਬਲੀ ਦੇਣ ਦੀਆਂ ਚਾਰ ਘਟਨਾਵਾਂ ਵਾਪਰ ਚੁੱਕੀਆਂ ਹਨ ਤੇ ਤਾਂਤਰਿਕ ਬਾਬਿਆਂ ਦਾ ਧੰਦਾ ਜ਼ੋਰਾਂ ਸ਼ੋਰਾਂ ਨਾਲ ਚੱਲ ਰਿਹਾ ਹੈ ਜਿਸ ਰਾਹੀਂ ਮਿਹਨਤੀ ਲੋਕਾਂ ਦੀ ਆਰਥਿਕ, ਸਰੀਰਿਕ ਤੇ ਮਾਨਸਿਕ ਲੁੱਟ ਕੀਤੀ ਜਾਂਦੀ ਹੈ।ਉਹਨਾਂ ਕਿਹਾ ਕਿ ਜੇਕਰ ਇਹ ਕਾਨੂੰਨ ਹੋਂਦ ਵਿਚ ਆ ਜਾਂਦਾ ਹੈ ਤਾਂ ਇਹ ਲੁਟੇਰੇ ਆਮ ਲੋਕਾਂ ਦੀ ਲੁੱਟ ਨਹੀਂ ਕਰ ਸਕਣਗੇ ਅਤੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਹੋਣਗੇ।ਉਹਨਾਂ ਦੱਸਿਆ ਕਿ ਕਿਵੇਂ ਸ਼ੋਸ਼ਲ ਮੀਡੀਆ ਉਪਰ ਤਾਂਤਰਿਕਾਂ ਦੀ ਐਡ ਆ ਰਹੀ ਤੇ ਲੋਕ ਜਾਣੇ-ਅਣਜਾਣੇ ਵਿਚ ਇਹਨਾਂ ਦੀ ਲੁੱਟ ਦਾ ਸ਼ਿਕਾਰ ਹੋ ਰਹੇ ਹਨ।ਰਾਣਾ ਇੰਦਰ ਪ੍ਰਤਾਪ ਸਿੰਘ ਨੇ ਸੁਸਾਇਟੀ ਦੇ ਮੈਂਬਰਾਂ ਨੂੰ ਵਿਸ਼ਵਾਸ ਦੁਵਾਇਆ ਕਿ ਉਹ ਆਉਣ ਵਾਲੇ ਸ਼ੈਸ਼ਨ ਵਿਚ ਇਸ ਸੰਬੰਧੀ ਤਿਆਰੀ ਕਰਕੇ ਜਾਣਗੇ ਤੇ ਕਾਨੂੰਨ ਬਨਾਉਣ ਲਈ ਪੂਰੀ ਕੋਸ਼ਿਸ਼ ਕਰਨਗੇ।ਇਸ ਮੌਕੇ ਇਕਾਈ ਮੁਖੀ ਮਾ. ਜਸਬੀਰ ਸਿੰਘ, ਮਾ. ਚਰਨ ਸਿੰਘ, ਮਦਨ ਲਾਲ,ਬਲਰਾਜ ਸਿੰਘ, ਬਨਵਾਰੀ ਲਾਲ,ਹਰਜਿੰਦਰ ਸਿੰਘ ਸੁਲਤਾਨਪੁਰ ਲੋਧੀ ਹਾਜਰ ਸਨ।

## ਸੰਤ ਬਾਬਾ ਦੂਲਾ ਸਿੰਘ ਮੈਮੋਰੀਅਲ ਪਬਲਿਕ ਸਕੂਲ ਦਾ ਪੰਜਵੀਂ ਕਲਾਸ ਦਾ ਨਤੀਜਾ ਸ਼ਾਨਦਾਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੈਂਜੋਮਜਾਰਾ ਠੱਕਰਵਾਲ ਵਿਖੇ ਸੰਤ ਬਾਬਾ ਦੂਲਾ ਸਿੰਘ ਮੈਮੋਰੀਅਲ ਪਬਲਿਕ ਸਕੂਲ ਦਾ ਪੰਜਵੀਂ ਜਮਾਤ ਦਾ 100% ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸਨ ਸਿੰਘ ਸੋਢੀ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਪੰਜਾਬ ਰਾਜ ਸਿੱਖਿਆ ਬੋਰਡ ਵੱਲੋਂ ਪੰਜਵੀਂ ਕਲਾਸ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਜਿਸ 'ਚ ਸੰਤ ਬਾਬਾ ਦੂਲਾ ਸਿੰਘ ਮੈਮੋਰੀਅਲ ਪਬਲਿਕ ਸਕੂਲ ਦੇ ਬੱਚਿਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਨਤੀਜੇ ਵਿੱਚ ਸਰੇਆ ਕੁਮਾਰੀ 500/473 ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਦੀਸ਼ੀਕਾ 500/467 ਅੰਕ ਪ੍ਰਾਪਤ ਕਰਕੇ ਕੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਪ੍ਰਭਜੋਤ ਕੌਰ 500/ 466 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੰਗਤ ਸਿੰਘ ਨੇ ਬੱਚਿਆਂ ਨੂੰ ਯਾਦਗਾਰ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਤੇ ਸਕੂਲ ਵਿੱਚ ਫਸਟ ਆਏ ਬੱਚਿਆਂ ਨੂੰ ਕਿਤਾਬਾਂ ਬਿਲਕੁਲ ਮੁਫਤ ਦਿੱਤੀਆਂ ਜਾਂਦੀਆ ਹਨ।




ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸਨ ਸਿੰਘ ਸੋਢੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ ਵਾਇਸ ਚੇਅਰਮੈਨ, ਪ੍ਰਧਾਨ ਦਰਸਨ ਸਿੰਘ ਰਾਜਾ, ਸਰਬਜੀਤ ਸਿੰਘ ਸਾਬੀ, ਗੁਰਪ੍ਰੀਤ ਸਿੰਘ ਗੋਪੀ, ਪ੍ਰਿੰਸੀਪਲ ਮੰਗਤ ਸਿੰਘ, ਪਰਮਜੀਤ ਕੌਰ, ਮਨਪ੍ਰੀਤ ਕੌਰ, ਬੰਧਨਾਂ, ਨਰਿੰਦਰ ਕੌਰ, ਅਚਨ ਕੁਮਾਰੀ, ਸੁਨੈਨਾ, ਨਵਦੀਪ ਕੌਰ, ਜੋਤੀ, ਜਸਪ੍ਰੀਤ ਕੌਰ, ਦੀਕਸਾ ਆਦਿ ਹਾਜ਼ਰ ਸਨ।

# ਪਹਿਲੀ ਵਾਰ 'ਯੂਥ ਮੈਨੇਜਡ ਬੂਥ' ਬਣਾਏ ਜਾਣਗੇ : ਡੀ ਸੀ ਆਸ਼ਿਕਾ ਜੈਨ

**ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)**- ਆਉਣ ਵਾਲੀਆਂ ਲੋਕ ਸਭਾ ਚੋਣਾਂ-2024 ਵਿੱਚ ਨੌਜਵਾਨਾਂ ਖਾਸ ਕਰਕੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਦੀ ਭਾਗੀਦਾਰੀ ਨੂੰ ਉਤਸ਼ਾਹਤ ਕਰਨ ਲਈ ਇੱਕ ਨਵੀਂ ਪਹਿਲਕਦਮੀ ਕਰਦੇ ਹੋਏ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਤਿੰਨ ਨੌਜਵਾਨ ਸਟਾਫ ਦੁਆਰਾ ਸੰਚਾਲਿਤ ਪੋਲਿੰਗ ਬੂਥ ਬਣਾਏ ਜਾਣਗੇ, ਜੋ ਚੋਣਾਂ ਦੇ ਇਤਿਹਾਸ ਵਿੱਚ ਆਪਣੀ ਕਿਸਮ ਦੀ ਮਿਸਾਲ ਹੋਵੇਗੀ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪਹਿਲੀ ਵਾਰ ਬਣੇ ਵੋਟਰਾਂ ਅਤੇ ਨੌਜਵਾਨ ਵੋਟਰਾਂ ਨੂੰ ਹੁਲਾਰਾ ਦੇਣ ਲਈ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਹਰੇਕ ਵਿਧਾਨ ਸਭਾ ਹਲਕੇ ਵਿੱਚ ਪੋਲਿੰਗ ਪ੍ਰਕਿਰਿਆ ਦਾ ਪ੍ਰਬੰਧਨ ਕਰਨ ਲਈ ਸਭ ਤੋਂ ਘੱਟ ਉਮਰ ਦੇ ਸਟਾਫ ਦੀ ਤਾਇਨਾਤੀ ਦੇ ਨਾਲ ਇੱਕ-ਇੱਕ ਪੋਲਿੰਗ ਬੂਥ ਸਥਾਪਤ ਕੀਤਾ ਜਾਵੇਗਾ। ਜ਼ਿਲ੍ਹਾ ਪ੍ਰਸ਼ਾਸਨ ਨੇ ਇਨ੍ਹਾਂ ਬੂਥਾਂ ਦੀ ਪਛਾਣ 52-ਖਰੜ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਸ਼ਿੰਗਾਰੀਵਾਲਾ (ਬੂਥ ਨੰਬਰ 9), ਮਿਲੇਨੀਅਮ ਸਕੂਲ, ਫੇਜ਼-5, ਮੁਹਾਲੀ (ਬੂਥ ਨੰ. 158) 53-ਐਸ ਏ ਐਸ ਨਗਰ ਵਿੱਚ ਅਤੇ ਏ.ਟੀ.ਐਸ. ਵੈਲੀ ਸਕੂਲ ਡੇਰਾਬੱਸੀ (ਬੂਥ ਨੰ: 167) 112-ਡੇਰਾਬੱਸੀ ਵਜੋਂ ਕੀਤੀ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਸ਼ੈਮਰੌਕ ਵੰਡਰਜ਼ ਸਕੂਲ, ਜਮੁਨਾ ਅਪਾਰਟਮੈਂਟ ਖਾਨਪੁਰ, ਖਰੜ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫੇਜ਼ 3ਬੀ1, ਮੁਹਾਲੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਡੇਰਾਬੱਸੀ ਵਿਖੇ ਮਹਿਲਾ ਸਟਾਫ ਦੁਆਰਾ ਪ੍ਰਬੰਧਿਤ ਤਿੰਨ ਪਿੰਕ ਬੂਥ ਵੀ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਪੋਲਿੰਗ ਬੂਥਾਂ ਵਿੱਚ ਪੋਲਿੰਗ ਸਟਾਫ਼, ਪੁਲਸ ਅਤੇ ਸੁਰੱਖਿਆ ਕਰਮਚਾਰੀਆਂ ਸਮੇਤ ਸਮੁੱਚਾ ਸਟਾਫ਼ ਔਰਤਾਂ ਦਾ ਹੀ ਹੋਵੇਗਾ। ਇਨ੍ਹਾਂ ਪੋਲਿੰਗ ਬੂਥਾਂ ਨੂੰ ਉਨ੍ਹਾਂ ਦੇ ਗੁਲਾਬੀ ਡਿਜ਼ਾਈਨ ਦੁਆਰਾ ਵੱਖਰਾ ਕੀਤਾ ਜਾਵੇਗਾ, ਜਿਸ ਵਿੱਚ ਗੁਲਾਬੀ ਸਜਾਵਟੀ ਸਮੱਗਰੀ ਅਤੇ ਟੇਬਲ ਕਵਰ ਸ਼ਾਮਲ ਹਨ। ਉਨ੍ਹਾ ਕਿਹਾ ਕਿ ਇਸ ਨਾਲ ਮਹਿਲਾ ਪੋਲਿੰਗ ਸਟਾਫ਼ ਦਾ ਆਤਮ ਵਿਸ਼ਵਾਸ ਵੀ ਵਧੇਗਾ ਜਿਸ ਨਾਲ ਉਨ੍ਹਾਂ ਨੂੰ ਆਪਣੀ ਡਿਊਟੀ ਹੋਰ ਤਨਦੇਹੀ ਅਤੇ ਕੁਸ਼ਲਤਾ ਨਾਲ ਨਿਭਾਉਣ ਲਈ ਉਤਸ਼ਾਹਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮਹਿਲਾ ਵੋਟਰਾਂ ਨੂੰ ਵੱਡੀ ਗਿਣਤੀ ਵਿੱਚ ਵੋਟਿੰਗ ਪ੍ਰਕਿਰਿਆ ਵਿੱਚ ਭਾਗ ਲੈਣ ਦਾ ਸੁਨੇਹਾ ਵੀ ਮਿਲੇਗਾ। ਦਿਵਿਆਂਗ (ਪੀ ਡਬਲਿਊ ਡੀ) ਵੋਟਰਾਂ ਦੀ ਭਾਗੀਦਾਰੀ ਨੂੰ ਹੁਲਾਰਾ ਦੇਣ ਲਈ ਜ਼ਿਲ੍ਹੇ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਦੁਸਹਿਰਾ ਗਰਾਊਂਡ ਖਰੜ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਸੋਹਾਣਾ (ਮੁਹਾਲੀ) ਅਤੇ ਡੇਰਾਬੱਸੀ ਵਿੱਚ ਭਾਰਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਤਿੰਨ ਦਿਵਿਆਂਗ ਪੋਲਿੰਗ ਬੂਥ ਵੀ ਬਣਾਏ ਜਾਣਗੇ, ਜਿਨ੍ਹਾਂ ਦਾ ਪ੍ਰਬੰਧਨ ਦਿਵਿਆਂਗ ਸਟਾਫ਼ ਵੱਲੋਂ ਕੀਤਾ ਜਾਵੇਗਾ। ਸ੍ਰੀਮਤੀ ਜੈਨ ਨੇ ਇਹ ਵੀ ਖੁਲਾਸਾ ਕੀਤਾ ਕਿ ਉਪਰੋਕਤ ਵੱਖ-ਵੱਖ ਬੂਥਾਂ ਤੋਂ ਇਲਾਵਾ 1 ਜੂਨ ਨੂੰ ਮਤਦਾਨ ਵਾਲੇ ਦਿਨ ਜ਼ਿਲ੍ਹੇ ਵਿੱਚ ਵੋਟਰਾਂ ਦਾ ਖਰੜ ਵਿੱਚ 09, ਐਸ.ਏ.ਐਸ. ਨਗਰ ਵਿੱਚ 07 ਅਤੇ ਡੇਰਾਬੱਸੀ ਵਿੱਚ 06 ਬੂਥਾਂ ਸਮੇਤ 22 ਹੋਰ ਮਾਡਲ ਪੋਲਿੰਗ ਬੂਥਾਂ ਦਾ ਰੈੱਡ ਕਾਰਪੇਟ ਵਿਛਾ ਕੇ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਉਪਰੋਕਤ ਸਾਰੇ ਅਤੇ ਮਾਡਲ ਪੋਲਿੰਗ ਬੂਥਾਂ ਨੂੰ ਪੂਰੀ ਤਰਾਂ ਸਜਾਇਆ ਜਾਵੇਗਾ ਅਤੇ ਰੰਗੋਲੀ, ਕਤਾਰਾਂ ਦਾ ਪ੍ਰਬੰਧ, ਪੀਣ ਵਾਲੇ ਪਾਣੀ ਦੀਆਂ ਮੁਢਲੀਆਂ ਸਹੂਲਤਾਂ, ਮੈਡੀਕਲ ਸਹਾਇਤਾ, ਪਖਾਨੇ, ਸਹਾਇਤਾ ਲਈ ਵਾਲੰਟੀਅਰ ਅਤੇ ਕਰੈਚ ਆਦਿ ਦਾ ਪ੍ਰਬੰਧ ਕੀਤਾ ਜਾਵੇਗਾ। ਮਾਡਲ ਪੋਲਿੰਗ ਬੂਥਾਂ ਚ ਸੈਂਚੁਰੀ ਪਬਲਿਕ ਸਕੂਲ ਕਰੋੜਾਂ, ਹਿਮਾਲਿਆ ਪਬਲਿਕ ਸਕੂਲ ਕਰੋੜਾਂ, ਮੁੰਨਾ ਲਾਲ ਪੁਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੱਲਾਂਪੁਰ ਗਰੀਬਦਾਸ, ਸਰਕਾਰੀ ਹਾਈ ਸਕੂਲ ਦੇਸੂ ਮਾਜਰਾ, ਚਕਵਾਲ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਕੁਰਾਲੀ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੁਰਾਲੀ, ਹੈਂਡਰਸਨ ਜੁਬਲੀ ਸੀਨੀਅਰ ਸੈਕੰਡਰੀ ਸਕੂਲ ਖਰੜ, ਖਾਲਸਾ ਸੀਨੀਅਰ ਸੈਕੰਡਰੀ ਸਕੂਲ ਖਰੜ ਵਿਖੇ ਅਤੇ ਟੈਗੋਰ ਨਿਕੇਤਨ ਹਾਈ ਸਕੂਲ ਖਰੜ ਦੀ ਮਾਡਲ ਪੋਲਿੰਗ ਬੂਥਾਂ ਦੀ ਪਛਾਣ ਕੀਤੀ ਗਈ ਹੈ। ਐਸ ਏ ਐਸ ਨਗਰ ਵਿੱਚ ਵਿੱਚ ਸਰਕਾਰੀ ਹਾਈ ਸਕੂਲ ਸਨੇਟਾ, ਸ਼ਾਸਤਰੀ ਮਾਡਲ ਸਕੂਲ ਫੇਜ਼-1, ਐਸ.ਏ.ਐਸ.ਨਗਰ, ਗਿਆਨ ਜੋਤੀ ਪਬਲਿਕ ਸਕੂਲ, ਫੇਜ਼-2, ਐਸ.ਏ.ਐਸ.ਨਗਰ, ਸ਼ੇਰਵੁੱਡ ਕਾਨਵੈਂਟ ਪਬਲਿਕ ਸਕੂਲ, ਫੇਜ਼-4, ਮੁਹਾਲੀ, ਮਾਨਵ ਮੰਗਲ ਸਮਾਰਟ ਸਕੂਲ, ਫੇਜ਼-10, ਮੁਹਾਲੀ, ਸਰ ਮੈਕਲੋਗ ਪਬਲਿਕ ਸਕੂਲ, ਫੇਜ਼-11, ਐਸ.ਏ.ਐਸ. ਨਗਰ, ਸ਼ਿਸ਼ੂ ਨਿਕੇਤਨ ਪਬਲਿਕ ਸਕੂਲ, ਸੈਕਟਰ-66, ਐਸ.ਏ.ਐਸ ਨਗਰ ਮਾਡਲ ਪੋਲਿੰਗ ਬੂਥ ਵਜੋਂ ਸ਼ਨਾਖਤ ਕੀਤੇ ਗਏ ਹਨ। ਡੇਰਾਬੱਸੀ ਵਿੱਚ ਦੀਕਸ਼ਾਂਤ ਗਲੋਬਲ ਸਕੂਲ, ਵੀ ਆਈ ਪੀ ਰੋਡ, ਜ਼ੀਰਕਪੁਰ, ਸਰਕਾਰੀ ਐਲੀਮੈਂਟਰੀ ਸਕੂਲ ਪੀਰ ਮੁਛੱਲਾ, ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਸਕੂਲ ਡੇਰਾਬੱਸੀ, ਮਿਨਰਵਾ ਡਿਵਾਈਨ ਪਬਲਿਕ ਸਕੂਲ ਜ਼ੀਰਕਪੁਰ, ਸਰਕਾਰੀ ਹਾਈ ਸਕੂਲ ਬਲਟਾਨਾ ਅਤੇ ਐੱਸਐੱਸ ਜੈਨ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਡੇਰਾਬੱਸੀ ਸ਼ਾਮਲ ਹਨ।

# ਪਵਿੱਤਰ ਵੇਈਂ 'ਚ 350 ਕਿਊਸਿਕ ਪਾਣੀ ਛੱਡਣ ਦੀਆਂ ਹਦਾਇਤਾਂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਕਾਲੀ ਵੇਂਈ ਤੇ ਵਿਸਾਖੀ ਮਨਾਉਣ ਦੇ ਮੱਦੇਨਜ਼ਰ ਵੇਂਈ ਵਿੱਚ ਮੁਕੇਰੀਆਂ ਹਾਈਡਲ ਚੈਨਲ ਤੋਂ 350 ਕਿਊਸਿਕ ਪਾਣੀ ਛੱਡਣ ਦੀਆਂ ਹਿਦਾਇਤਾਂ ਕੀਤੀਆਂ ਗਈਆਂ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਵੱਲੋਂ ਜਲ ਸਰੋਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਅਤੇ ਪੰਜਾਬ ਐਨਰਜੀ ਡਿਵਲਪਮੈਂਟ ਏਜੰਸੀ (ਪੇਡਾ) ਦੇ ਮੁੱਖ ਅਫਸਰ ਨੂੰ ਸਪੱਸ਼ਟ ਹਿਦਾਇਤਾਂ ਕੀਤੀਆਂ ਹਨ ਕਿ ਪਵਿੱਤਰ ਵੇਂਈ ਵਿੱਚ 350 ਕਿਊਸਿਕ ਪਾਣੀ ਛੱਡਣਾ ਯਕੀਨੀ ਬਣਾਇਆ ਜਾਵੇ ਕਿਉਂਕਿ ਅਪ੍ਰੈਲ 2015, 2017 ਅਤੇ 2021 ਵਿੱਚ ਗੁਰਦੁਆਰਾ ਬੇਰ ਸਾਹਿਬ ਨੇੜੇ ਅਤੇ ਵੇਈਂ ਦੇ ਹੋਰ ਹਿੱਸਿਆਂ ਵਿੱਚ ਵੱਡੀ ਗਿਣਤੀ ਵਿੱਚ ਮੱਛੀਆਂ ਮਰੀਆਂ ਸੀ। ਜਿਸ ਬਾਰੇ ਮੱਛੀ ਪਾਲਣ ਵਿਭਾਗ, ਪੰਜਾਬ ਜਲ ਸਪਲਾਈ ਅਤੇ ਸੀਵਰੇਜ਼ ਬੋਰਡ ਅਤੇ ਪੰਜਾਬ ਪ੍ਰਦੂਸ਼ਣ ਬੋਰਡ ਦੀਆਂ ਟੀਮਾਂ ਨੇ ਵੇਂਈ ਵਿੱਚ ਪੈ ਰਹੇ ਗੰਦੇ ਪਾਣੀਆਂ ਦੇ ਵੱਖ ਵੱਖ ਥਾਵਾਂ ਤੋਂ ਸੈਂਪਲ ਇਕੱਠੇ ਕੀਤੇ ਸੀ। ਇਹ ਟੀਮਾਂ ਇਸ ਨਤੀਜੇ ਤੇ ਪਹੁੰਚੀਆਂ ਸੀ ਕਿ ਇਹਨਾਂ ਦਿਨਾਂ ਵਿੱਚ ਮੱਛੀ ਦੇ ਪੂੰਗ ਵਿੱਚ ਵਾਧਾ ਹੁੰਦਾ ਹੈ। ਗੰਦੇ ਪਾਣੀ ਪੈਣ ਕਾਰਨ ਆਕਸੀਜਨ ਦੀ ਮਾਤਰਾ ਘੱਟ ਜਾਂਦੀ ਸੀ ਤੇ ਮੁਕੇਰੀਆਂ ਹਾਈਡਲ ਚੈਨਲ ਅਤੇ ਕਾਂਜਲੀ ਤੋਂ ਸਾਫ ਪਾਣੀ ਘਟਾ ਦਿੱਤਾ ਜਾਂਦਾ ਸੀ। ਜਿਸ ਕਾਰਨ ਇਹ ਮੱਛੀਆਂ ਮਰਨ ਦਾ ਖਤਰਾ ਹਰ ਵਾਰ ਬਣਿਆ ਰਹਿੰਦਾ ਸੀ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਨੇ ਪੱਤਰ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਇਸ ਬਾਰੇ ਲੋੜੀਂਦੀ ਕਾਰਵਾਈ ਕੀਤੀ ਜਾਵੇ ਅਤੇ ਅਗਾਊਂ ਹੀ ਪ੍ਰਬੰਧ ਕੀਤੇ ਜਾਣ।

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਪਰਕ ਕਰਨ 'ਤੇ ਕਿਹਾ ਕਿ ਉਹਨਾਂ ਬੀਤੀ ਦਿਨੀ ਵੇਂਈ ਵਿੱਚ ਪਾਣੀ ਛੱਡਣ ਲਈ ਹਿਦਾਇਤਾਂ ਕੀਤੀਆਂ ਸੀ ਤਾਂ ਜੋ ਮੱਛੀਆ ਦੇ ਮਰਨ ਦੀ ਘਟਨਾ ਮੁੜ ਨਾ ਵਾਪਰੇ। ਉਹਨਾਂ ਦੱਸਿਆ ਕਿ ਸੰਗਤਾਂ ਵੱਡੀ ਗਿਣਤੀ ਵਿੱਚ ਵਿਸਾਖੀ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਸ ਪਵਿੱਤਰ ਕਾਲੀ ਵੇਂਈ ਦੇ ਦਰਸ਼ਨਾਂ ਲਈ ਪਹੁੰਚਦੀਆਂ ਹਨ ਅਤੇ ਜਿੱਥੇ ਇਸ ਵੇਂਈ ਦੇ ਜਲ ਵਿੱਚੋਂ ਚੂਲਾ ਭਰਦੀਆਂ ਹਨ ਉੱਥੇ ਇਸ਼ਨਾਨ ਵੀ ਕਰਦੀਆਂ ਹਨ।ਉਹਨਾਂ ਵੱਲੋਂ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਹਿਦਾਇਤ ਵੀ ਕੀਤੀ ਕਿ ਵੇਂਈ ਵਿੱਚ ਪਾਣੀ ਛੱਡਣ ਦੀ ਸੂਰਤ ਵਿੱਚ ਇਹ ਧਿਆਨ ਰੱਖਿਆ ਜਾਵੇ ਕਿ ਵੇਂਈ ਕਿਨਾਰੇ ਢਿੱਗਾਂ ਡਿੱਗਣ ਨਾਲ ਕਿਸਾਨਾਂ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਨੁਕਸਾਨ ਨਾ ਹੋਏ।

# ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫ਼ੋਰਮ ਵੱਲੋਂ ਮੰਗਾਂ ਨੂੰ ਲੈ ਕੇ ਕਨਵੈਨਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫ਼ੋਰਮ ਪੰਜਾਬ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੱਦੇ 'ਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਸਰਕਲ ਫਿਰੋਜ਼ਪੁਰ ਦੀ ਕਨਵੈਨਸ਼ਨ ਟੀ ਐੱਸ ਯੂ ਮੁੱਖ ਦਫਤਰ ਫਿਰੋਜ਼ਪੁਰ ਕੈਂਟ ਵਿਖੇ ਸਵੇਰੇ 11 ਵਜੇ ਤੋਂ ਸ਼ਾਮ 3 ਵਜੇ ਤੱਕ ਹੋਈ। ਇਸ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਨੇ ਜਥੇਬੰਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਿਛਲੇ ਲੰਮੇ ਸਮੇਂ ਤੋਂ ਬਿਜਲੀ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜੋ ਕਿ ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਜੁਆਇੰਟ ਫ਼ੋਰਮ ਪੰਜਾਬ ਵੱਲੋਂ ਸਾਂਝੇ ਮੰਗ ਪੱਤਰ ਰਾਹੀਂ ਪਾਵਰਕਾਮ ਮੈਨੇਜਮੈਂਟ ਨੂੰ ਦਿੱਤੀਆਂ ਹਨ, ਉਨ੍ਹਾਂ ਮੰਗਾਂ ਦਾ ਹੱਲ ਕਰਨ ਲਈ ਜਥੇਬੰਦੀਆਂ ਦੇ ਆਗੂਆਂ ਨਾਲ 5 ਮਾਰਚ 2024 ਦੀ ਮੀਟਿੰਗ, ਜੋ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਸੀ, ਪਰ ਪੰਜਾਬ ਸਰਕਾਰ ਵੱਲੋਂ ਇਹ ਮੀਟਿੰਗ ਨਾ ਕਰਕੇ ਮੁਲਾਜ਼ਮਾਂ ਨਾਲ ਕੋਝਾ ਮਜ਼ਾਕ ਕੀਤਾ ਗਿਆ ਹੈ, ਜਿਸ ਕਾਰਨ ਮੁਲਾਜ਼ਮ ਜਥੇਬੰਦੀਆਂ ਨੇ 13 ਮਾਰਚ 2024 ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਧਰਨਾ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਤਾਂ ਫਿਰ ਪੰਜਾਬ ਸਰਕਾਰ ਨੇ ਦੁਬਾਰਾ ਮੀਟਿੰਗ 15 ਮਾਰਚ 2024 ਨੂੰ ਕਰਨ ਦਾ ਭਰੋਸਾ ਦਿੱਤਾ, ਪਰ ਪੰਜਾਬ ਸਰਕਾਰ ਵੱਲੋਂ ਇਹ ਮੀਟਿੰਗ ਅੱਗੇ 19 ਮਾਰਚ 2024 ਨੂੰ ਕਰਨ ਬਾਰੇ ਪੱਤਰ ਆਗੂਆਂ ਨੂੰ ਸੌਂਪ ਦਿੱਤਾ ਅਤੇ ਮੀਟਿੰਗ ਨਹੀਂ ਕੀਤੀ।ਮੁਲਾਜ਼ਮਾਂ ਦੀਆਂ ਹੱਕੀ ਮੰਗਾਂ, ਜੋ ਪੰਜਾਬ ਸਰਕਾਰ ਤੇ ਬਿਜਲੀ ਮੈਨੇਜਮੈਂਟ ਵੱਲੋਂ ਮੰਨੀਆਂ ਗਈਆਂ ਹਨ, ਪਰ ਲਾਗੂ ਨਹੀਂ ਕੀਤੀਆਂ ਜਾ ਰਹੀਆਂ।ਇਨ੍ਹਾਂ ਮੰਗਾਂ ਨੂੰ ਅੱਖੋਂ ਪਰੋਖੇ ਕਰਦੇ ਹੋਏ ਪੰਜਾਬ ਸਰਕਾਰ ਨੇ ਸਾਲਾਨਾ ਬਜਟ ਵਿੱਚ ਕੋਈ ਵੀ ਰਕਮ ਮੁਲਾਜ਼ਮਾਂ ਦੇ ਹੱਕ ਪੂਰਨ ਲਈ ਨਹੀਂ ਰੱਖੀ, ਜਿਸ ਕਾਰਨ ਮੁਲਾਜ਼ਮਾਂ ਵੱਲੋਂ ਆਪਣਾ ਰੋਸ ਜ਼ਾਹਰ ਕਰਨ ਲਈ ਬਜਟ ਦੀਆਂ ਕਾਪੀਆਂ ਵੀ ਸਾੜੀਆਂ ਗਈਆਂ। ਪੰਜਾਬ ਸਰਕਾਰ ਦੇ ਇਸ ਬੇਰੁਖੀ ਵਾਲੇ ਰਵੱਈਏ ਕਾਰਨ ਸਾਰੇ ਪੰਜਾਬ ਦੇ ਮੁਲਾਜ਼ਮ ਰੋਹ ਵਿੱਚ ਹਨ ਤੇ ਆਰ-ਪਾਰ ਦੀ ਲੜਾਈ ਲਈ ਕਾਹਲੇ ਹਨ, ਜਿਸ ਕਾਰਨ ਇਸ ਸੰਘਰਸ਼ ਪ੍ਰੋਗਰਾਮ ਦੀ ਰੂਪ ਰੇਖਾ ਤਿਆਰ ਕਰਨ ਲਈ ਸਾਰੇ ਸਰਕਲਾਂ ਵਿੱਚ ਕਨਵੈਨਸ਼ਨਾਂ ਰੱਖੀਆਂ ਗਈਆਂ ਹਨ।ਇਸ ਕਨਵੈਨਸ਼ਨ ਵਿੱਚ ਵੱਖ ਵੱਖ ਬੁਲਾਰਿਆਂ ਤੋਂ ਇਲਾਵਾ ਬਿਜਲੀ ਮੁਲਾਜ਼ਮ ਏਕਤਾ ਮੰਚ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ, ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਸਕੱਤਰ ਹਰੀ ਕਿਸ਼ਨ, ਜਗਤਾਰ ਸਿੰਘ ਪ੍ਰਧਾਨ ਟੈਕਨੀਕਲ ਸਰਵਿਸਿਜ਼ ਯੂਨੀਅਨ ਸਰਕਲ ਫਿਰੋਜ਼ਪੁਰ, ਮੇਲਾ ਸਿੰਘ ਪੀਐੱਸਈਬੀ ਇੰਪਲਾਈਜ਼ ਏਟਕ, ਜਲਾਲਾਬਾਦ ਡਵੀਜ਼ਨ ਪ੍ਰਧਾਨ ਸ਼ੇਰ ਸਿੰਘ, ਸੰਦੀਪ ਕੁਮਾਰ, ਰਾਜੇਸ਼ ਕੁਮਾਰ, ਜਗਸੀਰ ਸਿੰਘ ਢੀਂਡਸਾ, ਅਜਮੇਰ ਸਿੰਘ, ਰੂਪ ਸਿੰਘ, ਕੁਲਵੰਤ ਸਿੰਘ, ਰਜੇਸ਼ ਦੇਵਗਨ ਸਬ ਅਰਬਨ ਡਵੀਜ਼ਨ ਪ੍ਰਧਾਨ, ਰਵੀ ਸ਼ਰਮਾ, ਸੁਭਾਸ਼ ਚੰਦਰ, ਦਰਸ਼ਨ ਸਿੰਘ ਸੇਖਵਾਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਸੁਰਜੀਤ ਸ਼ਰਮਾ, ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਸੁਰਿੰਦਰ ਸ਼ਰਮਾ ਨੇ ਵੀ ਸੰਬੋਧਨ ਕੀਤਾ।

# ਦੋ ਕਿਲੋ ਅਫ਼ੀਮ ਸਮੇਤ ਇੱਕ ਕਾਬੂ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** ਨਸ਼ਿਆਂ ਵਿਰੁੱਧ ਛੇੜੀ ਮੁਹਿੰਮ ਤਹਿਤ ਪੁਲਸ ਨੇ ਇੱਕ ਵਿਅਕਤੀ ਪਾਸੋਂ ਭਾਰੀ ਮਾਤਰਾ ਵਿੱਚ ਅਫ਼ੀਮ ਬਰਾਮਦ ਕੀਤੇ ਜਾਣ ਦਾ ਦਾਅਵਾ ਕੀਤਾ ਹੈ।ਡੀਐਸਪੀ ਸੁਨਾਮ ਮਨਦੀਪ ਸਿੰਘ ਸੰਧੂ ਤੇ ਥਾਣਾ ਲੌਂਗੋਵਾਲ ਦੇ ਐਸਐਚਓ ਇੰਸਪੈਕਟਰ ਵਿਨੋਦ ਕੁਮਾਰ ਨੇ ਦੱਸਿਆ ਕਿ ਬਡਰੁੱਖਾਂ ਚੌਂਕੀ ਇੰਚਾਰਜ ਸਹਾਇਕ ਥਾਣੇਦਾਰ ਮੇਹਰ ਸਿੰਘ ਸਮੇਤ ਥਾਣਾ ਲੌਂਗੋਵਾਲ ਦੀ ਪੁਲਸ ਵੱਲੋਂ ਕਸਬੇ ਦੇ ਬਸ ਸਟੈਂਡ ਉੱਪਰ ਨਾਕਾਬੰਦੀ ਕੀਤੀ ਹੋਈ ਸੀ, ਇਸ ਦੌਰਾਨ ਉਨ੍ਹਾਂ ਨੂੰ ਕਿਸੇ ਮੁਖ਼ਬਰ ਵਿਸ਼ੇਸ਼ ਨੇ ਇਤਲਾਹ ਦਿੱਤੀ ਕਿ ਕਮਲਦੀਪ ਗੋਇਲ ਉਰਫ਼ ਸੋਨੀ ਪੁੱਤਰ ਸੁਰੇਸ਼ ਕੁਮਾਰ ਵਾਸੀ ਪੱਤੀ ਸੁਨਾਮੀ ਲੌਂਗੋਵਾਲ ਜੋ ਬਾਹਰ ਤੋਂ ਅਫ਼ੀਮ ਲੈ ਕੇ ਵੇਚਣ ਦਾ ਧੰਦਾ ਕਰਦਾ ਆ ਰਿਹਾ ਹੈ। ਉਸ ਨੇ ਆਪਣੇ ਘਰ ਵਿੱਚ ਭਾਰੀ ਮਾਤਰਾ ਵਿੱਚ ਅਫ਼ੀਮ ਲੈ ਕੇ ਰੱਖੀ ਹੋਈ ਹੈ। ਜੇਕਰ ਇਸ 'ਤੇ ਕੋਈ ਕਾਰਵਾਈ ਕੀਤੀ ਜਾ ਜਾਵੇ ਤਾਂ ਉਥੋਂ ਅਫ਼ੀਮ ਭਾਰੀ ਮਾਤਰਾ ਵਿੱਚ ਬਰਾਮਦ ਹੋ ਸਕਦੀ ਹੈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮੁਖ਼ਬਰ ਦੀ ਦਿੱਤੀ ਇਤਲਾਹ ਤੇ ਜਦੋਂ ਉਕਤ ਦੋਸ਼ੀ ਵਿਅਕਤੀ ਦੇ ਘਰ ਵਿਖੇ ਰੇਡ ਕੀਤੀ ਗਈ ਤਾਂ ਉਸ ਦੇ ਘਰ ਵਿੱਚੋਂ ਦੋ ਕਿਲੋ ਅਫ਼ੀਮ ਬਰਾਮਦ ਹੋਈ ਇਸ ਵੱਡੀ ਰਿਕਵਰੀ ਨੂੰ ਲੈ ਕੇ ਥਾਣਾ ਲੌਂਗੋਵਾਲ ਵਿਖੇ ਦੋਸ਼ੀ ਕਮਲਦੀਪ ਗੋਇਲ ਉਰਫ਼ ਸੋਨੀ ਪੁੱਤਰ ਸੁਰੇਸ਼ ਕੁਮਾਰ ਖਿਲਾਫ਼ ਐਨਡੀਪੀਐਸ ਐਕਟ ਅਧੀਨ ਮਾਮਲਾ ਦਰਜ ਕਰ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤਾਂ ਜੁ ਮਾਮਲੇ ਦੀ ਹੋਰ ਗੰਭੀਰਤਾ ਨਾਲ ਜਾਂਚ ਕੀਤੀ ਜਾ ਸਕੇ ਤੇ ਦੋਸ਼ੀ ਪਾਸੋਂ ਹੋਰ ਵਧੇਰੇ ਪੁੱਛ ਪੜਤਾਲ ਕੀਤੀ ਜਾ ਸਕੇ।

# ਪ੍ਰਵੀਨ ਗਰਗ ਰਾਈਸ ਬ੍ਰੈਨ ਡੀਲਰਜ਼ ਐਸੋ. ਦੇ ਸਰਪ੍ਰਸਤ ਬਣੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਖੇਤਰ ਦੇ ਉੱਘੇ ਸਿੱਖਿਆ ਸ਼ਾਸਤਰੀ ਤੇ ਆਈ ਐੱਸ ਐੱਫ ਕਾਲਜ ਆਫ਼ ਫਾਰਮੇਸੀ ਦੇ ਚੇਅਰਮੈਨ ਪ੍ਰਵੀਨ ਗਰਗ ਨੂੰ ਰਾਈਸ ਬ੍ਰੈਨ ਡੀਲਰਜ਼ ਐਸੋਸੀਏਸ਼ਨ ਦਾ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪ੍ਰਧਾਨ ਨਵੀਨ ਸਿੰਗਲਾ ਨੇ ਦੱਸਿਆ ਕਿ ਰਾਈਸ ਬ੍ਰੈਨ ਡੀਲਰਜ਼ ਐਸੋਸੀਏਸ਼ਨ 128 ਪੰਜਾਬ ਦੀ ਇੱਕ ਨਾਮਵਰ ਸਮਾਜ ਸੇਵੀ ਸੰਸਥਾ ਹੈ ਤੇ ਅੱਜ ਸਾਡੇ ਅਹੁਦੇਦਾਰਾਂ ਗ੍ਰਿਸ਼ੂ ਅਗਰਵਾਲ ਤੇ ਹਰਸ਼ ਕੁਮਾਰ ਗੋਇਲ ਦੇ ਯਤਨਾਂ ਸਦਕਾ ਪ੍ਰਵੀਨ ਗਰਗ ਦੀ ਨਿਯੁਕਤੀ ਕੀਤੀ ਗਈ ਹੈ। ਸੰਗਠਨ ਵਿੱਚ ਹਾਜ਼ਰ ਮੈਂਬਰਾਂ ਨੇ ਪ੍ਰਵੀਨ ਗਰਗ ਦਾ ਰਾਈਸ ਬ੍ਰੈਨ ਡੀਲਰਜ਼ ਐਸੋਸੀਏਸ਼ਨ 128 ਵਿੱਚ ਫੁੱਲਾਂ ਦੇ ਹਾਰ ਤੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ। ਇਸ ਮੌਕੇ ਆਈ.ਐੱਸ.ਐੱਫ. ਕਾਲਜ ਆਫ਼ ਫਾਰਮੇਸੀ ਵਿਖੇ ਮਹਾਮਾਈ ਦੀ ਚੌਂਕੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰਾਈਸ ਬ੍ਰੈਨ ਡੀਲਰਜ਼ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਪਰਵਾਰਾਂ ਸਮੇਤ ਹਾਜ਼ਰ ਹੋਏ। ਇਸ ਮੌਕੇ ਪ੍ਰਵੀਨ ਗਰਗ ਨੇ ਸਮੁੱਚੇ ਰਾਈਸ ਬ੍ਰੈਨ ਡੀਲਰਜ਼ ਐਸੋਸੀਏਸ਼ਨ ਦਾ ਧੰਨਵਾਦ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਵੀ ਸੰਸਥਾ ਦੀ ਬਿਹਤਰੀ ਲਈ ਹਰ ਸੰਭਵ ਉਪਰਾਲਾ ਤੇ ਸਹਿਯੋਗ ਕਰਨ ਦਾ ਭਰੋਸਾ ਦਿਵਾਇਆ। ਇਸ ਮੌਕੇ ਨਵੀਨ ਸਿੰਗਲਾ, ਰਾਜਕਮਲ ਕਪੂਰ, ਰਾਮ ਮਿੱਤਲ, ਸੁਬੋਧ ਜਿੰਦਲ, ਸੁਰਿੰਦਰ ਡੱਬੂ, ਸੰਦੀਪ ਜਿੰਦਲ, ਹਰਸ਼ ਗੋਇਲ, ਗ੍ਰਿਸ਼ੂ ਅਗਰਵਾਲ, ਵਿਕਾਸ ਸਿੰਗਲਾ, ਵਿਕਾਸ ਬਾਂਸਲ, ਅਮਿਤ ਸਿੰਗਲਾ, ਬਲਦੇਵ ਬਿੱਲਾ, ਨਵੀਨ ਗੋਇਲ ਐਡਵੋਕੇਟ, ਬਨਵਾਰੀ ਲਾਲ ਢੀਂਗਰਾ, ਵਿੱਕੀ ਗਰਗ, ਸੁਮਿਤ ਪੁਜਾਨਾ, ਨਾਨਕ ਚੋਪੜਾ, ਇੰਜੀ. ਜਨੇਸ਼ ਗਰਗ ਆਦਿ ਐਸੋਸੀਏਸ਼ਨ ਦੇ ਅਹੁਦੇਦਾਰ ਹਾਜ਼ਰ ਸਨ।

## ਕਾਤਰਾਂ

### ਸ਼ੋਕ ਸਮਾਚਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਥਾਣਾ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਸੰਜੀਵ ਕੁਮਾਰ ਦੇ ਪਿਤਾ ਸਵ. ਸ੍ਰੀ ਸੁਖਦੇਵ ਪੁਰੀ ਸੋਢੀ ਨਮਿਤ ਪਾਠ ਦਾ ਭੋਗ ਤੇ ਰਸਮ ਪਗੜੀ 8 ਅਪ੍ਰੈਲ ਨੂੰ ਬਾਅਦ ਦੁਪਹਿਰ 1 ਤੋਂ 2 ਵਜੇ ਤੱਕ ਹਨੂੰਮਾਨ ਮੰਦਰ, ਨੂਰਪੁਰ ਬੇਦੀ, ਤਹਿਸੀਲ ਆਨੰਦਪੁਰ ਸਾਹਿਬ ਵਿਖੇ ਹੋਵੇਗੀ।

### ਭੀਖ ਮੰਗਣ ਵਾਲੇ ਬੱਚਿਆਂ ਦੀ ਸ਼ਨਾਖ਼ਤ ਲਈ ਕੀਤੀ ਚੈਕਿੰਗ

**ਬੁਢਲਾਡਾ (ਅਸ਼ੋਕ ਲਾਕੜਾ)**-ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਾਊਂਸਲਰ ਰਾਜਿੰਦਰ ਕੁਮਾਰ ਵੱਲੋਂ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਬੁਢਲਾਡਾ ਦੀਆਂ ਵੱਖ-ਵੱਖ ਜਨਤਕ ਥਾਵਾਂ 'ਤੇ ਭੀਖ ਮੰਗਣ ਵਾਲੇ ਬੱਚਿਆਂ ਦੀ ਸ਼ਨਾਖ਼ਤ ਲਈ ਚੈਕਿੰਗ ਕੀਤੀ ਗਈ। ਉਨ੍ਹਾ ਜਨਤਕ ਥਾਵਾਂ 'ਤੇ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਭਾਗ ਵੱਲੋਂ ਬੱਚਿਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਤੋਂ ਸਭ ਦਾ ਜਾਣੂ ਹੋਣਾ ਲਾਜ਼ਮੀ ਹੈ ਤਾਂ ਜੋ ਕਿਸੇ ਲੋੜਵੰਦ ਬੱਚੇ ਦੀ ਮਦਦ ਕੀਤੀ ਜਾ ਸਕੇ। ਉਨ੍ਹਾ ਕਿਹਾ ਕਿ ਭੀਖ ਮੰਗਣ ਵਾਲੇ, ਗੁੰਮ ਹੋਏ ਜਾਂ ਲਾਵਾਰਿਸ ਬੱਚਿਆਂ ਦੇ ਮਿਲਣ 'ਤੇ ਸੂਚਨਾ, ਬਾਲ ਭਲਾਈ ਕਮੇਟੀ ਤੇ ਸਬੰਧਤ ਥਾਣੇ ਨੂੰ ਦੇਣੀ ਚਾਹੀਦੀ ਹੈ। ਜਿਣਸੀ ਐਕਟ ਬਾਰੇ ਜਾਣੂ ਕਰਵਾਉਂਦਿਆਂ ਉਨ੍ਹਾ ਕਿਹਾ ਕਿ ਮੋਬਾਇਲ 'ਤੇ ਗਲਤ ਸੁਨੇਹੇ ਭੇਜਣਾ ਤੇ ਬੱਚਿਆਂ ਨਾਲ ਛੇੜਛਾੜ ਕਰਨ 'ਤੇ ਸਖ਼ਤ ਸਜ਼ਾ ਦਾ ਕਾਨੂੰਨ ਹੈ। ਉਨ੍ਹਾ ਕਿਹਾ ਕਿ ਬਾਲ ਵਿਆਹ, ਬਾਲ ਮਜ਼ਦੂਰੀ ਤੇ ਕਿਸੇ ਮੁਸੀਬਤ ਵਿੱਚ ਮਿਲੇ ਬੱਚੇ ਦੀ ਮਦਦ ਲਈ ਪੁਲਸ ਵਿਭਾਗ, ਬਾਲ ਭਲਾਈ ਕਮੇਟੀ ਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਮਾਨਸਾ ਵਿਖੇ ਸੂਚਨਾ ਦਿੱਤੀ ਜਾ ਸਕਦੀ ਹੈ। ਇਸ ਮੌਕੇ ਪੁਲਸ ਵਿਭਾਗ ਵੱਲੋਂ ਜਸਵਿੰਦਰ ਸਿੰਘ ਤੇ ਕੰਵਲਦੀਪ ਸਿੰਘ ਹਾਜ਼ਰ ਸਨ।

### ਬਾਬਾ ਸਾਹਿਬ ਤੁਝੇ ਸਲਾਮ ਪ੍ਰੋਗਰਾਮ 21 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਸਬੰਧੀ 21 ਅਪ੍ਰੈਲ 2024 ਨੂੰ ਸੰਗਰੂਰ ਦੇ ਸਿੱਧੂ ਜੰਕਸ਼ਨ ਵਿਖੇ ਸੂਬਾ ਪੱਧਰੀ ਵਿਸ਼ਾਲ ਸਮਾਰੋਹ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਬਾਬਾ ਸਾਹਿਬ ਸਿਰਫ ਦਲਿਤਾਂ ਦੇ ਮਸੀਹਾ ਹੀ ਨਹੀਂ, ਸਗੋਂ ਪੂਰੇ ਦੇਸ਼ ਦੇ ਮਹਾਨ ਆਗੂ ਹਨ, ਜਿਨ੍ਹਾਂ ਨੇ ਆਪਣੀ ਕਲਮ ਨਾਲ ਭਾਰਤ ਦੇ ਸੰਵਿਧਾਨ ਦੀ ਰਚਨਾ ਕਰਕੇ ਸਭਨਾਂ ਨੂੰ ਬਰਾਬਰਤਾ ਦੇ ਹੱਕ ਦਿਵਾਏ ਹਨ, ਜਿਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ।ਕੌਮੀ ਪ੍ਰਧਾਨ ਨੇ ਕਿਹਾ ਕਿ 21 ਅਪ੍ਰੈਲ ਨੂੰ ਹੋ ਰਹੇ ਸੂਬਾ ਪੱਧਰੀ ਵਿਸ਼ਾਲ ਸਮਾਰੋਹ 'ਬਾਬਾ ਸਾਹਿਬ ਤੁਝੇ ਸਲਾਮ' ਵਿੱਚ ਪੰਜਾਬ ਭਰ ਵਿੱਚੋਂ ਸਮਾਜ ਸੇਵੀ ਤੇ ਵੱਖ ਵੱਖ ਖੇਤਰਾਂ 'ਚ ਪੁਲਾਂਘਾਂ ਪੁੱਟਣ ਵਾਲੀਆਂ 51 ਸ਼ਖ਼ਸੀਅਤਾਂ ਦਾ ਡਾ. ਅੰਬੇਡਕਰ ਸਟੇਟ ਐਵਾਰਡ ਨਾਲ ਸਨਮਾਨ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਵਿਸ਼ਾਲ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਸਭਨਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਹੈ।

### ਕੋਟ ਮੰਗਲ ਸਿੰਘ ਸਕੂਲ ਦੇ ਵਿਦਿਆਰਥੀਆਂ ਵੱਲੋਂ ਫਿਰ ਰਾਸ਼ਟਰੀ ਪੱਧਰ 'ਤੇ ਮੱਲਾਂ

**ਲੁਧਿਆਣਾ (ਐੱਮ ਐੱਸ ਭਾਟੀਆ)**-ਸਕੂਲ ਦੇ ਸਾਇੰਸ ਵਿਸ਼ੇ ਨਾਲ ਸੰਬੰਧਤ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਜੈਵ ਵਿਭਿੰਨਤਾ, ਪਾਣੀ ਦੀ ਸਾਂਭ ਸੰਭਾਲ ਤੇ ਕੂੜੇ ਕਰਕਟ ਦਾ ਨਿਪਟਾਰਾ ਵਰਗੇ ਭਖਦੇ ਮਸਲਿਆਂ 'ਤੇ ਵੱਖ-ਵੱਖ ਕਿਰਿਆਵਾਂ ਕੀਤੀਆਂ ਗਈਆਂ।ਇਨ੍ਹਾਂ ਕਿਰਿਆਵਾਂ ਦੌਰਾਨ ਵਿਦਿਆਰਥੀ, ਵਾਤਾਵਰਨ ਬਚਾਉਣ ਸਬੰਧੀ ਮੁਹਿੰਮ ਦਾ ਹਿੱਸਾ ਬਣੇ ਤੇ ਇਨ੍ਹਾਂ ਕਿਰਿਆਵਾਂ ਸਬੰਧੀ ਰਿਪੋਰਟ ਵੀ ਵਿਪਰੋ ਇੰਡੀਆ ਫਾਊਂਡੇਸ਼ਨ ਨੂੰ ਜਮ੍ਹਾਂ ਕਰਵਾਈ ਗਈ। ਵਿਦਿਆਰਥੀਆਂ ਦੀ ਮਿਹਨਤ ਦਾ ਮੁੱਲ ਪਾਉਂਦਿਆਂ ਵਿਪਰੋ ਇੰਡੀਆ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਕੈਸ਼ ਇਨਾਮ ਦਿੱਤੇ ਗਏ ਹਨ।ਇਨ੍ਹਾਂ ਸਾਰੀਆਂ ਕਿਰਿਆਵਾਂ ਦੀ ਅਗਵਾਈ ਕਰਨ ਵਾਲੇ ਸਮੂਹ ਅਧਿਆਪਕਾਂ ਸ੍. ਕੁਲਦੀਪ ਸਿੰਘ, ਮੈਡਮ ਸ਼ੈਫੀ ਮੱਕੜ, ਸ੍. ਸੁਖਦਰਸ਼ਨ ਸਿੰਘ, ਮੈਡਮ ਰਜਨੀ ਅਗਰਵਾਲ, ਮੈਡਮ ਸੁਰਜੀਤ ਕੌਰ, ਸ੍. ਤਜਿੰਦਰ ਸਿੰਘ ਤੇ ਸ਼੍ਰੀ ਅੰਕੁਸ਼ ਸ਼ਰਮਾ ਨੂੰ ਵੀ ਰਾਸ਼ਟਰੀ ਪੱਧਰ ਦੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਸਕੂਲ ਇੰਚਾਰਜ ਕੁਲਦੀਪ ਸਿੰਘ ਤੇ ਅਧਿਆਪਕਾਂ ਸੁਖਦਰਸ਼ਨ ਸਿੰਘ ਤੇ ਜਸਬੀਰ ਸਿੰਘ ਨੇ ਕਿਹਾ ਕਿ ਸਕੂਲ ਦਾ ਸਾਰਾ ਸਟਾਫ ਬਹੁਤ ਹੀ ਮਿਹਨਤੀ ਤੇ ਤਜਰਬੇਕਾਰ ਹੈ।ਇਸ ਸਕੂਲ ਦੇ ਕਈ ਵਿਦਿਆਰਥੀਆਂ ਨੇ ਪਿਛਲੇ ਸਾਲਾਂ ਵਿੱਚ ਵੀ ਜ਼ਿਲ੍ਹਾ ਪੱਧਰ, ਸੂਬਾ ਪੱਧਰ ਤੇ ਰਾਸ਼ਟਰੀ ਪੱਧਰ ਦੇ ਪੁਰਸਕਾਰ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।

# ਮਾਸਕ ਕੰਪਨੀ ਦੇ ਮਾਲਕ ਖਿਲਾਫ਼ ਧੋਖਾਧੜੀ ਦਾ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਿਲਡਿੰਗ ਮੈਟੀਰੀਅਲ ਸਪਲਾਈ ਕਰਨ ਵਾਲੇ ਦੁਕਾਨਦਾਰ ਪਲਵਿੰਦਰ ਸਿੰਘ ਦੀ ਸ਼ਿਕਾਇਤ 'ਤੇ ਮਾਛੀਵਾੜਾ ਪੁਲਸ ਨੇ ਸਮਰਾਲਾ ਰੋਡ 'ਤੇ ਸਥਿਤ ਇੱਕ ਮਾਸਕ ਬਣਾਉਣ ਵਾਲੀ ਕੰਪਨੀ ਦੇ ਮਾਲਕ ਗਗਨਦੀਪ ਸਿੰਘ ਖਿਲਾਫ਼ 25 ਲੱਖ ਰੁਪਏ ਦੀ ਧੋਖਾਧੜੀ ਕਰਨ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ। ਪਲਵਿੰਦਰ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਬਿਲਡਿੰਗ ਮੈਟੀਰੀਅਲ ਸਪਲਾਈ ਕਰਨ ਦਾ ਕੰਮ ਕਰਦਾ ਹੈ ਤੇ ਉਸ ਨੇ ਸਮਰਾਲਾ ਰੋਡ 'ਤੇ ਸਥਿਤ ਮੈ/ਸ ਓਕਸੀਕਲੀਅਰ ਪ੍ਰਾਈਵੇਟ ਲਿਮ. ਦੇ ਮਾਲਕ ਗਗਨਦੀਪ ਸਿੰਘ ਨੂੰ ਇਮਾਰਤ ਦੀ ਉਸਾਰੀ ਲਈ ਸਾਮਾਨ ਸਪਲਾਈ ਕਰਦਾ ਸੀ। ਸ਼ਿਕਾਇਤਕਰਤਾ ਅਨੁਸਾਰ ਪਹਿਲਾਂ ਤਾਂ ਇਹ ਸਾਮਾਨ ਲੈਣ ਵਾਲਾ ਵਿਅਕਤੀ ਮੈਨੂੰ ਆਪਣੀ ਫਰਮ ਦੇ ਚੈੱਕ ਦੇ ਕੇ ਮੈਟੀਰੀਅਲ ਖਰੀਦਦਾ ਰਿਹਾ, ਪਰ ਬਾਅਦ ਵਿਚ ਉਸ ਨੇ ਪੈਸੇ ਅਦਾ ਨਾ ਕੀਤੇ, ਬਲਕਿ ਇਹ ਕਿਹਾ ਕਿ ਜਦੋਂ ਉਸਾਰੀ ਦਾ ਕੰਮ ਮੁਕੰਮਲ ਹੋ ਜਾਵੇਗਾ ਤਾਂ ਉਸ ਦੀ ਅਦਾਇਗੀ ਕਰ ਦਿੱਤੀ ਜਾਵੇਗੀ। ਉਸਾਰੀ ਦਾ ਕੰਮ ਮੁਕੰਮਲ ਹੋਣ ਉਪਰੰਤ ਉਸ ਨਾਲ ਹਿਸਾਬ ਕੀਤਾ ਤਾਂ ਉਸ ਵੱਲ 25 ਲੱਖ 13 ਹਜ਼ਾਰ 450 ਰੁਪਏ ਬਕਾਇਆ ਨਿਕਲੇ ਤਾਂ ਗਗਨਦੀਪ ਸਿੰਘ ਨੇ ਉਸ ਨੂੰ 25 ਲੱਖ ਰੁਪਏ ਦਾ ਇੱਕ ਚੈੱਕ ਦੇ ਦਿੱਤਾ। ਸ਼ਿਕਾਇਤਕਰਤਾ ਪਲਵਿੰਦਰ ਸਿੰਘ ਅਨੁਸਾਰ ਜਦੋਂ ਉਸ ਨੇ ਬੈਂਕ ਵਿੱਚ ਚੈੱਕ ਲਗਾਇਆ ਤਾਂ ਇਹ ਬਾਊਂਸ ਹੋ ਗਿਆ ਅਤੇ ਬੈਂਕ ਨੇ ਰਿਪੋਰਟ ਦਿੱਤੀ ਕਿ ਦਸਤਖ਼ਤ ਸਹੀ ਨਹੀਂ ਹਨ, ਜਿਸ ਕਾਰਨ ਅਦਾਇਗੀ ਨਾ ਹੋ ਸਕੀ। ਪਲਵਿੰਦਰ ਸਿੰਘ ਅਨੁਸਾਰ ਜਦੋਂ ਉਹ ਆਪਣੀ ਰਾਸ਼ੀ ਲੈਣ ਲਈ ਉਸ ਦੀ ਮਾਸਕ ਬਣਾਉਣ ਵਾਲੀ ਫੈਕਟਰੀ ਵਿੱਚ ਗਿਆ ਤਾਂ ਉਸ ਨੂੰ ਪੈਸੇ ਦੇਣ ਤੋਂ ਸਾਫ਼ ਇਨਕਾਰ ਕਰ ਦਿੱਤਾ ਗਿਆ ਅਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ। ਪੁਲਸ ਉੱਚ ਅਧਿਕਾਰੀਆਂ ਵੱਲੋਂ ਜਦੋਂ ਸਾਰੇ ਮਾਮਲੇ ਦੀ ਜਾਂਚ ਕੀਤੀ ਗਈ ਤਾਂ ਗਗਨਦੀਪ ਸਿੰਘ ਖਿਲਾਫ਼ 25 ਲੱਖ ਰੁਪਏ ਦੀ ਧੋਖਾਧੜੀ ਦੇ ਕਥਿਤ ਦੋਸ਼ ਹੇਠ ਮਾਮਲਾ ਦਰਜ ਕਰ ਲਿਆ ਗਿਆ, ਪਰ ਇਸ ਸਬੰਧੀ ਕੋਈ ਗ੍ਰਿਫ਼ਤਾਰੀ ਨਹੀਂ ਹੋਈ।

# ਪ੍ਰਧਾਨ ਹੁਕਮ ਕਰਨ ਤਾਂ ਲੋਕ ਸਭਾ ਚੋਣ ਲੜਨ ਲਈ ਤਿਆਰ ਹਾਂ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਿਹਾ ਕਿ ਜੇਕਰ ਪਾਰਟੀ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਹੁਕਮ ਦੇਣ ਤਾਂ ਉਹ ਲੋਕ ਸਭਾ ਫਿਰੋਜ਼ਪੁਰ ਚੋਣ ਲੜਨ ਲਈ ਤਿਆਰ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਨੀ ਫੱਤਣਵਾਲਾ ਨੇ ਵੀਰਵਾਰ ਨੂੰ ਕੋਟਕਪੂਰਾ ਰੋਡ ਸਥਿਤ ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਇਸ ਵਾਰ ਅਕਾਲੀ ਦਲ ਦੀ ਕੋਰ ਕਮੇਟੀ ਨੇ ਫੈਸਲਾ ਕੀਤਾ ਕਿ ਪਾਰਟੀ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਚੋਣ ਨਹੀਂ ਲੜਨਗੇ, ਪਰ ਉਨ੍ਹਾਂ ਦੀ ਖੁਦ ਦੀ ਨਿੱਜੀ ਰਾਏ ਤੇ ਪੰਜਾਬ ਦੀ ਜਨਤਾ ਦਾ ਵਿਚਾਰ ਹੈ ਕਿ ਜੇਕਰ ਸ੍. ਸੁਖਬੀਰ ਬਾਦਲ ਚੋਣ ਲੜਦੇ ਹਨ ਤਾਂ ਉਹ ਪੰਜਾਬ 'ਚ ਸਭ ਤੋਂ ਵੱਧ ਵੋਟਾਂ ਨਾਲ ਚੋਣ ਜਿੱਤਣਗੇ, ਇਹ ਉਨ੍ਹਾਂ ਦਾ ਦਾਅਵਾ ਹੈ, ਪਰ ਜੇਕਰ ਉਹ ਚੋਣ ਨਹੀਂ ਲੜਨਾ ਚਾਹੁੰਦੇ ਤਾਂ ਅਜਿਹੇ ਹਾਲਤਾਂ 'ਚ ਪਾਰਟੀ ਉਨ੍ਹਾਂ ਨੂੰ ਟਿਕਟ ਦੇ ਕੇ ਨਵਾਜ਼ਦੀ ਹੈ ਤਾਂ ਉਹ ਇਹ ਸੀਟ ਅਕਾਲੀ ਦਲ ਦੀ ਝੋਲੀ 'ਚ ਜਿੱਤ ਕੇ ਪਾਉਣ ਲਈ ਜੀ-ਜਾਨ ਲਾ ਦੇਣਗੇ।ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਉਨ੍ਹਾਂ ਨੂੰ ਟਿਕਟ ਨਹੀਂ ਵੀ ਦਿੰਦੀ ਤਾਂ ਵੀ ਉਹ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰ ਨੂੰ ਪੂਰੀ ਸਪੋਰਟ ਕਰਨਗੇ ਤੇ ਮੋਢੇ ਨਾਲ ਮੋਢਾ ਜੋੜ ਕੇ ਪਾਰਟੀ ਦੀ ਤਰੱਕੀ ਤੇ ਦਿਨ-ਦੋਗੁਣੀ ਰਾਤ ਚੌਗੁਣੀ ਤਰੱਕੀ ਲਈ ਕੰਮ ਕਰਦੇ ਰਹਿਣਗੇ।ਇਹੀ ਨਹੀਂ ਪਾਰਟੀ ਵੱਲੋਂ ਜਿਸ ਵੀ ਉਮੀਦਵਾਰ ਨੂੰ ਚੋਣ ਮੈਦਾਨ 'ਚ ਉਤਾਰਿਆ ਜਾਵੇਗਾ, ਉਸ ਦੀ ਮਦਦ ਕਰਨਗੇ।ਉਨ੍ਹਾ ਜਿੰਨਾ ਜ਼ੋਰ ਆਪਣੀ ਟਿਕਟ ਜਿੱਤਣ 'ਤੇ ਲਾਉਣੀ ਸੀ, ਉਸ ਤੋਂ ਵੀ ਵੱਧ ਉਹ ਪਾਰਟੀ ਉਮੀਦਵਾਰ ਦੀ ਜਿੱਤ ਯਕੀਨੀ ਬਣਾਉਣ ਲਈ ਜ਼ੋਰ ਲਾਉਣਗੇ।ਇਸ ਮੌਕੇ ਸਾਬਕਾ ਚੇਅਰਮੈਨ ਮਨਜੀਤ ਸਿੰਘ ਬਰਾੜ ਫੱਤਣਵਾਲਾ, ਬੋਹੜ ਸਿੰਘ ਹਰਾਜ, ਰੇਸ਼ਮ ਸਿੰਘ ਕੋਟਲੀ ਦੇਵਨ, ਡੀ ਸੀ ਕੋਟਲੀ ਸੰਘਰ, ਭੋਲਾ ਔਲਖ, ਗੁਰਵਿੰਦਰ ਸਿੰਘ ਖੋਖਰ, ਦਿਲਬਾਗ ਸਿੰਘ, ਰੋਬੀ ਬਰਾੜ, ਸ਼ਮਿੰਦਰ ਸਿੰਘ ਸੰਧੂ, ਗੁਰਦਿਆਲ ਸਿੰਘ ਬਰਕੰਦੀ, ਜਸਪਾਲ ਸਿੰਘ, ਗੁਰਚਰਨ ਸਿੰਘ ਵਧਾਈ, ਪਰਮਜੀਤ ਗਿੱਲ, ਮੁਕੇਸ਼ ਕੁਮਾਰ, ਵਿੱਕੀ ਲੰਬੀ ਢਾਬ, ਸੰਕੇਤ ਗਿਲਹੋਤਰਾ, ਮਨੀ ਬਜਾਜ, ਪਿੰਡ ਜਗਤ ਸਿੰਘ ਵਾਲਾ ਦੇ ਸਾਬਕਾ ਸਰਪੰਚ ਪਰਮਜੀਤ ਸਿੰਘ, ਅੰਗਰੇਜ਼ ਸਿੰਘ, ਪ੍ਰਿਤਪਾਲ ਸਿੰਘ, ਰਾਜਵਿੰਦਰ ਸਿੰਘ ਬੁੜ੍ਹਾਗੁੱਜਰ, ਅਵਤਾਰ ਸਿੰਘ ਚੌਂਤਰਾ ਸਮੇਤ ਵੱਡੀ ਗਿਣਤੀ 'ਚ ਅਕਾਲੀ ਵਰਕਰ ਮੌਜੂਦ ਸਨ।

# ਕਰੀਵਾਲਾ 'ਚ ਸ਼ਹੀਦ ਭਗਤ ਸਿੰਘ ਵਿਚਾਰ ਮੰਚ ਦਾ ਗਠਨ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿੰਡ ਕਰੀਵਾਲਾ ਦੇ ਨਾਮਧਾਰੀ ਗੁਰਦੁਆਰਾ ਸਾਹਿਬ ਵਿਖੇ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੀ ਵਿਚਾਰਧਾਰਾ ਨਾਲ ਜੁੜੇ ਸਮਾਜ ਸੇਵੀਆਂ ਦੀ ਵਿਸ਼ੇਸ਼ ਮੀਟਿੰਗ ਅਵਤਾਰ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਵਿਚਾਰਧਾਰਾ ਨੂੰ ਫੈਲਾਉਣ ਹਿੱਤ ਸ਼ਹੀਦ ਭਗਤ ਸਿੰਘ ਵਿਚਾਰ ਮੰਚ ਦਾ ਗਠਨ ਕੀਤਾ ਗਿਆ।ਸ਼ਹੀਦ ਭਗਤ ਸਿੰਘ ਵਿਚਾਰ ਮੰਚ ਦੀ ਕਾਰਜਕਾਰਨੀ ਵਿੱਚ ਜਸਪਿੰਦਰ ਸਿੰਘ ਵਿਰਕ ਨੂੰ ਪ੍ਰਧਾਨ ਚੁਣਿਆ ਗਿਆ ਤੇ ਗੁਰਦੀਪ ਸਿੰਘ ਜਨਰਲ ਸਕੱਤਰ ਗੁਰਨਾਮ ਸਿੰਘ, ਕੁਲਦੀਪ ਸਿੰਘ, ਸਵਰਨ ਸਿੰਘ ਨੂੰ ਮੀਤ ਪ੍ਰਧਾਨ, ਗੁਰਮੇਜ ਸਿੰਘ ਨੂੰ ਸਕੱਤਰ, ਗੁਰਮੀਤ ਸਿੰਘ, ਗੁਰਦੇਵ, ਮੁਖਤਿਆਰ ਸਿੰਘ, ਕਸ਼ਮੀਰ ਸਿੰਘ ਤੇ ਅਵਤਾਰ ਸਿੰਘ ਨੂੰ ਕਾਰਜਕਾਰਨੀ ਮੈਂਬਰ ਚੁਣਿਆ ਗਿਆ।ਫ਼ੋਰਮ ਦੇ ਕੋਆਰਡੀਨੇਟਰ ਸੁਖਦੇਵ ਸਿੰਘ ਤੇ ਹੀਰਾ ਸਿੰਘ ਦਾ ਕਹਿਣਾ ਸੀ ਕਿ ਇਸ ਵਾਰ 23 ਮਾਰਚ 2024 ਦੇ ਸ਼ਹੀਦੀ ਦਿਵਸ ਮੌਕੇ ਸਾਰਿਆਂ ਵੱਲੋਂ ਸ਼ਹੀਦ ਭਗਤ ਸਿੰਘ ਵਿਚਾਰ ਮੰਚ ਬਣਾਉਣ ਦਾ ਸੁਝਾਅ ਦਿੱਤਾ ਗਿਆ ਸੀ, ਜਿਸ ਦਾ ਗਠਨ ਕੀਤਾ ਗਿਆ ਹੈ।ਇਨ੍ਹਾਂ ਆਗੂਆਂ ਦਾ ਕਹਿਣਾ ਸੀ ਕਿ ਇਹ ਇੱਕ ਗੈਰ-ਸਿਆਸੀ ਮੰਚ ਹੋਵੇਗਾ, ਜੋ ਸ਼ਹੀਦਾਂ ਦੇ ਵਿਚਾਰਾਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦਾ ਕੰਮ ਕਰੇਗਾ।ਇਸ ਮੌਕੇ ਪੰਜਾਬ ਸਿੰਘ,ਸਵਿੰਦਰ ਸਿੰਘ, ਜਗਤਾਰ ਸਿੰਘ, ਹਰਬੇਜ ਸਿੰਘ, ਦਰਬਾਰਾ ਸਿੰਘ, ਭਜਨ ਸਿੰਘ, ਛਿੰਦਾ ਸਿੰਘ, ਮੋਹਨ ਸਿੰਘ, ਬਲਜੀਤ ਸਿੰਘ, ਹਰਦੀਪ ਸਿੰਘ, ਜੀਤ ਸਿੰਘ, ਦਰਸ਼ਨ ਸਿੰਘ ਆਦਿ ਸ਼ਾਮਲ ਸਨ।

# ਡਾ. ਸਿੰਗਲਾ ਨੂੰ ਮਾਸਟਰ ਡਿਗਰੀ 'ਚ ਗੋਲਡ ਮੈਡਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੀ ਹੋਣਹਾਰ ਧੀ ਡਾ. ਹਿਨਾ ਸਿੰਗਲਾ ਨੇ ਮਾਸਟਰ ਇਨ ਪਬਲਿਕ ਹੈਲਥ ਡਿਗਰੀ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ ਹੈ।

ਵਿਨੋਦ ਸਿੰਗਲਾ ਦੀ ਲੜਕੀ ਹਿਨਾ ਸਿੰਗਲਾ ਨੂੰ ਇਹ ਗੋਲਡ ਮੈਡਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਵਾਈਸ ਚਾਂਸਲਰ ਰੇਨੂੰ ਵਿਜ ਨੇ ਦਿੱਤਾ। ਡਾ. ਹਿਨਾ ਸਿੰਗਲਾ ਨੇ ਇਹ ਗੋਲਡ ਮੈਡਲ ਪ੍ਰਾਪਤ ਕਰ ਇਲਾਕੇ ਤੇ ਪਰਵਾਰ ਦਾ ਨਾਮ ਰੌਸ਼ਨ ਕੀਤਾ ਹੈ।

# ਗੁਰੂ ਨਾਨਕ ਨੈਸ਼ਨਲ ਕਾਲਜ 'ਚ ਅੰਗਰੇਜ਼ੀ ਭਾਸ਼ਾ ਦੇ ਕਿੱਤਾਮੁਖੀ ਕੋਰਸ ਦੀ ਸਿਖਲਾਈ




**ਦੋਰਾਹਾ (ਹਰਮਿੰਦਰ ਸੇਠ)**

ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਡਿਪਾਰਟਮੈਂਟ ਆਫ਼ ਲਾਈਫ਼ ਲੌਂਗ ਲਰਨਿੰਗ ਐਂਡ ਐਕਸਟੈਂਸ਼ਨ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੁਆਰਾ ਉਲੀਕੇ ਗਏ ਅੰਗਰੇਜ਼ੀ ਭਾਸ਼ਾ ਨਾਲ ਸੰਬੰਧਤ ਕਿੱਤਾ ਮੁਖੀ ਕੋਰਸ ਦੀ ਸਿਖਲਾਈ ਪ੍ਰਾਪਤ ਕਰਨ ਵਾਲੇ 48 ਹੋਣਹਾਰ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਇਹ ਦੋ ਮਹੀਨੇ ਦਾ ਕੋਰਸ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਲਵਲੀਨ ਬੈਂਸ ਦੀ ਯੋਗ ਅਗਵਾਈ ਹੇਠ ਲਵਾਇਆ ਗਿਆ।

ਆਧੁਨਿਕ ਦੌਰ ਵਿੱਚ ਸੰਸਾਰਕ ਪੱਧਰ ਤੇ ਅੰਗਰੇਜ਼ੀ ਭਾਸ਼ਾ ਦਾ ਬੋਲਬਾਲਾ ਹੈ ਤੇ ਇਸ ਕੋਰਸ ਵਿੱਚ ਵਿਦਿਆਰਥੀਆਂ ਨੂੰ ਅੰਗਰੇਜ਼ੀ ਭਾਸ਼ਾ ਵਿੱਚ ਆਮ ਬੋਲਚਾਲ ਦੇ ਤੌਰ ਤਰੀਕੇ ਤੇ ਬਾਰੀਕੀਆਂ ਤੋਂ ਜਾਣੂ ਕਰਾਇਆ ਗਿਆ।ਇਹ ਕੋਰਸ ਵਿਦਿਆਰਥੀਆਂ ਲਈ ਬਹੁਤ ਹੀ ਲਾਹੇਵੰਦ ਸਿੱਧ ਹੋਇਆ। ਡਾ. ਲਵਲੀਨ ਬੈਂਸ ਵੱਲੋਂ ਵਿਦਿਆਰਥੀਆਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ ਗਈ।ਉਨ੍ਹਾਂ ਆਖਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੁਆਰਾ ਉਲੀਕੇ ਗਏ ਕਿੱਤਾ ਮੁਖੀ ਕੋਰਸ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਘਾੜਦੇ ਹਨ ਤੇ ਇਹ ਕੋਰਸ ਮੁਕੰਮਲ ਤੌਰ 'ਤੇ ਮੁਫ਼ਤ ਪ੍ਰਦਾਨ ਕੀਤੇ ਜਾਂਦੇ ਹਨ।ਉਨ੍ਹਾਂ ਡਿਪਾਰਟਮੈਂਟ ਆਫ਼ ਲਾਈਫ਼ ਲੌਂਗ ਲਰਨਿੰਗ ਐਂਡ ਐਕਸਟੈਂਸ਼ਨ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਚੇਅਰਪਰਸਨ ਡਾ. ਪਰਮਜੀਤ ਸਿੰਘ ਕੰਗ ਤੇ ਕੋਰਸ ਸੰਚਾਲਕ ਸ੍ਰੀ ਨੀਤਿਸ਼ ਕੁਮਾਰ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਜਿਨ੍ਹਾਂ ਨੇ ਕਾਲਜ ਦੇ ਅੰਗ੍ਰੇਜ਼ੀ ਵਿਭਾਗ ਨੂੰ ਇਹ ਮੌਕਾ ਦਿੱਤਾ ਕਿ ਉਹ ਵਿਦਿਆਰਥੀਆਂ ਨੂੰ ਇਸ ਅੰਤਰ-ਰਾਸ਼ਟਰੀ ਭਾਸ਼ਾ ਨੂੰ ਬੋਲਣ ਅਤੇ ਉਸ ਵਿੱਚ ਨਿੰਪਨਤਾ ਹਾਸਿਲ ਕਰਨ ਦੇ ਯੋਗ ਬਣਾ ਸਕਣ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।ਇਸ ਉਪਰੰਤ ਕਾਲਜ ਦੇ ਪ੍ਰਿੰਸੀਪਲ ਡਾ. ਨਿਰਲੇਪ ਕੌਰ ਦਿਓਲ ਨੇ ਵਿਦਿਆਰਥੀਆਂ ਨਾਲ ਆਪਣੇ ਕੀਮਤੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਪ੍ਰੋ. ਕੁਲਦੀਪ ਕੌਰ ਅਤੇ ਪ੍ਰੋ. ਰਵਿੰਦਰਪਾਲ ਕੌਰ ਮਾਂਗਟ ਵੀ ਹਾਜ਼ਰ ਸਨ।

# ਸ਼ਕਤੀ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਪੰਜਵੀਂ ਸ਼੍ਰੇਣੀ ਮਾਰਚ 2024 ਦੇ ਨਤੀਜਿਆਂ 'ਚ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਦੱਸਿਆ ਕਿ ਸਕੂਲ ਦੀਆਂ ਵਿਦਿਆਰਥਣਾਂ, ਜਿਨ੍ਹਾਂ ਵਿੱਚ ਖੇਮ ਕੌਰ ਸਪੁੱਤਰੀ ਭਗਵਾਨ ਸਿੰਘ, ਨਿਤਿਸ਼ ਕੁਮਾਰ ਪਾਲ ਸਪੁੱਤਰ ਮੁੰਨਾ ਪਾਲ ਨੇ 459/500 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਜਦਕਿ ਟੈਕਸਰਾ ਕੁਮਾਰ ਪੁੱਤਰੀ ਹਰੀ ਬਹਾਦਰ ਦੀਆਕੋਟੀ ਤੇ ਅਮਨਜੋਤ ਸਿੰਘ ਸਪੁੱਤਰ ਗੁਰਪ੍ਰੀਤ ਸਿੰਘ 446/500 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਮਰਚਕੀਰਤ ਕੌਰ ਸਪੁੱਤਰੀ ਪ੍ਰਦੀਪ ਸਿੰਘ ਨੇ 435/500 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸਮੇਂ ਵਿਦਿਆਰਥੀਆਂ ਦੀ ਪੜ੍ਹਾਈ ਪੱਖੋਂ ਇਸ ਸ਼ਾਨਦਾਰ ਕਾਰਗੁਜ਼ਾਰੀ ਸਕੂਲ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਅਤੇ ਸੁਮਨ ਸ਼ਰਮਾ ਨੇ ਸਮੂਹ ਸਟਾਫ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਸਕੂਲ ਵਿੱਚ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਥੀਆਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਰਾਜੀਵ ਵੈਦ ਬੌਬੀ, ਸੁਖਪਾਲ ਸਿੰਘ, ਗੁਰਪ੍ਰੀਤ ਸਿੰਘ, ਕਮਲੇਸ਼ ਸ਼ਰਮਾ, ਇੰਦਰਪਾਲ ਕੌਰ, ਨੇਹਾ ਸੂਦ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਸਨ।

# ਸਿਵਲ ਹਸਪਤਾਲ ਵਿਖੇ ਸਵੱਛ ਭਾਰਤ ਅਭਿਆਨ ਪੰਦਰਵਾੜੇ ਦੀ ਸ਼ੁਰੂਆਤ



**ਨਾਭਾ (ਵਰਿੰਦਰ ਵਰਮਾ)**-ਸਿਵਲ ਸਰਜਨ ਪਟਿਆਲਾ ਡਾ. ਜਗਪਾਲ ਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸਿਵਲ ਹਸਪਤਾਲ ਨਾਭਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸੰਜੇ ਗੋਇਲ ਦੀ ਅਗਵਾਈ ਹੇਠ ਸਿਵਲ ਹਸਪਤਾਲ ਨਾਭਾ ਵਿਖੇ ਸਵੱਛ ਭਾਰਤ ਅਭਿਆਨ ਪੰਦਰਵਾੜੇ ਦੀ ਸ਼ੁਰੂਆਤ ਸਵੱਛਤਾ ਸਹੁੰ ਨਾਲ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੰਜੇ ਗੋਇਲ ਨੇ ਕਿਹਾ ਕਿ ਸਵੱਛ ਭਾਰਤ ਅਭਿਆਨ ਸਬੰਧੀ ਪੰਦਰਵਾੜਾ 1 ਅਪ੍ਰੈਲ ਤੋਂ 15 ਅਪ੍ਰੈਲ 2024 ਤੱਕ ਮਨਾਇਆ ਜਾਵੇਗਾ।ਇਸ ਦੌਰਾਨ ਲੋਕਾਂ ਨੂੰ ਸਾਫ ਸਫਾਈ ਦੀ ਮਹੱਤਤਾ ਪ੍ਰਤੀ ਜਾਗਰੂਕ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਦੁਨੀਆ ਦੇ ਸਭ ਤੋਂ ਵੱਡੇ ਸਫਾਈ ਅਭਿਆਨ ਦੀ ਸ਼ੁਰੂਆਤ 2 ਅਕਤੂਬਰ 2014 ਨੂੰ ਭਾਰਤ ਵਿੱਚ ਕੀਤੀ ਗਈ ਸੀ, ਜਿਸ ਦਾ ਨਾਂਅ ਸਵੱਛ ਭਾਰਤ ਅਭਿਆਨ ਰੱਖਿਆ ਗਿਆ।ਇਸ ਦਾ ਮੁੱਖ ਮਕਸਦ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨਾ ਹੈ, ਕਿਉਂਕਿ ਗੰਦਗੀ ਵਿੱਚ ਮੱਖੀਆਂ, ਮੱਛਰ ਪੈਦਾ ਹੁੰਦੇ ਹਨ ਤੇ ਬਿਮਾਰੀਆਂ ਫੈਲਾਉਂਦੇ ਹਨ।ਹਰ ਨਾਗਰਿਕ ਦੀ ਵੀ ਇਹ ਵਿਅਕਤੀਗਤ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਆਲੇ ਦੁਆਲੇ ਸਫਾਈ ਰੱਖੇ ਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰੇ।ਸ਼੍ਰੀ ਦਵਿੰਦਰ ਸਿੰਘ ਹੈਲਥ ਸੁਪਰਵਾਇਜ਼ਰ ਨੇ ਕਿਹਾ ਕਿ ਹਰ ਵਿਅਕਤੀ ਦਾ ਸਫਾਈ ਵੱਲ ਵਧਾਇਆ ਗਿਆ ਇੱਕ ਕਦਮ ਪੂਰੇ ਭਾਰਤ ਦੇਸ਼ ਨੂੰ ਸਾਫ ਸੁਥਰਾ ਬਣਾਉਣ ਵਿੱਚ ਮਦਦ ਕਰੇਗਾ।ਸਟਾਫ ਤੇ ਆਮ ਜਨਤਾ ਨੂੰ ਇਸ ਦੌਰਾਨ ਸਵੱਛਤਾ ਸਹੁੰ ਵੀ ਚੁਕਵਾਈ ਗਈ।ਇਸ ਮੌਕੇ ਡਾ. ਹਰਵਿੰਦਰ ਸਿੰਘ, ਡਾ. ਹਰਕਿਰਤ ਕੌਰ, ਡਾ. ਕਿਰਨਜੋਤ ਕੌਰ, ਡਾ. ਰਾਜਵੰਤ ਕੌਰ, ਸ਼੍ਰੀਮਤੀ ਹਰਜੀਤ ਕੌਰ, ਸ਼੍ਰੀਮਤੀ ਸਤਿੰਦਰਪਾਲ ਕੌਰ, ਸ਼੍ਰੀਮਤੀ ਸਵਰਨ ਲਤਾ, ਅਜੀਤ ਸਿੰਘ ਫਾਰਮੇਸੀ ਅਫਸਰ, ਵਿਕਾਸ ਮਿੱਤਲ ਸਮੇਤ ਸਮੂਹ ਸਟਾਫ ਤੇ ਆਮ ਲੋਕ ਹਾਜ਼ਰ ਸਨ।

# ਹਸ਼ਨਪ੍ਰੀਤ ਨੂੰ ਅਮਰੀਕਨ ਯੂਨੀਵਰਸਿਟੀ ਤੋਂ 30,000 ਡਾਲਰ ਪ੍ਰਤੀ ਅਕਾਦਮਿਕ ਸਾਲ ਦਾ ਵਜ਼ੀਫ਼ਾ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੀ ਹੋਣਹਾਰ ਵਿਦਿਆਰਥਣ ਹਸ਼ਨਪ੍ਰੀਤ ਕੌਰ ਨੂੰ ਅਮਰੀਕੀ ਯੂਨੀਵਰਸਿਟੀ ਵੱਲੋਂ 30,000 ਡਾਲਰ ਪ੍ਰਤੀ ਅਕਾਦਮਿਕ ਸਾਲ ਦੀ ਸਕਾਲਰਸ਼ਿਪ ਨਾਲ ਸਨਮਾਨਤ ਕੀਤਾ ਗਿਆ ਹੈ।ਹਸ਼ਨਪ੍ਰੀਤ ਕੌਰ ਜ਼ਿਲ੍ਹਾ ਪਟਿਆਲਾ ਦੇ ਪਿੰਡ ਰਾਏਸਰ ਦੀ ਰਹਿਣ ਵਾਲੀ ਹੈ।ਉਹ ਇਸ ਸਮੇਂ ਬੀ ਐੱਸ ਸੀ ਗਣਿਤ ਦੀ ਵਿਦਿਆਰਥਣ ਹੈ।ਆਪਣੇ ਅਧਿਆਪਕਾਂ ਦੀ ਅਗਵਾਈ ਹੇਠ, ਉਸ ਨੇ ਟ੍ਰਾਂਸਿਲਵੇਨੀਆ ਯੂਨੀਵਰਸਿਟੀ ਵਿੱਚ ਦਾਖਲੇ ਲਈ ਅਰਜ਼ੀ ਦਿੱਤੀ, ਜਿਸ ਲਈ ਉਸ ਨੇ 30,000 ਡਾਲਰ ਪ੍ਰਤੀ ਅਕਾਦਮਿਕ ਸਾਲ ਵਿੱਚ ਗਲੋਬਲ ਸੁਪੀਰੀਅਰ ਸਕਾਲਰਸ਼ਿਪ ਪ੍ਰਾਪਤ ਕੀਤੀ ਹੈ।ਯੂਨੀਵਰਸਿਟੀ ਦੇ ਦਾਖ਼ਲਾ ਨਿਰਦੇਸ਼ਕ ਜੂਲੀ ਸੈਮਜ਼ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਉਸ ਦੀ ਅਰਜ਼ੀ ਤੇ ਇੰਟਰਵਿਊ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਹਸ਼ਨਪ੍ਰੀਤ ਨੂੰ ਇਹ ਸਕਾਲਰਸ਼ਿਪ ਪ੍ਰਾਪਤ ਕਰਨ ਲਈ ਚੁਣਿਆ ਗਿਆ ਹੈ। ਵਿਸ਼ਵ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਹਸ਼ਨਪ੍ਰੀਤ ਤੇ ਗਣਿਤ ਵਿਭਾਗ ਦੇ ਫੈਕਲਟੀ ਨੂੰ ਵਧਾਈ ਦਿੱਤੀ।ਉਨ੍ਹਾ ਹਸ਼ਨਪ੍ਰੀਤ ਦੀ ਸਖ਼ਤ ਮਿਹਨਤ ਤੇ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਲਈ ਫੈਕਲਟੀ ਮੈਂਬਰਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ।ਉਨ੍ਹਾਂ ਹਸ਼ਨਪ੍ਰੀਤ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ ਤੇ ਕਿਹਾ ਕਿ ਉਨ੍ਹਾਂ ਨੂੰ ਯਕੀਨ ਹੈ ਕਿ ਉਹ ਭਵਿੱਖ ਵਿੱਚ ਵੀ ਆਪਣੇ ਮਾਤਾ-ਪਿਤਾ ਤੇ ਯੂਨੀਵਰਸਿਟੀ ਦਾ ਮਾਣ ਵਧਾਏਗੀ।

# ਬੀ ਐੱਫ ਜੀ ਆਈ ਵਿਖੇ ਬਾਸਕਟਬਾਲ ਟੂਰਨਾਮੈਂਟ ਕਰਵਾਇਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਬੀ.ਐਫ.ਜੀ.ਆਈ.) ਵਿਖੇ ਸੰਸਥਾ ਦੇ ਸਪੋਰਟਸ ਵਿਭਾਗ ਵੱਲੋਂ ਇੱਕ ਰੋਜ਼ਾ ਬਾਸਕਟਬਾਲ ਟੂਰਨਾਮੈਂਟ ਕਰਵਾਇਆ ਗਿਆ। ਬੀ.ਐਫ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਐਕਟੀਵਿਟੀਜ਼) ਸ਼੍ਰੀ ਬੀ ਡੀ ਸ਼ਰਮਾ, ਡਿਪਟੀ ਡਾਇਰੈਕਟਰ (ਸਹੂਲਤ ਪ੍ਰਬੰਧਨ) ਸ੍. ਹਰਪਾਲ ਸਿੰਘ, ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ ਦੇ ਡੀਨ (ਅਕਾਦਮਿਕ) ਸ੍. ਗੁਰਪ੍ਰੀਤ ਸਿੰਘ, ਖੇਡ ਇੰਚਾਰਜ ਡਾ. ਸੰਦੀਪ ਸਿੰਘ, ਯਤਿੰਦਰ ਕੁਮਾਰ, ਅਨਮੋਲ ਕੁਮਾਰ ਤੇ ਸਰਬਜੀਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਟੂਰਨਾਮੈਂਟ ਦਾ ਉਦੇਸ਼ ਭਾਗ ਲੈਣ ਵਾਲੇ ਵਿਦਿਆਰਥੀਆਂ ਵਿੱਚ ਖੇਡਾਂ, ਬੌਧਿਕ ਵਿਕਾਸ ਤੇ ਸਿਹਤਮੰਦ ਮੁਕਾਬਲੇ ਨੂੰ ਉਤਸ਼ਾਹਤ ਕਰਨਾ ਅਤੇ ਉਨ੍ਹਾਂ ਨੂੰ ਖੇਡ ਪ੍ਰਤਿਭਾ ਵੱਲ ਪ੍ਰੇਰਿਤ ਕਰਨਾ ਸੀ।ਇਸ ਟੂਰਨਾਮੈਂਟ ਵਿੱਚ ਬੀ.ਐਫ.ਜੀ.ਆਈ. ਦੇ ਵੱਖ-ਵੱਖ ਕਾਲਜਾਂ ਦੀਆਂ ਕੁੱਲ 20 ਟੀਮਾਂ ਨੇ ਭਾਗ ਲੈਂਦੇ ਹੋਏ ਆਪਣੀ ਖੇਡ ਕਲਾ ਦੇ ਜੌਹਰ ਦਿਖਾਏ ਅਤੇ ਸ਼ਾਨਦਾਰ ਟੀਮ ਵਰਕ ਦਾ ਪ੍ਰਦਰਸ਼ਨ ਕੀਤਾ।ਇਸ ਟੂਰਨਾਮੈਂਟ ਵਿੱਚ ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਨੇ ਪਹਿਲਾ ਤੇ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਨੇ ਦੂਸਰਾ ਸਥਾਨ ਹਾਸਲ ਕੀਤਾ।ਬੀ.ਐਫ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਐਕਟੀਵਿਟੀਜ਼) ਸ਼੍ਰੀ ਬੀ ਡੀ ਸ਼ਰਮਾ, ਡਿਪਟੀ ਡਾਇਰੈਕਟਰ (ਸਹੂਲਤ ਪ੍ਰਬੰਧਨ) ਸ੍. ਹਰਪਾਲ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਵੱਖ-ਵੱਖ ਕਾਲਜਾਂ ਦੇ ਅਧਿਆਪਕ ਸਾਹਿਬਾਨ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਖਿਡਾਰੀਆਂ ਦੀ ਖੇਡ ਰੁਚੀ ਨੂੰ ਪ੍ਰਫੁਲਤ ਕਰਨ ਹਿਤ ਭਵਿੱਖ ਵਿੱਚ ਵੀ ਅਜਿਹੇ ਟੂਰਨਾਮੈਂਟ ਕਰਵਾਏ ਜਾਣ ਲਈ ਹੱਲਾਸ਼ੇਰੀ ਦਿੱਤੀ।

# ਉਦੇਸ਼ ਭਗਤ ਇੰਸਟੀਚਿਊਟ ਨੇ ਵਿਸ਼ਵ ਔਟਿਜਮ ਜਾਗਰੂਕਤਾ ਦਿਵਸ ਮਨਾਇਆ



ਵਿਦਿਆਰਥੀ ਰੋਲ ਪਲੇਅ ਰਾਹੀਂ ਲੋਕਾਂ ਨੂੰ ਔਟਿਜਮ ਸਪੈਕਟ੍ਰਮ ਬਾਰੇ ਜਾਗਰੂਕ ਕਰਦੇ।

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਇੰਸਟੀਚਿਊਟ ਆਫ ਨਰਸਿੰਗ ਨੇ ਚਨਾਰਥਲ ਕਲਾਂ ਦੇ ਕਮਿਊਨਿਟੀ ਹੈਲਥ ਸੈਂਟਰ ਵਿਖੇ ਵਿਸ਼ਵ ਆਟਿਜਮ (ਵਿਸ਼ੇਸ਼ ਲੋੜਾਂ ਵਾਲੇ ਬੱਚੇ) ਜਾਗਰੂਕਤਾ ਦਿਵਸ ਮੌਕੇ ਸ਼ਰਧਾਂਜਲੀ ਭੇਟ ਕੀਤੀ। ਸੰਯੁਕਤ ਰਾਸਟਰ ਜਨਰਲ ਅਸੈਂਬਲੀ ਦੁਆਰਾ ਮਨੋਨੀਤ ਇਹ ਦਿਨ ਔਟਿਜਮ ਵਾਲੇ ਵਿਅਕਤੀਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਦੇ ਮਹੱਤਵ ਦੀ ਯਾਦ ਦਿਵਾਉਂਦਾ ਹੈ, ਉਨ੍ਹਾਂ ਨੂੰ ਸਮਾਜ ਦੇ ਮਹੱਤਵਪੂਰਨ ਮੈਂਬਰਾਂ ਵਜੋਂ ਵਧਣ-ਫੁੱਲਣ ਲਈ ਸ਼ਕਤੀ ਪ੍ਰਦਾਨ ਕਰਦਾ ਹੈ। ਇਸ ਸਾਲ ਦਾ ਥੀਮ 'ਆਟਿਸਟਿਕ ਵਾਇਸਸ ਨੂੰ ਸਸ਼ਕਤ ਕਰਨਾ', ਜਾਗਰੂਕਤਾ ਵਧਾਉਣ ਤੇ ਸਮਾਵੇਸ਼ ਨੂੰ ਉਤਸ਼ਾਹਤ ਕਰਨ ਲਈ ਸੰਸਥਾ ਦੀ ਵਚਨਬੱਧਤਾ ਨਾਲ ਡੂੰਘਾਈ ਨਾਲ ਗੂੰਜਿਆ।

5ਵੇਂ ਸਮੈਸਟਰ ਦੇ ਵਿਦਿਆਰਥੀਆਂ ਨੇ ਬੀ.ਐੱਸ. ਸੀ. ਨਰਸਿੰਗ ਪ੍ਰੋਗਰਾਮ ਨੇ ਇਸ ਵਿੱਚ ਸ਼ਾਮਲ ਹੋ ਕੇ ਭਾਈਚਾਰਕ ਜਾਗਰੂਕਤਾ ਵਧਾਉਣ ਲਈ ਪਹਿਲ ਕੀਤੀ। ਇਸ ਇੰਟਰਐਕਟਿਵ ਪੋਰਟਰੇਲ ਰਾਹੀਂ, ਉਨ੍ਹਾਂ ਨੇ ਔਟਿਜਮ ਦੇ ਕਾਰਨਾਂ, ਲੱਛਣਾਂ ਤੇ ਇਲਾਜ ਦੇ ਵਿਕਲਪਾਂ 'ਤੇ ਚਾਨਣਾ ਪਾਇਆ ਅਤੇ ਇਲਾਜ ਦੇ ਤਰੀਕਿਆਂ 'ਤੇ ਜ਼ੋਰ ਦਿੱਤਾ। ਰਵੀਦੀਪ ਕੌਰ ਤੇ ਭੁਪਿੰਦਰ ਕੌਰ ਦੁਆਰਾ ਸੰਚਾਲਤ ਕੀਤੇ ਇਸ ਸਮਾਗਮ ਦਾ ਉਦੇਸ਼ ਔਟਿਜਮ ਵਾਲੇ ਵਿਅਕਤੀਆਂ ਲਈ ਸਮਝ ਤੇ ਸਹਾਇਤਾ ਵਿੱਚ ਪਾੜੇ ਨੂੰ ਪੂਰਾ ਕਰਨਾ ਸੀ। ਸੀ ਐੱਚ ਸੀ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਨੇ ਔਟਿਜਮ ਤੇ ਇਸ ਦੇ ਇਲਾਜ ਸੰਬੰਧੀ ਦਖਲਅੰਦਾਜ਼ੀ ਬਾਰੇ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ।

ਡਾ. ਸਿੰਘ ਨੇ ਔਟਿਜਮ ਜਾਗਰੂਕਤਾ ਪਹਿਲਕਦਮੀਆਂ ਵਿੱਚ ਨੀਲੇ ਰੰਗ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ, ਜੋ ਸ਼ਾਂਤੀ ਤੇ ਸਵੀਕ੍ਰਿਤੀ ਦਾ ਪ੍ਰਤੀਕ ਹੈ। ਮਾਨਸਿਕ ਸਿਹਤ ਨਰਸਿੰਗ ਦੇ ਐੱਚ.ਓ.ਡੀ. ਡਾ. ਲਵਸਮਪੂਰਨਜੋਤ ਕੌਰ ਤੇ ਡਾ. ਪ੍ਰਭਜੋਤ ਸਿੰਘ ਨੇ ਔਟਿਜਮ ਸਪੈਕਟ੍ਰਮ ਡਿਸਆਰਡਰ ਨੂੰ ਸੰਬੋਧਤ ਕਰਨ ਵਿੱਚ ਆਕੂਪੇਸ਼ਨਲ ਥੈਰੇਪੀ ਤੇ ਅਪਲਾਈਡ ਵਿਵਹਾਰ ਵਿਸ਼ਲੇਸ਼ਨ ਸਮੇਤ ਵੱਖ-ਵੱਖ ਇਲਾਜ ਸੰਬੰਧੀ ਦਖਲਅੰਦਾਜ਼ੀ ਦੀ ਵਰਤੋਂ 'ਤੇ ਜ਼ੋਰ ਦਿੱਤਾ।

# ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਮਾਰਨ ਦੇ ਦੋਸ਼ 'ਚ 4 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ 'ਚ ਵਿਦੇਸ਼ ਭੇਜਣ ਦੇ ਨਾਂਅ 'ਤੇ ਲੱਖਾਂ ਦੀ ਠੱਗੀ ਦਾ ਮਾਮਲਾ ਸਾਹਮਣੇ ਆਇਆ ਹੈ।ਦੱਸਿਆ ਜਾ ਰਿਹਾ ਹੈ ਕਿ ਮੋਗਾ ਦੇ ਚਾਰ ਵਿਅਕਤੀਆਂ ਨੇ ਇੱਕ ਪਰਵਾਰ ਨਾਲ 8 ਲੱਖ 15 ਹਜ਼ਾਰ 500 ਰੁਪਏ ਦੀ ਠੱਗੀ ਮਾਰੀ ਹੈ।ਪੁਲਸ ਨੇ ਚਾਰਾਂ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਦਲਜੀਤ ਸਿੰਘ ਨੇ ਦੱਸਿਆ ਕਿ ਸੁਖਮੰਦਰ ਸਿੰਘ ਵਾਸੀ ਫ਼ਿਰੋਜ਼ਪੁਰ ਨੇ 20 ਅਕਤੂਬਰ 2023 ਨੂੰ ਐੱਸ.ਐੱਸ.ਪੀ. ਮੋਗਾ ਨੂੰ ਦਰਖਾਸਤ ਦਿੱਤੀ ਸੀ।ਇਸ 'ਤੇ ਕਾਰਵਾਈ ਕਰਦੇ ਹੋਏ ਵੀਰਵਾਰ ਨੂੰ ਥਾਣਾ ਬਾਘਾ ਪੁਰਾਣਾ 'ਚ ਚਾਰ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ। ਪੁਲਸ ਜਾਣਕਾਰੀ ਅਨੁਸਾਰ ਚਾਰੋਂ ਵਿਅਕਤੀਆਂ ਨੇ ਸੁਖਮੰਦਰ ਸਿੰਘ ਨੂੰ ਆਪਣੀਆਂ ਗੱਲਾਂ ਵਿੱਚ ਫਸਾਇਆ, ਹਾਲਾਂਕਿ ਇਹ ਲੋਕ ਪਹਿਲਾਂ ਤੋਂ ਹੀ ਇੱਕ ਦੂਜੇ ਨੂੰ ਜਾਣਦੇ ਸਨ।ਸੁਖਮੰਦਰ ਸਿੰਘ ਦੀ ਸ਼ਿਕਾਇਤ ਅਨੁਸਾਰ ਉਸ ਨੇ ਆਪਣੇ ਲੜਕੇ ਦੀ ਮੰਗਣੀ ਕਮਲਪ੍ਰੀਤ ਕੌਰ ਨਾਲ ਕਰਵਾਈ ਸੀ।

ਸੁਖਮੰਦਰ ਨੇ ਆਪਣੇ ਲੜਕੇ ਤੇ ਨੂੰਹ ਕਮਲਪ੍ਰੀਤ ਕੌਰ ਨੂੰ ਵਿਦੇਸ਼ ਭੇਜਣ ਲਈ ਮੋਗਾ ਦੇ ਹਰਵਿੰਦਰ ਸਿੰਘ, ਕੁਲਦੀਪ ਸਿੰਘ, ਦਵਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਨਾਲ ਸੰਪਰਕ ਕੀਤਾ।ਇਸ ਤੋਂ ਬਾਅਦ ਇਨ੍ਹਾਂ ਚਾਰਾਂ ਨੇ ਉਸ ਨੂੰ ਵਰਗਲਾ ਕੇ 8 ਲੱਖ 15 ਹਜ਼ਾਰ 500 ਰੁਪਏ ਦੀ ਠੱਗੀ ਮਾਰੀ।ਸੁਖਮੰਦਰ ਨੇ ਦੱਸਿਆ ਕਿ ਮੈਂ ਉਸ ਕੋਲੋਂ ਕਈ ਵਾਰ ਪੈਸੇ ਮੰਗੇ, ਪਰ ਉਸ ਨੇ ਪੈਸੇ ਦੇਣ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਵੀਰਵਾਰ ਨੂੰ ਥਾਣਾ ਬਾਘਾ ਪੁਰਾਣਾ ਦੀ ਪੁਲਸ ਨੇ ਚਾਰਾਂ ਖਿਲਾਫ ਧੋਖਾਧੜੀ ਦਾ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਦਿ ਪੋਲਰ ਸਟਾਰ ਸਕੂਲ ਢੱਡੇ ਦਾ ਸਾਲਾਨਾ ਸਮਾਰੋਹ 'ਉਡਾਨ' ਯਾਦਗਾਰੀ ਹੋ ਨਿੱਬੜਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵੇ ਦੇ ਟਿੱਬਿਆਂ ਦੇ ਭਾਗ ਜਗਾਉਂਦੀ 'ਮਾਤਾ ਸੁੰਦਰੀ ਜੀ' ਦੇ ਮਾਣ ਮੱਤੇ ਨਾਮ ਨਾਲ ਸੁਸ਼ੋਭਿਤ ਸਾਡੇ ਇਲਾਕੇ ਦੀ ਲੜਕੀਆਂ ਦੀ ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਦਰਜਾ ਪ੍ਰਾਪਤ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨ ਢੱਡੇ ਦੀ ਸ਼ਾਖਾ ਦਿ ਪੋਲਰ ਸਟਾਰ ਸਕੂਲ ਦਾ ਸਾਲਾਨਾ ਸਮਾਰੋਹ ਸਕੂਲ ਕੈਂਪਸ ਵਿੱਚ ਯਾਦਗਾਰੀ ਹੋ ਨਿੱਬੜਿਆ।ਵਿਦਿਆਰਥੀਆਂ ਦੀਆਂ ਮੰਚ ਪੇਸ਼ਕਾਰੀਆਂ ਨੇ ਆਏ ਮਹਿਮਾਨਾਂ ਦਾ ਮਨ ਮੋਹ ਲਿਆ। ਜਾਗਰੂਕਤਾ ਭਰਪੂਰ ਸਮਾਰੋਹ ਦਾ ਵਾਤਾਵਰਨ ਸਿਰਜਦਿਆਂ ਬੱਚਿਆਂ ਨੇ ਕਲਾ ਦੇ ਸਿਖਰਾਂ ਨੂੰ ਛੋਹਿਆ, ਜਿਸ ਵਿੱਚ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ, ਐੱਮ ਡੀ ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਮੰਚ 'ਤੇ ਵਿਰਾਜਮਾਨ ਰਹੇ।ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹਦਿਆਂ ਦੱਸਿਆ ਕਿ ਸਕੂਲ ਦਾ ਸਾਲਾਨਾ ਸਮਾਗਮ 'ਉਡਾਨ' ਮਿੱਠੀਆਂ ਯਾਦਾਂ ਛੱਡਦਾ ਹੋਇਆ ਯਾਦਗਾਰੀ ਹੋ ਨਿੱਬੜਿਆ। ਉਨ੍ਹਾ ਕਿਹਾ ਕਿ ਸਕੂਲ ਵੱਲੋਂ ਇਹੋ ਜਿਹੇ ਪ੍ਰੋਗਰਾਮ ਸਮੇਂ ਸਮੇਂ ਉਲੀਕੇ ਜਾਂਦੇ ਹਨ, ਜਿੱਥੇ ਵਿਦਿਆਰਥੀ ਆਪਣੇ ਵਿਰਸੇ ਨਾਲ ਸੰਬੰਧਤ ਕਲਾਵਾਂ ਦਾ ਪ੍ਰਦਰਸ਼ਨ ਕਰਦੇ ਰਹਿੰਦੇ ਹਨ। ਪ੍ਰੋਗਰਾਮ ਦਾ ਉਦਘਾਟਨ ਸਵੇਰ ਦੇ ਸੈਸ਼ਨ ਦੇ ਮੁੱਖ ਮਹਿਮਾਨ ਸ੍. ਬਲਜਿੰਦਰ ਸਿੰਘ ਬਰਾੜ (ਜ਼ਿਲ੍ਹਾ ਨਗਰ ਯੋਜਨਾਕਾਰ ਬਠਿੰਡਾ) ਤੇ ਸ੍. ਕੁਲਦੀਪ ਸਿੰਘ (ਨਗਰ ਯੋਜਨਾ ਅਫਸਰ ਬਠਿੰਡਾ) ਨੇ ਕੀਤਾ।ਸਕੂਲ ਦੇ ਵਿਦਿਆਰਥੀਆਂ ਨੇ ਸ਼ਬਦ ਉਚਾਰਨ, ਕੋਰੀਓਗ੍ਰਾਫੀ, ਸਕਿੱਟ, ਗਿੱਧਾ, ਭੰਗੜਾ ਵੱਖ-ਵੱਖ ਵੰਨਗੀਆਂ ਵਿੱਚ ਸਟੇਜ ਨੂੰ ਭਾਗ ਲਾਏ। ਇਸ ਤੋਂ ਇਲਾਵਾ ਬੱਚਿਆਂ ਦੁਆਰਾ ਪੇਸ਼ ਕੀਤੇ ਨਾਟਕ 'ਉਡਾਨ' ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ। ਨੇੜੇ ਦੇ ਸਕੂਲਾਂ ਵਿੱਚੋਂ ਆਏ ਪ੍ਰਿੰਸੀਪਲ ਸਾਹਿਬਾਨਾਂ ਨੂੰ ਸਨਮਾਨਤ ਕੀਤਾ ਗਿਆ ਆਪਣੀ ਆਪਣੀ ਕਲਾ ਦੇ ਜੌਹਰ ਵਿਖਾਉਣ ਤੋਂ ਬਾਅਦ ਬੱਚਿਆਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਲੋਕਤੰਤਰ ਦਾ ਤੀਜਾ ਥੰਮ੍ਹ ਪੱਤਰਕਾਰ ਵੀਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਸਾਲਾਨਾ ਸਮਾਗਮ ਉਡਾਨ ਮੌਕੇ ਸੰਸਥਾ ਦੇ ਅਣਥੱਕ ਮਿਹਨਤੀ ਤੇ ਆਪਣੇ ਕੰਮ ਵਿੱਚ ਨਿਪੁੰਨ ਅਧਿਆਪਕ ਸਾਹਿਬਾਨ, ਨਾਨ-ਟੀਚਿੰਗ ਸਟਾਫ, ਦਰਜਾ ਚਾਰ ਮੁਲਾਜ਼ਮ, ਵੈਨ ਚਾਲਕਾਂ ਤੇ ਆਏ ਮਹਿਮਾਨਾਂ, ਮੈਨੇਜਮੈਂਟ ਕਮੇਟੀ ਨੇ ਸੰਸਥਾ ਲਈ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਲਈ ਸਨਮਾਨਤ ਕੀਤਾ। ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਜੀ ਨੇ ਪ੍ਰੋਗਰਾਮ ਸਫ਼ਲ ਬਣਾਉਣ ਲਈ ਆਪਣਾ ਵਿਸ਼ੇਸ਼ ਯੋਗਦਾਨ ਦਿੱਤਾ।ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਕੰਪਿਊਟਰ ਵਿਭਾਗ ਮੁਖੀ ਪ੍ਰੋਫੈਸਰ ਰਣਜੀਤ ਕੌਰ, ਕਮਰਸ ਵਿਭਾਗ ਮੁਖੀ ਪ੍ਰੋਫੈਸਰ ਹਰਸ਼ ਰਾਣੀ, ਫੈਸ਼ਨ ਵਿਭਾਗ ਮੁਖੀ ਪ੍ਰੋਫੈਸਰ ਸੋਨਦੀਪ ਤੇ ਸਮਾਜ ਸ਼ਾਸਤਰ ਵਿਭਾਗ ਮੁਖੀ ਪ੍ਰੋਫੈਸਰ ਰਾਜਵਿੰਦਰ ਕੌਰ ਨੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

6-APR-PAGE-11.qxd 4/5/2024 9:02 PM Page 1



# ਕੁੱਲ ਹਿੰਦ ਕਿਸਾਨ ਸਭਾ ਵੱਲੋਂ ਜ਼ਿਲ੍ਹਾ ਪੱਧਰੀ ਕਨਵੈਨਸ਼ਨ

## ਕਿਸਾਨੀ ਸੰਘਰਸ਼ ਲੋਕ ਵਿਰੋਧੀ ਨੀਤੀਆਂ ਵਿਰੁੱਧ : ਨਿਹਾਲਗੜ੍ਹ/ਮਹੇਸ਼ਵਰੀ






**ਤਰਨ ਤਾਰਨ (ਨਜ਼ਸ)**—ਕੁੱਲ ਹਿੰਦ ਕਿਸਾਨ ਸਭਾ ਵੱਲੋਂ ਅੱਜ ਸਥਾਨਕ ਰਾਮਗੜ੍ਹੀਆ ਬੁੰਗਾ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਪੂਰਨ ਸਿੰਘ ਮਾੜੀਮੇਘਾ, ਮਹਾਂਬੀਰ ਗਿੱਲ, ਕਿਰਨਜੀਤ ਕੌਰ ਵਲਟੋਹਾ, ਬਲਵਿੰਦਰ ਸਿੰਘ ਦਦੇਹਰ ਤੇ ਬਲਦੇਵ ਸਿੰਘ ਧੂੰਦਾ, ਮਜ਼ਦੂਰ ਆਗੂ ਗੁਰਦਿਆਲ ਸਿੰਘ ਖਡੂਰ ਸਾਹਿਬ ਦੀ ਅਗਵਾਈ ਵਿੱਚ ਕੀਤੀ ਗਈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਦੱਸਿਆ ਕਿ ਉਚੇਚੇ ਤੌਰ 'ਤੇ ਪਹੁੰਚੇ ਸੂਬਾਈ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਤੇ ਨੌਜਵਾਨ ਆਗੂ ਸੁਖਜਿੰਦਰ ਸਿੰਘ ਮਹੇਸ਼ਵਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀ ਅਗਵਾਈ ਸਦਕਾ ਅੱਜ ਦੇਸ਼ ਦਾ ਕਿਸਾਨ ਮੌਜੂਦਾ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਤੇ ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਵਿਰੁੱਧ ਲਗਾਤਾਰ ਸੰਘਰਸ਼ ਦੇ ਮੈਦਾਨ ਵਿੱਚ ਹੈ।ਬੀਜੇਪੀ ਦੀ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲੁੱਟ ਦੀ ਖੁੱਲ੍ਹ ਦੇਣ ਲਈ ਲੋਕ ਪੱਖੀ ਕਾਨੂੰਨ ਤੋੜ ਰਹੀ ਹੈ।ਕਿਸਾਨਾਂ/ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਲਈ ਤਿਆਰ ਨਹੀਂ ਪਰ ਕਾਰਪੋਰੇਟ ਘਰਾਣਿਆਂ ਦੇ ਅਰਬਾਂ ਰੁਪਏ ਦੇ ਕਰਜ਼ੇ ਖਤਮ ਕੀਤੇ ਜਾ ਰਹੇ ਹਨ।ਇਸ ਕਰਕੇ ਅਜਿਹੀ ਸਰਕਾਰ ਦਾ ਸਫ਼ਾਇਆ ਜ਼ਰੂਰੀ ਹੈ।ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੀ ਮੰਡੀਆਂ ਕਾਰਪੋਰੇਟ ਘਰਾਣਿਆਂ ਨੂੰ ਫੜਾਉਣ ਲਈ ਉਤਾਵਲੀ ਹੈ ਪਰ ਸੰਯੁਕਤ ਕਿਸਾਨ ਮੋਰਚਾ ਵਲੋਂ ਵਿੱਢੇ ਸੰਘਰਸ਼ ਅੱਗੇ ਝੁਕਦਿਆਂ ਹੁਕਮ ਵਾਪਸ ਲੈਣ ਲਈ ਮਜਬੂਰ ਹੋਈ ਹੈ।ਇਸ ਮੌਕੇ ਔਰਤ ਕਿਸਾਨ ਆਗੂ ਕਿਰਨਜੀਤ ਕੌਰ ਵਲਟੋਹਾ ਤੇ ਰਾਜਿੰਦਰ ਪਾਲ ਨੇ ਕਿਹਾ ਕਿ ਤਾਨਾਸ਼ਾਹੀ ਸਰਕਾਰ ਨੂੰ ਮੂੰਹ ਤੋੜ ਜਵਾਬ ਦੇਣ ਲਈ ਹਰ ਖੇਤਰ 'ਚ ਔਰਤਾਂ ਸੰਘਰਸ਼ ਵਿੱਚ ਬਰਾਬਰ ਸ਼ਾਮਲ ਹੋਣ ਕਿਉਂਕਿ ਮਹਿਗਾਈ ਤੇ ਬੇਰੁਜ਼ਗਾਰੀ ਕਾਰਨ ਔਰਤਾਂ ਲਈ ਘਰ ਚਲਾਉਣਾ ਬਹੁਤ ਮੁਸ਼ਕਲ ਹੈ।ਇਸ ਮੌਕੇ ਪੂਰਨ ਸਿੰਘ ਮਾੜੀਮੇਘਾ ਤੇ ਦਵਿੰਦਰ ਸੋਹਲ ਨੇ ਕਿਹਾ ਕਿ ਬਾਰਡਰ ਲਾਈਨ ਨਾਲ ਭਾਰਤ ਸਰਕਾਰ ਵੱਲੋਂ ਬਣਾਏ 20 ਫੁੱਟ ਰਸਤੇ ਅਤੇ ਕੁੱਝ ਹੱਟਵੀਂ ਲਾਈ ਗਈ ਕੰਡਿਆਲੀ ਤਾਰ ਲਈ ਐਕਵਾਇਰ ਕੀਤੀ ਜ਼ਮੀਨ ਦਾ ਕਿਸਾਨਾਂ ਨੂੰ ਧੇਲਾ ਵੀ ਨਹੀਂ ਦਿੱਤਾ ਗਿਆ ਜਦੋਂਕਿ ਹਰ ਸੜਕ ਜਾਂ ਹੋਰ ਵਰਤੋਂ ਲਈ ਐਕਵਾਇਰ ਕੀਤੀ ਜ਼ਮੀਨ ਦਾ ਮੁੱਲ ਦਿੱਤਾ ਜਾਂਦਾ ਹੈ।ਮਹਾਂਬੀਰ ਸਿੰਘ ਗਿੱਲ ਬਲਦੇਵ ਸਿੰਘ ਧੂੰਦਾ ਨੇ ਮੰਗ ਕੀਤੀ ਕਿ ਦਰਿਆ ਅਧੀਨ ਜ਼ਮੀਨ ਕਿਸਾਨਾਂ ਤੋਂ ਮਾਰਕੀਟ ਮੁੱਲ ਅਨੁਸਾਰ ਪ੍ਰਾਪਤ ਕਰਕੇ ਸਰਕਾਰ ਦਰਿਆ ਲਈ ਜ਼ਮੀਨ ਰਾਖਵੀਂ ਕਰਕੇ ਇਸਦੇ ਬੰਨ੍ਹ ਮਜ਼ਬੂਤ ਕਰਕੇ ਵਿੱਚ ਵਿੱਚ ਰੋਕਾਂ ਲਾ ਕੇ ਝੀਲਾਂ ਦਾ ਨਿਰਮਾਣ ਕੀਤਾ ਜਾਵੇ ਜਿਸ ਨਾਲ ਧਰਤੀ ਹੇਠਲੇ ਪਾਣੀ ਨੂੰ ਵਧਾਇਆ ਜਾਵੇ ਤੇ ਮੱਛੀ ਪਾਲਣ ਦਾ ਕਿੱਤਾ ਕੀਤਾ ਜਾਵੇ।ਇਸ ਮੌਕੇ ਮੰਗ ਕੀਤੀ ਗਈ ਕਿ ਘੱਟੋ ਘੱਟ ਮਿਹਨਤਾਨਾ 26000/- ਮਹੀਨਾ ਕੀਤਾ ਜਾਵੇ।ਇਹ ਵੀ ਮੰਗ ਕੀਤੀ ਗਈ ਕਿ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਸਾਰੀਆਂ ਕਿਸਾਨੀ ਜਿਣਸਾਂ ਦਾ ਭਾਅ ਮਿੱਥਿਆ ਜਾਵੇ ਅਤੇ ਖਪਤਕਾਰ ਨੂੰ ਵੀ ਠੀਕ ਕੀਮਤ ਤੇ ਦਿੱਤਾ ਜਾਵੇ।ਕਿਸਾਨ ਮਜ਼ਦੂਰ ਕਰਜ਼ਾ ਮੁਕਤ ਕੀਤੇ ਜਾਣ। ਬੁਢਾਪਾ ਪੈਨਸ਼ਨ 10000 ਰੁਪਏ ਕੀਤੀ ਜਾਵੇ।ਹਰੇਕ ਵਿਅਕਤੀ ਲਈ ਵਿੱਦਿਆ ਤੇ ਰੁਜ਼ਗਾਰ ਦੀ ਗਰੰਟੀ ਕੀਤੀ ਜਾਵੇ। ਇਸ ਮੌਕੇ ਮੰਗ ਕੀਤੀ ਗਈ ਕਿ ਦੇਸ਼ ਵਿੱਚ ਖੇਤੀ ਅਧਾਰਿਤ ਜ਼ਮੀਨ ਦੀ ਮੁੜ ਤਰਕਸੰਗਤ ਵੰਡ ਕੀਤੀ ਜਾਵੇ ਅਤੇ ਸਾਂਝੀ, ਸਹਿਕਾਰੀ ਤੇ ਸਹਿਯੋਗੀ ਖੇਤੀ ਦਾ ਮਾਡਲ ਗੰਭੀਰਤਾ ਨਾਲ ਲਿਆਂਦਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਮਾਨੋਚਾਹਲ, ਤਾਰਾ ਸਿੰਘ ਖਹਿਰਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਅਵਤਾਰ ਸਿੰਘ ਪਲਾਸੌਰ, ਪਰਮਜੀਤ ਸਿੰਘ ਚੋਹਲਾ, ਰਛਪਾਲ ਸਿੰਘ ਬਾਠ, ਸੀਮਾ ਸੋਹਲ, ਰਾਜ ਗੋਬਿੰਦ ਸਿੰਘ, ਕਾਰਜ ਸਿੰਘ ਕੈਰੋਂ, ਬਲਦੇਵ ਸਿੰਘ ਰਸੂਲਪੁਰ, ਦਿਲਬਾਗ ਸਿੰਘ ਪੱਟੀ, ਮੋਤਾ ਸਿੰਘ ਸੋਹਲ, ਹਰਬਿੰਦਰ ਸਿੰਘ ਕਸੇਲ ਨੇ ਵੀ ਆਪਣੇ ਵਿਚਾਰ ਰੱਖੇ।

# 'ਸੰਵਿਧਾਨ ਬਚਾਓ, ਲੋਕਤੰਤਰ ਬਚਾਓ, ਦੇਸ਼ ਬਚਾਓ' ਦਾ ਹੋਕਾ ਦੇਣ ਲਈ ਕਨਵੈਨਸ਼ਨ ਆਯੋਜਿਤ

**ਗਹਿਰੀ ਮੰਡੀ (ਮਨਜੀਤ ਸਿੰਘ ਭੰਗੂ)**-ਅੱਜ ਸੀਪੀਆਈ ਐੱਮਐੱਲ ਲਿਬਰੇਸ਼ਨ ਵਲੋਂ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਮਾਝਾ ਜ਼ੋਨ ਪੱਧਰੀ ਸੰਵਿਧਾਨ ਬਚਾਓ, ਲੋਕਤੰਤਰ ਬਚਾਓ, ਦੇਸ਼ ਬਚਾਓ ਦੇ ਨਾਹਰੇ ਹੇਠ ਮੰਗਲ ਸਿੰਘ ਧਰਮਕੋਟ, ਦਲਵਿੰਦਰ ਸਿੰਘ ਪੰਨੂ ਅਤੇ ਬਲਬੀਰ ਸਿੰਘ ਝਾਮਕਾ ਦੀ ਪ੍ਰਧਾਨਗੀ ਹੇਠ ਕਨਵੈਨਸਨ ਕੀਤੀ ਗਈ।ਇਸ ਸਮੇਂ ਬੋਲਦਿਆਂ ਨਿਰਮਲ ਸਿੰਘ ਛੱਜਲਵੱਡੀ, ਲਿਬਰੇਸ਼ਨ ਦੇ ਸੂਬਾਈ ਬੁਲਾਰੇ ਸੁਖਦਰਸ਼ਨ ਸਿੰਘ ਨੱਤ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਮੋਦੀ ਸਰਕਾਰ ਦੀ ਫਾਸ਼ੀ ਨੀਤੀ ਕਾਰਨ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰੀ ਕਦਰਾਂ ਕੀਮਤਾਂ ਨੂੰ ਭਾਰੀ ਖ਼ਤਰਾ ਪੈਦਾ ਹੋ ਗਿਆ ਹੈ।ਇਸ ਦਾ ਸਬੂਤ ਹੈ ਕਿ ਚੋਣਾਂ ਦੇ ਚਲ ਰਹੇ ਦੌਰ ਦੌਰਾਨ ਵੀ ਸਰਕਾਰ ਆਪਣੇ ਵਿਰੋਧੀਆਂ ਨੂੰ ਈਡੀ/ਸੀਬੀਆਈ ਅਤੇ ਹੋਰ ਸੰਵਿਧਾਨਕ ਸੰਸਥਾਵਾਂ ਰਾਹੀਂ ਡਰਾ, ਧਮਕਾ ਅਤੇ ਗ੍ਰਿਫਤਾਰ ਕਰ ਰਹੀ ਹੈ।ਚੋਣ ਬਾਂਡ ਦਾ ਸਕੈਂਡਲ ਸੁਪਰੀਮ ਕੋਰਟ ਵਲੋਂ ਸਾਹਮਣੇ ਲਿਆਉਣ ਤੋਂ ਬਾਅਦ ਸੁਪਰੀਮ ਕੋਰਟ ਦੇ ਜੱਜਾਂ ਨੂੰ ਤਰ੍ਹਾਂ-ਤਰ੍ਹਾਂ ਦੇ ਢੰਗਾਂ ਨਾਲ ਧਮਕਾਇਆ ਜਾ ਰਿਹਾ ਹੈ।ਸਰਕਾਰ ਦੇ ਇਨ੍ਹਾਂ ਗੈਰ-ਸੰਵਿਧਾਨਕ ਅਤੇ ਗੈਰ-ਲੋਕਤੰਤਰੀ ਅਮਲ ਦੇ ਚਲਦਿਆਂ ਚੋਣਾਂ ਦੀ ਨਿਰਪੱਖਤਾ ਉਪਰ ਸਵਾਲੀਆ ਚਿੰਨ੍ਹ ਲੱਗਣੇ ਲਾਜ਼ਮੀ ਹਨ।ਬੁਲਾਰਿਆਂ ਕਿਹਾ ਕਿ ਮੌਜੂਦਾ ਸਥਿਤੀ ਮੰਗ ਕਰਦੀ ਹੈ ਕਿ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਦੀ ਰਾਖੀ ਲਈ ਭਾਜਪਾ ਅਤੇ ਆਰਐੱਸਐੱਸ ਦੇ ਫਾਸ਼ੀ ਮਨਸੂਬਿਆਂ ਨੂੰ ਹਾਰ ਦੇਣ ਲਈ2024 ਦੀਆਂ ਲੋਕ ਸਭਾ ਚੋਣਾਂ ਵਿੱਚ ਇੰਡੀਆ ਗਠਜੋੜ ਨੂੰ ਜਿਤਾਇਆ ਜਾਵੇ।ਕਿਉਂਕਿ ਜੇਕਰ ਦੁਬਾਰਾ ਭਾਜਪਾ ਅਤੇ ਆਰਐੱਸਐੱਸ ਭਾਰਤ ਦੀ ਸੱਤ੍ਹਾ ਉਪਰ ਆਪਣੀ ਰਾਜਨੀਤਕ ਤਿਕੜਮਬਾਜ਼ੀ ਰਾਹੀਂ ਕਾਬਜ਼ ਹੋ ਜਾਂਦੀ ਹੈ ਤਾਂ ਦੇਸ਼ ਲਈ ਇਹ ਖਤਰਨਾਕ ਵਰਤਾਰਾ ਹੋਵੇਗਾ।ਇਸ ਸਮੇਂ ਮਦਨਜੀਤ ਕਾਦਰਾਬਾਦ, ਲਖਬੀਰ ਸਿੰਘ ਅਜਨਾਲਾ, ਕੁਲਦੀਪ ਰਾਜੂ, ਗੁਰਪਿੰਦਰ ਕੌਰ ਨਵਾਂ ਪਿੰਡ, ਲਖਵਿੰਦਰ ਸਿੰਘ ਛੇਹਰਟਾ, ਵਿਰਸਾ ਵਿਹਾਰ ਦੇ ਪ੍ਰਬੰਧਕ ਰਮੇਸ਼ ਯਾਦਵ ਅਤੇ ਉਘੇ ਪੱਤਰਕਾਰ ਪਰਸ਼ੋਤਮ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ।

# ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੀ ਤਹਿਸੀਲ ਕਮੇਟੀ ਗਠਿਤ

## ਵਰਿੰਦਰ ਸ਼ਰਮਾ ਪ੍ਰਧਾਨ ਤੇ ਗੁਰਜੰਟ ਸਿੰਘ ਗਿੱਲ ਜਨਰਲ ਸਕੱਤਰ ਨਿਯੁਕਤ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**-ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੀ ਇਕ ਭਰਵੀਂ ਮੀਟਿੰਗ ਸਰਹੱਦੀ ਪ੍ਰੈੱਸ ਕਲੱਬ ਅਜਨਾਲਾ ਦੀ ਅਗਵਾਈ ਹੇਠ ਅਜਨਾਲਾ ਦੇ ਸ਼ਿਵ ਮੰਦਿਰ ਵਿਖੇ ਹੋਈ, ਜਿਸ ਵਿਚ ਪੱਤਰਕਾਰੀ ਦੇ ਬਾਬਾ ਬੋਹੜ ਵਜੋਂ ਜਾਣੇ ਜਾਂਦੇ ਐਸੋਸੀਏਸ਼ਨ ਪ੍ਰਧਾਨ ਜਸਬੀਰ ਸਿੰਘ ਪੱਟੀ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ! ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਪਿਛਲੇ ਦਿਨੀਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਅਜਨਾਲਾ ਦੇ ਪੱਤਰਕਾਰ ਗੁਰਜੰਟ ਸਿੰਘ ਗਿੱਲ ਤੇ ਉਸਦੇ ਕੁਝ ਸਾਥੀਆਂ ਨੂੰ ਵਿਰੋਧੀ ਧਿਰਾਂ ਦੀਆਂ ਖ਼ਬਰਾਂ ਪ੍ਰਕਾਸ਼ਿਤ ਕਰਨ 'ਤੇ ਫੋਨ ਕਰਕੇ ਧਮਕੀਆਂ ਦੇਣ ਅਤੇ ਸਿਆਸੀ ਸ਼ਹਿ 'ਤੇ ਖ਼ਬਰਾਂ ਬੰਦ ਕਰਵਾਉਣ ਦੀ ਕੀਤੀ ਘਿਨੌਣੀ ਹਰਕਤ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਮੰਤਰੀ ਧਾਲੀਵਾਲ ਵੱਲੋਂ ਸੱਚ ਲਿਖਣ ਵਾਲੇ ਪੱਤਰਕਾਰਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਕਦੇ ਦਬਾਈ ਨਹੀਂ ਜਾਵੇਗੀ! ਉਨ੍ਹਾਂ ਕਿਹਾ ਕਿ ਅਗਰ ਮੰਤਰੀ ਧਾਲੀਵਾਲ ਨੇ ਪੱਤਰਕਾਰਾਂ ਨਾਲ ਛੇੜੇ ਇਸ ਵਿਵਾਦ ਨੂੰ ਜਲਦ ਖਤਮ ਨਾ ਕੀਤਾ ਤਾ ਆਉਣ ਵਾਲੇ ਦਿਨਾਂ 'ਚ ਜਿੱਥੇ ਅੰਮ੍ਰਿਤਸਰ ਦੇ ਹਰ ਹਲਕੇ 'ਚ ਮੰਤਰੀ ਧਾਲੀਵਾਲ ਦਾ ਪੁਤਲਾ ਫੂਕ ਕੇ ਵਿਰੋਧ ਕੀਤਾ ਜਾਵੇਗਾ, ਓਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅੰਮ੍ਰਿਤਸਰ ਫੇਰੀ 'ਤੇ ਕਾਲੀਆਂ ਝੰਡੀਆਂ ਦਿਖਾ ਕੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ! ਇਸ ਮੌਕੇ ਪ੍ਰਧਾਨ ਜਸਬੀਰ ਸਿੰਘ ਪੱਟੀ ਵੱਲੋਂ ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੀ ਤਹਿਸੀਲ ਅਜਨਾਲਾ ਦੀ ਕਮੇਟੀ ਗਠਤ ਕਰਦਿਆਂ ਵਰਿੰਦਰ ਸ਼ਰਮਾ ਨੂੰ ਤਹਿਸੀਲ ਪ੍ਰਧਾਨ, ਗੁਰਜੰਟ ਸਿੰਘ ਗਿੱਲ ਨੂੰ ਜਨਰਲ ਸਕੱਤਰ ਅਤੇ ਕੁਲਬੀਰ ਸਿੰਘ ਢਿੱਲੋਂ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ! ਰਜੀਵ ਸ਼ਰਮਾ, ਮੈਡਮ ਮਮਤਾ ਦੇਵਗਨ, ਰਜੇਸ਼ ਕੁਮਾਰ, ਹਰੀਸ਼ ਕੁਮਾਰ, ਪ੍ਰਿਥੀਪਾਲ ਸਿੰਘ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਤਨ ਦੀ ਮਿੱਟੀ ਦੇ ਐਮਡੀ ਜਸਵਿੰਦਰ ਸਿੰਘ ਸੰਧੂ, ਜਗਬੀਰ ਸਿੰਘ ਚੁਗਾਵਾਂ, ਮਨੀਸ਼ ਉਪਲ, ਸੁਖਚੈਨ ਸਿੰਘ ਗਿੱਲ, ਦਵਿੰਦਰ ਕੁਮਾਰ, ਸੁਖਜਿੰਦਰ ਸਿੰਘ ਰਾਜੂ, ਗੁਰਪ੍ਰੀਤ ਸਿੰਘ, ਹਰਦੇਵ ਪ੍ਰਿੰਸ, ਮੈਡਮ ਸਿਮਰਨ ਰਾਜਪੂਤ, ਮੈਡਮ ਖੁਸ਼ਬੂ ਅਤੇ ਗੁਰਪ੍ਰੀਤ ਛੀਨਾ ਆਦਿ ਹਾਜ਼ਰ ਸਨ।

# ਸੀਨੀਅਰ ਪੁਲਸ ਅਫਸਰਾਂ ਵੱਲੋਂ ਮਾਨਵਤਾ ਦੀ ਸੇਵਾ 'ਚ ਵੱਡਾ ਯੋਗਦਾਨ




**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵਿੱਚ ਰਹਿ ਰਹੇ ਬਜ਼ੁਰਗਾਂ ਦੇ ਲਈ ਐੱਸਐੱਸਪੀ ਦਲਜਿੰਦਰ ਸਿੰਘ ਢਿੱਲੋਂ ਅਤੇ ਐੱਸਪੀ ਹੈੱਡਕੁਆਰਟਰ ਗੁਰਬਚਨ ਸਿੰਘ ਅਤੇ ਸੀਡੀਪੀਓ ਵੱਲੋਂ ਬਿਰਧ ਆਸ਼ਰਮ ਝਾਖੋਲਾੜੀ 'ਚ ਬਜ਼ੁਰਗਾਂ ਲਈ ਸਾਮਾਨ ਭੇਟ ਕੀਤਾ ਗਿਆ।ਇਸ ਦੇ ਨਾਲ ਹੀ ਉਨ੍ਹਾਂ ਨੇ ਬਜ਼ੁਰਗਾਂ ਦਾ ਹਾਲ-ਚਾਲ ਜਾਣਿਆ।ਉਨ੍ਹਾਂ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ ਅਤੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਸਾਨੂੰ ਇੱਥੇ ਆ ਕੇ ਬਹੁਤ ਵਧੀਆ ਲੱਗਿਆ। ਬਜ਼ੁਰਗਾਂ ਨਾਲ ਗੱਲ ਕਰਕੇ ਪਤਾ ਲੱਗਾ ਕਿ ਉਹ ਇੱਥੇ ਬਹੁਤ ਖ਼ੁਸ਼ ਹਨ।ਆਸ਼ਰਮ ਸੁਪਰਡੈਂਟ ਅੰਜਲੀ ਸ਼ਰਮਾ ਅਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਨੂੰ ਆਏ ਹੋਏ ਮਹਿਮਾਨਾਂ ਨੇ ਕਿਹਾ ਕਿ ਤੁਸੀਂ ਜੋ ਇਹ ਮਾਨਵਤਾ ਦੀ ਸੇਵਾ ਕਰ ਰਹੇ ਹੋ ਦੁਨੀਆਂ ਵਿੱਚ ਇਸ ਤੋਂ ਵੱਡੀ ਹੋਰ ਸੇਵਾ ਕੋਈ ਨਹੀਂ।ਅਸੀਂ ਪਰਮਾਤਮਾ ਅੱਗੇ ਦੁਆ ਕਰਦੇ ਹਾਂ ਕਿ ਵਾਹਿਗੁਰੂ ਤੁਹਾਨੂੰ ਹੋਰ ਬਲ ਬਖਸ਼ੇ।ਇਸ ਤੇ ਐੱਸਐੱਸਪੀ ਦਫਤਰ ਦੇ ਟੀਮ ਮੈਂਬਰ ਦੀਪਕ ਸਲਾਰੀਆ, ਕਰਨ ਕੁਮਾਰ, ਅਮਿਤ ਕੁਮਾਰ ਆਦਿ ਵੀ ਮੌਜੂਦ ਸਨ।ਇਸ ਮੌਕੇ ਸਮੂਹ ਆਸ਼ਰਮ ਸਟਾਫ ਸਵਿਤਾ, ਅੰਜੂ ਬਾਲਾ, ਸੁਖਵਿੰਦਰ ਕੌਰ, ਸਰੋਜ ਬਾਲਾ, ਕੁਲਵਿੰਦਰ ਕੌਰ, ਤਰਸੇਮ ਲਾਲ, ਰਮੇਸ਼ ਕੁਮਾਰ ਆਦਿ ਮੌਜੂਦ ਸਨ।

# ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣ ਕਰਨ ਦੀ ਅਪੀਲ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਚੋਣਾਂ ਵਾਲੇ ਦਿਨ ਅਤੇ ਉਸ ਤੋਂ ਇੱਕ ਦਿਨ ਪਹਿਲਾਂ ਵਾਲੇ ਦਿਨ ਦੇ ਅਖ਼ਬਾਰਾਂ ਵਿੱਚ ਬਿਨਾਂ ਪੂਰਵ ਪ੍ਰਵਾਨਗੀ ਤੋਂ ਕੋਈ ਵੀ ਸਿਆਸੀ ਇਸ਼ਤਿਹਾਰ ਛਾਪਣ ਤੇ ਰੋਕ ਲਗਾਈ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਵਿੱਚ ਮਤਦਾਨ 01 ਜੂਨ, 2024 ਨੂੰ ਹੋਣਾ ਹੈ। ਇਸ ਲਈ 31 ਮਈ, 2024 ਅਤੇ 01 ਜੂਨ, 2024 ਦੇ ਅਖ਼ਬਾਰਾਂ ਵਿੱਚ ਕੋਈ ਵੀ ਸਿਆਸੀ ਇਸ਼ਤਿਹਾਰ ਛਪਵਾਉਣ ਤੋਂ ਪਹਿਲਾਂ ਇਸ ਇਸ਼ਤਿਹਾਰ ਨੂੰ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਤੋਂ ਪੂਰਵ ਪ੍ਰਵਾਨਗੀ ਲੈਣਾ ਲਾਜ਼ਮੀ ਹੈ। ਉਨ੍ਹਾਂ ਸਮੂਹ ਸਿਆਸੀ ਪਾਰਟੀਆਂ ਅਤੇ ਮੀਡੀਆ ਅਦਾਰਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਹਨਾਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣ ਕਰਨ।ਉਨ੍ਹਾਂ ਕਿਹਾ ਕਿ ਇਲੈਕਟ੍ਰੋਨਿਕ ਮੀਡੀਆ ਅਤੇ ਸੋਸ਼ਲ ਮੀਡੀਆ ਵਿੱਚ ਕੋਈ ਵੀ ਸਿਆਸੀ ਇਸ਼ਤਿਹਾਰ ਇਸ ਸਮੇਂ ਵੀ ਬਿਨਾਂ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਤੋਂ ਜਾਰੀ ਨਹੀਂ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧੀ ਚੋਣ ਕਮਿਸ਼ਨ ਵੱਲੋਂ ਬਕਾਇਦਾ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਨੇ ਕਿਹਾ ਕਿ ਚੋਣਾਂ ਵਾਲੇ ਦਿਨ ਜਾਂ ਉਸ ਤੋਂ ਇੱਕ ਦਿਨ ਪਹਿਲਾਂ ਪ੍ਰਿੰਟ ਮੀਡੀਆ ਵਿਚ ਛਪਣ ਵਾਲੇ ਇਸ਼ਤਿਹਾਰਾਂ ਦੀ ਪ੍ਰੀ-ਸਰਟੀਫਿਕੇਸ਼ਨ ਲਈ ਉਮੀਦਵਾਰ ਜਾਂ ਪਾਰਟੀ ਨੂੰ ਘੱਟੋ-ਘੱਟ ਦੋ ਦਿਨ ਪਹਿਲਾਂ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਕੋਲ ਅਰਜ਼ੀ ਦੇਣਾ ਲਾਜ਼ਮੀ ਹੋਵੇਗਾ।ਜ਼ਿਲ੍ਹਾ ਚੋਣ ਅਫ਼ਸਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਮੁੱਲ ਦੀਆਂ ਖ਼ਬਰਾਂ ਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਵੱਲੋਂ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਜੇਕਰ ਕਿਸੇ ਉਮੀਦਵਾਰ ਵੱਲੋਂ ਮੁੱਲ ਦੀਆਂ ਖ਼ਬਰਾਂ ਛਪਵਾਈਆਂ ਜਾਂਦੀਆਂ ਹਨ ਤਾਂ ਇਨ੍ਹਾਂ ਦਾ ਖ਼ਰਚਾ ਵੀ ਉਮੀਦਵਾਰ ਦੇ ਚੋਣ ਖ਼ਰਚ ਵਿਚ ਸ਼ਾਮਿਲ ਕੀਤਾ ਜਾਵੇਗਾ।ਇਸ ਲਈ ਪ੍ਰਿੰਟ ਮੀਡੀਆ, ਸੋਸ਼ਲ ਮੀਡੀਆ ਅਤੇ ਇਲੈਕਟ੍ਰੋਨਿਕ ਮੀਡੀਆ ਦੀ ਲਗਾਤਾਰ ਨਜ਼ਰਸਾਨੀ ਕੀਤੀ ਜਾ ਰਹੀ ਹੈ।

# ਅੰਸ਼ਪ੍ਰੀਤ ਕੌਰ 'ਕਿਸਮੇ ਕਿਤਨਾ ਹੈ ਦਮ' ਦੇ ਫਾਈਨਲ 'ਚ ਪਹੁੰਚੀ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ਼ ਖਾਲਸਾ ਦੀਵਾਨ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੀ ਪੰਜਵੀਂ ਜਮਾਤ ਦੀ ਵਿਦਿਆਰਥਣ ਅੰਸ਼ਪ੍ਰੀਤ ਕੌਰ ਸਪੁੱਤਰੀ ਦਲਜੀਤ ਸਿੰਘ ਨੇ 'ਕਿਸਮੇ ਕਿਤਨਾ ਹੈ ਦਮ' ਜੋ ਕਿ ਜੌਹਨ ਪ੍ਰੋਡਕਸ਼ਨ ਇੰਡੀਆ ਵੱਲੋਂ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚੋਂ ਸੁੰਦਰ ਲਿਖਾਈ ਮੁਕਾਬਲੇ ਵਿੱਚ ਭਾਗ ਲਿਆ ਜਿਸ ਦੇ ਵੱਖ-ਵੱਖ ਰਾਊਂਡ ਜੋ ਕਿ ਵੱਖ-ਵੱਖ ਸਕੂਲਾਂ ਵਿੱਚ ਜਿਵੇਂ ਮਾਊਂਟ ਲਿਟਰਾ ਸਕੂਲ, ਸਕੂਲ, ਮਮਤਾ ਨਿਕੇਤਨ ਸਕੂਲ ਅਤੇ ਸੇਵਾ ਦੇਵੀ ਸਕੂਲ ਵਿਖੇ ਕਰਵਾਏ ਗਏ ਸਨ, ਵਿੱਚੋਂ ਆਪਣੀ ਪ੍ਰਤਿਭਾ ਦਾ ਸੁੰਦਰ ਪ੍ਰਦਰਸ਼ਨ ਕਰਦੇ ਹੋਏ ਫਾਈਨਲ ਰਾਊਂਡ ਵਿੱਚ ਪਹੁੰਚ ਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸੇਠੀ, ਜਤਿੰਦਰਬੀਰ ਸਿੰਘ ਬਹਿਲ, ਪ੍ਰਿੰ. ਅਨੁਰੀਤ ਬਾਵਾ, ਸਕੂਲ ਦੇ ਹੈੱਡ ਮਿਸਟਰੈੱਸ ਸਿਮਰਪ੍ਰੀਤ ਕੌਰ ਨੇ ਬੱਚੀ ਦੀ ਹੌਸਲਾ ਅਫਜ਼ਾਈ ਕਰਦਿਆਂ ਉਸ ਨੂੰ ਫਾਈਨਲ ਵਿੱਚੋਂ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕਰਨ ਦੇ ਲਈ ਪ੍ਰੇਰਿਤ ਕੀਤਾ।

# ਪੁਲਸ ਦੇ ਸ਼ਕਤੀ ਹੈਲਪ ਡੈਸਕ ਨੇ ਜਾਗਰੂਕਤਾ ਸਮਾਗਮ ਕਰਵਾਇਆ



**ਬਟਾਲਾ (ਡਾ. ਮਲਵਿੰਦਰ ਸਿੰਘ)**-ਐੱਸਐੱਸਪੀ ਬਟਾਲਾ ਮੈਡਮ ਅਸ਼ਵਨੀ ਗੋਟਿਆਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਸ਼ਕਤੀ ਹੈਲਪ ਡੈਸਕ ਵੱਲੋਂ ਆਲ ਇੰਡੀਆਂ ਵੂਮੈਨ ਕਾਨਫਰੰਸ, ਸਤੀ ਸਮਾਧ, ਜਲੰਧਰ ਰੋਡ ਬਟਾਲਾ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਔਰਤਾਂ ਦੇ ਅਧਿਕਾਰਾਂ, ਸਾਈਬਰ ਕਰਾਈਮ ਅਤੇ ਨਸ਼ਾਖੋਰੀ ਦੇ ਦੁਰਪ੍ਰਭਾਵਾਂ ਆਦਿ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਜਾਗਰੂਕਤਾ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਦਿਆਂ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਨਸ਼ਿਆਂ ਤੋਂ ਪੀੜਤ ਵਿਅਕਤੀ ਨਾਲ ਹਮਦਰਦੀ ਦਾ ਵਤੀਰਾ ਅਪਣਾਇਆ ਜਾਵੇ ਅਤੇ ਉਸਦੇ ਇਲਾਜ ਲਈ ਪੀੜਤ ਨੂੰ ਮੁੜ ਵਸੇਬੇ ਕੇਂਦਰ ਵਿੱਚ ਭਰਤੀ ਕਰਵਾਇਆ ਜਾਵੇ।ਉਨ੍ਹਾਂ ਅੱਗੇ ਦੱਸਿਆ ਕਿ ਐੱਸਐੱਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੋਕਾਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਵੱਧ ਤੋਂ ਵੱਧ ਜਾਗਰੂਕਤਾ ਸੈਮੀਨਾਰ ਲਗਾਏ ਜਾ ਰਹੇ ਹਨ ਤਾਂ ਜੋ ਬੱਚਿਆਂ ਦੇ ਨਾਲ-ਨਾਲ ਨੌਜਵਾਨ ਵਰਗ ਇਸ ਤੋਂ ਦੂਰ ਰਹੇ।ਉਨ੍ਹਾਂ ਹੈਲਪਲਾਈਨ ਨੰਬਰ 112 ਬਾਰੇ ਵੀ ਜਾਗਰੂਕ ਕੀਤਾ ਅਤੇ ਕਿਹਾ ਕਿ ਸਹਾਇਤਾ ਲੈਣ ਲਈ ਇਸੇ ਨੰਬਰ ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।

# ਹਿਊਮੈਨਟੀਜ਼ ਵਿਭਾਗ ਵੱਲੋਂ 'ਭਰੂਣ ਹੱਤਿਆ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਖਾਲਸਾ ਕਾਲਜ ਚਵਿੰਡਾ ਦੇਵੀ ਵਿਖੇ ਭਰੂਣ ਹੱਤਿਆ ਵਿਸ਼ੇ ਉਪਰ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾ. ਹਰਨੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਲਗਵਾਈ।

ਇਸ ਪ੍ਰੋਗਰਾਮ ਦੀ ਆਰੰਭਤਾ ਮੌਕੇ ਕਾਲਜ ਪ੍ਰਿੰਸੀਪਲ ਪ੍ਰੋਫੈਸਰ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਨੂੰ ਭਰੂਣ ਹੱਤਿਆ ਸਬੰਧੀ ਜਾਗਰੂਕ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਭਰੂਣ ਹੱਤਿਆ ਸਾਡੇ ਸਮਾਜ ਲਈ ਇੱਕ ਲਾਹਨਤ ਹੈ ਤੇ ਇਸ ਲਾਹਨਤ ਨੂੰ ਖਤਮ ਕਰਨ ਲਈ ਨੌਜਵਾਨੀ ਨੂੰ ਸਭ ਤੋਂ ਪਹਿਲਾਂ ਅੱਗੇ ਆਉਣਾ ਹੋਵੇਗਾ।ਇਸ ਮੌਕੇ ਡਾ. ਹਰਨੀਤ ਕੌਰ ਨੇ ਵਿਦਿਆਰਥੀਆਂ ਨੂੰ ਭਰੂਣ ਹੱਤਿਆ ਦੇ ਕਾਰਨ, ਸੁਝਾਵਾਂ ਅਤੇ ਭਰੂਣ ਹੱਤਿਆ ਨੂੰ ਖਤਮ ਕਰਨ ਲਈ ਸਮੇਂ-ਸਮੇਂ ਤੇ ਬਣਾਏ ਗਏ ਵੱਖ-ਵੱਖ ਸਰਕਾਰੀ ਕਾਨੂੰਨਾਂ ਅਤੇ ਨੀਤੀਆਂ ਬਾਰੇ ਜਾਗਰੂਕ ਕਰਵਾਇਆ।ਇਸ ਤੋਂ ਇਲਾਵਾ ਵਰਤਮਾਨ ਸਮੇਂ ਭਰੂਣ ਹੱਤਿਆ ਨੂੰ ਖਤਮ ਕਰਨ ਲਈ ਸਮਾਜ ਵਿੱਚ ਕੰਮ ਕਰ ਰਹੀਆਂ ਵੱਖ ਵੱਖ ਸੰਸਥਾਵਾਂ ਦੇ ਬਾਰੇ ਵੀ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ।ਡਾ. ਹਰਨੀਤ ਕੌਰ ਨੇ ਵਿਦਿਆਰਥੀਆਂ ਨੂੰ ਇਹ ਦੱਸਿਆ ਕਿ ਜੇਕਰ ਵਰਤਮਾਨ ਸਮੇਂ ਇਸ ਸਮੱਸਿਆ ਤੋਂ ਮੁਕਤੀ ਪਾਉਣੀ ਹੈ ਤਾਂ ਸਾਨੂੰ ਸਾਰਿਆਂ ਨੂੰ ਗੁਰੂ ਨਾਨਕ ਦੇ ਫਲਸਫੇ ਦੇ ਉੱਪਰ ਕੰਮ ਕਰਨਾ ਹੋਵੇਗਾ।

ਇਸ ਮੌਕੇ ਹਿਊਮੈਨਟੀਜ਼ ਵਿਭਾਗ ਤੋਂ ਪ੍ਰੋਫੈਸਰ ਦਵਿੰਦਰ ਕੌਰ ਕਲਿਆਣ ਨੇ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਕਿ ਜੇਕਰ ਇਸ ਸਮੱਸਿਆ ਨੂੰ ਖਤਮ ਕਰਨਾ ਹੈ ਤਾਂ ਔਰਤਾਂ ਦੇ ਨਾਲ-ਨਾਲ ਮਰਦਾਂ ਨੂੰ ਵੀ ਸਮਾਜ ਵਿੱਚ ਔਰਤ ਦਾ ਰੁਤਬਾ ਉੱਪਰ ਚੁੱਕਣ ਲਈ ਯਤਨ ਕਰਨਾ ਪਵੇਗਾ।

# ਸਤਿ ਕਰਤਾਰ ਚੈਰੀਟੇਬਲ ਟਰੱਸਟ ਠੇਠਰਕੇ ਨੇ ਲੋੜਵੰਦ ਔਰਤਾਂ ਨੂੰ ਮਹੀਨਾਵਾਰ ਪੈਨਸ਼ਨਾਂ ਵੰਡੀਆਂ




**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਿੰਡ ਠੇਠਰਕੇ ਦੇ ਵਸਨੀਕ ਐੱਨਆਰਆਈ ਅਵਤਾਰ ਸਿੰਘ ਰੰਧਾਵਾ ਸਾਬਕਾ ਬੀਪੀਈਓ ਡੇਰਾ ਬਾਬਾ ਨਾਨਕ ਜਿਨ੍ਹਾਂ ਵੱਲੋਂ ਲੋੜਵੰਦ ਔਰਤਾਂ ਦੀ ਮਦਦ ਕਰਨ ਦੇ ਮੰਤਵ ਨਾਲ ਸੰਨ 2001 ਵਿੱਚ ਸਤਿ ਕਰਤਾਰ ਚੈਰੀਟੇਬਲ ਟਰੱਸਟ ਠੇਠਰਕੇ ਬਣਾਇਆ ਗਿਆ ਸੀ, ਵੱਲੋਂ ਹਰ ਮਹੀਨੇ ਡੇਰਾ ਬਾਬਾ ਨਾਨਕ ਦੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਵਿੱਚ ਬਣਾਏ ਗਏ 9 ਸੈਂਟਰਾ ਵਿੱਚ ਲੋੜਵੰਦ ਔਰਤਾਂ ਨੂੰ ਕਰੀਬ 1 ਲੱਖ ਤੀਹ ਹਜ਼ਾਰ ਦੀ ਰਾਸ਼ੀ ਪੈਨਸ਼ਨ ਦੇ ਰੂਪ ਵਿੱਚ ਵੰਡੀ ਜਾਂਦੀ ਹੈ।ਇਸ ਦੇ ਤਹਿਤ ਚੱਲਦਿਆ ਅੱਜ ਟਰੱਸਟ ਵੱਲੋਂ ਸੈਂਟਰ ਡੇਰਾ ਬਾਬਾ ਨਾਨਕ, ਠੇਠਰਕੇ, ਸ਼ਹਿਜ਼ਾਦਾ ਕਲਾਂ, ਝੰਗੀ ਮਨਸੂਕੇ, ਸ਼ਾਹਪੁਰ ਗੋਰਾਇਆ, ਕਾਹਲਾ ਵਾਲੀ, ਧਾਰੋਵਾਲੀ, ਕੋਟਲੀ ਸੂਰਤ ਮੱਲੀ ਅਤੇ ਤਲਵੰਡੀ ਰਾਮਾ ਆਦਿ ਸੈਂਟਰਾਂ ਦੀਆਂ ਲੋੜਵੰਦ ਔਰਤਾਂ ਅਤੇ ਵੱਖ-ਵੱਖ ਸਕੂਲਾਂ ਵਿੱਚ ਪੜ੍ਹਾਈ ਕਰ ਰਹੇ ਲੋੜਵੰਦ ਵਿਦਿਆਰਥੀਆਂ ਨੂੰ ਕਰੀਬ 1 ਲੱਖ ਤੀਹ ਹਜ਼ਾਰ ਰੁਪਏ ਦੀ ਮਹੀਨਾਵਾਰ ਪੈਨਸ਼ਨ ਵੰਡੀ ਗਈ।ਡੇਰਾ ਬਾਬਾ ਨਾਨਕ ਸੈਂਟਰ ਵਿੱਚ ਅੱਜ ਪੈਨਸ਼ਨ ਵੰਡ ਸਮਾਗਮ ਮੌਕੇ ਟਰੱਸਟ ਦੇ ਬਾਨੀ ਅਵਤਾਰ ਸਿੰਘ ਰੰਧਾਵਾ, ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਗੋਰਾਇਆ ਮੈਂਬਰ ਐੱਸਜੀਪੀਸੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਲੋੜਵੰਦ ਔਰਤਾਂ ਨੂੰ ਪੈਨਸ਼ਨਾਂ ਵੰਡੀਆਂ। ਇਸ ਮੌਕੇ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਨੇ ਟਰੱਸਟ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਟਰੱਸਟ ਵੱਲੋਂ ਜੋ ਲੋੜਵੰਦ ਔਰਤਾਂ ਦੀ ਮਾਇਕ ਪੱਖੋਂ ਮਦਦ ਕੀਤੀ ਜਾ ਰਹੀ ਹੈ, ਇਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਸਾਨੂੰ ਵੀ ਇਸ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ।ਇਸ ਮੌਕੇ ਅਵਤਾਰ ਸਿੰਘ ਰੰਧਾਵਾ ਨੇ ਕਿਹਾ ਕਿ ਟਰੱਸਟ ਵੱਲੋਂ ਇਹ ਉਪਰਾਲਾ ਹਮੇਸ਼ਾ ਇਸ ਤਰ੍ਹਾਂ ਹੀ ਚੱਲਦਾ ਰਹੇਗਾ।ਇਸ ਮੌਕੇ ਹਰਜੀਤ ਸਿੰਘ ਠੇਠਰਕੇ, ਟਰੱਸਟ ਦੇ ਪ੍ਰਧਾਨ ਮਾਸਟਰ ਬਚਨ ਦਾਸ, ਮਾਸਟਰ ਪਿਆਰਾ ਸਿੰਘ, ਮਾਸਟਰ ਤੇਜਿੰਦਰਜੀਤ ਸਿੰਘ ਪੁੰਨੀ, ਗੁਰਮੀਤ ਸਿੰਘ ਠੇਠਰਕੇ, ਸੂਬੇਦਾਰ ਜੋਗਿੰਦਰ ਸਿੰਘ, ਮਾਸਟਰ ਸਰੂਪ ਸਿੰਘ ਸ਼ਾਹਪੁਰ ਗੋਰਾਇਆ, ਮਾਸਟਰ ਰਾਮ ਸਰੂਪ, ਦੀਦਾਰ ਸਿੰਘ ਠੇਠਰਕੇ, ਸੋਹਣ ਸਿੰਘ ਰੰਧਾਵਾ ਕੋਟ ਦਲਪਤ ਰਾਏ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋੜਵੰਦ ਔਰਤਾਂ ਹਾਜ਼ਰ ਸਨ।

# ਜੁੰਮਾ ਤੁੱਲ ਵਿਦਾ ਦੀ ਨਮਾਜ਼ ਅਦਾ ਕੀਤੀ ਗਈ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਵਿੱਤਰ ਰਮਜ਼ਾਨ ਉਲ ਮੁਬਾਰਕ ਦੇ ਮੌਕੇ ਅੱਜ ਰਮਜ਼ਾਨ ਦਾ ਆਖ਼ਰੀ ਜੁੰਮਾ ਦੀ ਨਮਾਜ਼ ਦੁਨੀਆ ਭਰ ਵਿੱਚ ਅਦਾ ਕੀਤੀ ਗਈ।ਰਮਜ਼ਾਨ ਜੋ ਕਿ 12 ਮਾਰਚ ਤੋਂ ਸ਼ੁਰੂ ਹੋਇਆ ਸੀ ਅੱਜ ਰੋਜ਼ਿਆਂ ਦਾ 25ਵਾਂ ਦਿਨ ਸੀ। ਜੁੰਮਾ ਤੁੱਲ ਮੁਬਾਰਕ ਦਾ ਆਖ਼ਰੀ ਜੁੰਮਾ ਸੀ।ਇਸ ਮੌਕੇ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਦੇਸ਼ ਭਰ ਵਿੱਚ ਜੁੰਮਾ ਦੀ ਨਮਾਜ਼ ਅਦਾ ਕੀਤੀ।ਇਸ ਮੌਕੇ ਰਮਜ਼ਾਨ ਦੀ ਅਹਿਮੀਅਤ ਬਾਰੇ



ਜਾਣਕਾਰੀ ਦਿੱਤੀ ਗਈ।ਰੋਜ਼ੇ ਜੋ ਕਿ ਇਨਸਾਨ ਦੇ ਅੰਦਰ ਪਾਕ ਤਬਦੀਲੀ ਪੈਦਾ ਕਰਦੇ ਹਨ।ਜੇ ਕੋਈ ਵਿਅਕਤੀ ਰੋਜ਼ੇਦਾਰ ਨਾਲ ਲੜਾਈ ਝਗੜਾ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਰੋਜ਼ੇਦਾਰ ਕਹਿੰਦਾ ਹੈ ਕਿ ਮੈਂ ਰੋਜ਼ੇ ਤੋਂ ਹਾਂ ਅਤੇ ਮੈਨੂੰ ਕਿਸੇ ਤਰ੍ਹਾਂ ਦਾ ਝਗੜਾ ਜਾਂ ਲੜਾਈ ਨਹੀਂ ਕਰਨੀ ਹੈ ਜਿਸ ਦੇ ਕਾਰਨ ਅਗਲਾ ਪੱਖ ਨਰਮ ਪੈ ਜਾਂਦਾ ਹੈ ਅਤੇ ਲੜਾਈ ਝਗੜਾ ਨਹੀਂ ਹੁੰਦਾ। ਰੋਜ਼ੇ ਇਨਸਾਨ ਨੂੰ ਸੱਚਾਈ ਦੀ ਰਾਹ ਵਿੱਚ ਚੱਲਣ ਲਈ ਪ੍ਰੇਰਿਤ ਕਰਦੇ ਹਨ।ਇਨਸਾਨ ਝੂਠ ਛੱਲ ਕਪਟ ਤੋਂ ਤੌਬਾ ਕਰ ਲੈਂਦਾ ਹੈ ਜਿਸ ਦੇ ਕਾਰਨ ਸਮਾਜ ਵਿੱਚ ਅਮਨ-ਸ਼ਾਂਤੀ ਅਤੇ ਆਪਸੀ ਪਿਆਰ ਦਾ ਮਾਹੌਲ ਪੈਦਾ ਹੋ ਜਾਂਦਾ ਹੈ।

# ਜ਼ਿਲ੍ਹਾ ਪੁਲਸ ਮੁਖੀ ਵੱਲੋਂ ਸਮੂਹ ਜੀ ਓਜ਼, ਐੱਸ ਐੱਚ ਓ ਤੇ ਇੰਚਾਰਜ ਯੂਨਿਟਾਂ ਨਾਲ ਮੀਟਿੰਗ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)** - ਦਾਯਮਾ ਹਰੀਸ਼ ਕੁਮਾਰ ਸੀਨੀਅਰ ਕਪਤਾਨ ਪੁਲਸ, ਗੁਰਦਾਸਪੁਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚੋਣ ਕਮਿਸ਼ਨ ਪੰਜਾਬ ਵੱਲੋਂ ਮੀਟਿੰਗ ਕਰਕੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਨਜਾਇਜ਼ ਸ਼ਰਾਬ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਖਿਲਾਫ ਢੁੱਕਵੀਂ ਕਾਰਵਾਈ ਕਰਕੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਜਾਵੇ।

ਅਸਲਾ ਧਾਰਕਾਂ ਦਾ 100% ਅਸਲਾ ਜਮ੍ਹਾਂ ਕੀਤਾ ਜਾਵੇ ਅਤੇ ਟ੍ਰਬਲ ਮੇਕਰ ਖਿਲਾਫ ਰੋਕੂ ਕਾਰਵਾਈਆਂ ਅਮਲ ਵਿੱਚ ਲਿਆਉਣ ਦੀ ਹਦਾਇਤ ਕੀਤੀ ਗਈ। ਜ਼ਿਲ੍ਹਾ ਪੁਲਸ ਮੁਖੀ ਵਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਜੀ ਓਜ਼, ਸਮੂਹ ਮੁੱਖ ਅਫਸਰ ਥਾਣਾ ਅਤੇ ਸਮੂਹ ਇੰਚਾਰਜ ਯੂਨਿਟਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਹਦਾਇਤਾਂ ਤੋਂ ਜਾਣੂ ਕਰਵਾਇਆ ਗਿਆ ਅਤੇ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।

# ਗੁਰਭੇਜ ਔਲਖ ਪਿਤਾ ਦੀਆਂ ਅਸਥੀਆਂ ਲੈ ਕੇ ਨਾਨੋਨੰਗਲ ਪਹੁੰਚੇ



**ਗੁਰਦਾਸਪੁਰ, (ਦਿਨੇਸ਼ ਕੁਮਾਰ)**—ਉੱਘੇ ਸਮਾਜ ਸੇਵਕ ਤੇ ਸਾਬਕਾ ਸਰਪੰਚ ਗੁਰਭੇਜ ਸਿੰਘ ਔਲਖ ਆਪਣੇ ਪਿਤਾ ਦੀਆਂ ਅਸਥੀਆਂ ਲੈ ਕੇ ਅਮਰੀਕਾ ਤੋਂ ਆਪਣੇ ਜੱਦੀ ਪਿੰਡ ਨਾਨੋਨੰਗਲ ਆਲੇਚੱਕ ਵਿਖੇ ਪਹੁੰਚੇ।ਗੁਰਭੇਜ ਸਿੰਘ ਔਲਖ ਦੇ ਪਿਤਾ ਸਰੂਪ ਸਿੰਘ (ਸੇਵਾ ਮੁਕਤ ਮੁੱਖ ਅਧਿਆਪਕ) ਦੀ ਅਮਰੀਕਾ ਵਿਚ ਅਚਾਨਕ ਮੌਤ ਹੋ ਗਈ ਸੀ ਅਤੇ ਉਥੇ ਸਾਰੇ ਰੀਤੀ ਰਿਵਾਜ ਕਰਨ ਤੋਂ ਬਆਦ ਹੁਣ ਉਹ ਆਪਣੀ ਮਾਤਾ ਨਾਲ ਅਸਥੀਆਂ ਲੈ ਕੇ ਪਿੰਡ ਪਹੁੰਚੇ ਹਨ।ਗੁਰਭੇਜ ਸਿੰਘ ਔਲਖ ਨੇ ਦੱਸਿਆ ਕਿ ਪਿਤਾ ਦੀ ਯਾਦ ਵਿਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਹਨ ਜਿਨ੍ਹਾਂ ਦਾ ਭੋਗ 7 ਅਪ੍ਰੈਲ ਨੂੰ ਪਿੰਡ ਨਾਨੋਨੰਗਲ ਦੇ ਗੁਰਦੁਆਰਾ ਸਾਹਿਬ ਵਿਖੇ ਪਾਏ ਜਾਣਗੇ, ਜਿਥੇ ਵੈਰਾਗਮਈ ਕੀਰਤਨ ਤੋਂ ਬਆਦ ਸ਼ਰਧਾਂਜਲੀ ਸਮਾਗਮ ਹੋਵੇਗਾ।ਜਦੋਂਕਿ ਸਰੂਪ ਸਿੰਘ ਦੇ ਦਿਹਾਂਤ 'ਤੇ ਇਲਾਕੇ ਦੇ ਸਰਪੰਚ, ਪੰਚ, ਸਮਾਜ ਸੇਵੀ ਤੇ ਹੋਰ ਆਗੂ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਿੰਡ ਪਹੁੰਚ ਰਹੇ ਹਨ।

# ਮਾਤਾ ਸੁਰਜੀਤ ਕੌਰ ਅਟਵਾਲ ਨੂੰ ਭਾਵ-ਭਿੰਨੀ ਸ਼ਰਧਾਂਜਲੀ



**ਗੋਇੰਦਵਾਲ ਸਾਹਿਬ -(ਕਾਬਲ ਸਿੰਘ ਮੱਲ੍ਹੀ)**- ਗੋਇੰਦਵਾਲ ਸਾਹਿਬ ਤੋਂ ਪੱਤਕਾਰ ਸਕੱਤਰ ਸਿੰਘ ਅਟਵਾਲ ਦੇ ਮਾਤਾ ਸੁਰਜੀਤ ਕੌਰ ਅਟਵਾਲ ਕੁਝ ਦਿਨ ਪਹਿਲਾਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਵਿਖੇ ਕਰਨ ਉਪਰੰਤ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਸੰਗਤਾਂ ਨੂੰ ਸਰਵਣ ਕਰਵਾਇਆ ਗਿਆ।ਇਸ ਮੌਕੇ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਵੱਲੋਂ ਮਾਤਾ ਸੁਰਜੀਤ ਕੌਰ ਅਟਵਾਲ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# 'ਭਾਜਪਾ ਤੇ ਆਰ ਐੱਸ ਐੱਸ ਨੇ ਦੇਸ਼ 'ਚ ਅਣਐਲਾਨੀ ਐਮਰਜੰਸੀ ਵਰਗੇ ਹਾਲਾਤ ਪੈਦਾ ਕਰ ਦਿੱਤੇ'



**ਬਟਾਲਾ (ਤਰਲੋਕ ਬੱਗਾ)**-ਸੀ. ਪੀ. ਆਈ. ਐੱਮਐੱਲ ਲਿਬਰੇਸ਼ਨ ਨੇ ਮੋਦੀ ਦੇ ਫਾਸ਼ੀਵਾਦ ਨੂੰ ਭਾਂਜ ਦੇਣ ਲਈ ਸੰਵਿਧਾਨ ਬਚਾਓ, ਲੋਕਤੰਤਰ ਬਚਾਓ ਅਤੇ ਦੇਸ਼ ਬਚਾਓ ਐਪ ਦੇ ਨਾਅਰੇ ਹੇਠ ਫੈਜ਼ਪੁਰਾ ਰੋਡ ਦਫ਼ਤਰ ਵਿਖੇ ਕਨਵੈਨਸਨ ਕੀਤੀ, ਜਿਸ ਦੀ ਪ੍ਰਧਾਨਗੀ ਦਲਬੀਰ ਭੋਲਾ ਮਲਕਵਾਲ, ਸੁਨੀਤਾ ਕੰਗ ਅਤੇ ਕਸ਼ਮੀਰ ਕੌਰ ਮੂਲਿਆਂਵਾਲ ਵਲੋਂ ਸਾਂਝੇ ਤੌਰ ਤੇ ਕੀਤੀ ਗਈ।ਇਸ ਸਮੇਂ ਬੋਲਦਿਆਂ ਮਜ਼ਦੂਰ ਆਗੂ ਵਿਜੇ ਸੋਹਲ, ਗੁਲਜ਼ਾਰ ਸਿੰਘ ਭੁੰਬਲੀ, ਕਿਸਾਨ ਆਗੂ ਸੁਖਦੇਵ ਸਿੰਘ ਭਾਗੋਕਾਵਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਦੇਸ਼ ਦੇ ਬੀਤੇ 75 ਸਾਲਾਂ ਦੇ ਇਤਿਹਾਸ ਵਿਚ ਪਹਿਲੀ ਵਾਰ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਮੋਦੀ ਸਰਕਾਰ ਤੋਂ ਸਭ ਤੋਂ ਵੱਡਾ ਖੱਤਰਾ ਉਤਪੰਨ ਹੋਇਆ ਹੈ।ਮੋਦੀ ਸਰਕਾਰ ਨੇ ਬੜੀ ਤੇਜ਼ੀ ਨਾਲ ਦੇਸ਼ ਦੀ ਅਫ਼ਸਰਸ਼ਾਹੀ ਨੂੰ ਡਰਾਉਣ, ਫੌਜ ਅਤੇ ਅਰਧ-ਸੈਨਿਕ ਬਲਾਂ ਅੰਦਰ ਰਾਜਨੀਤਕ ਘੁਸਪੈਠ ਕਰਨ, ਨਿਆਂਪਾਲਿਕਾ ਦੇ ਕੰਮਕਾਜ ਵਿਚ ਦਖ਼ਲ ਦੇਣ, ਚੋਣ ਕਮਿਸ਼ਨ, ਸੀਬੀਆਈ, ਈਡੀ ਸਮੇਤ ਸਮੁੱਚੇ ਆਜ਼ਾਦਾਨਾ ਸੰਵਿਧਾਨਕ ਅਦਾਰਿਆਂ ਨੂੰ ਆਪਣੇ ਰਾਜਨੀਤਕ ਹਿੱਤਾਂ ਲਈ ਵਰਤਣ ਦਾ ਕੰਮ ਕੀਤਾ ਹੈ ਜੋ ਲਗਾਤਾਰ ਜਾਰੀ ਹੈ। ਮੋਦੀ ਸਰਕਾਰ ਤਹਿਸ਼ੁਦਾ ਤਰੀਕੇ ਨਾਲ ਆਪਣੇ ਵਿਰੋਧੀਆਂ ਉਪਰ ਗੈਰ-ਸੰਵਿਧਾਨਕ ਹਮਲੇ ਕਰ ਰਹੀ ਹੈ। ਆਗੂਆਂ ਮੋਦੀ ਸਰਕਾਰ ਉਪਰ ਦੋਸ਼ ਲਾਏ ਕਿ ਭਾਜਪਾ ਅਤੇ ਆਰਐੱਸਐੱਸ ਨੇ ਦੇਸ਼ ਵਿਚ ਅਣਐਲਾਨੀ ਐਮਰਜੰਸੀ ਲਗਾ ਰੱਖੀ ਹੈ ਤਾਂ ਜੋ ਹਰ ਹੀਲੇ 2024 ਦੀਆਂ ਚੋਣਾਂ ਵਿੱਚ ਉਸ ਵਲੋਂ ਜੇਤੂ ਹੋਇਆ ਜਾਵੇ।

ਪਰ ਭਾਰਤ ਦੀ ਜਨਤਾ ਭਾਜਪਾ ਅਤੇ ਆਰਐੱਸਐੱਸ ਦੇ ਇਨ੍ਹਾਂ ਮਨਸੂਬਿਆਂ ਨੂੰ ਸਫਲ ਨਹੀਂ ਹੋਣ ਦੇਵੇਗੀ।ਕਨਵੈਨਸਨ ਨੇ ਸੱਦਾ ਦਿੱਤਾ ਕਿ ਦੇਸ਼ ਨੂੰ ਮੋਦੀ ਦੇ ਫਾਸ਼ੀਵਾਦ ਤੋਂ ਬਚਾਉਣ ਲਈ ਭਾਰਤ ਦੀ ਆਮ ਜਨਤਾ ਨੂੰ ਇੰਡੀਆ ਗਠਜੋੜ ਦੇ ਹੱਕ ਵਿੱਚ ਭੁਗਤਣਾ ਚਾਹੀਦਾ ਹੈ।ਇਸ ਸਮੇਂ ਬਚਨ ਸਿੰਘ ਤੇਜਾ ਕਲਾਂ, ਕੁਲਦੀਪ ਰਾਜੂ, ਬਲਜੀਤ ਸਿੰਘ ਮਰੜ, ਰਮਨਪ੍ਰੀਤ ਪਿੰਡੀ, ਗੁਰਦੀਪ ਸਿੰਘ ਕਾਮਲਪੁਰਾ, ਸੁਖਵੰਤ ਸਿੰਘ ਹਜਾਰਾ, ਸੋਨੀਆ ਚਗੋਵਾਲ ਅਤੇ ਛਿੰਦੀ ਹਕੀਮਪੁਰ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀ ਓਲੰਪੀਆਡ ਪ੍ਰੀਖਿਆ 'ਚ ਛਾਏ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਵੱਲੋਂ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਇੰਟਰਨੈਸ਼ਨਲ ਓਲੰਪੀਆਡ 2023-24 ਦੀ ਪ੍ਰੀਖਿਆ ਵਿੱਚ ਭਾਗ ਲਿਆ ਗਿਆ ਅਤੇ ਜਿਸ ਵਿੱਚ ਵਿਦਿਆਰਥੀਆਂ ਨੇ ਸਰਟੀਫਿਕੇਟ ਹਾਸਿਲ ਕੀਤੇ।ਜਾਣਕਾਰੀ ਦਿੰਦੇ ਹੋਏ ਪ੍ਰਿੰ. ਕਿਰਨ ਕੇਸਰ ਜੀ ਨੇ ਦੱਸਿਆ ਕਿ ਸਕੂਲ ਦੇ 35 ਵਿਦਿਆਰਥੀਆਂ ਵੱਲੋਂ ਇੰਟਰਨੈਸ਼ਨਲ ਮੈਥ ਓਲੰਪਿਆਡ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲਿਆ ਗਿਆ ਅਤੇ ਵਧੀਆ ਸਥਾਨ ਹਾਸਲ ਕਰਕੇ ਸਰਟੀਫਿਕੇਟ ਪ੍ਰਾਪਤ ਕੀਤੇ।ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੇ ਦੱਸਿਆ ਕਿ ਐੱਸਓਐੱਫ ਸੰਸਾਰ ਦੀ ਸਭ ਤੋਂ ਵੱਡੀ ਓਲੰਪੀਐਡ ਓਰਗਨਾਈਜੇਸ਼ਨ ਹੈ ਜਿਸ ਵਿੱਚ ਵੱਖ-ਵੱਖ ਦੇਸ਼ਾਂ ਦੇ ਲੱਖਾਂ ਵਿਦਿਆਰਥੀ ਭਾਗ ਲੈਂਦੇ ਹਨ।ਇਸ ਆਰਗੇਨਾਈਜੇਸ਼ਨ ਦੁਆਰਾ ਸਿੱਖਿਆ ਸ਼ਾਸਤਰੀ ਅਤੇ ਵਿਗਿਆਨੀ ਵਿਦਿਆਰਥੀਆਂ ਦੀ ਵਿਲੱਖਣ ਪ੍ਰਤਿਭਾ ਨੂੰ ਖੋਜਣ ਦੀ ਕੋਸ਼ਿਸ਼ ਕਰਦੇ ਹਨ।ਉਨ੍ਹਾਂ ਨੇ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀ ਸਿੱਖਿਆ ਦੇ ਪੱਧਰ ਤੇ ਹੋਣ ਵਾਲੀਆਂ ਪ੍ਰੀਖਿਆਵਾਂ ਵਿੱਚ ਹਮੇਸ਼ਾ ਭਾਗ ਲੈਂਦੇ ਹਨ ਅਤੇ ਵਧੀਆ ਸਥਾਨ ਪ੍ਰਾਪਤ ਕਰਦੇ ਹਨ।ਪ੍ਰਿੰਸੀਪਲ ਵੱਲੋਂ ਅਧਿਆਪਕਾਂ ਦਾ ਧੰਨਵਾਦ ਵਿਦਿਆਰਥੀਆਂ ਨੂੰਵਧੀਆ ਤਰੀਕੇ ਨਾਲ ਪੜ੍ਹਾਇਆ। ਉਨ੍ਹਾਂ ਨੇ ਕਿਹਾ ਕਿ ਅਸੀਂ ਮਾਣ ਮਹਿਸੂਸ ਕਰਦੇ ਹਾਂ ਕਿ ਸਾਡੇ ਵਿਦਿਆਰਥੀ ਹਰ ਖੇਤਰ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰਦੇ ਹਨ।ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕਰਦੇ ਹਨ।

# ਸੰਤ ਸੀਚੇਵਾਲ ਦੇ ਯਤਨਾਂ ਸਦਕਾ ਹਾਂਗਕਾਂਗ 'ਚ ਠੋਕਰਾਂ ਖਾ ਰਿਹਾ ਨੌਜਵਾਨ ਵਤਨ ਪਰਤਿਆ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਕਾਰੋਬਾਰ ਸਾਥੀ ਵੱਲੋਂ ਦਿੱਤੇ ਧੋਖੇ ਕਾਰਨ ਹਾਂਗ ਕਾਂਗ ਵਿੱਚ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜ਼ਬੂਰ ਹੋਇਆ ਜ਼ਿਲ੍ਹਾ ਗੁਰਦਾਸਪੁਰ ਦਾ ਨੌਜਵਾਨ ਬਲਜਿੰਦਰ ਸਿੰਘ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਵਾਪਿਸ ਘਰ ਪਰਤ ਆਇਆ ਹੈ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੇ ਬਲਜਿੰਦਰ ਸਿੰਘ ਨੇ ਦੱਸਿਆ ਕਿ ਉਸਦੇ ਕਾਰੋਬਾਰ ਸਾਥੀ ਨੇ ਉਸ ਨਾਲ 22 ਲੱਖ ਦੀ ਠੱਗੀ ਮਾਰ ਲਈ ਸੀ, ਜਿਸ ਨੇ ਹਾਂਗ ਕਾਂਗ ਵਿੱਚ ਉਸਦਾ ਸਾਰਾ ਜੀਵਨ ਹੀ ਬਦਲ ਕੇ ਰੱਖ ਦਿੱਤਾ ਸੀ। ਉਸ ਨੇ ਦੱਸਿਆ ਕਿ ਇਸ ਧੋਖੇ ਕਾਰਨ ਦਿਮਾਗ 'ਤੇ ਅਜਿਹਾ ਸਦਮਾ ਲੱਗਾ ਕਿ ਉਹ ਉੱਥੇ ਆਪਣਾ ਮਾਨਸਿਕ ਸੰਤੁਲਨ ਗਵਾ ਬੈਠਾ ਸੀ। ਬਲਜਿੰਦਰ ਸਿੰਘ ਨੇ ਦੱਸਿਆ ਕਿ ਉਹ 9 ਸਾਲ ਪਹਿਲਾਂ ਭਾਰਤ ਤੋਂ ਹਾਂਗ ਕਾਂਗ ਗਿਆ ਸੀ। ਜਿੱਥੇ ਉਸਦਾ ਵਧੀਆ ਕੰਮ-ਕਾਰ ਚੱਲ ਰਿਹਾ ਸੀ। ਸਾਲ 2023 ਦੌਰਾਨ ਉਸਦੀ ਉੱਥੇ ਇੱਕ ਪੰਜਾਬੀ ਪਰਵਾਰ ਨਾਲ ਮੁਲਾਕਾਤ ਹੋਈ ਜਿਹਨਾਂ ਵੱਲੋਂ ਹਾਂਗ ਕਾਂਗ ਵਿੱਚ ਮਿਲ ਕੇ ਹੋਟਲ/ਰੈਸਟੋਰੈਂਟ ਖੋਹਲਣ ਦੀ ਪੇਸ਼ਕਸ਼ ਕੀਤੀ ਸੀ। ਉਸ ਵੱਲੋਂ ਉਹਨਾਂ 'ਤੇ ਵਿਸ਼ਵਾਸ਼ ਕਰਦਿਆਂ ਹੋਇਆਂ ਆਪਣੀ ਜੀਵਨ ਭਰ ਦੀ ਕਮਾਈ ਲਗਾ ਕੇ ਹੋਟਲ/ਰੈਸਟੋਰੈਂਟ ਖੋਲ੍ਹਿਆ ਗਿਆ ਸੀ, ਪਰ ਰੈਸਟੋਰੈਂਟ ਖੋਹਲਣ ਦੇ ਕੁੱਝ ਮਹੀਨਿਆਂ ਬਾਅਦ ਹੀ ਉਸਦੇ ਸਾਥੀ ਵੱਲੋਂ ਉਸਨੂੰ ਹੋਟਲ ਵਿੱਚੋਂ ਬਾਹਰ ਕੱਢ ਦਿੱਤਾ ਗਿਆ ਸੀ। ਜਿਸ ਤੋਂ ਬਾਅਦ ਉਸਨੇ ਇਨਸਾਫ ਲਈ ਬਹੁਤ ਕੋਸ਼ਿਸ਼ਾਂ ਕੀਤੀਆਂ ਪਰ ਉਸਦੀ ਉੱਥੇ ਕਿਸੇ ਵੀ ਨਹੀ ਬਾਂਹ ਨਾਂਹ ਫੜੀ। ਜਿਸਦਾ ਉਸਦੇ ਦਿਮਾਗ ਤੇ ਬਹੁਤ ਡੂੰਘਾ ਅਸਰ ਹੋਇਆ ਸੀ। ਉਸਨੇ ਦੱਸਿਆ ਕਿ ਸੰਤ ਸੀਚੇਵਾਲ ਵੱਲੋਂ ਵਿਦੇਸ਼ ਮੰਤਰਾਲੇ ਨਾਲ ਸੰਪਰਕ ਕਰਨ ਤੋਂ ਬਾਅਦ ਉੱਥੇ ਦੀ ਪੁਲਸ ਵੱਲੋਂ ਉਸਨੂੰ ਉੱਥੇ ਹਸਪਤਾਲ ਵਿੱਚ ਭਰਤੀ ਕਰਵਾ ਦਿੱਤਾ ਗਿਆ ਸੀ। ਜਿੱਥੇ ਉਸਦਾ ਕਰੀਬਨ 2 ਮਹੀਨਿਆਂ ਤੱਕ ਇਲਾਜ਼ ਚਲਦਾ ਰਿਹਾ।ਇਸ ਮੌਕੇ ਬਲਜਿੰਦਰ ਦੇ ਨਾਲ ਆਏ ਉਸਦੇ ਭਰਾ ਜਗਤਾਰ ਸਿੰਘ ਨੇ ਕਿਹਾ ਕਿ ਸੰਤ ਸੀਚੇਵਾਲ ਵੱਲੋ ਲਗਾਤਾਰ ਉਸਦੇ ਭਰਾ ਬਲਜਿੰਦਰ ਦੇ ਕੇਸ ਦੀ ਕੀਤੀ ਗਈ ਪੈਰਵਾਈ ਕਾਰਨ ਹੀ ਉਹ ਵਾਪਿਸ ਪਹੁੰਚ ਪਾਇਆ ਹੈ।

# ਰਮੇਸ਼ ਹੈਪੀ ਪ੍ਰੋਫ਼ੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਪ੍ਰਧਾਨ ਬਣੇ



**ਜਲੰਧਰ, ( ਰਾਜੇਸ਼ ਥਾਪਾ)** ਜਲੰਧਰ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਹਾਊਸ ਮੀਟਿੰਗ ਐਸੋਸੀਏਸ਼ਨ ਦੇ ਦਫਤਰ 537 ਨਿਊ ਜਵਾਹਰ ਨਗਰ, ਨੇੜੇ ਗੁਰੂ ਨਾਨਕ ਮਿਸ਼ਨ ਹਸਪਤਾਲ ਵਿਖੇ ਹੋਈ, ਜਿਸ ਵਿਚ ਵੱਡੀ ਗਿਣਤੀ ਵਿਚ ਫੋਟੋਗ੍ਰਾਫਰਾਂ ਨੇ ਸ਼ਮੂਲੀਅਤ ਕੀਤੀ। ਪ੍ਰਧਾਨ ਰਮੇਸ਼ ਗਾਬਾ, ਜਰਨਲ ਸਕੱਤਰ ਰਮੇਸ਼ ਹੈਪੀ, ਕੈਸ਼ੀਅਰ ਸੰਦੀਪ ਕੁਮਾਰ ਨੇ ਆਪਣੇ ਪਿਛਲੇ ਕਾਰਜਕਾਲ ਦਾ ਲੇਖਾ ਜੋਖਾ ਦਿੱਤਾ ।ਰਮੇਸ਼ ਹੈਪੀ ਨੂੰ ਸਰਬਸੰਮਤੀ ਦੇ ਨਾਲ ਐਸੋਸੀਏਸ਼ਨ ਦਾ ਪ੍ਰਧਾਨ ਬਣਾਇਆ ਗਿਆ।

ਪ੍ਰਧਾਨ ਰਮੇਸ਼ ਹੈਪੀ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਜੋ ਵੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਤੇਦਿਲ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਫੋਟੋਗ੍ਰਾਫਰਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ ਅਤੇ ਕਿਸੇ ਵੀ ਫੋਟੋਗ੍ਰਾਫਰ ਨਾਲ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ।ਇਸ ਮੌਕੇ ਸਾਬਕਾ ਪ੍ਰਧਾਨ ਸੁਰਿੰਦਰ ਬੇਰੀ, ਸਾਬਕਾ ਪ੍ਰਧਾਨ ਰਾਜੇਸ਼ ਥਾਪਾ, ਰਿਸ਼ੀ ਸ਼ਰਮਾ, ਬਲਦੇਵ ਕ੍ਰਿਸ਼ਨ, ਸੁਰਿੰਦਰ ਵਰਮਾ, ਟਿੰਕੂ ਪੰਡਿਤ, ਕਮਲ ਗੰਭੀਰ ਸੰਦੀਪ ਹੈਪੀ, ਓਂਕਾਰ ਸਾਹਿਲ, ਸੁਰਿੰਦਰ ਕੁਮਾਰ, ਤ੍ਰਿਲੋਕ ਚੁੱਘ, ਉਦੈ ਕੁਮਾਰ, ਕਮਲਜੀਤ ਪਵਾਰ, ਸੁਭਾਸ਼ ਚੰਦਰ, ਮਨੀਸ਼ ਕੁਮਾਰ, ਬਲਰਾਜ ਸਿੰਘ ਅਤੇ ਕਰਨ ਨਾਰੰਗ ਆਦਿ ਹਾਜ਼ਰ ਸਨ।

# ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਵਿਖੇ ਸ਼ੋਭਾ ਯਾਤਰਾ ਦਾ ਨਿੱਘਾ ਸਵਾਗਤ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਇਤਿਹਾਸਕ ਅਸਥਾਨ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ ਵਿਖੇ ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ, ਸੰਤ ਸੁਰਿੰਦਰ ਦਾਸ ਪ੍ਰਧਾਨ ਸ੍ਰੀ ਚਰਨਛੋਹ ਗੰਗਾ ਦੀ ਅਗਵਾਈ ਹੇਠ ਦਮੜੀ ਸ਼ੋਭਾ ਯਾਤਰਾ ਦਾ ਪ੍ਰਬੰਧਕ ਕਮੇਟੀ ਅਤੇ ਭਾਰੀ ਗਿਣਤੀ ਵਿਚ ਹਾਜਰ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਸੀ. ਬੀ.ਐਸ. ਸੀ. ਈ ਤੋਂ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਸੰਤ ਸਰਵਣ ਦਾਸ ਬੋਹਣ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੇ ਦੀ ਦੇਖ ਰੇਖ ਸ਼ਾਨੋ ਸ਼ੌਕਤ ਨਾਲ ਆਰੰਭ ਹੋਈ ਸ਼ੋਭਾ ਯਾਤਰਾ ਵੱਖ ਵੱਖ ਅਸਥਾਨਾਂ ਤੋਂ ਹੋ ਸ੍ਰੀ ਖੁਰਾਲਗੜ ਸਾਹਿਬ ਪਹੁੰਚੀ।ਰਸਤੇ ਵਿਚ ਗੁਰੂ ਰਵਿਦਾਸ ਸਭਾਵਾਂ, ਅੰਬੇਡਕਰ ਸੁਸਾਇਟੀਆਂ ਵਲੋਂ ਲੰਗਰ, ਫਰੂਟ, ਠੰਡੇ ਮਿੱਠੇ ਜਲ ਨਾਲ ਸੇਵਾ ਕੀਤੀ।ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਨੇ ਕਿਹਾ ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਵਿਸ਼ਵਭਰ ਦੀਆਂ ਸੰਗਤਾਂ ਲਈ ਮਹਾਨ ਤੀਰਥ ਅਸਥਾਨ ਹੈ ਅਤੇ ਆਸਥਾ ਦਾ ਕੇਂਦਰ ਹੈ ਜਿਥੇ ਆਕੇ ਮਨ ਨੂੰ ਸ਼ਾਂਤੀ ਮਿਲਦੀ ਹੈ।ਉਨ੍ਹਾਂ ਕਿਹਾ ਸ੍ਰੀ ਗੁਰੂ ਰਵਿਦਾਸ ਸਦਨ ਵਿਖੇ ਸਤਿਗੁਰੂ ਰਵਿਦਾਸ ਜੀ ਦੇ ਨਾਂਅ 'ਤੇ ਕੌਮ ਲਈ ਯੂਨੀਵਰਸਿਟੀ, ਸਕੂਲ ਅਤੇ ਵਧੀਆ ਇਲਾਜ ਲਈ ਹਸਪਤਾਲ ਬਣਾਵਾਂਗੇ।ਬਣਾਵਾਂਗੇ। ਉਨ੍ਹਾਂ ਕਿਹਾ ਕਿ ਕੌਮ ਦੇ ਰਹਿਬਰਾਂ ਦੇ ਸੁਪਨੇ ਸਾਕਾਰ ਕਰਨ ਲਈ ਇਕ ਮਜਬੂਤ ਪਲੇਟਫਾਰਮ ਹੋਣਾ ਚਾਹੀਦਾ।

ਇਸ ਮੌਕੇ ਸੰਤ ਸਰਵਣ ਦਾਸ ਲੁਧਿਆਣਾ ਸੀਨੀ.ਮੀਤ ਪ੍ਰਧਾਨ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਬਲਵੰਤ ਸਿੰਘ ਡੀਗਰੀਆਂ, ਸੰਤ ਧਰਮ ਪਾਲ ਸ਼ੇਰਗੜ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਮਨਜੀਤ ਦਾਸ ਹਿਮਾਚਲ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇਨਚਾਰਜ, ਸੰਤ ਜਗੀਰ ਸਿੰਘ ਸਰਬਤ ਦਾ ਭਲਾ ਆਸ਼ਰਮ ਨੰਦਾਚੌਰ, ਸੰਤ ਪ੍ਰਗਟ ਨਾਥ ਉਘੀ ਚਿੱਟੀ, ਸੰਤ ਸੰਤੋਖ ਦਾਸ ਭਾਰਟਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਪ੍ਰੇਮ ਦਾਸ ਭਵਿਆਣਾ, ਸੰਤ ਜਸਵੰਤ ਦਾਸ ਰਾਵਲਪਿੰਡੀ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਬਾਬਾ ਬਲਕਾਰ ਸਿੰਘ ਤੱਗੜ, ਸੰਤ ਗੁਰਮੀਤ ਦਾਸ ਪਿਪਲਾਂਵਾਲਾ, ਸੰਤ ਪ੍ਰਮੇਸ਼ਵਰੀ ਦਾਸ ਅਤੇ ਸੰਗਤਾਂ ਹਾਜ਼ਰ ਸਨ।

# ਦੋਆਬਾ ਸਕੂਲ 'ਚ ਕਰਵਾਇਆ ਸਲਾਦ ਬਣਾਉਣ ਦਾ ਮੁਕਾਬਲਾ



**ਮਾਹਿਲਪੁਰ (ਸਫਰੀ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਦੋਆਬਾ ਪਬਲਿਕ ਸਕੂਲ ਦੋਹਲਰੋਂ (ਮਾਹਿਲਪੁਰ) ਜੋ ਕਿ ਚੇਅਰਪਰਸਨ ਹਰਪ੍ਰੀਤ ਕੌਰ ਦੀ ਤੇ ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਜੀ ਰਹਿਨੁਮਾਈ ਹੇਠ ਚੱਲ ਰਹੀ ਹੈ। ਵਿਦਿਆਰਥੀਆ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆ ਹੋਇਆ ਸਕੂਲ ਵਿੱਚ ਸਲਾਦ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਮੈਡਮ ਸੁਖਵਿੰਦਰ ਕੌਰ ਗਿੱਲ ਤੇ ਹਰਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਮੁਕਾਬਲਾ ਹੈਲਥ ਐਂਡ ਵੈਲਨੈਸ ਕਲੱਬ ਦੁਆਰਾ ਆਯੋਜਿਤ ਕੀਤਾ ਗਿਆ। ਇਸ ਵਿੱਚ ਛੇਵੀ ਜਮਾਤ ਤੋਂ ਲੈ ਕੇ ਬਾਹਰਵੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਅਜਿਹੀਆ ਗਤੀਵਿਧੀਆ ਕਰਵਾਉਣ ਨਾਲ ਬੱਚਿਆ 'ਚ ਪੌਸਟਿਕ ਤੇ ਸੰਤੁਲਿਤ ਅਹਾਰ, ਸਹੀ ਖਾਣ ਪੀਣ ਦੀ ਜਾਣਕਾਰੀ 'ਚ ਵਾਧਾ ਹੁੰਦਾ ਹੈ। ਪ੍ਰਿੰਸੀਪਲ ਅਰੁਣ ਗੁਪਤਾ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਆਪਣੀ ਰਚਨਾਤਮਕ ਪ੍ਰਤਿਭਾ ਦੇ ਨਾਲ ਬਹੁਤ ਹੀ ਸੋਹਣੇ ਅੰਦਾਜ 'ਚ ਵੱਖ ਵੱਖ ਫਲਾਂ ਤੇ ਸਬਜੀਆਂ ਨੂੰ ਸਲਾਦ ਦੇ ਰੂਪ ਵਿੱਚ ਪੇਸ਼ ਕੀਤਾ ਤੇ ਉਹਨਾਂ ਦੇ ਗੁਣਾਂ ਦਾ ਵੀ ਵਿਸਥਾਰ ਨਾਲ ਵਰਨਣ ਕੀਤਾ। ਜੇਤੂ ਰਹਿਣ ਵਾਲੇ ਵਿਦਿਆਰਥੀਆ ਤੇ ਉਹਨਾਂ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਪੂਜਾ ਰਾਣੀ, ਅਜੈ ਕੁਮਾਰੀ, ਸ਼ੈਲੀ ਸ਼ਰਮਾ, ਦੀਪਿਕਾ, ਰਵੀ ਕੁਮਾਰ, ਮਨਜਿੰਦਰ ਕੌਰ, ਪੂਨਮ, ਸੁਹੇਲ ਗਾਂਧੀ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਦੇ ਜਨਮ ਦਿਨ 'ਤੇ ਲਗਾਇਆ ਖੂਨਦਾਨ ਕੈਂਪ



**ਮੇਹਟੀਆਣਾ ( ਜਗਤਾਰ ਸਿੰਘ ਭੁੰਗਰਨੀ)** : - ਖੂਨਦਾਨ ਇਕ ਮਹਾਨ ਦਾਨ ਹੈ ।ਇਕ ਯੂਨਿਟ ਖੂਨਦਾਨ 3 ਜਿੰਦਗੀਆਂ ਨੂੰ ਨਵਾਂ ਜੀਵਨ ਪ੍ਰਦਾਨ ਕਰ ਸਕਦਾ ਹੈ ।ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਵੱਲੋਂ ਪ੍ਰਧਾਨ ਲਾਇਨ ਐਮ ਪੀ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ, ਜੋਨ ਚੇਅਰਮੈਨ ਲਾਇਨ ਇੰਜੀਨੀਅਰ ਐੱਸ ਪੀ ਜਖੂ ਦੀ ਸਰਪ੍ਰਸਤੀ 'ਚ , ਲਾਇਨ ਮੋਹਨ ਲਾਲ ਸਰੋਆ ਪੀ ਆਰ ਓ, ਲਾਇਨ ਮੁਕੇਸ਼ ਬੱਗਾ ਡਾਇਰੈਕਟਰ ,ਲਾਇਨ ਡਾਕਟਰ ਲਖਬੀਰ ਸਿੰਘ ਸਕੱਤਰ , ਲਾਇਨ ਅਨਿਲ ਜਾਖੂ ਜਾਇੰਟ ਸਕੱਤਰ, ਮੈਂਬਰਾਂ ਲਾਇਨ ਅਜੀਤ ਸਿੰਘ ,ਲਾਇਨ ਗੁਲਸ਼ਨ ਨੰਦਾ , ਲਾਇਨ ਅਜੈ ਕੁਮਾਰ ,ਲਾਇਨ ਸ਼ਕਤੀ ਬਾਲੀ, ਲਾਇਨ ਪੀ ਸੀ ਸ਼ਰਮਾ, ਲਾਇਨ ਨਵੀਨ ਬੱਗਾ , ਲਾਇਨ ਅਜੀਤ ਸਿੰਘ, ਲਾਇਨ ਡਾਕਟਰ ਸੁਖਵਿੰਦਰ ਸਿੰਘ ਦੀ ਦੇਖ ਰੇਖ ਹੇਠ ਖੂਨ ਦਾਨ ਕੈਂਪ ਲਗਾਇਆ ਗਿਆ। ਕਲੱਬ ਵੱਲੋ ਇਹ ਖੂਨ ਦਾਨ ਕੈਂਪ ਸਤਨਾਮ ਹਸਪਤਾਲ ਐਂਡ ਬਲੱਡ ਬੈਂਕ ਹੁਸ਼ਿਆਰਪੁਰ ਵਿੱਚ ਲਗਾ ਕੇ ਡਿਸਟ੍ਰਿਕਟ 321 ਡੀ ਦੇ ਸੀਨੀਅਰ ਲਾਇਨ ਲੀਡਰ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਸਪੈਸ਼ਲ ਸਕੱਤਰ , ਪ੍ਰਧਾਨ ਲਾਇਨਜ ਕਲੱਬ ਰਿਹਾਣਾ ਜੱਟਾਂ ਕੋਹਿਨੂਰ ਦੇ ਜਨਮ ਦਿਨ ਨੂੰ ਸਮਰਪਿਤ ਸੀ। ਇਸ ਸਮੇਂ ਡਿਸਟ੍ਰਿਕਟ 321 ਦੇ ਗਵਰਨਰ ਲਾਇਨ ਐਸ ਪੀ ਸੌਂਧੀ , ਵਾਈਸ ਗਵਰਨਰ ਲਾਇਨ ਰਛਪਾਲ ਸਿੰਘ ਬੱਚਾਜੀਵੀ, ਵਾਈਸ ਗਵਰਨਰ ਸੈਕਿੰਡ ਲਾਇਨ ਵੀ ਐਮ ਗੋਇਲ , ਸਾਬਕਾ ਗਵਰਨਰ ਲਾਇਨ ਜੇ ਬੀ ਸਿੰਘ ਚੌਧਰੀ , ਲਾਇਨ ਕੈਲਾਸ਼ ਸਿੰਗਲਾ, ਲਾਇਨ ਵਿਨੋਦ ਮਹਾਜਨ , ਲਾਇਨ ਰਾਮ ਭਾਰਦਵਾਜ , ਲਾਇਨ ਹਰੀਸ਼ ਬੰਗਾ , ਲਾਇਨ ਸਵਰਨ ਸਿੰਘ ਖਾਲਸਾ, ਲਾਇਨ ਦਵਿੰਦਰਪਾਲ ਅਰੋੜਾ , ਲਾਇਨ ਨਵੀਨ ਸੇਨ , ਲਾਇਨ ਰਜੀਵ ਕੁਕਰੇਜਾ , ਲਾਇਨ ਡਾ. ਮਹਿੰਦਰਜੀਤ ਸਿੰਘ ਮਰਵਾਹਾ , ਲਾਇਨ ਐਡਵੋਕੇਟ ਸ਼ਿਵ ਸੇਖੜੀ, ਲਾਇਨ ਪ੍ਰੋਫੈਸਰ ਰਵੀ ਮਨੂਜਾ, ਲਾਇਨ ਡਾਕਟਰ ਦਵਿੰਦਰਪਾਲ ਸਿੰਘ ਕਾਲਰਾ , ਲਾਇਨ ਪਰਮਜੀਤ ਸਿੰਘ ਚਾਵਲਾ , ਲਾਇਨ ਪ੍ਰਿੰਸ ਵਰਮਾ , ਲਾਇਨ ਸੁਰਿੰਦਰ ਮਹਾਜਨ , ਲਾਇਨ ਇਕਬਾਲ ਸਿੰਘ ਲੁਥਰਾ , ਲਾਇਨ ਹਰਦੀਪ ਸਿੰਘ ਖੜਕਾਂ ,ਲਾਇਨ ਐਸ ਐਸ ਮੱਕੜ , ਲਾਇਨ ਰਾਮ ਭਾਰਦਵਾਜ , ਲਾਇਨ ਕੁਲਦੀਪ ਸਿੰਘ , ਲਾਇਨ ਏ ਐਸ ਮਦਾਨ , ਲਾਇਨ ਜਸਵਿੰਦਰ ਪਾਲ ਸਿੰਘ , ਲਾਇਨ ਭਾਟੀਆ, ਲਾਇਨ ਰਣਜੀਤ ਸਿੰਘ ਰਾਣਾ ਚੇਅਰਮੈਨ ਇਨਵਾਇਰਨਮੈਂਟ , ਲਾਇਨ ਰਜਿੰਦਰ ਪ੍ਰਸਾਦ ਆਦਮਪੁਰ ਚੇਅਰਮੈਨ ਆਈ ਡੋਨੇਸ਼ਨ , ਰੀਜਨ ਚੇਅਰਮੈਨ ਲਾਇਨ ਡਾਕਟਰ ਰਤਨ ਚੰਦ , ਲਾਇਨਜ ਕਲੱਬ ਹੁਸ਼ਿਆਰਪੁਰ ਪ੍ਰਿੰਸ ਦੇ ਪ੍ਰਧਾਨ ਲਾਇਨ ਜਤਿੰਦਰ ਕੁਮਾਰ , ਲਾਇਨਜ ਕਲੱਬ ਰਿਹਾਣਾ ਜੱਟਾਂ ਦੇ ਸਕੱਤਰ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਬੀ ਡੀ ਐਸ , ਲਾਇਨ ਰਜਨੀ ਬੰਗਾ ਪ੍ਰਧਾਨ ਲਾਇਨਜ ਕਲੱਬ ਫਗਵਾੜਾ, ਲਾਇਨ ਮਹਾਂਵੀਰ ਸਿੰਘ ਸਾਬਕਾ ਡਿਸਟ੍ਰਿਕਟ ਕੈਬਨਿਟ ਸਕੱਤਰ, ਲਾਇਨ ਬਰਿੰਦਰਜੀਤ ਸਿੰਘ ਸਾਬਕ ਡਿਸਟ੍ਰਿਕਟ ਪੀ ਆਰ ਓ ਨੇ ਵੀ ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਸਮੂੰਹ ਮੈਂਬਰਾਂ ਨੂੰ ਅਤੇ ਸੀਨੀਅਰ ਲਾਇਨ ਲੀਡਰ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਨੂੰ ਉਨ੍ਹਾ ਦੇ ਜਨਮ ਦਿਨ 'ਤੇ ਮੁਬਾਰਕਬਾਦ ਦਿੱਤੀ।

# ਇੰਦਰਜੀਤ ਕੰਗ ਦਾ ਸਨਮਾਨ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਟਾਂਡਾ ਵਿਖੇ ਹੋਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਵੱਲੋਂ ਨਵਨਿਯੁਕਤ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਯੂਥ ਅਕਾਲੀ ਦਲ ਬਾਦਲ ਇੰਦਰਜੀਤ ਸਿੰਘ ਕੰਗ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ।ਇਸ ਮੌਕੇ ਲੱਖੀ ਨੇ ਕੰਗ ਦਾ ਸਨਮਾਨ ਕਰਦਿਆਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਅਤੇ ਸਰਬਜੀਤ ਸਿੰਘ ਝਿੰਜਰ ਵੱਲੋਂ ਬਣਾਈ ਗਈ ਮੇਹਨਤੀ ਨੌਜਵਾਨਾਂ ਦੀ ਟੀਮ ਪਾਰਟੀ ਦੀ ਚੜ੍ਹਦੀਕਲਾ ਲਈ ਕੰਮ ਕਰੇਗੀ।ਉਨ੍ਹਾਂ ਆਖਿਆ ਕਿ ਨੌਜਵਾਨ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਅਤੇ ਪੰਜਾਬ ਅਤੇ ਪੰਜਾਬੀਅਤ ਦੇ ਹਿੱਤਾਂ ਦੀ ਰਾਖੀ ਲਈ ਲਾਏ ਗਏ ਮੋਰਚਿਆਂ ਵਿਚ ਯੂਥ ਅਕਾਲੀ ਵਰਕਰਾਂ ਨੇ ਹਮੇਸ਼ਾ ਮੋਹਰੀ ਰੋਲ ਅਦਾ ਕੀਤਾ ਹੈ।ਇਸ ਮੌਕੇ ਪ੍ਰਧਾਨ ਇੰਦਰਜੀਤ ਸਿੰਘ ਕੰਗ ਨੇ ਲੱਖੀ ਅਤੇ ਉਹਨਾ ਦੇ ਸਾਥੀਆ ਦਾ ਸ਼ੁਕਰਾਨਾ ਕੀਤਾ ਤੇ ਕਿਹਾ ਕਿ ਜੋ ਜਿੰਮੇਵਾਰੀ ਹਾਈਕਮਾਂਡ ਨੇ ਉਹਨਾਂ ਨੂੰ ਸੌਂਪੀ ਹੈ ਪਾਰਟੀ ਦੀ ਹੋਰ ਮਜ਼ਬੂਤੀ ਲਈ ਦਿਨ ਰਾਤ ਮਿਹਨਤ ਕਰਕੇ ਆਉਣ ਵਾਲੇ ਲੋਕ ਸਭਾ ਚੋਣਾਂ 'ਚ ਅਕਾਲੀ ਦਲ ਉਮੀਦਵਾਰ ਨੂੰ ਭਾਰੀ ਬਹੁਮੱਤ ਨਾਲ ਜਿੱਤਾਉਣਗੇ।ਇਸ ਮੌਕੇ ਸਤਿੰਦਰ ਸਿੰਘ ਸੰਧੂ, ਉਪਕਾਰ ਸਿੰਘ, ਕੁਲਵਿੰਦਰ ਸਿੰਘ ਕੇ ਪੀ, ਕਰਨਵੀਰ ਸਿੰਘ ਰਹਿਲ, ਪਰਮਵੀਰ ਸਿੰਘ ਦਿਓਲ, ਸਰਬਜੋਤ ਸੋਮੀ ਅਤੇ ਕਰਨ ਢੱਟ ਮੌਜੂਦ ਸਨ।

# ਖਾਲਸਾ ਕੋ ਐਜੂ. ਸੀਨੀਅਰ ਸੈਕੰਡਰੀ ਸਕੂਲ 'ਚ ਮਾਪੇ ਅਧਿਆਪਕ ਮਿਲਣੀ



**ਮੇਹਟੀਆਣਾ ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡੋਂ ਖਾਲਸਾ ਕੋ. ਐਜੂ. ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਦੇ ਪ੍ਰਿੰਸੀਪਲ ਸੁਖਇੰਦਰ ਸਿੰਘ ਰਿੱਕੀ ਮਿਨਹਾਸ ਅਤੇ ਸਮੂਹ ਮੈਨੇਜਮੈਂਟ ਕਮੇਟੀ ਅਤੇ ਸਮੂਹ ਸਟਾਫ ਵੱਲੋਂ ਸਰਕਾਰੀ ਹਦਾਇਤਾਂ ਦੇ ਅਨੁਸਾਰ ਮਾਪੇ ਅਧਿਆਪਕ ਮਿਲਣੀ ਅਤੇ ਨਾਨ ਬੋਰਡ ਦੀਆਂ ਕਲਾਸਾਂ ਦੇ ਰਿਜ਼ਲਟ ਘੋਸ਼ਿਤ ਕੀਤੇ ਗਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸੁਖਇੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਸ ਮੌਕੇ ਕਮਲਜੀਤ ਸਿੰਘ ਡਾਂਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਪੜਾਈ ਵਿੱਚ ਪਹਿਲੇ ਦੂਜੇ ਤੇ ਤੀਸਰੇ ਸਥਾਨ ਤੇ ਆਏ ਹੋਏ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਉਹਨਾਂ ਦੱਸਿਆ ਕਿ ਸਕੂਲ ਵਿੱਚ ਬੱਚੇ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰ ਰਹੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਇੰਦਰ ਸਿੰਘ ਜੀ ਨੇ ਸਮੂਹ ਸਟਾਫ ਅਤੇ ਬੱਚਿਆਂ ਦੇ ਮਾਪਿਆਂ ਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਇੰਦਰ ਸਿੰਘ ਰਿੱਕੀ ਮਿਨਹਾਸ, ਮੁੱਖ ਮਹਿਮਾਨ ਕਮਲਜੀਤ ਸਿੰਘ ਡਾਂਡੀਆਂ, ਪ੍ਰਧਾਨ ਨਵਤੇਜ ਸਿੰਘ, ਮੈਨੇਜਰ ਤਰਸੇਮ ਸਿੰਘ ਡਾਂਡੀਆਂ, ਰਾਮ ਨਰਾਇਣ ਸਿੰਘ ਵਾਈਸ ਪ੍ਰਧਾਨ, ਮਨਜੀਤ ਸਿੰਘ ਮੈਂਬਰ, ਸ਼੍ਰੀਮਤੀ ਹਰਵਿੰਦਰ ਕੌਰ, ਜਸਪ੍ਰੀਤ ਸਿੰਘ ਜੱਸੀ, ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ, ਮਾਸਟਰ ਵੇਦ ਪ੍ਰਕਾਸ਼, ਮਾਸਟਰ ਪਰਮਜੀਤ ਸਿੰਘ, ਗੁਰਬੰਤ ਸਿੰਘ, ਸਾਹਿਲ ਮਹਿਮੀ, ਗੁਰਦੀਪ ਸਿੰਘ ਥਾਪਾ, ਹਰਵਿੰਦਰ ਸਿੰਘ,ਸਿਮਰਨਜੀਤ ਕੌਰ, ਸਨੀਤਾ ਕੁਮਾਰੀ, ਅਮਨਦੀਪ ਕੌਰ,ਪੂਜਾ ਸ਼ਰਮਾ, ਮਨਿੰਦਰ ਕੌਰ, ਲਵਪ੍ਰੀਤ ਕੌਰ, ਮਨਪ੍ਰੀਤ ਕੌਰ, ਕਿਰਨ ਕੁਮਾਰੀ, ਕੁਲਦੀਪ ਕੌਰ, ਸੁਨੀਤਾ ਰਾਣੀ, ਅਨਾਮਿਕਾਪ੍ਰੀਤ, ਬਲਵਿੰਦਰ ਕੌਰ, ਅਤੇ ਬੱਚਿਆਂ ਦੇ ਮਾਤਾ ਪਿਤਾ ਇਸ ਮੌਕੇ ਹਾਜ਼ਰ ਸਨ।

# ਲੋੜਵੰਦਾਂ ਦੀ ਸੇਵਾ ਅਸਲ ਪਰਉਪਕਾਰ - ਡਾ. ਲਹਿੰਬਰ ਰਾਮ



**ਫਗਵਾੜਾ ( ਡਾ. ਰਮਨ, ਢੱਡਾ )** ਉੱਘੀ ਸਮਾਜ ਸੇਵੀ ਸੰਸਥਾ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਸਹਿਯੋਗ ਨਾਲ ਲੜੀਵਾਰ ਪ੍ਰੋਜੈਕਟ 'ਆਓ ਪੁੰਨ ਕਮਾਈਏ' ਤਹਿਤ ਇਕ ਲੋੜਵੰਦ ਔਰਤ ਦੀ ਅੱਖ ਦਾ ਓਪਰੇਸ਼ਨ ਕਰਵਾਇਆ ਗਿਆ। ਅੱਖਾਂ ਦੇ ਮਾਹਿਰ ਡਾ: ਤੁਸ਼ਾਰ ਅਗਰਵਾਲ ਦੀ ਟੀਮ ਵਲੋਂ ਬਜ਼ੁਰਗ ਔਰਤ ਦੀ ਅੱਖ ਦਾ ਸਫਲ ਆਪ੍ਰੇਸ਼ਨ ਕਰਦਿਆਂ ਲੈਂਜ਼ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਿਵਲ ਹਸਪਤਾਲ ਫਗਵਾੜਾ ਦੇ ਐਸ.ਐਮ.ਓ. ਡਾ: ਲਹਿੰਬਰ ਰਾਮ ਨੇ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋੜਵੰਦਾਂ ਦੀ ਹਰ ਸੰਭਵ ਸੇਵਾ ਅਸਲ ਪਰਉਪਕਾਰ ਹੈ। ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯਥਾ ਯੋਗ ਹਿੱਸਾ ਪਾਉਣਾ ਚਾਹੀਦਾ ਹੈ। ਇਸ ਦੌਰਾਨ ਡਾ: ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਖਾਂ ਦੀ ਸੁਰੱਖਿਆ ਅਤਿ ਜ਼ਰੂਰੀ ਹੈ ਅਤੇ ਸਾਨੂੰ ਅੱਜ ਦੀ ਡਿਜੀਟਲ ਦੁਨੀਆ ਅਤੇ ਮੋਬਾਇਲ ਫੋਨਾ ਦੇ ਯੁੱਗ 'ਚ ਅੱਖਾਂ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਅੱਖਾਂ ਦੀ ਕਿਸੇ ਤਕਲੀਫ ਨੂੰ ਅੱਖੋਂ ਪਰੋਖੇ ਨਹੀਂ ਕਰਨਾ ਚਾਹੀਦਾ। ਉਹਨਾ ਭਰੋਸਾ ਦਿੱਤਾ ਕਿ ਉਹਨਾਂ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਆਪਣਾ ਸਹਿਯੋਗ ਕਰਦਾ ਰਹੇਗਾ। ਉਹਨਾਂ ਮਾਪਿਆਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਮੋਬਾਇਲ ਫੋਨ ਦੀ ਘੱਟ ਤੋਂ ਘੱਟ ਵਰਤੋਂ ਕਰਨ ਲਈ ਪ੍ਰੇਰਿਤ ਕਰਨ। ਸਮਾਜ ਸੇਵਕ ਰਾਜ ਕੁਮਾਰ ਮੱਟੂ ਰਿਟਾ. ਬੈਂਕ ਅਫਸਰ ਨੇ ਵੀ ਸਰਬ ਨੌਜਵਾਨ ਸਭਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ਜਿਸ ਨਾਲ ਨੇਤਰਹੀਣਾਂ ਦੀਆਂ ਅੱਖਾਂ ਨੂੰ ਨਵੀਂ ਰੌਸ਼ਨੀ ਦਿੱਤੀ ਜਾ ਰਹੀ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਔਰਤ ਦੀ ਅੱਖ 'ਚ ਫੋਲਡੇਬਲ ਲੈਂਜ਼ ਪਾਇਆ ਗਿਆ ਹੈ। ਉਹਨਾਂ ਸਭਾ ਦੇ ਪ੍ਰੋਜੈਕਟਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਭਾ ਵਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਵਿਖੇ ਵੋਕੇਸ਼ਨਲ ਕੋਰਸਾਂ ਦਾ ਜੋ ਸੈਂਟਰ ਚਲਾਇਆ ਜਾ ਰਿਹਾ ਹੈ, ਉੱਥੇ ਨਵੇਂ ਕੋਰਸਾਂ ਲਈ ਦਾਖਲੇ ਸ਼ੁਰੂ ਹਨ। ਸਭਾ ਵਲੋਂ ਐਸ.ਐਮ.ਓ. ਡਾ. ਲਹਿੰਬਰ ਰਾਮ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਲੈਕਚਰਾਰ ਹਰਜਿੰਦਰ ਗੋਗਨਾ, ਸਾਹਿਬਜੀਤ ਸਾਬੀ, ਰਾਕੇਸ਼ ਕੋਛੜ, ਆਰ.ਪੀ ਸ਼ਰਮਾ, ਰਾਜ ਬਸਰਾ, ਗੁਰਦੀਪ ਸਿੰਘ ਤੁਲੀ, ਹਰਵਿੰਦਰ ਸਿੰਘ, ਨਰਿੰਦਰ ਸੈਣੀ, ਗੁਰਸ਼ਰਨ ਬਾਸੀ, ਮੈਡਮ ਤੰਨੂ, ਜਸ਼ਨ ਮਹਿਰਾ, ਮਨਦੀਪ ਬਾਸੀ, ਰਾਜ ਕੁਮਾਰ ਰਾਜਾ, ਗੁਲਸ਼ਨ ਕਲੇਰ, ਅਨੂਪ ਦੁੱਗਲ, ਜਗਜੀਤ ਸੇਠ, ਮੈਡਮ ਸਪਨਾ ਸ਼ਾਰਦਾ, ਮੈਡਮ ਰਮਨਦੀਪ ਕੌਰ, ਮੈਡਮ ਆਸ਼ੂ ਬੱਗਾ ਆਦਿ ਹਾਜ਼ਰ ਸਨ।

# ਸੂੰਢ 'ਚ ਮਹਾਨ ਸਮਰਾਟ ਅਸ਼ੋਕ ਦਾ ਜਨਮ ਦਿਹਾੜਾ ਮਨਾਇਆ



**ਬੰਗਾ (ਅਵਤਾਰ ਕਲੇਰ)** ਹਲਕਾ ਬੰਗਾ ਦੇ ਪਿੰਡ ਸੂੰਢ ਵਿਖੇ ਬੁੱਧ ਵਿਹਾਰ ਵਿੱਚ ਭਾਰਤ ਦੀ ਆਨ , ਸ਼ਾਨ ਤੇ ਮਾਣ ਸਮਰਾਟ ਮਹਾਨ ਅਸ਼ੋਕ ਦਾ ਜਨਮ ਦਿਨ ਡਾ ਅੰਬੇਡਕਰ ਬੁੱਧਿਸਟ ਟਰੱਸਟ ਬੰਗਾ ਵਲੋਂ ਡਾ ਅੰਬੇਡਕਰ ਬੁੱਧਿਸਟ ਰਿਸੋਰਸ ਸੈਂਟਰ ਅਤੇ ਡਾ. ਅੰਬੇਡਕਰ ਬੁੱਧਿਸਟ ਵੈਲਫੇਅਰ ਟਰੱਸਟ ਸੂੰਢ ਦੇ ਸਹਿਯੋਗ ਨਾਲ ਮਨਾਇਆ। ਸਮਾਗਮ ਦਾ ਆਰੰਭ ਸਤਿਕਾਰਯੋਗ ਭੰਤੇ ਭਿੱਖੂ ਵਿਸਾਖਾ ਵਲੋਂ ਤੇਰੀ ਸ਼ਰਣ ਅਤੇ ਪੰਚ ਸ਼ੀਲ ਦੇ ਉਚਾਰਣ ਕਰਕੇ ਕੀਤਾ । ਇਸ ਉਪਰੰਤ ਭਾਂਤੇ ਨੇ ਸਮਰਾਟ ਅਸ਼ੋਕ ਵਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ । ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਕਸ਼ਮੀਰ ਚੰਦ ਪ੍ਰਧਾਨ ਡਾ. ਅੰਬੇਡਕਰ ਬੁੱਧਿਸਟ ਟਰੱਸਟ ਬੰਗਾ ਨੇ ਕਿਹਾ ਕਿ ਸਮਰਾਟ ਅਸ਼ੋਕ ਨੇ ਕਲਿੰਗਾ ਦੀ ਲੜਾਈ ਜਿੱਤਣ ਤੋਂ ਬਾਅਦ ਜਾਨੀ ,ਮਾਲੀ ਹੋਏ ਨੁਕਸਾਨ ਨੂੰ ਦੇਖਦਿਆਂ ਆਪਣੇ ਜੀਵਨ ਜਿਉਂਣ ਦੇ ਆਪਣੇ ਢੰਗ ਨੂੰ ਹੀ ਹਮੇਸ਼ਾਂ ਲਈ ਬਦਲ ਦਿੱਤਾ। ਸਮਰਾਟ ਅਸ਼ੋਕ ਨੇ ਆਪਣੀ ਜੀਵਨ ਸ਼ੈਲੀ ਬਦਲ ਕੇ ਧਾਰਮਿਕ ਜੀਵਨ ਜਿਊਣਾ ਸ਼ੁਰੂ ਕਰ ਦਿੱਤਾ ਤੇ ਬੁੱਧ ਦੀਕਸ਼ਾ ਲੈ ਕੇ ਧਮ ਪ੍ਰਚਾਰ ਸ਼ੁਰੂ ਕਰ ਦਿੱਤਾ।ਗੁਰਦਿਆਲ ਬੋਧ ਯੂ ਕੇ ਨੇ ਕਿਹਾ ਕਿ ਸਮਰਾਟ ਅਸ਼ੋਕ ਨੇ ਆਪਣੇ ਵਿਸ਼ਾਲ ਭਾਰਤ ਨੂੰ ਪ੍ਰਬੁੱਧ ਭਾਰਤ ਬਣਾ ਕੇ ਸਮਾਨਤਾ ਸੁਤੰਤਰਤਾ ਤੇ ਭਾਈਚਾਰਾ ਕਾਇਮ ਕੀਤਾ। ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਪ੍ਰਵੀਨ ਬੰਗਾ , ਰਿਟਾਇਰਡ ਪ੍ਰਿੰਸੀਪਲ ਜਗਦੀਸ਼ ਕੁਮਾਰ , ਡਾ. ਸੁਖਵਿੰਦਰ ਹੀਰਾ , ਬਾਬੂ ਜੀਤ ਰਾਮ ਗੁਣਾਚੌਰ , ਸੁਰਿੰਦਰ ਢੰਡਾ ਪ੍ਰਧਾਨ ਅੰਬੇਡਕਰ ਸੈਨਾ ਪੰਜਾਬ ਅਤੇ ਡਾ. ਇੰਦਰਜੀਤ ਕਜਲਾ ਆਦਿ ਨੇ ਸੰਬੋਧਨ ਕੀਤਾ। ਮਿਸ਼ਨਰੀ ਕਲਾਕਾਰ ਹਰਨਾਮ ਦਾਸ ਬਹਿਲਪੁਰੀ ਨੇ 'ਜੇ ਭੀਮ ਨਾ ਹੁੰਦੇ' ਗੀਤ ਗਾ ਕੇ ਵਾਹ ਵਾਹ ਖੱਟੀ ।

ਇਸ ਮੌਕੇ ਐਡਵੋਕੇਟ ਕੁਲਦੀਪ ਭੱਟੀ, ਕਸ਼ਮੀਰੀ ਲਾਲ ਝੱਲੀ ਰਿਟਾਇਰਡ ਸੁਪਰਡੈਂਟ ਸੈਸ਼ਨ ਕੋਰਟ , ਪਾਲ ਝੱਲੀ , ਮਾ. ਸ਼ੰਗਾਰਾ ਰਾਮ , ਰੇਸ਼ਮ ਜੀਂਦੋਵਾਲ , ਬੌਬੀ ਫਗਵਾੜਾ , ਸੁਖਦੇਵ ਸਿੰਘ ਬਿੰਜੋ , ਇੰਦਰਜੀਤ ਅਟਾਰੀ , ਪ੍ਰਕਾਸ਼ ਬੈਂਸ , ਹਰਮੇਸ਼ ਬੰਗੜ , ਚਰਨਜੀਤ ਪੱਧੀ ਮੱਠ ਵਾਲੀ , ਗੁਰਦਿਆਲ ਚੰਦ ਪੱਧੀ , ਲੰਬੜਦਾਰ ਚਰਨਜੀਤ ਸੱਲਾਂ,ਧਰਮ ਪਾਲ ਅਤੇ ਤੀਰਥ ਕਜਲਾ ਆਦਿ ਹਾਜ਼ਰ ਸਨ।

# ਪੰਜਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਪੰਜਵੀਂ ਜਮਾਤ ਦੇ ਐਲਾਨੇ ਨਤੀਜੇ ਵਿੱਚੋਂ ਲਵਲੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਠਲਾਵਾ ਪੰਜਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਜਿਸ ਵਿਚ ਜਮਾਤ ਦੇ ਸਾਰੇ ਬੱਚੇ ਪਹਿਲੇ ਦਰਜੇ ਵਿੱਚ ਪਾਸ ਹੋਏ।ਪਹਿਲਾਸਥਾਨ ਸ਼ਗੁਨ ਮਾਹੀ ਪੁੱਤਰੀ ਧੰਨਾ ਰਾਮ 98 .8% ਦੂਸਰਾ ਸਥਾਨ ਏਕਮਜੀਤ ਸਿੰਘ ਪੁੱਤਰ ਤਿਲਕ ਰਾਜ ਨੇ96.6% ਪ੍ਰਾਪਤ ਕੀਤਾ।ਤੀਸਰਾ ਸਥਾਨ ਨਿਤਿਨ ਕੁਮਾਰ ਪੁੱਤਰ ਹਰਿੰਦਰ ਸਿੰਘ 95.8 ਤੇ ਗੁਰਪ੍ਰੀਤ ਕੌਰ ਪੁੱਤਰੀ ਇੰਦਰਜੀਤ ਸਿੰਘ ਨੇ 95.4 ਅਤੇ ਹਰਜੋਤ ਕੌਰ ਪੁੱਤਰੀ ਮਨਵੀਰ ਸਿੰਘ ਨੇ ਸਾਂਝੇ, ਤੌਰ ਤੇ ਤੀਸਰਾ ਸਥਾਨ ਹਾਸਲ ਕੀਤਾ। ਇਸ ਸ਼ਾਨਦਾਰ ਨਤੀਜੇ ਲਈ ਸਕੂਲ ਸਟਾਫ ਅਤੇ ਵਿਦਿਆਰਥੀਆ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸਾਹ ਮੁੰਹਮਦ ਨੇ ਕਿਹਾ ਕਿ ਬੱਚਿਆ ਵਲੋਂ ਕੀਤੀ ਗਈ ਮਿਹਨਤ ਰੰਗ ਲਿਆਈ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਮਜੀਦਾ ਬੀਬੀ ਸੁਖਜਿੰਦਰ ਕੌਰ, ਬੰਧਨਾ ,ਮਨਦੀਪ ਕੌਰ ਜੋਤੀ, ਓਮੀਕਾਮੈਡਮ ਆਦਿ ਹਾਜ਼ਰ ਸਨ ।

# ਸੋਹਣ ਸਿੰਘ ਠੰਡਲ ਨੂੰ ਟਿਕਟ ਦੇਣ ਦੀ ਕੀਤੀ ਮੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਠੰਡਲ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਸਰਕਲ ਸਰਹਾਲਾ ਕਲਾਂ ਦੀ ਮੀਟਿੰਗ ਹਲਕਾ ਚੱਬੇਵਾਲ ਦੀ ਸਮੂਹ ਵਰਕਰਾਂ ਦੀ ਮੀਟਿੰਗ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਮੀਟਿੰਗ ਦੌਰਾਨ ਇਲਾਕੇ ਭਰ ਤੋਂ ਵੱਖ ਵੱਖ ਬੁਲਾਰਿਆਂ ਨੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਸੰਬੰਧੀ ਵਿਚਾਰਾਂ ਕੀਤੀਆਂ ਗਈਆਂ।ਵੱਖ-ਵੱਖ ਬੁਲਾਰਿਆਂ ਨੇ ਸੋਹਣ ਸਿੰਘ ਠੰਡਲ ਨੂੰ ਹੁਸ਼ਿਆਰਪੁਰ ਤੋਂ ਐਮ ਪੀ ਦੀ ਟਿਕਟ ਨੇ ਦੀ ਹਾਈ ਕਮਾਂਡ ਨੂੰ ਅਪੀਲ ਕੀਤੀ।ਮੀਟਿੰਗ ਦੌਰਾਨ ਰਵਿੰਦਰ ਸਿੰਘ ਠੰਡਲ ਮੈਂਬਰ ਕੋਰ ਕਮੇਟੀ, ਪ੍ਰਿੰਸੀਪਲ ਰਛਪਾਲ ਸਿੰਘ ਜਲਵੇਹੜਾ, ਜਸਵਿੰਦਰ ਸਿੰਘ ਨੰਗਲ ਠੰਡਲ, ਜਥੇਦਾਰ ਜਰਨੈਲ ਸਿੰਘ ਖਾਲਸਾ ਬੱਡੋਂ, ਜਥੇਦਾਰ ਜਸਬੀਰ ਸਿੰਘ ਭੱਟੀ ਨਡਾਲੋ, ਜਥੇਦਾਰ ਬਾਬਾ ਜਰਨੈਲ ਸਿੰਘ ਖਾਲਸਾ ਨਡਾਲੋ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਬਲਵਿੰਦਰ ਸਿੰਘ ਜਸਵਾਲ ਭਾਮ, ਮਾਸਟਰ ਹਰਭਜਨ ਸਿੰਘ ਅਜਨੋਹਾ, ਸਰਪੰਚ ਮੋਹਣ ਸਿੰਘ ਸਰਹਾਲਾ ਕਲਾਂ, ਡਾਕਟਰ ਜਸਬੀਰ ਸਿੰਘ ਅਜਨੋਹਾ, ਸੁਖਵਿੰਦਰ ਸਿੰਘ ਸੁੱਖੀ ਸਰਹਾਲਾ ਕਲਾਂ, ਤਰਸੇਮ ਸਿੰਘ ਡਾਂਡੀਆਂ ਸਾਬਕਾ ਸਰਪੰਚ ਡਾਡੀਆ, ਮਨਦੀਪ ਸਿੰਘ ਸੈਦਪੁਰ,ਸੁਰਜਿੰਦਰ ਸਿੰਘ ਕਿੰਗ ਦਿਹਾਣਾ ਗਗਨਦੀਪ ਸਿੰਘ ਜਿਆਣ, ਹਰਦੀਪ ਸਿੰਘ ਖਾਲਸਾ ਬੱਡੋ, ਦਲਜੀਤ ਸਿੰਘ ਬੱਡੋ, ਲੰਬੜਦਾਰ ਗੁਰਨਾਮ ਸਿੰਘ ਟੋਡਰਪੁਰ, ਸਾਬਕਾ ਸਰਪੰਚ ਕਮਲਜੀਤ ਸਿੰਘ ਪੰਜੌੜ, ਗੁਰਪ੍ਰੀਤ ਸਿੰਘ ਡਾਂਡੀਆਂ, ਲੰਬਰਦਾਰ ਭੁਪਿੰਦਰ ਸਿੰਘ ਪੰਜੌੜ, ਸਾਬਕਾ ਸਰਪੰਚ ਚਰਨਜੀਤ ਸਿੰਘ ਪੰਜੌੜਾ, ਸਰਬਪ੍ਰੀਤ ਸਿੰਘ ਸੋਨੂੰ ਬੱਡੋ, ਸਤਪਾਲ ਸਿੰਘ ਦਿਹਾਣਾ, ਸੁਰਿੰਦਰ ਸਿੰਘ ਬੱਡੋ, ਹਰਕੇਵਲ ਸਿੰਘ ਬੱਡੋ, ਕੁਲਦੀਪ ਸਿੰਘ ਅਜਨੋਹਾ, ਬਲਵੀਰ ਸਿੰਘ ਨਡਾਲੋ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਹਾਜ਼ਰ ਸਨ।



# ਮਹਿੰਦਰਾ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



**ਕਰਤਾਰਪੁਰ (ਹਰਮੇਸ਼ ਦੱਤ)** ਸਕੂਲ ਸਚਾਲਕ ਮੈਡਮ ਮਹਿੰਦਰ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਪੰਜਵੀ ਕਲਾਸ ਦੇ ਨਤੀਜੇ 'ਚੋਂ ਹਰ ਸਾਲ ਦੀ ਤਰਾਂ ਇਸ ਸਾਲ ਵੀ ਮਹਿੰਦਰਾ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਵਿਦਿਆਰਥੀਆਂ ਨੇ ਵਧੀਆਂ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ ਪਹਿਲੀਆ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚੋ ਜਸਲੀਨ ਕੌਰ ਨੇ 97.4 % ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਰਾਧਿਕਾ ਨੇ 96.8% ਅੰਕ ਪਾਪਤ ਕਰਕੇ ਦੂਸਰਾ ਸਥਾਨ ਪਾਪਤ ਕੀਤਾ ਅਤੇ ਸੁਖਪ੍ਰੀ ਸਿੰਘ ਨੇ 96.2% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਸਕੂਲ ਸਚਾਲਕ ਮੈਡਮ ਮਹਿੰਦਰ ਕੌਰ ਪੱਡਾ ਅਤੇ ਸਕੂਲ ਸਟਾਫ ਨੇ ਵਧੀਆਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਸਚਾਲਕ ਮੈਡਮ ਮਹਿੰਦਰ ਕੌਰ ਪੱਡਾ, ਚੈਅਰਪਰਸਨ ਹਰਮਨ ਸਿੰਘ ਪੱਡਾ, ਮੈਡਮ ਪਰਮਜੀਤ ਕੌਰ, ਰੈਣੂ ਸ਼ਰਮਾ, ਕੰਚਨ ਸ਼ਰਮਾ, ਸਗੀਤਾ,ਅਨੂ, ਅਨੁਰਾਧਾ, ਰੇਣੂ ਬਾਲਾ, ਮਿਨਾਕਸ਼ੀ, ਲੀਨਾ ਰਜਨੀ ਸ਼ਰਮਾ, ਰਜਨੀ ਜੋਸ਼ੀ, ਮਹਿਕਦੀਪ ਕੌਰ, ਅੰਜਲੀ ਖੁਰਾਨਾ, ਰਮਨਦੀਪ, ਸ਼ਿਵਾਨੀ, ਅਰਚਨਾ, ਪਰਮਜੀਤ ਕਾਹਲੋਂ, ਹਰਦੀਪ ਕੌਰ, ਪਵਨਦੀਪ ਸੇਥੀ, ਰਾਜ ਕਮਾਰ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਖ਼ਾਲਸਾ ਕਾਲਜ ਦੇ ਐਜੂਕੇਸ਼ਨ ਵਿਭਾਗ ਦੇ ਨਤੀਜੇ ਸ਼ਾਨਦਾਰ ਰਹੇ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਐਜੂਕੇਸ਼ਨ ਵਿਭਾਗ 'ਚ ਚੱਲ ਰਹੇ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ.ਏ. ਬੀ.ਐੱਡ. ਸਮੈਸਟਰ ਪਹਿਲਾ ਅਤੇ ਬੀ.ਐੱਸ.ਸੀ. ਬੀ.ਐੱਡ. ਸਮੈਸਟਰ ਪਹਿਲਾ ਦੇ ਨਤੀਜੇ ਸ਼ਾਨਦਾਰ ਰਹੇ ਹਨ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਲਖਵਿੰਦਰ ਜੀਤ ਕੌਰ ਨੇ ਦੱਸਿਆ ਕਿ ਬੀ.ਏ. ਬੀ.ਐੱਡ. ਸਮੈਸਟਰ ਪਹਿਲੇ ਦੇ ਨਤੀਜੇ ਵਿਚ ਵਿਦਿਆਰਥਣ ਨਵਲੀਨ ਨੇ 88.87 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਰਾਜਵਿੰਦਰ ਕੌਰ ਨੇ 88.5 ਫੀਸਦੀ ਅੰਕ ਲੈ ਕੇ ਦੂਜਾ ਸਥਾਨ ਅਤੇ ਕੋਮਲਦੀਪ ਨੇ 79 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਬੀ.ਐੱਸ.ਸੀ. ਬੀ.ਐੱਡ. (ਮੈਡੀਕਲ ਤੇ ਨਾਨ ਮੈਡੀਕਲ) ਸਮੈਸਟਰ ਪਹਿਲਾ ਦੇ ਨਤੀਜੇ ਵਿਚ ਵਿਦਿਆਰਥਣ ਭਵਿਆ (ਨਾਨ-ਮੈਡੀਕਲ) ਨੇ 90.4 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਹਰਮਨਪ੍ਰੀਤ ਕੌਰ (ਨਾਨ-ਮੈਡੀਕਲ) ਨੇ 88.1 ਫੀਸਦੀ ਅੰਕ ਲੈ ਕੇ ਦੂਜਾ ਸਥਾਨ ਤੇ ਸਾਨੀਆ (ਨਾਨ-ਮੈਡੀਕਲ) ਨੇ 76 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਲਖਵਿੰਦਰਜੀਤ ਕੌਰ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਅਵੱਲ ਰਹੀਆਂ ਵਿਦਿਆਰਥਣਾਂ ਨੂੰ ਭਵਿੱਖ ਵਿਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

# ਸੇਂਟ ਸੋਲਜਰ ਗਰੁੱਪ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਕਾਊਂਸਲਿੰਗ ਦਫ਼ਤਰ ਦਾ ਉਦਘਾਟਨ



**ਜਲੰਧਰ ( ਇਕਬਾਲ ਸਿੰਘ ਉੱਭੀ)** : ਉੱਤਰੀ ਭਾਰਤ ਦਾ ਪ੍ਰਮੁੱਖ ਵਿਦਿਅਕ ਗਰੁੱਪ ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਨੌਜਵਾਨਾਂ ਤੇ ਉਨ੍ਹਾਂ ਦੇ ਮਾਪਿਆਂ ਦੀ ਮੰਗ 'ਤੇ ਕਾਊਂਸਲਿੰਗ ਦਫ਼ਤਰ ਦਾ ਉਦਘਾਟਨ ਕੀਤਾ। ਜਿਸ ਦਾ ਮੁੱਖ ਉਦੇਸ਼ ਅੱਜ ਦੇ ਨੌਜਵਾਨਾਂ ਨੂੰ ਸਿੱਖਿਆ ਪ੍ਰਤੀ ਸਹੀ ਸੇਧ ਪ੍ਰਦਾਨ ਕਰਨਾ ਹੈ, ਤਾਂ ਜੋ ਵਿਦਿਆਰਥੀ ਆਪਣਾ ਕੀਮਤੀ ਸਮਾਂ ਬਰਬਾਦ ਕੀਤੇ ਬਿਨਾਂ ਆਪਣੇ ਟੀਚਿਆਂ ਦੀ ਪ੍ਰਾਪਤੀ ਕਰ ਸਕਣ ਅਤੇ ਰੁਜ਼ਗਾਰ ਦੇ ਯੋਗ ਬਣ ਸਕਣ।ਜਿਸ ਦਾ ਉਦਘਾਟਨ ਗਰੁੱਪ ਕਾਲਜ (ਐਮ.ਡੀ.) ਪ੍ਰੋ. ਮਨਹਰ ਅਰੋੜਾ ਅਤੇ ਸੇਂਟ ਸੋਲਜਰ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਟੈਕਨਾਲੋਜੀ ਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਅਤੇ ਮਾਹਿਰਾਂ ਨੇ ਰੀਬਨ ਕੱਟ ਕੇ ਕੀਤਾ।ਇਸ ਮੌਕੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਇਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਗਰੁੱਪ ਵੱਲੋਂ ਅਜਿਹੇ ਹੋਰ ਕਾਊਂਸਲਿੰਗ ਦਫ਼ਤਰ ਖੋਲ੍ਹੇ ਜਾਣਗੇ ਤਾਂ ਜੋ ਸਮਾਜ ਦੇ ਸਾਰੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਸਹੀ ਦਿਸ਼ਾ ਮਿਲ ਸਕੇ।

# ਸੋਸਾਇਟੀ ਵੱਲੋਂ ਜ਼ਰੂਰਤਮੰਦ ਮਰੀਜ਼ ਲਈ ਵਿੱਤੀ ਮਦਦ



**ਅੱਡਾ ਸਰਾਂ (ਕਾਜਲ )**- ਸਮਾਜ ਸੇਵੀ ਸੰਸਥਾ ਸ੍ਰੀ ਗੁਰੂ ਨਾਨਕ ਦੇਵ ਜੀ ਚੈਰੀਟੇਬਲ ਸੇਵਾ ਸੋਸਾਇਟੀ ਵੱਲੋਂ ਇਲਾਕੇ ਵਿਚ ਸ਼ੁਰੂ ਕੀਤੇ ਗਏ ਸਮਾਜ ਸੇਵੀ ਮਿਸ਼ਨ ਤਹਿਤ ਜਰੂਰਤਮੰਦ ਮਰੀਜ਼ ਨੂੰ ਵਿੱਤੀ ਮਦਦ ਅਤੇ ਵੀਲ੍ਹ ਚੇਅਰ ਭੇਟ ਕੀਤੀ ਹੈ । ਸੋਸਾਇਟੀ ਦੇ ਚੇਅਰਮੈਨ ਜੋਗਾ ਸਿੰਘ ਸਰੋਆ,ਪ੍ਰਧਾਨ ਸੁਖਵੀਰ ਸਿੰਘ ਢਿੱਲੋਂ,ਉਪ ਪ੍ਰਧਾਨ ਗੁਰਮੁੱਖ ਸਿੰਘ ਧਾਲੀਵਾਲ ਅਤੇ ਸਕੱਤਰ ਸਤਨਾਮ ਸਿੰਘ ਢਿੱਲੋਂ ਨੇ ਪਿੰਡ ਮੁਰਾਦਪੁਰ ਨਰਿਆਲ ਵਾਸੀ ਜਰੂਰਤਮੰਦ ਮਰੀਜ਼ ਦੇ ਇਲਾਜ ਲਈ ਵਿੱਤੀ ਮਦਦ ਭੇਟ ਕਰਦੇ ਹੋਏ ਆਖਿਆ ਇਲਾਕੇ ਦੇ ਵਿਚ ਹੋਰਨਾਂ ਮਰੀਜ਼ਾਂ ਨੂੰ ਇਲਾਜ ਲਈ ਵਿੱਤੀ ਮਦਦ ਦਿੱਤੀ ਜਾ ਰਹੀ ਹੈ । ਇਸ ਮੌਕੇ ਚੇਅਰਮੈਨ ਸਰੋਆ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਸੋਸਾਇਟੀ ਦੇ ਸਮਾਜ ਸੇਵੀ ਮਿਸ਼ਨ ਦਾ ਘੇਰਾ ਹੋਰ ਵੱਡਾ ਕੀਤਾ ਜਾਵੇਗਾ।


## ਜਨਮ ਦਿਨ ਮੁਬਾਰਕ



ਗੁਰਰਹਿਮਤ ਸਿੰਘ ਸੇਖੋਂ (ਬਰਨਾਲਾ)

## ਵਰ੍ਹੇਗੰਢ ਮੁਬਾਰਕ



ਦੀਪਕ ਕਾਂਤੀ ਤੇ ਪੂਨਮ ਕਾਂਤੀ ਵਾਸੀ ਸ੍ਰੀ ਮੁਕਤਸਰ ਸਾਹਿਬ ਨੇ ਵਿਆਹ ਦੀ ਪੰਜਵੀਂ ਵਰ੍ਹੇਗੰਢ ਮਨਾਈ।


# ਮੇਹਲੀ ਵਿਖੇ ਖੂਨਦਾਨ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)** ਹਲਕਾ ਬੰਗਾ ਦੇ ਪਿੰਡ ਮੇਹਲੀ ਵਿਖੇ ਮਾਤਾ ਗੁਰਬਖਸ਼ ਕੌਰ ਦੀ ਯਾਦ 'ਚ ਬਸਰਾ ਅਤੇ ਢੰਡਾ ਪਰਵਾਰਾਂ ਵਲੋਂ ਬਲੱਡ ਬੈਂਕ ਫਗਵਾੜਾ ਦੇ ਸਹਿਯੋਗ ਨਾਲ ਪਹਿਲਾ ਖੂਨਦਾਨ ਕੈਂਪ



ਲਗਾਇਆ ਗਿਆ। ਜਿਸ ਵਿੱਚ 31 ਖੂਨਦਾਨੀਆਂ ਨੇ ਖੂਨਦਾਨ ਕੀਤਾ। ਕੈਂਪ 'ਚ ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ, ਯੂਥ ਆਪ ਆਗੂ ਰੌਬੀ ਕੰਗ ਕੁਲਥਮ, ਸੁਰਿੰਦਰ ਸਿੰਘ ਢੀਂਡਸਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਖੂਨ ਦੇ ਕੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਈ ਜਾ ਸਕਦੀ ਹੈ।ਖੂਨਦਾਨ ਕਰਨਾ ਸਾਰਿਆਂ ਤੋਂ ਵਧੀਆ ਕਾਰਜ ਹੈ। ਹਰ ਸਿਹਤਮੰਦ ਵਿਅਕਤੀ ਨੂੰ 3 ਮਹੀਨੇ ਬਾਅਦ ਖੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਮਲਕੀਤ ਸਿੰਘ ਰਘਬੋਤਰਾ ਫਗਵਾੜਾ, ਬਰਿੰਦਰ ਸਿੰਘ ਬਸਰਾ, ਪਰਮਜੀਤ ਕੌਰ ਬਸਰਾ ,ਨਰਿੰਦਰ ਕੌਰ ਢੰਡਾ, ਸੰਜੇ ਸਿੰਘ ਬਸਰਾ, ਮਨਰਾਜ ਸਿੰਘ ਢੰਡਾ , ਸ਼ਿੰਗਾਰਾ ਸਿੰਘ ਬਸਰਾ, ਪਰੇਮ ਬੱਧਣ, ਬਹਾਦਰ ਸਿੰਘ ਸੰਗਤਪੁਰ, ਸੁਖਵੀਰ ਸਿੰਘ ਕਿੰਨੜਾ, ਏ ਐਸ ਆਈ ਅਵਤਾਰ ਸਿੰਘ, ਯਸ਼ ਬਰਨਾ, ਸੁੱਖ ਵਿਰਦੀ, ਹਰਨੇਕ ਸਿੰਘ ਹਰਦਾਸਪੁਰ, ਪੂਜਾ, ਸੁਰਿੰਦਰ ਪਾਲ ਸਰਪੰਚ ਮੇਹਲੀ, ਨਰੰਜਣ ਦਾਸ ਪੰਚ, ਜਗਪਾਲ ਸਿੰਘ ਪੰਚ, ਪਰਵਿੰਦਰ ਸਿੰਘ ਨੰਬਰਦਾਰ , ਭਾਈ ਕੁਲਵਿੰਦਰ ਸਿੰਘ, ਜਸਵੰਤ ਮੇਹਲੀ, ਓਮ ਪ੍ਰਕਾਸ਼ ਬੱਧਣ,ਪਾਸਟਰ ਹਰਮੇਸ਼ ਚੰਦਰ, ਬਿੰਦਰ ਮੇਹਲੀ, ਮਹਾਂਵੀਰ ਸਿੰਘ, ਸਚਿਨ , ਗੁਗਲੀ ਬੁਰਜ , ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।

# ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ 'ਚ ਵੋਟਿੰਗ ਜਾਗਰੂਕਤਾ ਮੁਹਿੰਮ



**ਫਗਵਾੜਾ (ਡਾ. ਰਮਨ, ਢੱਡਾ)**— ਭਾਰਤ ਸਰਕਾਰ ਦੇ ਉਚੇਰੀ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਵੋਟਿੰਗ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦਾ ਉਦੇਸ਼ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨਾ ਅਤੇ ਲੋਕਾਂ ਵਿਚ ਵੋਟ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ। 'ਮੇਰਾ ਪਹਿਲਾ ਵੋਟ ਦੇਸ਼ ਦੇ ਲਈ', 'ਆਈ ਵੋਟ ਫਾਰ ਸ਼ੋਅਰ' ਮੁਹਿੰਮ ਦਾ ਥੀਮ ਸੀ। ਇਸ ਵਿਸ਼ੇ 'ਤੇ ਕਾਲਜ ਵਿੱਚ ਨੁੱਕੜ ਨਾਟਕ ਵੀ ਕਰਵਾਇਆ ਗਿਆ। ਇਸ ਨਾਟਕ ਰਾਹੀਂ ਵਿਦਿਆਰਥੀਆਂ ਨੂੰ ਲੋਕਤੰਤਰੀ ਸਰਕਾਰ ਦੀ ਬਣਤਰ, ਨਾਗਰਿਕਾਂ ਦੇ ਅਧਿਕਾਰਾਂ ਅਤੇ ਕਰਤੱਵਾਂ, ਚੋਣ ਪ੍ਰਕਿਰਿਆ, ਵੋਟ ਦੀ ਮਹੱਤਤਾ, ਵੋਟ ਦੇ ਅਧਿਕਾਰ ਤੇ ਵੋਟਿੰਗ ਮਸ਼ੀਨ ਦੀ ਵਰਤੋ ਕਿਵੇਂ ਕਰਨੀ ਹੈ, ਬਾਰੇ ਜਾਣੂ ਕਰਵਾਇਆ। ਨੌਜਵਾਨ ਪੀੜ੍ਹੀ ਲਈ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਅੰਤ ਵਿੱਚ ਵਿਦਿਆਰਥੀਆਂ ਨੇ ਦੇਸ਼ ਦੀਆ ਲੋਕਤਾਂਤਰਿਕ ਪਰੰਪਰਾਵਾਂ ਨੂੰ ਕਾਇਮ ਰੱਖਣ, ਭਾਰਤ ਦੇ ਜਿੰਮੇਵਾਰ ਨਾਗਰਿਕ ਬਣਨ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਨਿਰਪੱਖ ਵਰਤੋ ਕਰਨ ਦੀ ਸਹੁੰ ਲਈ। ਇਸ ਮੌਕੇ 'ਤੇ ਵੋਟਿੰਗ ਜਾਗਰੂਕਤਾ ਮੁਹਿੰਮ ਨਾਲ ਸੰਬੰਧਿਤ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ਹਰਪ੍ਰੀਤ ਕੌਰ, ਗੀਨਾ ਅਤੇ ਜੈਸਮੀਨ ਨੇ ਕਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮਨਵੀਰ ਕੌਰ ਅਤੇ ਰਿਤੂ ਕਲਸੀ ਨੂੰ ਕੰਸੋਲੇਸ਼ਨ ਦੇ ਕੇ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਨੇ ਕਿਹਾ ਕਿ ਵੋਟਿੰਗ ਇਕ ਅਧਿਕਾਰ ਹੋਣ ਦੇ ਨਾਲ-ਨਾਲ ਇਕ ਜਿੰਮੇਵਾਰੀ ਵੀ ਹੈ ਅਤੇ ਹਰ ਭਾਰਤੀ ਨਾਗਰਿਕ ਨੂੰ ਇਸ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਹਰ ਭਾਰਤੀ ਨਾਗਰਿਕ ਨੂੰ ਧਰਮ, ਨਸਲ, ਜਾਤ, ਭਾਸ਼ਾ ਇਹਨਾਂ ਸਭ ਵਿਤਕਰਿਆਂ ਤੋਂ ਉੱਪਰ ਉੱਠ ਕੇ ਨਿਰਪੱਖ ਹੋ ਕੇ ਵੋਟ ਪਾਉਣੀ ਚਾਹੀਦੀ ਹੈ। ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਐਨ.ਐਸ.ਐਸ. ਯੂਨਿਟ ਦੇ ਇੰਚਾਰਜ ਸ਼੍ਰੀਮਤੀ ਜਸਵਿੰਦਰ ਕੌਰ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਨੂੰ ਇਸ ਬਹੁਮੁੱਲੇ ਪ੍ਰੋਗਰਾਮ ਦਾ ਆਯੋਜਨ ਕਰਾਉਣ ਲਈ ਵਧਾਈ ਦਿੱਤੀ। ਉਹਨਾਂ ਕਿਹਾ ਕਿ ਭਾਰਤ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰੀ ਦੇਸ਼ ਹੈ ਅਤੇ ਕਿਸੇ ਵੀ ਦੇਸ਼ ਦੇ ਲੋਕਤੰਤਰ ਦੀ ਸਫਲਤਾ ਉੱਥੋਂ ਦੇ ਲੋਕਾਂ ਦੀ ਵੋਟਿੰਗ ਪ੍ਰਣਾਲੀ ਵਿੱਚ ਵੱਧ ਤੋਂ ਵੱਧ ਹਿੱਸੇਦਾਰੀ 'ਤੇ ਹੀ ਨਿਰਭਰ ਕਰਦੀ ਹੈ। ਇਸ ਲਈ ਭਾਰਤੀ ਲੋਕਤੰਤਰ ਨੂੰ ਸਫਲ ਬਣਾਉਣ ਲਈ ਭਾਰਤੀ ਨਾਗਰਿਕਾਂ ਨੂੰ ਆਪਣੀ ਵੋਟ ਪਾਉਣ ਤੋਂ ਪਿੱਛੇ ਨਹੀਂ ਰਹਿਣਾ ਚਾਹੀਦਾ। ਇਸ ਲਈਂ ਵੋਟਿੰਗ ਪ੍ਰਤੀ ਜਾਗਰੂਕਤਾ ਫੈਲਾਉਣ ਦੀ ਜਿੰਮੇਵਾਰੀ ਪੜ੍ਹੇ ਲਿਖੇ ਨੌਜਵਾਨਾਂ ਦੇ ਮੋਢਿਆਂ 'ਤੇ ਹੈ। ਉਹਨਾਂ ਉਮੀਦ ਕੀਤੀ ਕਿ ਕਾਲਜ ਭਵਿੱਖ ਵਿੱਚ ਵੀ ਅਜਿਹੀਆਂ ਉਸਾਰੂ ਗਤੀਵਿਧੀਆਂ ਦਾ ਆਯੋਜਨ ਕਰਦਾ ਰਹੇਗਾ।